@Qpatrika | @qaumipatrika punjabi | instagram.com/ qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Sunday, 7 June 2026

VISIT: www.qaumipatrika.org Email: qpatrika@gmail.com

ਨਵੀਂ ਦਿੱਲੀ: ਐਤਵਾਰ 7 ਜੂਨ 2026, 24 ਜੇਠ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 213, qpatrika@gmail.com ਫੋਨ : 9971359517 www.qaumipatrika.org

## ਬੰਗਾਲ, ਤ੍ਰਿਪੁਰਾ ਤੇ ਬਿਹਾਰ 'ਚ ਘੁਸਪੈਠ ਬਰਦਾਸ਼ਤ ਨਹੀਂ ਕਰਾਂਗੇ : ਅਮਿਤ ਸ਼ਾਹ

**ਕੌਮੀ ਪਤ੍ਰਿਕਾ**
**ਸਿੰਮੀ ਕੌਰ ਬੱਬਰ**

ਅਗਰਤਲਾ, 6 ਜੂਨ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਹੈ ਕਿ ਕੇਂਦਰ ਸਰਕਾਰ ਪੱਛਮੀ ਬੰਗਾਲ, ਤ੍ਰਿਪੁਰਾ ਤੇ ਬਿਹਾਰ 'ਚ ਘੁਸਪੈਠ ਰਾਹੀਂ ਆਬਾਦੀ 'ਚ ਤਬਦੀਲੀ ਨੂੰ ਬਰਦਾਸ਼ਤ ਨਹੀਂ ਕਰੇਗੀ ਤੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਨ 'ਚ ਰਹਿੰਦੀਆਂ ਕਮੀਆਂ ਨੂੰ ਦੂਰ ਕਰਨ ਲਈ ਸਖਤ ਕਦਮ ਚੁੱਕੇਗੀ। ਸ਼ੁੱਕਰਵਾਰ ਤ੍ਰਿਪੁਰਾ 'ਚ ਲੰਕਾਮੁਰਾ ਸਰਹੱਦੀ ਚੌਕੀ 'ਤੇ ਬੀ. ਐੱਸ. ਐੱਫ . ਦੇ ਜਵਾਨਾਂ ਨੂੰ ਸੰਬੋਧਨ ਕਰਦਿਆਂ ਸ਼ਾਹ ਨੇ ਕਿਹਾ ਕਿ ਕੇਂਦਰ ਸਰਕਾਰ ਕਿਸੇ ਵੀ ਤਰ੍ਹਾਂ ਦੀ ਘੁਸਪੈਠ ਨੂੰ ਬਿਲਕੁਲ ਬਰਦਾਸ਼ਤ ਨਹੀਂ ਕਰੇਗੀ। ਹਰ ਘੁਸਪੈਠੀਏ ਦੀ ਪਛਾਣ ਕਰ ਕੇ ਦੇਸ਼ ਨਿਕਾਲਾ ਦੇਵੇਗੀ। ਸਰਕਾਰ ਦਾ 'ਸਮਾਰਟ ਬਾਰਡਰ' ਪ੍ਰਾਜੈਕਟ ਆਪਣੇ ਆਖਰੀ ਪੜਾਅ 'ਤੇ ਪਹੁੰਚ ਗਿਆ ਹੈ। ਸ਼ਾਹ ਨੇ ਕਿਹਾ ਕਿ ਪੱਛਮੀ ਬੰਗਾਲ, ਤ੍ਰਿਪੁਰਾ ਤੇ ਬਿਹਾਰ ਨਾਲ ਲੱਗਦੀਆਂ ਕੌਮਾਂਤਰੀ ਸਰਹੱਦਾਂ ਦੀ ਨਿਗਰਾਨੀ ਤੇ ਸੁਰੱਖਿਆ 'ਚ ਕਮੀਆਂ ਨੂੰ ਦੂਰ ਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਏਗੀ। ਸਮਾਰਟ ਬਾਰਡਰ ਸੰਕਲਪ ਨੂੰ ਪੂਰੇ ਦੇਸ਼ 'ਚ 7 ਤੋਂ 8 ਥਾਵਾਂ 'ਤੇ ਪਾਇਲਟ ਪ੍ਰਾਜੈਕਟ ਵਜੋਂ ਲਾਗੂ ਕੀਤਾ ਜਾਵੇਗਾ। ਮੈਂ ਕੇਂਦਰੀ ਗ੍ਰਹਿ ਸਕੱਤਰ ਤੇ ਬੀ. ਐੱਸ. ਐੱਫ. ਨਾਲ ਸਲਾਹ-ਮਸ਼ਵਰਾ ਕਰ ਰਿਹਾ ਹਾਂ। ਮੈਂ ਬੀ. ਐੱਸ. ਐੱਫ. ਦੇ ਡਾਇਰੈਕਟਰ ਜਨਰਲ ਨੂੰ ਸਰਹੱਦੀ ਖੇਤਰਾਂ ਦਾ ਦੌਰਾ ਕਰਨ ਤੇ ਗੱਲਬਾਤ ਕਰਨ ਦੀ ਬੇਨਤੀ



ਕੀਤੀ ਹੈ। ਉਨ੍ਹਾਂ ਦੱਸਿਆ ਕਿ ਨਵੀਂ ਸਰਹੱਦੀ ਸੁਰੱਖਿਆ ਪ੍ਰਣਾਲੀ 'ਚ ਅਤਿ-ਆਧੁਨਿਕ ਤਕਨਾਲੋਜੀ, ਸਥਾਨਕ ਪ੍ਰਸ਼ਾਸਨ ਤੇ ਸਰਹੱਦ 'ਤੇ ਤਾਇਨਾਤ ਸੁਰੱਖਿਆ ਫੋਰਸਾਂ ਦੇ ਜਵਾਨਾਂ ਦੀ ਸਾਂਝੀ ਭਾਈਵਾਲੀ ਸ਼ਾਮਲ ਹੋਵੇਗੀ। ਹਰ ਸਰਹੱਦ ਦੀਆਂ ਆਪਣੀਆਂ ਚੁਣੌਤੀਆਂ ਹੁੰਦੀਆਂ ਹਨ। ਭਾਵੇਂ ਉਹ ਮਨੁੱਖੀ ਸਮੱਗਲਿੰਗ ਹੋਵੇ, ਹਥਿਆਰਾਂ ਦੀ ਹੋਵੇ ਜਾਂ ਨਸ਼ੀਲੇ ਪਦਾਰਥਾਂ ਦੀ ਪਰ ਬੀ. ਐੱਸ. ਐੱਫ. ਦੇ ਜਵਾਨ ਇਨ੍ਹਾਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਆਪਣੀ ਪੂਰੀ ਕੋਸ਼ਿਸ਼ ਕਰਦੇ ਹਨ। 2047 ਤੱਕ ਭਾਰਤ ਨੂੰ ਵਿਕਸਤ ਰਾਸ਼ਟਰ ਬਣਾਉਣ ਲਈ ਸਾਨੂੰ ਸਰਹੱਦ ਪਾਰ ਤੋਂ ਨਕਲੀ ਕਰੰਸੀ, ਮਨੁੱਖੀ ਤੇ ਨਸ਼ੀਲੇ ਪਦਾਰਥਾਂ ਦੀ ਸਮੱਗਲਿੰਗ ਨੂੰ ਰੋਕਣਾ ਚਾਹੀਦਾ ਹੈ। ਸ਼ਾਹ ਨੇ ਮਈ 'ਚ ਕਿਹਾ ਸੀ ਕਿ ਸਰਕਾਰ ਅਗਲੇ ਸਾਲ ਤੱਕ ਇਕ ਤਕਨਾਲੋਜੀ-ਆਧਾਰਤ 'ਸਮਾਰਟ ਬਾਰਡਰ' ਪ੍ਰਾਜੈਕਟ ਸ਼ੁਰੂ ਕਰੇਗੀ ਤਾਂ ਜੋ ਪਾਕਿਸਤਾਨ ਤੇ ਬੰਗਲਾਦੇਸ਼ ਨਾਲ ਲੱਗਦੀ ਲੱਗਭਗ 6000 ਕਿਲੋਮੀਟਰ ਲੰਬੀ ਸਰਹੱਦ ਨੂੰ ਅਭੇਦ ਬਣਾਇਆ ਜਾ ਸਕੇ ਅਤੇ ਦੇਸ਼ ਦੀ ਆਬਾਦੀ ਨੂੰ ਬਦਲਣ ਦੀ ਕਿਸੇ ਵੀ 'ਸਾਜ਼ਿਸ਼' ਨੂੰ ਨਾਕਾਮ ਕੀਤਾ ਜਾ ਸਕੇ।

## ਹੈਦਰਾਬਾਦ 'ਚ ਸ਼ਾਪਿੰਗ ਕੰਪਲੈਕਸ ਨੂੰ ਲੱਗੀ ਭਿਆਨਕ ਅੱਗ, ਫਾਇਰ ਬ੍ਰਿਗੇਡ ਨੇ ਸੰਭਾਲੀ ਕਮਾਨ

ਨੈਸ਼ਨਲ ਡੈਸਕ 6 ਜੂਨ। ਹੈਦਰਾਬਾਦ ਦੇ ਅਮੀਰਪੇਟ ਇਲਾਕੇ ਵਿੱਚ ਵੀਰਵਾਰ ਨੂੰ ਇੱਕ ਸ਼ਾਪਿੰਗ ਕੰਪਲੈਕਸ ਵਿੱਚ ਅੱਗ ਲੱਗਣ ਦੀ ਮੰਦਭਾਗੀ ਘਟਨਾ ਵਾਪਰੀ। ਪੁਲਿਸ ਅਨੁਸਾਰ, ਅੱਗ ਲੱਗਣ ਦੀ ਸੂਚਨਾ ਦੁਪਹਿਰ ਲਗਭਗ 12:30 ਵਜੇ ਮਿਲੀ, ਜਿਸ ਤੋਂ ਬਾਅਦ ਦਮਕਲ ਵਿਭਾਗ ਦੇ ਸੱਤ ਵਾਹਨ ਮੌਕੇ 'ਤੇ ਪਹੁੰਚੇ ਅਤੇ ਕਾਫੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ। ਜਾਣਕਾਰੀ ਅਨੁਸਾਰ, ਅੱਗ ਦੀ ਸ਼ੁਰੂਆਤ ਸਭ ਤੋਂ ਪਹਿਲਾਂ ਇੱਕ ਹੈਲਮੇਟ ਦੀ ਦੁਕਾਨ ਵਿੱਚ ਹੋਈ ਸੀ, ਜੋ ਤੇਜ਼ੀ ਨਾਲ ਨੇੜਲੀ ਕੱਪੜਿਆਂ ਦੀ ਦੁਕਾਨ ਅਤੇ ਇਮਾਰਤ ਵਿੱਚ ਮੌਜੂਦ ਹੋਰ ਦੁਕਾਨਾਂ ਤੱਕ ਫੈਲ ਗਈ। ਇਮਾਰਤ ਵਿੱਚ ਮੌਜੂਦ ਸਮੱਗਰੀ ਦੇ ਜਲਣਸ਼ੀਲ ਹੋਣ ਕਾਰਨ ਚਾਰੇ ਪਾਸੇ ਸੰਘਣਾ ਕਾਲਾ ਧੂੰਆਂ ਛਾ ਗਿਆ, ਜਿਸ ਨਾਲ ਲੋਕਾਂ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ। ਪੁਲਿਸ ਅਤੇ ਫਾਇਰ ਕਰਮਚਾਰੀਆਂ ਨੇ ਤੁਰੰਤ ਕਾਰਵਾਈ ਕਰਦਿਆਂ ਇਮਾਰਤ ਵਿੱਚ ਮੌਜੂਦ ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ, ਜਿਸ ਕਾਰਨ ਕੋਈ ਜਾਨੀ ਨੁਕਸਾਨ ਹੋਣੋਂ ਬਚ ਗਿਆ। ਫਿਲਹਾਲ ਅੱਗ ਲੱਗਣ ਦੇ ਸਹੀ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ। ਇਸ ਘਟਨਾ ਕਾਰਨ ਅਮੀਰਪੇਟ ਤੋਂ ਐੱਸ.ਆਰ. ਨਗਰ ਮਾਰਗ 'ਤੇ ਵਾਹਨਾਂ ਦੀ ਆਵਾਜਾਈ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਅਤੇ ਇਲਾਕੇ ਵਿੱਚ ਭਾਰੀ ਟ?ਰੈਫਿਕ ਜਾਮ ਲੱਗ ਗਿਆ। ਹੈਦਰਾਬਾਦ ਟ?ਰੈਫਿਕ ਪੁਲਿਸ ਨੇ ਸੋਸ਼ਲ ਮੀਡੀਆ ਰਾਹੀਂ ਯਾਤਰੀਆਂ ਨੂੰ ਸਲਾਹ ਦਿੱਤੀ ਕਿ ਜੇਕਰ ਸੰਭਵ ਹੋਵੇ ਤਾਂ ਉਹ ਇਸ ਪ੍ਰਭਾਵਿਤ ਰਸਤੇ ਦੀ ਬਜਾਏ ਵਿਕਲਪਿਕ ਮਾਰਗਾਂ ਦੀ ਵਰਤੋਂ ਕਰਨ। ਹਾਲਾਂਕਿ, ਅੱਗ 'ਤੇ ਕਾਬੂ ਪਾਉਣ ਤੋਂ ਬਾਅਦ ਸਥਿਤੀ ਆਮ ਵਾਂਗ ਹੋ ਗਈ ਅਤੇ ਮਾਰਗ 'ਤੇ ਆਵਾਜਾਈ ਮੁੜ ਸ਼ੁਰੂ ਕਰ ਦਿੱਤੀ ਗਈ।

## ਮਾਲਵੀਆ ਨਗਰ ਅਗਨੀਕਾਂਡ: ਹੋਟਲ ਮਾਲਕ ਨੂੰ 4 ਦਿਨਾਂ ਦੀ ਪੁਲਸ ਰਿਮਾਂਡ 'ਚ ਭੇਜਿਆ

ਨੈਸ਼ਨਲ ਡੈਸਕ 6 ਜੂਨ। ਦਿੱਲੀ ਦੇ ਮਾਲਵੀਆ ਨਗਰ ਇਲਾਕੇ 'ਚ ਸਥਿਤ 'ਫਲੋਰਿਸ਼ ਸਟੇਅ' ਹੋਟਲ ਵਿੱਚ ਵਾਪਰੇ ਭਿਆਨਕ ਅਗਨੀਕਾਂਡ ਦੇ ਮਾਮਲੇ ਵਿੱਚ ਪੁਲਸ ਨੂੰ ਵੱਡੀ ਸਫਲਤਾ ਮਿਲੀ ਹੈ। ਇਸ ਹਾਦਸੇ ਵਿੱਚ 11 ਵਿਦੇਸ਼ੀ ਨਾਗਰਿਕਾਂ ਸਮੇਤ ਕੁੱਲ 21 ਲੋਕਾਂ ਦੀ ਜਾਨ ਚਲੀ ਗਈ ਸੀ। ਮਾਮਲੇ ਦੇ ਮੁੱਖ ਮੁਲਜ਼ਮ ਅਤੇ ਹੋਟਲ ਦੇ ਮਾਲਕ ਲਵਕੇਸ਼ ਬਜਾਜ ਨੂੰ ਪੁਲਿਸ ਨੇ ਗ੍ਰਿਫ਼ਤਾਰ ਕਰਕੇ ਵੀਰਵਾਰ ਨੂੰ ਸਾਕੇਤ ਕੋਰਟ ਵਿੱਚ ਪੇਸ਼ ਕੀਤਾ। ਅਦਾਲਤ ਵਿੱਚ ਸੁਣਵਾਈ ਦੌਰਾਨ ਜੁਡੀਸ਼ੀਅਲ ਮੈਜਿਸਟ?ਰੇਟ ਭਾਨੂ ਪ੍ਰਤਾਪ ਸਿੰਘ ਨੇ ਪੁਲਿਸ ਦੀ ਮੰਗ ਨੂੰ ਪ੍ਰਵਾਨ ਕਰਦਿਆਂ ਲਵਕੇਸ਼ ਬਜਾਜ ਨੂੰ ਚਾਰ ਦਿਨਾਂ ਦੀ ਪੁਲਿਸ ਹਿਰਾਸਤ ਵਿੱਚ ਭੇਜ ਦਿੱਤਾ ਹੈ। ਪੁਲਿਸ ਅਨੁਸਾਰ ਹੋਟਲ ਦਾ ਮੈਨੇਜਰ ਜੈ ਮਿਸ਼ਰਾ ਅਜੇ ਵੀ ਫਰਾਰ ਹੈ, ਜਿਸ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਇਸ ਦਰਦਨਾਕ ਹਾਦਸੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਉਪ ਰਾਜਪਾਲ ਨੇ ਮੈਜਿਸਟ?ਰੇਟ ਜਾਂਚ ਦੇ ਹੁਕਮ ਜਾਰੀ ਕੀਤੇ ਹਨ। ਇਸ ਦੇ ਨਾਲ ਹੀ ਦਿੱਲੀ ਸਰਕਾਰ ਨੇ ਜਵਾਬਦੇਹੀ ਤੈਅ ਕਰਨ ਲਈ ਇੱਕ ਸਾਂਝੀ ਕਮੇਟੀ ਦਾ ਗਠਨ ਕੀਤਾ ਹੈ, ਜੋ ਮਾਮਲੇ ਦੀ ਤਹਿ ਤੱਕ ਜਾ ਕੇ ਇੱਕ ਨਿਸ਼ਚਿਤ ਸਮੇਂ ਵਿੱਚ ਆਪਣੀ ਰਿਪੋਰਟ ਪੇਸ਼ ਕਰੇਗੀ। ਹਾਦਸੇ ਦੀ ਸੂਚਨਾ ਮਿਲਦੇ ਹੀ ਦਿੱਲੀ ਦੇ ਮੁੱਖ ਮੰਤਰੀ ਸਾਕੇਤ ਸਥਿਤ ਮੈਕਸ ਹਸਪਤਾਲ ਪਹੁੰਚੇ, ਜਿੱਥੇ ਉਨ੍ਹਾਂ ਨੇ ਜ਼ਖ਼ਮੀਆਂ ਦਾ ਹਾਲ-ਚਾਲ ਜਾਣਿਆ। ਮੁੱਖ ਮੰਤਰੀ ਨੇ ਡਾਕਟਰਾਂ ਨੂੰ ਜ਼ਖ਼ਮੀਆਂ ਦਾ ਬਿਹਤਰ ਇਲਾਜ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਅਤੇ ਪੀੜਤ ਪਰਿਵਾਰਾਂ ਨੂੰ ਭਰੋਸਾ ਦਿਵਾਇਆ ਕਿ ਇਸ ਘਾਤਕ ਲਾਪਰਵਾਹੀ ਲਈ ਜ਼ਿੰਮੇਵਾਰ ਕਿਸੇ ਵੀ ਦੋਸ਼ੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

## ਦਿੱਲੀ ਦੇ ਮੇਅਰ ਦਫ਼ਤਰ, ਮੰਦਰਾਂ ਤੇ ਰੇਲਵੇ ਸਟੇਸ਼ਨਾਂ ਨੂੰ ਬੰਬ ਨਾਲ ਉਡਾਉਣ ਦੀ ਮਿਲੀ ਧਮਕੀ

ਨੈਸ਼ਨਲ ਡੈਸਕ 6 ਜੂਨ। ਦੇਸ਼ ਦੀ ਰਾਜਧਾਨੀ ਦਿੱਲੀ ਵਿੱਚ ਉਸ ਸਮੇਂ ਹੜਕੰਪ ਮਚ ਗਿਆ, ਜਦੋਂ ਦਿੱਲੀ ਮੇਅਰ ਦੇ ਦਫ਼ਤਰ, ਨਵੀਂ ਦਿੱਲੀ ਰੇਲਵੇ ਸਟੇਸ਼ਨ ਅਤੇ ਕਈ ਪ੍ਰਮੁੱਖ ਮੰਦਰਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ। ਇਹ ਧਮਕੀ ਇੱਕ ਈ-ਮੇਲ ਰਾਹੀਂ ਭੇਜੀ ਗਈ ਹੈ। ਪਤ ਜਾਣਕਾਰੀ ਅਨੁਸਾਰ, ਇਸ ਈਮੇਲ ਵਿੱਚ ਸਪੱਸ਼ਟ ਤੌਰ 'ਤੇ ਲਿਖਿਆ ਗਿਆ ਹੈ ਕਿ ਦਿੱਲੀ ਦੇ ਕਈ ਹਿੰਦੂ ਮੰਦਰ ਨਿਸ਼ਾਨੇ 'ਤੇ ਹਨ। ਇਨ੍ਹਾਂ ਵਿੱਚ ਚਾਂਦਨੀ ਚੌਕ ਦਾ ਗੌਰੀ ਸ਼ੰਕਰ ਮੰਦਰ, ਕਾਲਕਾ ਜੀ ਮੰਦਰ, ਮਹਿਰੌਲੀ ਦਾ ਯੋਗਮਾਇਆ ਮੰਦਰ, ਪਿੰਜੌਰ ਦਾ ਭੀਮਾ ਦੇਵੀ ਮੰਦਰ ਅਤੇ ਕੁਰੂਕਸ਼ੇਤਰ ਦੇ ਕਈ ਧਾਰਮਿਕ ਸਥਾਨ ਸ਼ਾਮਲ ਹਨ। ਧਮਕੀ ਦੇਣ ਵਾਲੇ ਨੇ ਲਿਖਿਆ ਹੈ ਕਿ ਇਨ੍ਹਾਂ ਸਥਾਨਾਂ ਨੂੰ ਬੰਬ ਧਮਾਕਿਆਂ ਨਾਲ ਤਬਾਹ ਕਰ ਦਿੱਤਾ ਜਾਵੇਗਾ। ਦਿੱਲੀ ਮੇਅਰ ਦਫ਼ਤਰ ਲਈ ਦੁਪਹਿਰ 1:11 ਤੋਂ 3:11 ਵਜੇ ਤੱਕ ਅਤੇ ਰੇਲਵੇ ਸਟੇਸ਼ਨ ਲਈ ਸਵੇਰੇ 9:11 ਤੋਂ ਰਾਤ 9:11 ਵਜੇ ਤੱਕ ਦਾ ਸਮਾਂ ਦਿੱਤਾ ਗਿਆ ਹੈ। ਇਸ ਤੋਂ ਇਲਾਵਾ 5-6 ਜੂਨ ਨੂੰ ਚੰਡੀਗੜ੍ਹ, ਅੰਬਾਲਾ ਅਤੇ ਦਿੱਲੀ ਦੇ ਰੇਲਵੇ ਟ?ਰੈਕਾਂ 'ਤੇ ਆਈ.ਈ.ਡੀ. ਧਮਾਕੇ ਕਰਨ ਦੀ ਚਿਤਾਵਨੀ ਦਿੰਦਿਆਂ ਲੋਕਾਂ ਨੂੰ ਸਫਰ ਨਾ ਕਰਨ ਦੀ ਸਲਾਹ ਦਿੱਤੀ ਗਈ ਹੈ। ਇਹ ਧਮਕੀ ਭਰੀ ਈਮੇਲ ਮਿਲਣ ਤੋਂ ਬਾਅਦ ਦਿੱਲੀ ਪੁਲਸ ਅਤੇ ਸੁਰੱਖਿਆ ਏਜੰਸੀਆਂ ਪੂਰੀ ਤਰ੍ਹਾਂ ਚੌਕਸ ਹੋ ਗਈਆਂ ਹਨ। ਜਨਤਕ ਥਾਵਾਂ, ਰੇਲਵੇ ਸਟੇਸ਼ਨਾਂ ਤੇ ਮੰਦਰਾਂ ਦੇ ਆਲੇ-ਦੁਆਲੇ ਸੁਰੱਖਿਆ ਵਧਾ ਦਿੱਤੀ ਗਈ ਹੈ ਅਤੇ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਿਆ ਜਾ ਸਕੇ।

## ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦਾ ਦਿੱਲੀ ਦੌਰਾ, ਕੇਂਦਰੀ ਮੰਤਰੀਆਂ ਨਾਲ ਪੰਜਾਬ ਦੇ ਮੁੱਦਿਆਂ 'ਤੇ ਕੀਤੀ ਚਰਚਾ

ਨੈਸ਼ਨਲ ਡੈਸਕ 6 ਜੂਨ। ਪੰਜਾਬ ਭਾਜਪਾ ਦੇ ਨਵ-ਨਿਯੁਕਤ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਅਹੁਦਾ ਸੰਭਾਲਣ ਤੋਂ ਬਾਅਦ ਪਹਿਲੀ ਵਾਰ ਦਿੱਲੀ ਦਾ ਦੌਰਾ ਕੀਤਾ ਹੈ। ਇਸ ਦੌਰੇ ਦੌਰਾਨ ਉਨ੍ਹਾਂ ਨੇ ਕੇਂਦਰੀ ਮੰਤਰੀਆਂ ਤੇ ਸੀਨੀਅਰ ਆਗੂਆਂ ਨਾਲ ਮੁਲਾਕਾਤ ਕਰਕੇ ਪੰਜਾਬ ਦੀ ਮੌਜੂਦਾ ਸਥਿਤੀ ਅਤੇ ਵਿਕਾਸ ਕਾਰਜਾਂ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ। ਕੇਵਲ ਸਿੰਘ ਢਿੱਲੋਂ ਨੇ ਕੇਂਦਰੀ ਕਾਨੂੰਨ ਅਤੇ ਨਿਆਂ ਮੰਤਰੀ ਅਰਜੁਨ ਰਾਮ ਮੇਘਵਾਲ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਪੰਜਾਬ ਦੇ ਸਰਹੱਦੀ ਸੂਬਾ ਹੋਣ ਦੇ ਨਾਤੇ ਇੱਥੋਂ ਦੀ ਅੰਦਰੂਨੀ ਸੁਰੱਖਿਆ ਅਤੇ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਰਾਜ ਵਿੱਚ ਅਪਰਾਧਾਂ 'ਤੇ ਨਕੇਲ ਪਾਉਣ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਕੇਂਦਰ ਤੋਂ ਸਹਿਯੋਗ ਮੰਗਿਆ, ਜਿਸ 'ਤੇ ਕੇਂਦਰੀ ਮੰਤਰੀ ਨੇ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ। ਕਿਸਾਨ ਭਲਾਈ ਅਤੇ ਪੇਂਡੂ ਵਿਕਾਸ ਢਿੱਲੋਂ ਨੇ ਕੇਂਦਰੀ ਗ੍ਰਾਮੀਣ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨਾਲ ਵੀ ਮੁਲਾਕਾਤ ਕੀਤੀ। ਇਸ ਬੈਠਕ ਵਿੱਚ ਪੰਜਾਬ ਦੇ ਪੇਂਡੂ ਖੇਤਰਾਂ ਵਿੱਚ ਕੇਂਦਰੀ ਸਕੀਮਾਂ ਜਿਵੇਂ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ, ਜਲ ਜੀਵਨ ਮਿਸ਼ਨ ਅਤੇ ਕਿਸਾਨ ਭਲਾਈ ਪ੍ਰੋਗਰਾਮਾਂ ਨੂੰ ਤੇਜ਼ੀ ਨਾਲ ਲਾਗੂ ਕਰਨ ਬਾਰੇ ਗੱਲਬਾਤ ਹੋਈ। ਇਸ ਦੌਰਾਨ ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋਂ ਨੇ ਦਿੱਲੀ ਦੇ ਲੈਫਟੀਨੈਂਟ ਗਵਰਨਰ ਅਤੇ ਸਾਬਕਾ ਆਈ.ਐਫ.ਐਸ. ਅਧਿਕਾਰੀ ਸਰਦਾਰ ਤਰਨਜੀਤ ਸਿੰਘ ਸੰਧੂ ਨਾਲ ਇੱਕ ਵਿਸ਼ੇਸ਼ ਤੇ ਅਹਿਮ ਮੁਲਾਕਾਤ ਕੀਤੀ। ਇਸ ਸਾਰਥਕ ਬੈਠਕ ਦੌਰਾਨ ਪੰਜਾਬ ਦੇ ਮੌਜੂਦਾ ਹਾਲਾਤ, ਸੂਬੇ ਦੇ ਸਰਵਪੱਖੀ ਸੁਧਾਰ, ਵਿਕਾਸ, ਭਲਾਈ ਅਤੇ ਪੰਜਾਬ ਦੀ ਚੜ੍ਹਦੀ ਕਲਾ ਨਾਲ ਜੁੜੇ ਵੱਖ-ਵੱਖ ਮੁੱਦਿਆਂ 'ਤੇ ਡੂੰਘੀ ਵਿਚਾਰ-ਚਰਚਾ ਹੋਈ। ਪੰਜਾਬ ਦੀ ਖੁਸ਼ਹਾਲੀ, ਸੁਰੱਖਿਅਤ ਭਵਿੱਖ ਅਤੇ ਲੋਕ-ਕੇਂਦਰਿਤ ਵਿਕਾਸ ਲਈ ਭਾਜਪਾ ਦੀ ਵਚਨਬੱਧਤਾ ਅਟੱਲ ਹੈ। ਸਾਡਾ ਮਕਸਦ ਸਾਫ਼ ਹੈ — ਪੰਜਾਬ ਨੂੰ ਮੁੜ ਤਰੱਕੀ, ਭਰੋਸੇ ਅਤੇ ਖੁਸ਼ਹਾਲੀ ਦੇ ਰਾਹ 'ਤੇ ਅੱਗੇ ਲੈ ਕੇ ਜਾਣਾ।

## ਮਮਤਾ ਦੀ ਤ੍ਰਿਣਮੂਲ ਟੁੱਟੀ, 58 ਵਿਧਾਇਕਾਂ ਦੇ ਵੱਖਰੇ ਧੜੇ ਨੂੰ ਮਿਲਿਆ ਵਿਰੋਧੀ ਧਿਰ ਦਾ ਦਰਜਾ

**ਕੌਮੀ ਪਤ੍ਰਿਕਾ**
**ਨਵਦੀਪ ਸਿੰਘ ਸਾਹਨੀ**

ਕੋਲਕਾਤਾ 6 ਜੂਨ। ਪੱਛਮੀ ਬੰਗਾਲ ਦੀ ਸਾਬਕਾ ਮੁੱਖ ਮੰਤਰੀ ਮਮਤਾ ਬੈਨਰਜੀ ਦੀ ਤ੍ਰਿਣਮੂਲ ਕਾਂਗਰਸ 'ਚ ਫੁੱਟ ਪੈ ਗਈ ਹੈ। ਤ੍ਰਿਣਮੂਲ ਕਾਂਗਰਸ ਦੇ 58 ਬਾਗੀ ਵਿਧਾਇਕਾਂ ਨੇ ਪਾਰਟੀ 'ਚੋਂ ਕੱਢੇ ਗਏ ਵਿਧਾਇਕ ਰਿਤਬ੍ਰਤ ਬੰਦੋਪਾਧਿਆਏ ਨੂੰ ਵਿਧਾਇਕ ਦਲ ਦਾ ਨੇਤਾ ਚੁਣਿਆ ਅਤੇ ਬੁੱਧਵਾਰ ਨੂੰ ਆਪਣੇ ਇਸ ਫੈਸਲੇ ਦੀ ਜਾਣਕਾਰੀ ਵਿਧਾਨ ਸਭਾ ਦੇ ਸਪੀਕਰ ਰਥਿੰਦਰ ਬੋਸ ਨੂੰ ਦੇ ਦਿੱਤੀ, ਜਿਨ੍ਹਾਂ ਨੇ ਰਿਤਬ੍ਰਤ ਦੀ ਅਗਵਾਈ ਵਾਲੇ 58 ਵਿਧਾਇਕਾਂ ਦੇ ਧੜੇ ਨੂੰ ਅਧਿਕਾਰਤ ਤੌਰ 'ਤੇ ਵਿਰੋਧੀ ਧਿਰ ਦਾ ਦਰਜਾ ਦੇ ਦਿੱਤਾ। ਸਪੀਕਰ ਦੀ ਮਨਜ਼ੂਰੀ ਤੋਂ ਬਾਅਦ ਵਿਧਾਨ ਸਭਾ ਦੇ ਸਕੱਤਰ ਸੌਮੇਂਦਰ ਨਾਥ ਦਾਸ ਨੇ ਇਸ ਧੜੇ ਦੇ ਨੇਤਾ ਬੰਦੋਪਾਧਿਆਏ ਨੂੰ ਵਿਰੋਧੀ ਧਿਰ ਦੇ ਨੇਤਾ ਦੇ ਦਫਤਰ ਦੀਆਂ ਚਾਬੀਆਂ ਸੌਂਪ ਦਿੱਤੀਆਂ। ਇਸ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬੰਦੋਪਾਧਿਆਏ ਨੇ ਕਿਹਾ ਕਿ ਇਸ ਧੜੇ ਨੂੰ ਮੌਜੂਦਾ ਸਮੇਂ 'ਚ 58 ਵਿਧਾਇਕਾਂ ਦਾ ਸਮਰਥਨ ਪ੍ਰਾਪਤ ਹੈ, ਜਦੋਂ ਕਿ ਦੋ ਹੋਰ ਵਿਧਾਇਕਾਂ ਨੇ ਆਪਣਾ ਸਮਰਥਨ ਦੇਣ ਦਾ ਐਲਾਨ ਕੀਤਾ ਹੈ। ਇਸ ਤਰ੍ਹਾਂ ਇਸ ਧੜੇ ਦੀ ਗਿਣਤੀ 60 ਹੋ ਗਈ ਹੈ ਜੋ ਤ੍ਰਿਣਮੂਲ ਦੇ 80 ਵਿਧਾਇਕਾਂ ਦਾ ਦੋ ਤਿਹਾਈ ਤੋਂ ਵੱਧ ਹੈ। ਉਨ੍ਹਾਂ ਨੇ ਸੰਕੇਤ ਦਿੱਤਾ ਕਿ ਆਉਣ ਵਾਲੇ ਦਿਨਾਂ 'ਚ ਇਹ ਗਿਣਤੀ ਹੋਰ ਵਧ ਸਕਦੀ ਹੈ। ਉਨ੍ਹਾਂ ਨੇ ਨਵੀਂ ਲੀਡਰਸ਼ਿਪ ਟੀਮ ਦਾ ਵੀ ਪ੍ਰਸਤਾਵ ਰੱਖਿਆ, ਜਿਸ ਵਿਚ ਜਾਵੇਦ ਖਾਨ, ਸੰਦੀਪਨ ਸਾਹਾ ਅਤੇ ਸ਼ਿਉਲੀ ਸਾਹਾ ਨੂੰ ਡਿਪਟੀ ਲੀਡਰ ਅਤੇ ਰਘੂਨਾਥਗੰਜ ਦੇ ਵਿਧਾਇਕ ਅਖਰੂਜ਼ਮਾਨ ਨੂੰ ਚੀਫ਼ ਵ?ਹਿਪ ਬਣਾਇਆ ਗਿਆ ਹੈ। ਇਹ ਘਟਨਾਕ੍ਰਮ ਵਿਧਾਨ ਸਭਾ ਵਿਚ ਬਾਗ਼ੀ ਵਿਧਾਇਕਾਂ ਦੀ ਮੀਟਿੰਗ ਤੋਂ ਬਾਅਦ ਹੋਇਆ। ਵਿਧਾਨ ਸਭਾ 'ਚ ਹੋਈ ਇਸ ਮੀਟਿੰਗ 'ਚ ਸ਼ਾਮਲ ਕੋਈ ਵੀ ਵਿਧਾਇਕ ਮੰਗਲਵਾਰ ਨੂੰ ਸੈਂਟਰਲ ਕੋਲਕਾਤਾ 'ਚ ਆਯੋਜਿਤ ਸਾਬਕਾ ਮੁੱਖ ਮੰਤਰੀ ਅਤੇ ਤ੍ਰਿਣਮੂਲ ਕਾਂਗਰਸ ਮੁਖੀ ਮਮਤਾ ਬੈਨਰਜੀ ਦੇ ਧਰਨੇ 'ਚ ਮੌਜੂਦ ਨਹੀਂ ਸੀ। ਦੂਜੇ ਪਾਸੇ ਤ੍ਰਿਣਮੂਲ ਲੀਡਰਸ਼ਿਪ ਦੇ ਕਰੀਬੀ ਮੰਨੇ ਜਾਣ ਵਾਲੇ ਸ਼ੋਭਨਦੇਵ ਚੱਟੋਪਾਧਿਆਏ, ਨੈਨਾ ਬੰਦੋਪਾਧਿਆਏ, ਮਦਨ ਮਿੱਤਰਾ ਅਤੇ ਕੁਣਾਲ ਘੋਸ਼ ਜਿਹੇ ਨੇਤਾ ਬੁੱਧਵਾਰ ਨੂੰ ਵਿਧਾਨ ਸਭਾ 'ਚ ਹੋਈ ਇਸ ਮੀਟਿੰਗ ਤੋਂ ਦੂਰ ਰਹੇ। ਲੀਡਰਸ਼ਿਪ ਦੇ ਸਵਾਲ 'ਤੇ ਬੰਦੋਪਾਧਿਆਏ ਨੇ ਸਪੱਸ਼ਟ ਕੀਤਾ ਕਿ ਇਹ ਧੜਾ ਹਾਲੇ ਵੀ ਤ੍ਰਿਣਮੂਲ ਮੁਖੀ ਅਤੇ ਸਾਬਕਾ ਮੁੱਖ ਮੰਤਰੀ ਮਮਤਾ ਬੈਨਰਜੀ ਨੂੰ ਆਪਣਾ ਮੁੱਖ ਮਾਰਗਦਰਸ਼ਕ ਮੰਨਦਾ ਹੈ। ਅਸੀਂ ਰਚਨਾਤਮਕ ਵਿਰੋਧੀ ਧਿਰ ਵਜੋਂ ਕੰਮ ਕਰਾਂਗੇ ਅਤੇ ਸਦਨ 'ਚੋਂ



ਵਾਕਆਊਟ ਕਰ ਕੇ ਸਰਕਾਰ ਲਈ ਰਸਤਾ ਆਸਾਨ ਨਹੀਂ ਬਣਾਵਾਂਗੇ। ਇਸ ਧੜੇ ਦੇ ਸੂਤਰਾਂ ਨੇ ਇਹ ਵੀ ਦੱਸਿਆ ਕਿ ਵਿਧਾਇਕਾਂ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਉਹ ਵਿਧਾਇਕ ਦਲ ਦੇ ਮਾਮਲਿਆਂ 'ਚ ਅਭਿਸ਼ੇਕ ਬੈਨਰਜੀ ਦੇ ਅਧਿਕਾਰ ਨੂੰ ਨਹੀਂ ਮੰਨਦੇ। ਹਾਲਾਂਕਿ ਤ੍ਰਿਣਮੂਲ ਲੀਡਰਸ਼ਿਪ ਨੇ ਇਸ ਪੂਰੀ ਕਵਾਇਦ ਨੂੰ ਬੇਭਰੋਸਗੀ ਕਰਾਰ ਦਿੱਤਾ ਹੈ। ਪਾਰਟੀ ਦੇ ਸੀਨੀਅਰ ਆਗੂ ਅਤੇ ਵਿਧਾਇਕ ਕੁਣਾਲ ਘੋਸ਼ ਨੇ ਕਿਹਾ ਕਿ ਮਤਭੇਦ ਸੰਗਠਨ 'ਚ ਗੱਲਬਾਤ ਨਾਲ ਸੁਲਝਾਏ ਜਾ ਸਕਦੇ ਸਨ। ਪੱਛਮੀ ਬੰਗਾਲ ਦੇ ਮੁੱਖ ਮੰਤਰੀ ਸ਼ੁਭੇਂਦੂ ਅਧਿਕਾਰੀ ਦੀ ਪ੍ਰਧਾਨਗੀ ਹੇਠ ਬੁੱਧਵਾਰ ਨੂੰ ਹੋਈ ਪ੍ਰਸ਼ਾਸਨਿਕ ਸਮੀਖਿਆ ਮੀਟਿੰਗ 'ਚ ਸਾਬਕਾ ਮੁੱਖ ਮੰਤਰੀ ਮਮਤਾ ਬੈਨਰਜੀ ਦੇ ਕਰੀਬੀ ਮੰਨੇ ਜਾਣ ਵਾਲੇ ਤ੍ਰਿਣਮੂਲ ਕਾਂਗਰਸ ਦੇ ਕਈ ਸੀਨੀਅਰ ਨੇਤਾ ਮੌਜੂਦ ਰਹੇ। ਇਸ ਘਟਨਾਕ੍ਰਮ ਨੂੰ ਵਿਧਾਨ ਸਭਾ ਚੋਣਾਂ 'ਚ ਕਰਾਰੀ ਹਾਰ ਤੋਂ ਬਾਅਦ ਹੁਣ ਤੱਕ ਦੇ ਸਭ ਤੋਂ ਵੱਡੇ ਅੰਦਰੂਨੀ ਵਿਦਰੋਹ ਦਾ ਸਾਹਮਣਾ ਕਰ ਰਹੀ ਮੁੱਖ ਵਿਰੋਧੀ ਧਿਰ ਤ੍ਰਿਣਮੂਲ 'ਚ ਇਕ ਨਵੇਂ ਸਿਆਸੀ ਮੋੜ ਦੇ ਰੂਪ ਵਜੋਂ ਦੇਖਿਆ ਜਾ ਰਿਹਾ ਹੈ।

## 'ਜੋ ਬੋਲੀ ਨਾਲ ਨਹੀਂ ਮੰਨਿਆ, ਉਹ ਗੋਲੀ ਨਾਲ ਜ਼ਰੂਰ ਮੰਨ ਗਿਆ : ਮੁੱਖ ਮੰਤਰੀ ਯੋਗੀ

ਕੁਸ਼ੀਨਗਰ/ਗੋਰਖਪੁਰ 6 ਜੂਨ। ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਕੁਸ਼ੀਨਗਰ ਵਿਚ ਇਕ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਅਪਰਾਧੀਆਂ ਅਤੇ ਸ਼ਰਾਰਤੀ ਅਨਸਰਾਂ ਨੂੰ ਸਿੱਧਾ ਕਰ ਦਿੱਤਾ ਹੈ। ਉਨ੍ਹਾਂ ਨੇ ਸਖ਼ਤ ਲਹਿਜੇ ਵਿਚ ਕਿਹਾ ਕਿ ਜੋ ਗੱਲਾਂ ਨਾਲ ਨਹੀਂ ਸੁਧਰੇ, ਉਨ੍ਹਾਂ ਨੇ ਆਖ਼ਰਕਾਰ ਗੋਲੀਆਂ ਦੀ ਭਾਸ਼ਾ ਸੁਣੀ। ਮੁੱਖ ਮੰਤਰੀ ਨੇ ਕੁਸ਼ੀਨਗਰ ਵਿਚ 424 ਕਰੋੜ ਰੁਪਏ ਦੇ 278 ਵਿਕਾਸ ਪ੍ਰਾਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ। ਉਨ੍ਹਾਂ ਐਲਾਨ ਕੀਤਾ ਕਿ 'ਫਾਜ਼ਿਲਨਗਰ' ਨੂੰ ਹੁਣ ਦੁਨੀਆ 'ਪਾਵਾਗੜ੍ਹ' ਦੇ ਨਾਂ ਨਾਲ ਜਾਣੇਗੀ। ਸੀ. ਐੱਮ. ਯੋਗੀ ਨੇ ਪਿਛਲੀਆਂ ਸਰਕਾਰਾਂ 'ਤੇ ਤਨਜ਼ ਕੱਸਦਿਆਂ ਕਿਹਾ ਕਿ ਪਹਿਲਾਂ ਉੱਤਰ ਪ੍ਰਦੇਸ਼ ਨੂੰ 'ਕੱਟਾ' (ਦੇਸੀ ਪਿਸਤੌਲ) ਅਤੇ ਬੰਬਾਂ ਲਈ ਜਾਣਿਆ ਜਾਂਦਾ ਸੀ, ਪਰ ਅੱਜ ਉਹੀ ਉੱਤਰ ਪ੍ਰਦੇਸ਼ ਦੇਸ਼ ਦੀ ਸੁਰੱਖਿਆ ਲਈ ਬ੍ਰਹਿਮੋਸ ਮਿਜ਼ਾਈਲਾਂ ਬਣਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੁਸ਼ੀਨਗਰ ਹੁਣ ਬੁਲੇਟ ਸਪੀਡ ਨਾਲ ਅੱਗੇ ਵਧ ਰਿਹਾ ਹੈ। ਵਿਰੋਧੀ ਧਿਰ 'ਤੇ ਨਿਸ਼ਾਨਾ ਵਿੰਨ੍ਹਦਿਆਂ ਉਨ੍ਹਾਂ ਕਿਹਾ ਕਿ 498 ਸਾਲ ਪਹਿਲਾਂ ਭਗਵਾਨ ਰਾਮ ਦੀ ਜਨਮਭੂਮੀ 'ਤੇ ਵਿਦੇਸ਼ੀ ਹਮਲਾਵਰਾਂ ਵੱਲੋਂ ਮੰਦਰ ਢਾਹ ਦਿੱਤੇ ਜਾਣ ਤੋਂ ਬਾਅਦ ਅਨੇਕਾਂ ਪੀੜ੍ਹੀਆਂ ਇਸਦੀ ਮੁੜ-ਉਸਾਰੀ ਲਈ ਸੰਘਰਸ਼ ਕਰਦੀਆਂ ਰਹੀਆਂ ਪਰ ਰਾਮ ਮੰਦਰ ਦੀ ਉਸਾਰੀ ਨੂੰ ਅਸਲ ਰਫਤਾਰ 'ਡਬਲ ਇੰਜਣ' ਦੀ ਭਾਜਪਾ ਸਰਕਾਰ ਦੇ ਕਾਰਜਕਾਲ ਵਿਚ ਮਿਲੀ। ਉਨ੍ਹਾਂ ਕਿਹਾ ਕਿ ਕਾਂਗਰਸ ਆਜ਼ਾਦੀ ਤੋਂ ਬਾਅਦ ਚਾਹੁੰਦੀ ਤਾਂ ਰਾਮ ਮੰਦਰ ਬਣਾ ਸਕਦੀ ਸੀ, ਪਰ ਉਸਨੇ ਅਜਿਹਾ ਨਹੀਂ ਹੋਣ ਦਿੱਤਾ। ਸਮਾਜਵਾਦੀ ਪਾਰਟੀ ਨੂੰ 'ਰਾਮਧ੍ਰੋਹੀ' ਦੱਸਦਿਆਂ ਕਿਹਾ ਕਿ ਉਨ੍ਹਾਂ ਨੇ ਲਗਾਤਾਰ ਰੁਕਾਵਟਾਂ ਪਾਈਆਂ ਪਰ ਅਯੁੱਧਿਆ ਵਿਚ ਡਬਲ ਇੰਜਣ ਦੀ ਸਰਕਾਰ ਨੇ ਵਿਸ਼ਾਲ ਰਾਮ ਮੰਦਰ ਬਣਾਉਣ ਦਾ ਸੁਪਨਾ ਪੂਰਾ ਕੀਤਾ ਅਤੇ ਇਥੇ ਇਕ ਸ਼ਾਨਦਾਰ ਰਾਮ ਮੰਦਰ ਬਣ ਚੁੱਕਾ ਹੈ।

## ਕੈਪਟਨ ਦੀ ਕਾਂਗਰਸ 'ਚ ਵਾਪਸੀ ਨੂੰ ਲੈ ਕੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਹੁੱਡਾ ਦਾ ਵੱਡਾ ਬਿਆਨ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 6 ਜੂਨ। ਪੰਜਾਬ ਦੀ ਸਿਆਸਤ 'ਚ ਇਕ ਵਾਰ ਫਿਰ ਵੱਡਾ ਉਲਟਫੇਰ ਹੋਣ ਦੇ ਕਿਆਸ ਲਗਾਏ ਜਾ ਰਹੇ ਹਨ। ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਕਾਂਗਰਸ 'ਚ ਵਾਪਸੀ ਨੂੰ ਲੈ ਕੇ ਚਰਚਾਵਾਂ ਦਾ ਬਾਜ਼ਾਰ ਗਰਮ ਹੈ। ਇਸ ਦੌਰਾਨ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਦੇ ਇਕ ਬਿਆਨ ਨੇ ਇਨ੍ਹਾਂ ਚਰਚਾਵਾਂ ਨੂੰ ਹੋਰ ਹਵਾ ਦੇ ਦਿੱਤੀ ਹੈ। ਹੁੱਡਾ ਨੇ ਦਾਅਵਾ ਕੀਤਾ ਹੈ ਕਿ ਕੈਪਟਨ ਅਮਰਿੰਦਰ ਸਿੰਘ ਉਨ੍ਹਾਂ ਦੇ ਸੰਪਰਕ 'ਚ ਹਨ। ਭੁਪਿੰਦਰ ਹੁੱਡਾ ਅਤੇ ਕੈਪਟਨ ਅਮਰਿੰਦਰ ਸਿੰਘ ਦੇ ਸਬੰਧ ਕਾਫੀ ਪੁਰਾਣੇ ਅਤੇ ਗੂੜ੍ਹੇ ਹਨ। ਹੁੱਡਾ ਨੇ ਕੈਪਟਨ ਨੂੰ ਕਾਂਗਰਸ ਦਾ ਸੀਨੀਅਰ ਨੇਤਾ ਦੱਸਦਿਆਂ ਸੰਪਰਕ 'ਚ ਹੋਣ ਦੀ ਗੱਲ ਕਹੀ ਹੈ। ਇਸ ਦੇ ਨਾਲ ਹੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਪਿਛਲੇ ਕੁਝ ਸਮੇਂ ਤੋਂ ਕਾਂਗਰਸ ਦੀ ਤਾਰੀਫ਼ ਕਰਨਾ ਵੀ ਉਨ੍ਹਾਂ ਦੀ ਵਾਪਸੀ ਦੇ



ਸੰਕੇਤ ਵਜੋਂ ਦੇਖਿਆ ਜਾ ਰਿਹਾ ਹੈ। ਸੂਤਰਾਂ ਅਨੁਸਾਰ ਕੈਪਟਨ ਅਮਰਿੰਦਰ ਸਿੰਘ ਭਾਜਪਾ ਦੀ ਕਾਰਜਸ਼ੈਲੀ ਤੋਂ ਖੁਸ਼ ਨਹੀਂ ਹਨ। ਪ੍ਰਧਾਨ ਦੀ ਚੋਣ 'ਚ ਨਜ਼ਰਅੰਦਾਜ਼ੀ: ਕੈਪਟਨ ਨੇ ਕੇਵਲ ਢਿੱਲੋਂ ਨੂੰ ਪੰਜਾਬ ਭਾਜਪਾ ਦਾ ਪ੍ਰਧਾਨ ਬਣਾਉਣ 'ਤੇ ਇਤਰਾਜ਼ ਜਤਾਇਆ ਸੀ ਅਤੇ ਕਿਹਾ ਸੀ ਕਿ ਇਸ ਫੈਸਲੇ ਲਈ ਉਨ੍ਹਾਂ ਤੋਂ ਕੋਈ ਰਾਏ ਨਹੀਂ ਲਈ ਗਈ। ਵੱਖਰੀ ਕਾਰਜ ਸੰਸਕ੍ਰਿਤੀ: ਕੈਪਟਨ ਅਨੁਸਾਰ ਕਾਂਗਰਸ 'ਚ ਉਨ੍ਹਾਂ ਦੀ ਸਲਾਹ ਲਈ ਜਾਂਦੀ ਸੀ, ਪਰ ਭਾਜਪਾ 'ਚ ਫੈਸਲੇ ਉੱਪਰੋਂ ਲਏ ਜਾਂਦੇ ਹਨ। ਨਿੱਜੀ ਦੁੱਖ-ਸੁੱਖ: ਕੈਪਟਨ ਨੇ ਕਿਹਾ ਕਿ ਰਾਹੁਲ ਗਾਂਧੀ ਨੇ ਉਨ੍ਹਾਂ ਦੇ ਜਨਮਦਿਨ ਅਤੇ ਭਰਾ ਦੇ ਦਿਹਾਂਤ 'ਤੇ ਸੋਗ ਸੰਦੇਸ਼ ਭੇਜਿਆ, ਪਰ ਭਾਜਪਾ ਵੱਲੋਂ ਕਿਸੇ ਨੇ ਹਮਦਰਦੀ ਤੱਕ ਪ੍ਰਗਟ ਨਹੀਂ ਕੀਤੀ। ਗਠਜੋੜ ਦਾ ਮੁੱਦਾ: ਕੈਪਟਨ ਪੰਜਾਬ 'ਚ ਅਕਾਲੀ ਦਲ ਨਾਲ ਗਠਜੋੜ ਦੇ ਪੱਖ 'ਚ ਹਨ, ਜਦਕਿ ਭਾਜਪਾ ਇਕੱਲੇ ਚੋਣ ਲੜਨ ਦੀ ਗੱਲ ਕਰ ਰਹੀ ਹੈ। ਦੂਜੇ ਪਾਸੇ, ਕੈਪਟਨ ਅਮਰਿੰਦਰ ਸਿੰਘ ਨੇ ਖੁਦ ਇਕ ਇੰਟਰਵਿਊ 'ਚ ਫਿਲਹਾਲ ਕਾਂਗਰਸ 'ਚ ਜਾਣ ਤੋਂ ਇਨਕਾਰ ਕੀਤਾ ਹੈ।

## ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਯੂਥ ਆਗੂ ਅਭਿਸ਼ੇਕ ਬਖਸ਼ੀ ਨੂੰ ਅਹਿਮ ਜ਼ਿੰਮੇਵਾਰੀ ਸੌਂਪੀ

ਜਲੰਧਰ 6 ਜੂਨ। ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਅਭਿਸ਼ੇਕ ਬਖਸ਼ੀ ਨੇ ਜਲੰਧਰ ਕੇਂਦਰੀ ਵਿਧਾਨ ਸਭਾ ਹਲਕੇ ਦੇ ਲੋਕਾਂ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ ਅਤੇ ਜਨਤਕ ਹਿੱਤਾਂ ਦੇ ਮੁੱਦਿਆਂ 'ਤੇ ਚਰਚਾ ਕਰਨ ਲਈ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਇਕ ਵਿਸ਼ੇਸ਼ ਮੁਲਾਕਾਤ ਕੀਤੀ। ਜਲੰਧਰ ਕੇਂਦਰੀ ਖੇਤਰ ਵਿਚ ਪਾਰਟੀ ਦੇ ਸੰਗਠਨ ਨੂੰ ਮਜ਼ਬੂਤ ??ਕਰਨ ਦੀ ਮਹੱਤਵਪੂਰਨ ਜ਼ਿੰਮੇਵਾਰੀ ਅਭਿਸ਼ੇਕ ਬਖਸ਼ੀ ਨੂੰ ਸੌਂਪਦੇ ਹੋਏ, ਸੁਖਬੀਰ ਸਿੰਘ ਬਾਦਲ ਨੇ ਉਨ੍ਹਾਂ ਨੂੰ ਪੁਰਾਣੇ ਆਗੂਆਂ ਅਤੇ ਵਰਕਰਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੀ ਵਿਚਾਰਧਾਰਾ ਨਾਲ ਜੋੜਨ ਲਈ ਇਕ ਵਿਸ਼ੇਸ਼ ਮੁਹਿੰਮ ਸ਼ੁਰੂ ਕਰਨ ਦੀ ਅਪੀਲ ਕੀਤੀ। ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਪੰਜਾਬ, ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਕੀਤੀ ਹੈ ਅਤੇ ਅੱਗੇ ਵੀ ਕਰਦਾ ਰਹੇਗਾ।

## ਕਰਨਾਟਕ 'ਚ ਕਾਂਗਰਸ ਪਾਰਟੀ ਦੀ ਮਜ਼ਬੂਤੀ ਦੇ 'ਸੂਤਰਧਾਰ' ਬਣੇ ਰਣਦੀਪ ਸੁਰਜੇਵਾਲਾ !

**ਕੌਮੀ ਪਤ੍ਰਿਕਾ**
**ਤੇਜਿੰਦਰ ਕੌਰ ਬੱਬਰ**

ਨੈਸ਼ਨਲ ਡੈਸਕ 6 ਜੂਨ। ਸਾਰੀਆਂ ਅਟਕਲਾਂ ਦੇ ਉਲਟ, ਜਿਸ ਤਰ੍ਹਾਂ ਕਰਨਾਟਕ ਰਾਜ ਵਿੱਚ ਸੱਤਾ ਅਤੇ ਸੰਗਠਨ ਵਿੱਚ ਸੁਹਿਰਦ ਮਾਹੌਲ ਵਿੱਚ ਵੱਡਾ ਬਦਲਾਅ ਆਇਆ ਹੈ, ਇਸਨੂੰ ਕਾਂਗਰਸ ਲੀਡਰਸ਼ਿਪ ਦੀ ਪਰਿਪੱਕਤਾ ਅਤੇ ਖਾਸ ਕਰਕੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਅਤੇ ਕਰਨਾਟਕ ਇੰਚਾਰਜ ਰਣਦੀਪ ਸਿੰਘ ਸੁਰਜੇਵਾਲਾ ਦੀ ਸੰਗਠਨਾਤਮਕ ਯੋਗਤਾ ਦਾ ਨਤੀਜਾ ਮੰਨਿਆ ਜਾ ਰਿਹਾ ਹੈ। ਰਾਜਨੀਤਿਕ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਰਣਦੀਪ ਸੁਰਜੇਵਾਲਾ ਨੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸੰਗਠਨ ਨੂੰ ਮਜ਼ਬੂਤ ਕਰਨ ਤੋਂ ਲੈ ਕੇ ਸਰਕਾਰ ਦੇ ਗਠਨ ਤੋਂ ਬਾਅਦ ਸੰਗਠਨ ਅਤੇ ਸ਼ਕਤੀ ਵਿਚਕਾਰ ਸੰਤੁਲਨ ਬਣਾਈ ਰੱਖਣ ਤੱਕ ਇੱਕ ਹੁਨਰਮੰਦ ਰਣਨੀਤੀਕਾਰ ਦੀ ਭੂਮਿਕਾ ਨਿਭਾਈ ਹੈ। ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਰਣਦੀਪ ਸੁਰਜੇਵਾਲਾ ਦੀ ਹੁਨਰਮੰਦ ਰਣਨੀਤੀ ਨੇ ਨਿਰਧਾਰਤ ਸਮੇਂ ਦੇ ਅੰਦਰ ਸਿੱਧਰਮਈਆ ਦੀ ਜਗ?ਹਾ ਡੀ.ਕੇ. ਸ਼ਿਵਕੁਮਾਰ ਨੂੰ ਮੁੱਖ ਮੰਤਰੀ ਬਣਾਇਆ। ਇਸ ਤੋਂ ਪਹਿਲਾਂ ਬੀ.ਕੇ. ਹਰੀਪ੍ਰਸਾਦ ਨੂੰ ਕਰਨਾਟਕ ਕਾਂਗਰਸ ਦਾ ਸੂਬਾ ਪ੍ਰਧਾਨ ਨਿਯੁਕਤ ਕੀਤਾ ਗਿਆ ਸੀ। ਇਹ ਸਾਰਾ ਬਦਲਾਅ ਇੱਕ ਸੁਹਿਰਦ ਮਾਹੌਲ ਵਿੱਚ ਹੋਇਆ। ਕਾਂਗਰਸ ਦੇ ਨਜ਼ਰੀਏ ਤੋਂ ਇਸ ਵਿਕਾਸ ਨੇ ਦੇਸ਼ ਭਰ ਵਿੱਚ ਇੱਕ ਸਕਾਰਾਤਮਕ ਸੰਦੇਸ਼ ਦਿੱਤਾ ਹੈ ਅਤੇ ਇਸ ਪੂਰੇ ਘਟਨਾਕ੍ਰਮ ਵਿੱਚ ਪਾਰਟੀ ਇੰਚਾਰਜ ਰਣਦੀਪ ਸੁਰਜੇਵਾਲਾ ਸ਼ਕਤੀ ਅਤੇ ਸੰਗਠਨ ਦੇ ਇੱਕ ਮਜ਼ਬੂਤ 'ਸੂਤਰਧਾਰ' ਵਜੋਂ ਉੱਭਰੇ ਹਨ। ਜ਼ਿਕਰਯੋਗ ਹੈ ਕਿ ਜਦੋਂ ਕਾਂਗਰਸ ਲੀਡਰਸ਼ਿਪ ਨੇ ਸਤੰਬਰ 2020 ਵਿੱਚ ਰਣਦੀਪ ਸਿੰਘ ਸੁਰਜੇਵਾਲਾ ਨੂੰ ਕਰਨਾਟਕ ਦਾ ਇੰਚਾਰਜ ਨਿਯੁਕਤ ਕੀਤਾ ਸੀ, ਤਾਂ ਪਾਰਟੀ ਨੂੰ ਸੂਬੇ ਵਿੱਚ ਕਈ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਸੰਗਠਨ ਨੂੰ ਮੁੜ ਸੁਰਜੀਤ ਕਰਨ ਇਸਦੇ ਵਰਕਰਾਂ ਦੇ ਮਨੋਬਲ ਨੂੰ ਉੱਚਾ ਚੁੱਕਣ ਅਤੇ ਜਨਤਾ ਨੂੰ ਇੱਕ ਅਨੁਕੂਲ ਕਾਂਗਰਸ ਮਾਹੌਲ ਬਣਾਉਣ ਦੀ ਲੋੜ ਸੀ। ਅਹੁਦਾ ਸੰਭਾਲਣ ਤੋਂ ਬਾਅਦ ਸੁਰਜੇਵਾਲਾ ਨੇ ਸੂਬੇ ਭਰ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਲਗਾਤਾਰ ਦੌਰੇ ਸ਼ੁਰੂ ਕੀਤੇ। ਸਿਰਫ਼ ਆਗੂਆਂ 'ਤੇ ਧਿਆਨ ਕੇਂਦਰਿਤ ਕਰਨ ਦੀ ਬਜਾਏ, ਉਨ੍ਹਾਂ ਨੇ ਬੂਥ ਪੱਧਰ 'ਤੇ ਵਰਕਰਾਂ ਨਾਲ ਸੰਚਾਰ ਸਥਾਪਿਤ ਕੀਤਾ ਅਤੇ ਸੰਗਠਨ ਦੇ ਕਮਜ਼ੋਰ ਬਿੰਦੂਆਂ ਨੂੰ ਮਜ਼ਬੂਤ ਕਰਨ ਦੀ ਕੋਸ਼ਿਸ਼ ਕੀਤੀ। ਲਗਭਗ ਢਾਈ ਸਾਲਾਂ ਤੱਕ, ਉਹ ਕਰਨਾਟਕ ਵਿੱਚ ਸਰਗਰਮੀ ਨਾਲ ਸ਼ਾਮਲ ਰਹੇ, ਸੰਗਠਨ ਨੂੰ ਚੋਣ ਚੁਣੌਤੀ ਲਈ ਤਿਆਰ ਕੀਤਾ। ਇਸ ਸਮੇਂ ਦੌਰਾਨ ਉਨ੍ਹਾਂ ਨੇ ਸੂਬਾ ਕਾਂਗਰਸ ਪ੍ਰਧਾਨ ਡੀ.ਕੇ. ਸ਼ਿਵਕੁਮਾਰ, ਸੀਨੀਅਰ ਨੇਤਾ ਸਿੱਧਰਮਈਆ ਤੇ ਹੋਰ



ਨੇਤਾਵਾਂ ਨਾਲ ਤਾਲਮੇਲ ਕਰਕੇ ਸੰਗਠਨ ਨੂੰ ਇਕਜੁੱਟ ਰੱਖਣ ਵਿੱਚ ਮੁੱਖ ਭੂਮਿਕਾ ਨਿਭਾਈ। ਰਾਜਨੀਤਿਕ ਨਿਰੀਖਕਾਂ ਦੇ ਅਨੁਸਾਰ, ਕਾਂਗਰਸ ਦੇ ਅੰਦਰ ਵੱਖ-ਵੱਖ ਧੜਿਆਂ ਵਿਚਕਾਰ ਸੰਚਾਰ ਬਣਾਈ ਰੱਖਣਾ ਅਤੇ ਉਨ੍ਹਾਂ ਨੂੰ ਇੱਕ ਸਾਂਝੇ ਟੀਚੇ 'ਤੇ ਕੇਂਦਰਿਤ ਕਰਨਾ ਉਸ ਸਮੇਂ ਦੀ ਸਭ ਤੋਂ ਵੱਡੀ ਚੁਣੌਤੀ ਸੀ, ਜਿਸਨੂੰ ਸੁਰਜੇਵਾਲਾ ਨੇ ਸਫਲਤਾਪੂਰਵਕ ਸੰਭਾਲਿਆ। 2023 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕਾਂਗਰਸ ਨੇ ਕੇਂਦਰ ਵਿੱਚ ਜਨਤਕ ਮੁੱਦਿਆਂ ਨੂੰ ਲੈ ਕੇ ਆਪਣੀ ਚੋਣ ਰਣਨੀਤੀ ਤਿਆਰ ਕੀਤੀ। ਇਸ ਵਿੱਚ ਰਣਦੀਪ ਸੁਰਜੇਵਾਲਾ ਦੀ ਭੂਮਿਕਾ ਨੂੰ ਮਹੱਤਵਪੂਰਨ ਮੰਨਿਆ ਜਾਂਦਾ ਹੈ। ਉਨ੍ਹਾਂ ਨੇ ਸੂਬੇ ਭਰ ਵਿੱਚ ਜਨਤਕ ਚਿੰਤਾ ਦੇ ਮੁੱਦਿਆਂ ਨੂੰ ਤਰਜੀਹ ਦੇਣ ਅਤੇ ਭਾਜਪਾ ਸਰਕਾਰ ਵਿਰੁੱਧ ਭ੍ਰਿਸ਼ਟਾਚਾਰ, ਬੇਰੁਜ਼ਗਾਰੀ, ਮਹਿੰਗਾਈ ਅਤੇ ਪ੍ਰਸ਼ਾਸਨਿਕ ਅਸਫਲਤਾਵਾਂ ਵਰਗੇ ਮੁੱਦਿਆਂ ਨੂੰ ਜ਼ੋਰਦਾਰ ਢੰਗ ਨਾਲ ਉਠਾਉਣ ਦੀ ਰਣਨੀਤੀ ਬਣਾਈ। ਰਾਜਨੀਤਿਕ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਸੁਰਜੇਵਾਲਾ ਦੀ ਰਣਨੀਤੀ ਚੋਣ ਪ੍ਰਬੰਧਨ ਵਿੱਚ ਵੀ ਪ੍ਰਭਾਵਸ਼ਾਲੀ ਸੀ। ਟਿਕਟ ਵੰਡ ਦੌਰਾਨ ਉਨ੍ਹਾਂ ਨੇ ਰਾਜ ਲੀਡਰਸ਼ਿਪ ਨਾਲ ਤਾਲਮੇਲ ਕੀਤਾ ਅਤੇ ਮਜ਼ਬੂਤ ਸਥਾਨਕ ਪ੍ਰਭਾਵ ਵਾਲੇ ਉਮੀਦਵਾਰਾਂ ਦੀ ਚੋਣ ਨੂੰ ਯਕੀਨੀ ਬਣਾਇਆ। ਸੀਨੀਅਰ ਪਾਰਟੀ ਨੇਤਾਵਾਂ ਨੂੰ ਚੋਣ ਮੁਹਿੰਮ ਵਿੱਚ ਵੀ ਸਰਗਰਮ ਭੂਮਿਕਾ ਦਿੱਤੀ ਗਈ। ਇਸ ਨਾਲ ਅੰਦਰੂਨੀ ਤੋੜ-ਫੋੜ ਦੀ ਸੰਭਾਵਨਾ ਘੱਟ ਗਈ ਅਤੇ ਵੋਟਰਾਂ ਵਿੱਚ ਕਾਂਗਰਸ ਪਾਰਟੀ ਦਾ ਇੱਕ ਸੰਯੁਕਤ ਅਕਸ ਪੇਸ਼ ਕੀਤਾ ਗਿਆ । ਇਸ ਰਣਨੀਤੀ ਦਾ ਪ੍ਰਭਾਵ ਚੋਣ ਨਤੀਜਿਆਂ ਵਿੱਚ ਵੀ ਦਿਖਾਈ ਦਿੱਤਾ। 2023 ਦੀਆਂ ਕਰਨਾਟਕ ਵਿਧਾਨ ਸਭਾ ਚੋਣਾਂ ਵਿੱਚ, ਕਾਂਗਰਸ ਨੇ 224 ਮੈਂਬਰੀ ਵਿਧਾਨ ਸਭਾ ਵਿੱਚੋਂ 135 ਸੀਟਾਂ ਜਿੱਤ ਕੇ ਸਪੱਸ਼ਟ ਬਹੁਮਤ ਪ੍ਰਾਪਤ ਕੀਤਾ। ਇਸ ਜਿੱਤ ਨੂੰ ਨਾ ਸਿਰਫ਼ ਸੱਤਾ ਤਬਦੀਲੀ ਵਜੋਂ ਦੇਖਿਆ ਗਿਆ, ਸਗੋਂ ਕਾਂਗਰਸ ਲਈ ਇੱਕ ਵੱਡੇ ਰਾਜਨੀਤਿਕ ਪੁਨਰ ਉਥਾਨ ਵਜੋਂ ਵੀ ਦੇਖਿਆ ਗਿਆ। ਹਾਲਾਂਕਿ, ਚੋਣਾਂ ਜਿੱਤਣ ਤੋਂ ਬਾਅਦ ਅਸਲ ਚੁਣੌਤੀ ਸਰਕਾਰ ਅਤੇ ਸੰਗਠਨ ਵਿਚਕਾਰ ਸੰਤੁਲਨ ਬਣਾਈ ਰੱਖਣਾ ਸੀ। ਮੁੱਖ ਮੰਤਰੀ ਸਿੱਧਰਮਈਆ ਅਤੇ ਉਪ ਮੁੱਖ ਮੰਤਰੀ ਡੀ.ਕੇ. ਸ਼ਿਵਕੁਮਾਰ ਅਤੇ ਸ਼ਿਵਕੁਮਾਰ ਦੋਵੇਂ ਕਾਂਗਰਸ ਪਾਰਟੀ ਦੇ ਅੰਦਰ ਸੀਨੀਅਰ ਅਤੇ ਪ੍ਰਭਾਵਸ਼ਾਲੀ ਨੇਤਾ ਹਨ। ਲੀਡਰਸ਼ਿਪ ਤਬਦੀਲੀ ਅਤੇ ਸੱਤਾ ਦੀ ਵੰਡ ਬਾਰੇ ਚਰਚਾਵਾਂ ਸਮੇਂ-ਸਮੇਂ 'ਤੇ ਸਾਹਮਣੇ ਆਉਂਦੀਆਂ ਰਹੀਆਂ ਹਨ, ਪਰ ਪਾਰਟੀ ਦੇ ਅੰਦਰ ਕੋਈ ਵੱਡਾ ਜਨਤਕ ਟਕਰਾਅ ਪੈਦਾ ਨਹੀਂ ਹੋਇਆ ਹੈ। ਰਾਜਨੀਤਿਕ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਸੁਰਜੇਵਾਲਾ ਦੀ ਗੱਲਬਾਤ ਅਤੇ ਤਾਲਮੇਲ ਦੀ ਸ਼ੈਲੀ ਇਸ ਪਿੱਛੇ ਪ੍ਰੇਰਕ ਸ਼ਕਤੀ ਸੀ। ਜਦੋਂ 2023 ਵਿੱਚ ਕਰਨਾਟਕ ਵਿੱਚ ਕਾਂਗਰਸ ਦੀ ਸਰਕਾਰ

# ਮਹਿੰਗੇ ਬ੍ਰਾਂਡਾਂ ਦੀਆਂ ਖਾਲੀ ਬੋਤਲਾਂ ’ਚ ਸਸਤੀ ਸ਼ਰਾਬ ਦੀ ‘ਖੇਡ’, ਸ਼ਾਤਿਰਾਂ ਨੇ ਲੱਭਿਆ ਠੱਗੀ ਦਾ ਫਾਰਮੂਲਾ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 6 ਜੂਨ। ਸ਼ਹਿਰ ’ਚ ਨਾਜਾਇਜ਼ ਸ਼ਰਾਬ ਦਾ ਧੰਦਾ ਕਰਨ ਵਾਲੇ ਮਾਫੀਆ ਨੇ ਠੱਗੀ ਦਾ ਇਕ ਬਹੁਤ ਹੀ ਸ਼ਾਤਿਰ ਤਰੀਕਾ ਲੱਭ ਲਿਆ ਹੈ। ਹੁਣ ਨਕਲੀ ਸ਼ਰਾਬ ਬਣਾਉਣ ਦੀ ਬਜਾਏ, ਮਹਿੰਗੇ ਅਤੇ ਨਾਮੀ ਬ੍ਰਾਂਡਾਂ ਦੀਆਂ ਖਾਲੀ ਬੋਤਲਾਂ ’ਚ ਸਸਤੀ ਬ੍ਰਾਂਡਿਡ ਸ਼ਰਾਬ ਭਰ ਕੇ ਗਾਹਕਾਂ ਨੂੰ ਹਜ਼ਾਰਾਂ ਰੁਪਏ ਦਾ ਚੂਨਾ ਲਾਇਆ ਜਾ ਰਹੀ ਹੈ। ਇਸ ਖੇਡ ’ਚ ਕਬਾੜੀਆਂ ਤੋਂ ਲੈ ਕੇ ਹੋਟਲ-ਰੈਸਟੋਰੈਂਟਾਂ ਤੱਕ ਦੀਆਂ ਕੜੀਆਂ ਜੁੜੀਆਂ ਹੋਈਆਂ ਹਨ, ਜਿਸ ਕਾਰਨ ਅਮੀਰ ਅਤੇ ਸ਼ੌਕੀਨ ਲੋਕ ਵੀ ਆਸਾਨੀ ਨਾਲ ਧੋਖਾ ਖਾ ਰਹੇ ਹਨ। ਇਹ ਸਮੱਸਿਆ ਸਿਰਫ਼ ਅੰਮ੍ਰਿਤਸਰ ’ਚ ਹੀ ਨਹੀਂ ਸਗੋਂ ਪੂਰੇ ਪੰਜਾਬ ’ਚ ਹੈ ਅਤੇ ਇਹ ਰਵਾਇਤ ਸਾਲਾਂ ਤੋਂ ਚੱਲਦੀ ਆ ਰਹੀ ਹੈ। ਜਾਣਕਾਰੀ ਮੁਤਾਬਕ ਸ਼ਹਿਰਾਂ ’ਚ ਸਰਗਰਮ ਇਸ ਧੰਦੇ ਦੇ ਮਾਸਟਰਮਾਈਂਡ ਕਬਾੜੀਆਂ ਦੀਆਂ ਦੁਕਾਨਾਂ, ਹੋਟਲਾਂ, ਬਾਰਾਂ ਅਤੇ ਰੈਸਟੋਰੈਂਟਾਂ ਤੋਂ ਮਹਿੰਗੇ ਬ੍ਰਾਂਡਾਂ ਦੀਆਂ ਖਾਲੀ ਬੋਤਲਾਂ ਇਕੱਠੀਆਂ ਕਰਦੇ ਹਨ। ਜ਼ਿਆਦਾਤਰ ਅਮੀਰ ਲੋਕ ਜਿਨ੍ਹਾਂ ਮਹਿੰਗੇ ਬ੍ਰਾਂਡਾਂ (ਜਿਵੇਂ ਬਲੈਕ ਡੌਗ, ਚਿਵਾਸ ਰੀਗਲ, ਬਲੈਕ ਲੇਬਲ, ਡਬਲ ਬਲੈਕ ਅਤੇ ਰਾਇਲ ਸਲਿਊਟ, ਮੰਕੀ ਸ਼ੋਲਡਰ, ਸਿੰਗਲ ਮਾਲਟ ਗਲੈਨਫਿਡਿਕ 18-ਈਅਰ) ਦੀ ਵਰਤੋਂ ਕਰਦੇ ਹਨ, ਉਨ੍ਹਾਂ ਦੀ ਬਾਜ਼ਾਰ ’ਚ ਕੀਮਤ 3 ਤੋਂ 15 ਹਜ਼ਾਰ ਰੁਪਏ ਪ੍ਰਤੀ ਬੋਤਲ ਤੱਕ ਹੁੰਦੀ ਹੈ। ਇਨ੍ਹਾਂ ਸ਼ਾਤਿਰਾਂ ਨੂੰ ਅਜਿਹੇ ਮਹਿੰਗੇ ਬ੍ਰਾਂਡਾਂ ਦੀਆਂ ਖਾਲੀ ਬੋਤਲਾਂ ਕਬਾੜ ਦੇ ਭਾਅ ’ਚ ਮਾਤਰ 50-100 ਤੋਂ ਲੈ ਕੇ 200-300 ਰੁਪਏ ’ਚ ਮਿਲ ਜਾਂਦੀਆਂ ਹਨ। ਇਸ ਤੋਂ ਬਾਅਦ ਇਨ੍ਹਾਂ ਕੋਲ ਮੌਜੂਦ ਸੀਲਿੰਗ ਦੇ ਆਧੁਨਿਕ ‘ਜੁਗਾੜ’ ਅਤੇ ਉਪਕਰਨਾਂ ਨਾਲ ਬੋਤਲਾਂ ਨੂੰ ਇਸ ਤਰ੍ਹਾਂ ਪੈਕ ਕੀਤਾ ਜਾਂਦਾ ਹੈ ਕਿ ਅਸਲੀ ਅਤੇ ਨਕਲੀ ਦਾ ਫ਼ਰਕ ਕਰਨਾ ਅਸੰਭਵ ਹੋ ਜਾਂਦਾ ਹੈ। ਬਦਲਿਆ ਪੈਂਤੜਾ : ਨਕਲੀ ਕੈਮੀਕਲ ਨਹੀਂ, ਹੁਣ ਸਸਤੀ (ਬ੍ਰਾਂਡਿਡ) ਸ਼ਰਾਬ ਨਾਲ ਰਿਫਿਲਿੰਗ ਪਹਿਲਾਂ ਦੇ ਸਮੇਂ ’ਚ ਮਾਫੀਆ ਅਸਲੀ ਬੋਤਲਾਂ ’ਚ ਜ਼ਹਿਰੀਲੀ ਜਾਂ ਘਰੇਲੂ ਨਕਲੀ ਸ਼ਰਾਬ ਭਰਦੇ ਸਨ, ਜਿਸ ਨਾਲ ਸਵਾਦ ਅਤੇ ਸਿਹਤ ਦੋਵਾਂ ਪੱਖੋਂ ਤੁਰੰਤ ਪਕੜ ’ਚ ਆ ਜਾਂਦੇ ਸਨ ਪਰ ਹੁਣ ਇਨ੍ਹਾਂ ਸ਼ਾਤਿਰਾਂ ਨੇ ਆਪਣੀ ਰਣਨੀਤੀ ਬਦਲ ਲਈ ਹੈ। ਜਾਣਕਾਰਾਂ ਦਾ ਕਹਿਣਾ ਹੈ ਕਿ 4 ਹਜ਼ਾਰ ਰੁਪਏ ਵਾਲੇ ਬ੍ਰਾਂਡ ਦੀ ਅਸਲੀ ਸ਼ਰਾਬ ਦੀ ਖਾਲੀ ਬੋਤਲ ’ਚ ਇਹ ਲੋਕ 300-400 ਰੁਪਏ ਵਾਲੀ ਸ਼ਰਾਬ (ਜਿਵੇਂ ਮੈਕਡੌਵਲ ਨੰਬਰ ਵਨ, ਬਲੈਂਡਰਸ ਪ੍ਰਾਈਡ, ਰਾਇਲ ਸਟੈਗ, ਓਕਨਗਲੋ, ਇੰਪੀਰੀਅਲ ਬਲੂ) ਭਰ ਦਿੰਦੇ ਹਨ। ਮਹਿੰਗੇ ਬ੍ਰਾਂਡ ਨਾਲ ਸਵਾਦ ਮਿਲਾਉਣ ਲਈ ਇਸ ’ਚ ਕੁਝ ਖ਼ਾਸ ਕਿਸਮ ਦੇ ਖੁਸ਼ਬੂਦਾਰ ਤਰਲ (ਐਸੈਂਸ) ਮਿਲਾਏ ਜਾਂਦੇ ਹਨ, ਜਿਸ ਨਾਲ ਪੀਣ ਵਾਲੇ ਨੂੰ ਜ਼ਰਾ ਵੀ ਸ਼ੱਕ ਨਹੀਂ ਹੁੰਦਾ ਅਤੇ ਮਾਫੀਆ ਪ੍ਰਤੀ ਬੋਤਲ ਹਜ਼ਾਰਾਂ ਰੁਪਏ ਦੀ ਨਾਜਾਇਜ਼ ਕਮਾਈ ਕਰ ਜਾਂਦਾ ਹੈ। ਇਸ ਗੰਭੀਰ ਮਾਮਲੇ ’ਤੇ ਜ਼ਿਲ੍ਹਾ ਆਬਕਾਰੀ ਵਿਭਾਗ ਪੂਰੀ ਤਰ੍ਹਾਂ ਚੌਕਸ ਹੈ। ਸਹਾਇਕ ਈ. ਟੀ. ਓ. ਰਮਨ ਸ਼ਰਮਾ ਨੇ ਦੱਸਿਆ ਕਿ ‘ਆਬਕਾਰੀ ਵਿਭਾਗ ਅਜਿਹੇ ਸ਼ੱਕੀ ਲੋਕਾਂ ਅਤੇ ਟਿਕਾਣਿਆਂ ’ਤੇ ਤਿੱਖੀ ਨਜ਼ਰ ਰੱਖ ਰਿਹਾ ਹੈ। ਇਸ ਗੋਰਖਧੰਦੇ ਨੂੰ ਰੋਕਣ ਲਈ ਮੌਜੂਦਾ ਸਮੇਂ ’ਚ ਦਰਜਨਾਂ ਵਿਸ਼ੇਸ਼ ਟੀਮਾਂ ਦੀ ਮਦਦ ਲਈ ਜਾ ਰਹੀ ਹੈ। ਇਹ ਟੀਮਾਂ ਲਗਾਤਾਰ ਹੋਟਲਾਂ, ਬਾਰਾਂ, ਰੈਸਟੋਰੈਂਟਾਂ ਅਤੇ ਅਹਾਤਿਆਂ ’ਚ ਜਾ ਕੇ ਖਾਲੀ ਬੋਤਲਾਂ ਨੂੰ ਮੌਕੇ ’ਤੇ ਹੀ ਤੋੜ (ਸਮੈਸ਼) ਰਹੀਆਂ ਹਨ, ਤਾਂ ਜੋ ਕੋਈ ਵੀ ਇਨ੍ਹਾਂ ਦੀ ਦੁਬਾਰਾ ਰਿਫਿਲਿੰਗ ਲਈ ਦੁਰਵਰਤੋਂ ਨਾ ਕਰ ਸਕੇ। ਉਨ੍ਹਾਂ ਕਿਹਾ ਕਿ ਆਬਕਾਰੀ ਵਿਭਾਗ ਵੱਲੋਂ ਲਗਾਤਾਰ ਸਰਗਰਮੀ ਅਤੇ ਸਖ਼ਤ ਕਾਰਵਾਈ ਕਾਰਨ ਰਿਫਿਲਿੰਗ ਕਰਨ ਵਾਲੇ ਨੌਸਰਬਾਜ਼ ਹੁਣ ਭੱਜ ਚੁੱਕੇ ਹਨ। ਦੂਜੇ ਪਾਸੇ ਸ਼ਰਾਬ ਦੇ ਧੰਦੇ ਨਾਲ ਲੰਮੇ ਸਮੇਂ ਤੋਂ ਜੁੜੇ ਜਾਣਕਾਰ ਯੋਗੇਸ਼ ਮਹਿਰਾ, ਪੁਨੀਤ ਮਹਿਰਾ ਦਾ ਮੰਨਣਾ ਹੈ ਕਿ ਵਿਭਾਗ ਦੀ ਇਹ ਮੁਹਿੰਮ ਸ਼ਲਾਘਾਯੋਗ ਹੈ ਪਰ ਚੁਣੌਤੀ ਅਜੇ ਵੀ ਵੱਡੀ ਹੈ। ਉਪਰੋਕਤ ਜਾਣਕਾਰਾਂ ਅਨੁਸਾਰ ਵਿਭਾਗ ਦੀ ਸਖ਼ਤੀ ਦੇ ਬਾਵਜੂਦ ਸਿਰਫ਼ 10 ਫੀਸਦੀ ਖਾਲੀ ਬੋਤਲਾਂ ਹੀ ਨਸ਼ਟ ਹੋ ਪਾਉਂਦੀਆਂ ਹਨ। ਇਸ ਦਾ ਕਾਰਨ ਇਹ ਹੈ ਕਿ ਲੋਕ ਮਹਿੰਗੀ ਸ਼ਰਾਬ ਅਕਸਰ ਆਪਣੇ ਘਰਾਂ ’ਚ ਪੀਂਦੇ ਹਨ। ਘਰਾਂ ’ਚੋਂ ਨਿਕਲਣ ਵਾਲੀਆਂ ਇਹ ਬੋਤਲਾਂ ਸਿੱਧੀਆਂ ਗਲੀ-ਮੁਹੱਲਿਆਂ ਦੇ ਕਬਾੜੀਆਂ ਤੱਕ ਪਹੁੰਚਦੀਆਂ ਹਨ, ਜੋ ਇਨ੍ਹਾਂ ਨੂੰ ਦੋ ਨੰਬਰ ਵਾਲੇ ਪੈਕਰਾਂ ਨੂੰ ਵੇਚ ਦਿੰਦੇ ਹਨ। ਜਾਣਕਾਰਾਂ ਨੇ ਇਕ ਹੋਰ ਹੈਰਾਨੀਜਨਕ ਪਹਿਲੂ ਦੱਸਿਆ ਕਿ ਕਿਉਂਕਿ ਪੈਕਰ ਨਕਲੀ ਕੈਮੀਕਲ ਦੀ ਬਜਾਏ ਸਸਤੀ ‘ਬ੍ਰਾਂਡਿਡ’ ਸ਼ਰਾਬ ਦੀ ਵਰਤੋਂ ਕਰਦੇ ਹਨ, ਇਸ ਲਈ ਇਹ ਸਰੀਰ ਲਈ ਤੁਰੰਤ ਨੁਕਸਾਨਦੇਹ ਜਾਂ ਜਾਨਲੇਵਾ ਨਹੀਂ ਹੁੰਦੀ। ਸਵਾਦ ’ਚ ਮਾਮੂਲੀ ਫ਼ਰਕ ਹੋਣ ਕਾਰਨ ਪੀਣ ਵਾਲੇ ਨੂੰ ਅਕਸਰ ਆਪਣੀ ਹੀ ਜ਼ੁਬਾਨ ’ਤੇ ਸ਼ੱਕ ਹੁੰਦਾ ਹੈ, ਜਿਸ ਕਾਰਨ ਇਹ ਨੈਕਸਸ ਬਿਨਾਂ ਕਿਸੇ ਸ਼ਿਕਾਇਤ ਦੇ ਧੜੱਲੇ ਨਾਲ ਚੱਲ ਰਿਹਾ ਹੈ।

## ਪੰਜਾਬ ’ਚ ਵਾਪਰੇ ਭਿਆਨਕ ਸੜਕ ਹਾਦਸੇ ਨੇ ਉਜਾੜ ’ਤਾ ਘਰ, ਦਰਾਣੀ-ਜਠਾਣੀ ਦੀ ਇਕੱਠਿਆਂ ਹੋਈ ਮੌਤ

ਮੁਕੇਰੀਆਂ 6 ਜੂਨ। ਜਲੰਧਰ-ਪਠਾਨਕੋਟ ਨੈਸ਼ਨਲ ਹਾਈਵੇਅ ’ਤੇ ਮੁਕੇਰੀਆਂ ਦੇ ਗੈਸਟ ਹਾਊਸ ਸਾਹਮਣੇ ਵਾਪਰੇ ਭਿਆਨਕ ਸੜਕ ਹਾਦਸੇ ’ਚ ਦੋ ਔਰਤਾਂ ਦੀ ਮੌਕੇ ’ਤੇ ਹੀ ਮੌਤ ਹੋ ਗਈ। ਰਿਸ਼ਤੇ ’ਚ ਦੋਵੇਂ ਔਰਤਾਂ ਆਪਸ ’ਚ ਦਰਾਣੀ-ਜਠਾਣੀ ਲੱਗਦੀਆਂ ਸਨ। ਜਾਣਕਾਰੀ ਅਨੁਸਾਰ ਪਠਾਨਕੋਟ ਵੱਲੋਂ ਆ ਰਿਹਾ ਇਕ ਤੇਜ਼ ਰਫ਼ਤਾਰ ਟਰੱਕ ਸਕੂਟੀ ਸਵਾਰ ਦੋ ਔਰਤਾਂ ਨੂੰ ਟੱਕਰ ਮਾਰ ਦਿੱਤੀ, ਟੱਕਰ ਇੰਨੀ ਜ਼ਬਰਦਸਤ ਸੀ ਕਿ ਇਕ ਔਰਤ ਨੇ ਮੌਕੇ ’ਤੇ ਹੀ ਦਮ ਤੋੜ ਦਿੱਤਾ, ਜਦਕਿ ਟਰੱਕ ਸਕੂਟਰੀ ਨੂੰ ਆਪਣੇ ਨਾਲ ਘਸੀਟਦਾ ਹੋਇਆ ਕਰੀਬ 500 ਮੀਟਰ ਤੱਕ ਲੈ ਗਿਆ। ਇਸ ਦੌਰਾਨ ਦੂਜੀ ਔਰਤ ਵੀ ਹਾਦਸੇ ਦੀ ਭੇਟ ਚੜ੍ਹ ਗਈ ਅਤੇ ਦੋਵਾਂ ਦੀ ਮੌਕੇ ’ਤੇ ਹੀ ਮੌਤ ਹੋ ਗਈ। ਮ੍ਰਿਤਕ ਔਰਤਾਂ ਦੀ ਪਛਾਣ ਪਰਮਜੀਤ ਕੌਰ ਪਤਨੀ ਪੱਖਣ ਸਿੰਘ (40) ਅਤੇ ਕਰਮਜੀਤ ਕੌਰ ਪਤਨੀ ਅਵਤਾਰ ਸਿੰਘ (35) ਦੋਵੇਂ ਵਾਸੀ ਪਿੰਡ ਪੰਡੋਰੀ, ਤਹਿਸੀਲ ਮੁਕੇਰੀਆਂ, ਜ਼ਿਲਾ ਹੁਸ਼ਿਆਰਪੁਰ ਵਜੋਂ ਹੋਈ ਹੈ।

# ਸਬਜ਼ੀ ਵਿਕਰੇਤਾ ਨਾਲ ਲੁੱਟ, ਸਕੂਟੀ ਸਵਾਰ ਲੁਟੇਰੇ ਨੇ 300 ਰੁਪਏ ਲਈ ਵਿਅਕਤੀ ਨੂੰ ਘਸੀਟਿਆ

**ਕੌਮੀ ਪਤ੍ਰਿਕਾ**

ਗੁਰਦਾਸਪੁਰ 6 ਜੂਨ। ਸ਼ਹਿਰ ਦੇ ਬਹਿਰਾਮਪੁਰ ਰੋਡ ’ਤੇ ਇੱਕ ਮੰਦਭਾਗੀ ਘਟਨਾ ਸਾਹਮਣੇ ਆਈ ਹੈ, ਜਿੱਥੇ ਇੱਕ ਲੁਟੇਰੇ ਨੇ ਗਰੀਬ ਸਬਜ਼ੀ ਵਿਕਰੇਤਾ ਨੂੰ ਆਪਣਾ ਸ਼ਿਕਾਰ ਬਣਾਇਆ। ਜਾਣਕਾਰੀ ਅਨੁਸਾਰ ਜਸਵੰਤ ਸਿੰਘ ਨਾਮਕ ਸਬਜ਼ੀ ਵਿਕਰੇਤਾ ਜਦੋਂ ਰੋਜ਼ਾਨਾ ਦੀ ਤਰ੍ਹਾਂ ਕੰਮ ਖ਼ਤਮ ਕਰਕੇ ਆਪਣੇ ਘਰ ਵਾਪਸ ਜਾ ਰਿਹਾ ਸੀ, ਤਾਂ ਸਕੂਟੀ ਸਵਾਰ ਇੱਕ ਵਿਅਕਤੀ ਨੇ ਉਸ ਨੂੰ ਰੋਕਿਆ। ਪੀੜਤ ਜਸਵੰਤ ਸਿੰਘ ਨੇ ਦੱਸਿਆ ਕਿ ਸਕੂਟੀ ਸਵਾਰ ਨੇ ਉਸ ਕੋਲੋਂ ਕਰੀਬ 300 ਰੁਪਏ ਦੀ ਸਬਜ਼ੀ ਖਰੀਦੀ। ਜਦੋਂ ਜਸਵੰਤ ਸਿੰਘ ਨੇ ਸਬਜ਼ੀ ਦੇ ਪੈਸੇ ਮੰਗੇ, ਤਾਂ ਉਕਤ ਵਿਅਕਤੀ ਨੇ ਪੈਸੇ ਦੇਣ ਦੀ ਬਜਾਏ ਸਕੂਟੀ ਭਜਾਉਣ ਦੀ ਕੋਸ਼ਿਸ਼ ਕੀਤੀ। ਪਰ ਆਪਣੀ ਮਿਹਨਤ ਦੀ ਕਮਾਈ ਬਚਾਉਣ ਲਈ ਸਬਜ਼ੀ ਵਾਲੇ ਨੇ ਸਕੂਟੀ ਨੂੰ ਫੜ ਲਿਆ। ਪਰ ਲੁਟੇਰਾ ਇੰਨਾ ਬੇਰਹਿਮ ਨਿਕਲਿਆ ਕਿ ਉਸ ਨੇ ਸਕੂਟੀ ਨਹੀਂ ਰੋਕੀ ਅਤੇ ਜਸਵੰਤ ਸਿੰਘ ਨੂੰ ਕਾਫੀ ਦੂਰ ਤੱਕ ਘਸੀਟਦਾ ਹੋਇਆ ਲੈ ਗਿਆ। ਅਖੀਰ ਲੁਟੇਰਾ ਮੌਕੇ ਤੋਂ ਫਰਾਰ ਹੋਣ ਵਿੱਚ ਕਾਮਯਾਬ ਹੋ ਗਿਆ। ਮੌਕੇ ’ਤੇ ਪਹੁੰਚੇ ਇੱਕ ਰਾਹਗੀਰ ਨੇ ਦੱਸਿਆ ਕਿ ਉਸ ਨੇ ਸਬਜ਼ੀ ਵਾਲੇ ਨੂੰ ਸੜਕ ਕਿਨਾਰੇ ਰੋਂਦੇ ਹੋਏ ਦੇਖਿਆ। ਪੁੱਛਗਿੱਛ ਕਰਨ ’ਤੇ ਪਤਾ ਲੱਗਿਆ ਕਿ ਮਹਿਜ਼ 300 ਰੁਪਏ ਦੀ ਸਬਜ਼ੀ ਲਈ ਉਸ ਨਾਲ ਇਹ ਵਧੀਕੀ ਕੀਤੀ ਗਈ ਹੈ। ਚਸ਼ਮਦੀਦ ਨੇ ਰੋਸ ਜ਼ਾਹਿਰ ਕਰਦਿਆਂ ਕਿਹਾ ਕਿ ਸ਼ਹਿਰ ਦੇ ਹਾਲਾਤ ਦਿਨੋਂ-ਦਿਨ ਬਦਤਰ ਹੁੰਦੇ ਜਾ ਰਹੇ ਹਨ ਅਤੇ



ਹੁਣ ਆਮ ਇਨਸਾਨ ਸੜਕਾਂ ’ਤੇ ਸੁਰੱਖਿਅਤ ਨਹੀਂ ਹੈ।ਸ਼ਹਿਰ ਵਿੱਚ ਅਪਰਾਧਿਕ ਘਟਨਾਵਾਂ ਲਗਾਤਾਰ ਵਧ ਰਹੀਆਂ ਹਨ। ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕਰਦੇ ਹਾਂ ਕਿ ਗਸ਼ਤ ਵਧਾਈ ਜਾਵੇ ਅਤੇ ਅਜਿਹੇ ਸ਼ਰਾਰਤੀ ਅਨਸਰਾਂ ਖ਼?ਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਤਾਂ ਜੋ ਗਰੀਬ ਲੋਕ ਨਿਡਰ ਹੋ ਕੇ ਆਪਣੀ ਰੋਜ਼ੀ-ਰੋਟੀ ਕਮਾ ਸਕਣ।

## ਲੁਧਿਆਣਾ ’ਚ ਗੈਸ ਸਿਲੰਡਰਾਂ ਦੀ ਚੋਰੀ, ਬੰਦ ਪਏ ਘਰ ’ਚੋਂ ਕੀਮਤੀ ਸਾਮਾਨ ਲੈ ਗਏ ਚੋਰ

ਲੁਧਿਆਣਾ 6 ਜੂਨ। ਸ਼ਹਿਰ ਵਿਚ ਚੋਰਾਂ ਦੇ ਹੌਸਲੇ ਇਸ ਕਦਰ ਬੁਲੰਦ ਹਨ ਕਿ ਹੁਣ ਉਹ ਬੰਦ ਘਰਾਂ ਨੂੰ ਨਿਸ਼ਾਨਾ ਬਣਾਉਣ ਤੋਂ ਵੀ ਗੁਰੇਜ਼ ਨਹੀਂ ਕਰ ਰਹੇ। ਤਾਜ਼ਾ ਮਾਮਲਾ ਸਾਹਮਣੇ ਆਇਆ ਹੈ ਜਿੱਥੇ ਦੁੱਗਰੀ ਸਥਿਤ ਇਕ ਘਰ ਵਿਚ ਦਾਖਲ ਹੋ ਕੇ ਚੋਰਾਂ ਨੇ ਨਕਦੀ, ਚਾਂਦੀ ਦੇ ਸਿੱਕੇ ਅਤੇ ਹੋਰ ਕੀਮਤੀ ਸਾਮਾਨ ’ਤੇ ਹੱਥ ਸਾਫ਼ ਕਰ ਦਿੱਤਾ। ਪੀੜਤ ਦੀ ਸ਼ਿਕਾਇਤ ’ਤੇ ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ। ਪੁਲਸ ਆਸ-ਪਾਸ ਦੇ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਖੰਗਾਲ ਰਹੀ ਹੈ ਤਾਂ ਜੋ ਮੁਲਜ਼ਮਾਂ ਤੱਕ ਪਹੁੰਚਿਆ ਜਾ ਸਕੇ। ਪੁਲਸ ਨੂੰ ਦਿੱਤੇ ਬਿਆਨ ਵਿਚ ਅਭਿਸ਼ੇਕ ਭਗਤ ਨੇ




ਦੱਸਿਆ ਕਿ ਘਟਨਾ 19 ਮਾਰਚ ਦੀ ਰਾਤ ਕਰੀਬ 1:20 ਵਜੇ ਦੀ ਹੈ। ਦੋ ਅਣਪਛਾਤੇ ਵਿਅਕਤੀ ਘਰ ਦੀ ਬਾਲਕੋਨੀ ਦੀ ਗਰਿੱਲ ਤੋੜ ਕੇ ਅੰਦਰ ਦਾਖਲ ਹੋਏ। ਚੋਰਾਂ ਨੇ ਬੜੇ ਆਰਾਮ ਨਾਲ ਪੂਰੇ ਘਰ ਨੂੰ ਖੰਗਾਲਿਆ ਅਤੇ ਕੀਮਤੀ ਸਾਮਾਨ ਇਕੱਠਾ ਕਰ ਲਿਆ। ਉਹ ਮੁੰਬਈ ਵਿਚ ਨੌਕਰੀ ਕਰਦਾ ਹੈ ਅਤੇ ਉਸ ਦੀ ਮਾਤਾ, ਸੁਰਿੰਦਰ ਭਗਤ, ਘਰ ਨੂੰ ਤਾਲਾ ਲਗਾ ਕੇ ਉਸ ਨੂੰ ਮਿਲਣ ਲਈ ਮੁੰਬਈ ਗਈ ਹੋਈ ਸੀ। ਘਰ ਬੰਦ ਹੋਣ ਦਾ ਫਾਇਦਾ ਉਠਾਉਂਦੇ ਹੋਏ ਸ਼ਾਤਰ ਚੋਰਾਂ ਨੇ ਇਸ ਵਾਰਦਾਤ ਨੂੰ ਅੰਜਾਮ ਦਿੱਤਾ। ਚੋਰ ਘਰ ਵਿਚੋਂ 3 ਗੈਸ ਸਿਲੰਡਰ ਅਤੇ ਪਿੱਤਲ ਦੇ ਬਰਤਨ, ਚਾਂਦੀ ਦੇ ਸਿੱਕੇ, ਮੂਰਤੀਆਂ ਅਤੇ ਚਾਂਦੀ ਦੇ ਗਿਲਾਸ, ਲੇਡੀਜ਼ ਕੱਪੜੇ ਅਤੇ ਮਹਿੰਗੀਆਂ ਘੜੀਆਂ, ਟੀ.ਵੀ. ਅਤੇ ਬਾਥਰੂਮ ਦੀਆਂ ਟੂਟੀਆਂ, ਬੈਂਕ ਦੀਆਂ ਚੈੱਕ ਬੁੱਕਾਂ, ਪਾਸ ਬੁੱਕਾਂ ਅਤੇ ਹੋਰ ਜ਼ਰੂਰੀ ਕਾਗਜ਼ਾਤ ਚੋਰੀ ਕਰ ਕੇ ਲੈ ਗਏ।

## ਪੰਜਾਬ ਪੁਲਸ ਦੇ ਤਿੰਨ ਜਾਅਲੀ ਮੁਲਾਜ਼ਮ ਗ੍ਰਿਫ਼ਤਾਰ

ਬਰਨਾਲਾ 6 ਜੂਨ। ਬਰਨਾਲਾ ਦੇ ਕਸਬਾ ਧਨੌਲਾ ਦੀ ਪੁਲਸ ਨੇ ਨਕਲੀ ਪੁਲਸ ਮੁਲਾਜ਼ਮ ਬਣ ਕੇ ਘੁੰਮ ਰਹੇ ਇਕ ਤਿੰਨ ਮੈਂਬਰੀ ਗਿਰੋਹ ਨੂੰ ਪੁਲਸ ਦੀ ਵਰਦੀ ਅਤੇ ਇਕ ਗੱਡੀ ਸਮੇਤ ਕਾਬੂ ਕੀਤਾ ਹੈ। ਜਾਣਕਾਰੀ ਅਨੁਸਾਰ ਧਨੌਲਾ ਪੁਲਸ ਵੱਲੋਂ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਚੈਕਿੰਗ ਕੀਤੀ ਜਾ ਰਹੀ ਸੀ। ਇਸ ਦੌਰਾਨ ਪੁਲਸ ਨੂੰ ਗੁਪਤ ਸੂਚਨਾ ਮਿਲੀ ਕਿ ਕੁਝ ਵਿਅਕਤੀ ਪੁਲਸ ਦੀ ਵਰਦੀ ਪਾ ਕੇ



ਭੋਲੇ-ਭਾਲੇ ਲੋਕਾਂ ਨੂੰ ਸਰਕਾਰੀ ਨੌਕਰੀਆਂ ਦਾ ਝਾਂਸਾ ਦੇ ਕੇ ਠੱਗ ਰਹੇ ਹਨ। ਇਸ ਸੂਚਨਾ ਦੇ ਆਧਾਰ ’ਤੇ ਜਦੋਂ ਪੁਲਸ ਨੇ ਛਾਪੇਮਾਰੀ ਕੀਤੀ ਤਾਂ ਇਕ ਇਨੋਵਾ ਕਾਰ ਵਿਚ ਸਵਾਰ ਤਿੰਨ ਵਿਅਕਤੀ ਮਿਲੇ ਜੋ ਪੁਲਸ ਦੀ ਵਰਦੀ ਵਿਚ ਸਨ। ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਸੰਦੀਪ ਕੁਮਾਰ, ਅਜੇ ਕੁਮਾਰ ਅਤੇ ਗੁਰਪ੍ਰੀਤ ਸਿੰਘ ਵਾਸੀ ਫਿਰੋਜ਼ਪੁਰ ਵਜੋਂ ਹੋਈ ਹੈ। ਪੁਲਸ ਅਨੁਸਾਰ ਇਹ ਤਿੰਨੋਂ ਮੁਲਜ਼ਮ ਫਿਰੋਜ਼ਪੁਰ ਜ਼ਿਲ੍ਹੇ ਦੇ ਰਹਿਣ ਵਾਲੇ ਹਨ। ਇਹ ਲੋਕ ਪੰਜਾਬ ਪੁਲਸ ਦੀ ਨਕਲੀ ਵਰਦੀ ਅਤੇ ਨਕਲੀ ਆਈ.ਡੀ. ਕਾਰਡਾਂ ਦੀ ਵਰਤੋਂ ਕਰਕੇ ਵੱਖ-ਵੱਖ ਜ਼ਿਲ੍ਹਿਆਂ ਵਿਚ ਜਾਂਦੇ ਸਨ ਅਤੇ ਲੋਕਾਂ ਨੂੰ ਡਰਾ-ਧਮਕਾ ਕੇ ਉਨ੍ਹਾਂ ਤੋਂ ਪੈਸੇ ਵਸੂਲਦੇ ਸਨ। ਪੁਲਸ ਨੇ ਇਨ੍ਹਾਂ ਕੋਲੋਂ ਮੌਕੇ ’ਤੇ ਹੀ ਇਕ ਇਨੋਵਾ ਕਾਰ ਅਤੇ ਪੁਲਸ ਵਰਦੀਆਂ ਬਰਾਮਦ ਕੀਤੀਆਂ ਹਨ। ਥਾਣਾ ਧਨੌਲਾ ਵਿਚ ਇਨ੍ਹਾਂ ਖ਼?ਲਾਫ਼ ਕੇਸ ਨੰਬਰ 36 ਤਹਿਤ ਬੀ.ਐਨ.ਐਸ. ਦੀਆਂ ਵੱਖ-ਵੱਖ ਧਾਰਾਵਾਂ 319(2), 318(4), 308(2), 338, 336(3), 340(2) ਅਤੇ 3(5) ਅਧੀਨ ਮੁਕੱਦਮਾ ਦਰਜ ਕੀਤਾ ਗਿਆ ਹੈ। ਫੜੇ ਗਏ ਮੁਲਜ਼ਮਾਂ ਨੂੰ ਅਦਾਲਤ ਵਿਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਗਿਆ ਹੈ ਤਾਂ ਜੋ ਅਗਲੇਰੀ ਪੁੱਛਗਿੱਛ ਕੀਤੀ ਜਾ ਸਕੇ। ਪੁਲਸ ਨੂੰ ਉਮੀਦ ਹੈ ਕਿ ਜਾਂਚ ਦੌਰਾਨ ਹੋਰ ਵੀ ਕਈ ਵੱਡੇ ਖੁਲਾਸੇ ਹੋ ਸਕਦੇ ਹਨ ਅਤੇ ਇਹ ਪਤਾ ਲਗਾਇਆ ਜਾਵੇਗਾ ਕਿ ਇਸ ਗਿਰੋਹ ਦੇ ਤਾਰ ਹੋਰ ਕਿਹੜੇ ਇਲਾਕਿਆਂ ਨਾਲ ਜੁੜੇ ਹੋਏ ਹਨ।

## ਗੈਸਟ ਹਾਊਸ ਦੇ ਕਮਰੇ ’ਚੋਂ ਵਿਆਹੁਤਾ ਔਰਤ ਦੀ ਮਿਲੀ ਲਾਸ਼

ਅੰਮ੍ਰਿਤਸਰ 6 ਜੂਨ। ਅੰਮ੍ਰਿਤਸਰ ਦੇ ਇੱਕ ਗੈਸਟ ਹਾਊਸ ਦੇ ਕਮਰੇ ’ਚੋਂ ਇੱਕ ਵਿਆਹੁਤਾ ਔਰਤ ਦੀ ਲਾਸ਼ ਮਿਲਣ ਨਾਲ ਇਲਾਕੇ ਵਿੱਚ ਸਨਸਨੀ ਫੈਲ ਗਈ। ਜਾਣਕਾਰੀ ਅਨੁਸਾਰ ਗੈਸਟ ਹਾਊਸ ਪ੍ਰਬੰਧਕਾਂ ਵੱਲੋਂ ਪੁਲਸ ਨੂੰ ਇਸ ਬਾਰੇ ਸੂਚਿਤ ਕੀਤਾ ਗਿਆ, ਜਿਸ ਤੋਂ ਬਾਅਦ ਪੁਲਸ ਮੌਕੇ ’ਤੇ ਪਹੁੰਚੀ। ਉੱਥੇ ਪਹੁੰਚ ਕੇ ਪੁਲਸ ਨੇ ਵੇਖਿਆ ਕਿ ਔਰਤ ਦੀ ਹਾਲਤ ਬਹੁਤ ਹੀ ਖਰਾਬ ਸੀ। ਇਸ ਤੋਂ ਬਾਅਦ ਮ੍ਰਿਤਕ ਦੇਹ ਨੂੰ ਅੰਮ੍ਰਿਤਸਰ ਦੇ ਸਿਵਲ ਹਸਪਤਾਲ ਦੇ ਮੋਰਚਰੀ ਘਰ ਵਿੱਚ ਭੇਜ ਦਿੱਤਾ ਗਿਆ ਹੈ। ਇਸ ਮਾਮਲੇ ਸਬੰਧੀ ਥਾਣਾ ਬੀ ਡਵੀਜ਼ਨ ਦੇ ਐਸ.ਐਚ.ਓ. ਬਲਜਿੰਦਰ ਸਿੰਘ ਔਲਖ ਨੇ ਦੱਸਿਆ ਕਿ ਮ੍ਰਿਤਕ ਔਰਤ ਦਾ ਆਪਣੇ ਪਤੀ ਨਾਲ ਤਲਾਕ ਦਾ ਮਾਮਲਾ ਚੱਲ ਰਿਹਾ ਸੀ ਅਤੇ ਉਹ ਆਪਣੀ ਭੈਣ ਨਾਲ ਰਹਿ ਰਹੀ ਸੀ। ਉਨ੍ਹਾਂ ਨੇ ਦੱਸਿਆ ਕਿ ਬੀਤੀ ਰਾਤ ਉਹ ਗੈਸਟ ਹਾਊਸ ਵਿੱਚ ਕਿਸ ਦੇ ਨਾਲ ਆਈ ਸੀ, ਇਸ ਬਾਰੇ ਜਾਣਕਾਰੀ ਲਈ ਸੀਸੀਟੀਵੀ ਕੈਮਰਿਆਂ ਦੀ ਜਾਂਚ ਕੀਤੀ ਜਾ ਰਹੀ ਹੈ। ਪੁਲਸ ਵੱਲੋਂ ਮਾਮਲੇ ਦੀ ਹਰ ਪੱਖ ਤੋਂ ਜਾਂਚ ਕੀਤੀ ਜਾ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹੀ ਸਾਰੀ ਸਥਿਤੀ ਸਪੱਸ਼ਟ ਹੋ ਸਕੇਗੀ।

## ਹੈਰੋਇਨ ਦਾ ਸੇਵਨ ਕਰਨ ਦੇ ਦੋਸ਼ ’ਚ ਇਕ ਵਿਅਕਤੀ ਕਾਬੂ

ਜਲਾਲਾਬਾਦ 6 ਜੂਨ। ਥਾਣਾ ਵੈਰੋਕੇ ਦੀ ਪੁਲਸ ਵੱਲੋਂ ਹੈਰੋਇਨ ਦਾ ਸੇਵਨ ਕਰਨ ਦੇ ਦੋਸ਼ ’ਚ ਇਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਐੱਚ. ਸੀ. ਕਾਰਜ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਦੇ ਸਬੰਧ ’ਚ ਥਾਣਾ ਵੈਰੋਕੇ ਏਰੀਏ ਵਿੱਚ ਮੌਜੂਦ ਸੀ ਅਤੇ ਜਦੋਂ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਪੁਲ ਸੇਮਨਾਲਾ ਪਿੰਡ ਜੰਡਵਾਲਾ ਦੇ ਕੋਲ ਪੁੱਜੀ ਤਾਂ ਪੁਲ ਦੇ ਚੜ੍ਹਦੇ ਪਾਸੇ ਪੱਟੜੀ ਦੇ ਨਾਲ ਇਕ ਨੌਜਵਾਨ ਵਿਅਕਤੀ ਨੀਵੀਂ ਪਾ ਕੇ ਬੈਠ ਕੇ ਕੋਈ ਚੀਜ਼ ਸੁੰਘਦਾ ਹੋਇਆ ਦਿਖਾਈ ਦਿੱਤਾ। ਪੁਲਸ ਪਾਰਟੀ ਦੀ ਗੱਡੀ ਨੂੰ ਦੇਖ ਕੇ ਆਪਣੇ ਹੱਥ ਵਿੱਚ ਫੜਿ ਆ ਸਮਾਨ ਸੁੱਟ ਕੇ ਉਹ ਖੜ੍ਹਾ ਹੋ ਗਿਆ ਅਤੇ ਖਿਸਕਣ ਲੱਗਾ, ਜਿਸਨੂੰ ਪੁਲਸ ਪਾਰਟੀ ਨੇ ਕਾਬੂ ਕੀਤਾ ਅਤੇ ਉਸ ਵੱਲੋਂ ਸੁੱਟੇ ਸਮਾਨ ਦੀ ਤਲਾਸ਼ੀ ਕਰਨ ’ਤੇ ਸਿਲਵਰ ਪੰਨੀ, ਲਾਈਟਰ, 10 ਰੁਪਏ ਦਾ ਨੋਟ ਬਰਾਮਦ ਹੋਇਆ। ਪੁਲਸ ਨੇ ਰਾਮਪਾਲ ਸਿੰਘ ਪੁੱਤਰ ਜਗਸੀਰ ਸਿੰਘ ਵਾਸੀ ਰਾਮਗੜ੍ਹ ਚੁੰਘਾ ਥਾਣਾ ਲੱਖੇ ਵਾਲੀ ਜ਼ਿਲ੍ਹਾ ਸ਼?ਰੀ ਮੁਕਤਸਰ ਸਾਹਿਬ ਨੂੰ ਕਾਬੂ ਕਰਨ ਉਪਰੰਤ ਥਾਣਾ ਵੈਰੋਕੇ ਵਿਖੇ ਮੁਕੱਦਮਾ ਦਰਜ ਕਰ ਲਿਆ ਹੈ।

# ਗੋਲਡੀ ਬਰਾੜ ਗੈਂਗ ਦੇ 3 ਗੁਰਗੇ ਕਾਬੂ, ਵਿਦੇਸ਼ੀ ਪਿਸਟਲ ਤੇ ਜ਼ਿੰਦਾ ਰੌਂਦ ਬਰਾਮਦ

**ਕੌਮੀ ਪਤ੍ਰਿਕਾ**

ਜੈਤੋ 6 ਜੂਨ। ਡਾ. ਪ੍ਰਗਿਆ ਜੈਨ ਆਈ.ਪੀ.ਐਸ., ਐੱਸ.ਐੱਸ.ਪੀ. ਫਰੀਦਕੋਟ ਦੀ ਅਗਵਾਈ ਹੇਠ ਫਰੀਦਕੋਟ ਪੁਲਸ ਵੱਲੋਂ ਅਪਰਾਧਿਕ ਅਨਸਰਾਂ ਖ਼?ਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਵੱਡੀ ਕਾਮਯਾਬੀ ਹਾਸਲ ਕੀਤੀ ਗਈ ਹੈ। ਇੱਕ ਅਹਿਮ ਆਪਰੇਸ਼ਨ ਦੌਰਾਨ ਪੁਲਸ ਨੇ ਗੋਲਡੀ ਬਰਾੜ ਗੈਂਗ ਨਾਲ ਸਬੰਧਿਤ ਤਿੰਨ ਗੁਰਗਿਆਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਇੱਕ ਵਿਦੇਸ਼ੀ ਪਿਸਟਲ ਅਤੇ ਪੰਜ ਜ਼ਿੰਦਾ ਰੌਂਦ ਬਰਾਮਦ ਕੀਤੇ ਹਨ। ਇਹ ਜਾਣਕਾਰੀ ਡੀ.ਐੱਸ.ਪੀ. (ਇਨਵੈਸਟੀਗੇਸ਼ਨ) ਫਰੀਦਕੋਟ ਅਵਤਾਰ ਸਿੰਘ ਵੱਲੋਂ ਸੋਮਵਾਰ ਨੂੰ ਦਿੱਤੀ ਗਈ। ਗ੍ਰਿਫ਼ਤਾਰ ਦੋਸ਼ੀਆਂ ਦੀ ਪਹਿਚਾਣ ਜਗਦੀਪ ਕੁਮਾਰ ਉਰਫ਼ ਦੀਪੂ (ਵਾਸੀ ਬਾਜੀਗਰ ਬਸਤੀ, ਫਰੀਦਕੋਟ), ਚੇਤਨ ਘਾਰੂ ਉਰਫ਼ ਚੇਤੂ (ਵਾਸੀ ਆਵਾ ਬਸਤੀ, ਬਾਰਡਰ ਰੋਡ, ਫਿਰੋਜ਼ਪੁਰ) ਅਤੇ ਸੰਨੀ ਸਿੰਘ (ਵਾਸੀ ਬਾਜੀਗਰ ਬਸਤੀ, ਫਰੀਦਕੋਟ) ਵਜੋਂ ਹੋਈ ਹੈ। ਬਰਾਮਦ ਹਥਿਆਰਾਂ ਵਿੱਚ ਇੱਕ ਵਿਦੇਸ਼ੀ ਗਲੋਕ 9 ਐੱਮ.ਐੱਮ ਪਿਸਟਲ ਸਮੇਤ ਮੈਗਜ਼ੀਨ ਅਤੇ ਪੰਜ ਜ਼ਿੰਦਾ ਰੌਂਦ ਸ਼ਾਮਲ ਹਨ। ਕਾਰਵਾਈ ਦੇ ਵੇਰਵੇ ਸਾਂਝੇ ਕਰਦੇ ਹੋਏ ਉਨ੍ਹਾਂ ਦੱਸਿਆ ਕਿ 19 ਮਾਰਚ ਨੂੰ ਸਹਾਇਕ ਥਾਣੇਦਾਰ ਪਰਮਿੰਦਰ ਸਿੰਘ ਵੱਲੋਂ ਸੀ.ਆਈ.ਏ ਸਟਾਫ ਫਰੀਦਕੋਟ ਦੀਆਂ ਟੀਮਾਂ ਸਮੇਤ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਦੌਰਾਨ ਨਵੀਂ ਦਾਣਾ ਮੰਡੀ ਫਰੀਦਕੋਟ ਵਿੱਚੋਂ ਦੋ ਦੋਸ਼ੀਆਂ—ਜਗਦੀਪ ਕੁਮਾਰ ਉਰਫ਼ ਦੀਪੂ ਅਤੇ ਚੇਤਨ ਘਾਰੂ ਉਰਫ਼ ਚੇਤੂ—ਨੂੰ ਕਾਬੂ ਕੀਤਾ



ਗਿਆ, ਜਿਨ੍ਹਾਂ ਕੋਲੋਂ ਉਕਤ ਹਥਿਆਰ ਬਰਾਮਦ ਹੋਏ। ਡੀ.ਐੱਸ.ਪੀ. ਨੇ ਦੱਸਿਆ ਕਿ ਪੁੱਛਗਿੱਛ ਦੌਰਾਨ ਦੋਸ਼ੀਆਂ ਨੇ ਖੁਲਾਸਾ ਕੀਤਾ ਕਿ ਇਹ ਨਾਜਾਇਜ਼ ਹਥਿਆਰ ਉਨ੍ਹਾਂ ਨੂੰ ਅੱਗੇ ਸਪਲਾਈ ਕਰਨ ਲਈ ਦਿੱਤੇ ਗਏ ਸਨ। ਇਸ ਦੇ ਆਧਾਰ ’ਤੇ ਪੁਲਸ ਵੱਲੋਂ ਮਾਮਲੇ ਵਿੱਚ ਹੋਰ ਦੋਸ਼ੀਆਂ ਨੂੰ ਨਾਮਜ਼ਦ ਕੀਤਾ ਗਿਆ, ਜਿਨ੍ਹਾਂ ਵਿੱਚੋਂ ਸੰਨੀ ਸਿੰਘ ਨੂੰ 22 ਮਾਰਚ ਨੂੰ ਜਹਾਜ਼ ਗਰਾਊਂਡ ਨਜ਼ਦੀਕ ਗ੍ਰਿਫ਼ਤਾਰ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਫਰੀਦਕੋਟ ਪੁਲਸ ਦੀਆਂ ਟੀਮਾਂ ਵੱਲੋਂ ਮਾਮਲੇ ਦੀ ਗਹਿਰਾਈ ਨਾਲ ਜਾਂਚ ਜਾਰੀ ਹੈ, ਤਾਂ ਜੋ ਬੈਕਵਰਡ ਅਤੇ ਫਾਰਵਰਡ ਲਿੰਕਾਂ ਦੀ ਪੜਤਾਲ ਕਰਕੇ ਪੂਰੇ ਨੈੱਟਵਰਕ ਨੂੰ ਬੇਨਕਾਬ ਕੀਤਾ ਜਾ ਸਕੇ। ਇਸ ਸਬੰਧੀ ਥਾਣਾ ਸਿਟੀ ਫਰੀਦਕੋਟ ਵਿਖੇ ਮੁਕੱਦਮਾ ਨੰਬਰ 133 ਮਿਤੀ 19.03.2026 ਅਧੀਨ ਧਾਰਾ 25(6), 25(7)/54/59 ਅਸਲਾ ਐਕਟ ਤਹਿਤ ਕੇਸ ਦਰਜ ਕੀਤਾ ਗਿਆ ਹੈ। ਪੁਲਸ ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਗ੍ਰਿਫ਼ਤਾਰ ਦੋਸ਼ੀ ਚੇਤਨ ਘਾਰੂ ਖ਼?ਲਾਫ਼ ਪਹਿਲਾਂ ਵੀ ਕਤਲ ਸਮੇਤ ਹੋਰ ਸੰਗੀਨ ਧਾਰਾਵਾਂ ਹੇਠ ਥਾਣਾ ਸਿਟੀ ਫਿਰੋਜ਼ਪੁਰ ਵਿੱਚ ਮੁਕੱਦਮਾ ਨੰਬਰ 242 ਮਿਤੀ 16.06.2023 ਦਰਜ ਹੈ, ਜਿਸ ਵਿੱਚ ਉਹ ਭਗੌੜਾ ਚੱਲ ਰਿਹਾ ਸੀ। ਡੀ.ਐੱਸ.ਪੀ. ਅਵਤਾਰ ਸਿੰਘ ਨੇ ਦੱਸਿਆ ਕਿ ਇਹ ਆਪਰੇਸ਼ਨ ਇੰਸਪੈਕਟਰ ਅਮਰਿੰਦਰ ਸਿੰਘ, ਇੰਚਾਰਜ ਸੀ.ਆਈ.ਏ ਸਟਾਫ ਫਰੀਦਕੋਟ ਦੀ ਨਿਗਰਾਨੀ ਹੇਠ ਚਲਾਇਆ ਗਿਆ, ਜਿਸ ਵਿੱਚ ਸੀ.ਆਈ.ਏ ਸਟਾਫ ਅਤੇ ਟੈਕਨੀਕਲ ਸੈੱਲ ਦੀਆਂ ਟੀਮਾਂ ਨੇ ਅਹਿਮ ਭੂਮਿਕਾ ਨਿਭਾਈ।

# ਲੁਧਿਆਣਾ ’ਚ ਵੱਡਾ ਹਾਦਸਾ: ਪਟਾਕਿਆਂ ਦੀ ਨਾਜਾਇਜ਼ ਫੈਕਟਰੀ ’ਚ ਜ਼ਬਰਦਸਤ ਧਮਾਕਾ

**ਕੌਮੀ ਪਤ੍ਰਿਕਾ**

ਲੁਧਿਆਣਾ 6 ਜੂਨ। ਲੁਧਿਆਣਾ ਦਿਹਾਤੀ ਦੇ ਪਿੰਡ ਜੋਧਾਂ ਇਲਾਕੇ ਵਿਚ ਮੰਗਲਵਾਰ ਦੇਰ ਰਾਤ ਉਸ ਸਮੇਂ ਚੀਕ-ਚਿਹਾੜਾ ਪੈ ਗਿਆ, ਜਦੋਂ ਇਕ ਰਿਹਾਇਸ਼ੀ ਇਮਾਰਤ ਵਿਚ ਚੱਲ ਰਹੀ ਨਾਜਾਇਜ਼ ਪਟਾਕਾ ਫੈਕਟਰੀ ਭਿਆਨਕ ਧਮਾਕੇ ਨਾਲ ਤਾਸ਼ ਦੇ ਪੱਤਿਆਂ ਵਾਂਗ ਢਹਿ ਗਈ। ਧਮਾਕਾ ਇੰਨਾ ਜ਼ਬਰਦਸਤ ਸੀ ਕਿ ਇਸ ਦੀ ਗੂੰਜ ਕਈ ਕਿਲੋਮੀਟਰ ਦੂਰ ਤੱਕ ਸੁਣਾਈ ਦਿੱਤੀ ਅਤੇ ਆਲੇ-ਦੁਆਲੇ ਦੇ ਘਰਾਂ ਦੀਆਂ ਖਿੜਕੀਆਂ ਤੱਕ ਹਿੱਲ ਗਈਆਂ। ਇਸ ਦਰਦਨਾਕ ਹਾਦਸੇ ਵਿਚ ਮਲਬੇ ਹੇਠਾਂ ਦੱਬਣ ਕਾਰਨ ਇਕ ਨੌਜਵਾਨ ਦੀ ਮੌਤ ਹੋ ਗਈ, ਜਦੋਂਕਿ ਕਈ ਹੋਰ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਏ। ਮ੍ਰਿਤਕ ਦੀ ਪਛਾਣ ਮੁਹੰਮਦ ਕੈਫ਼ ਵਜੋਂ ਹੋਈ ਹੈ। ਹਾਲਾਤ ਦੀ ਗੰਭੀਰਤਾ ਨੂੰ ਦੇਖਦੇ ਸਥਾਨਕ ਪੁਲਸ ਤੇ ਫਾਇਰ ਬ੍ਰਿਗੇਡ ਤੋਂ ਇਲਾਵਾ ਫ਼ੌਜ ਦੀ ਟੁਕੜੀ ਨੂੰ ਵੀ ਮੋਰਚਾ ਸੰਭਾਲਣਾ ਪਿਆ। ਜਾਣਕਾਰੀ ਦਿੰਦੇ ਫਾਇਰ ਅਫ਼ਸਰ ਰਜਿੰਦਰ ਨੇ ਦੱਸਿਆ ਕਿ ਰਾਤ ਕਰੀਬ 8:20 ਵਜੇ ਸੂਚਨਾ ਮਿਲੀ ਸੀ ਕਿ ਜੋਧਾਂ ਸਰਕਾਰੀ ਸਕੂਲ ਦੇ ਕੋਲ ਇਕ ਬਿਲਡਿੰਗ ਬਲਾਸਟ ਤੋਂ ਬਾਅਦ ਡਿੱਗ ਗਈ ਹੈ। ਮੁੱਲਾਂਪੁਰ ਤੇ ਲੁਧਿਆਣਾ ਤੋਂ ਪਹੁੰਚੀਆਂ ਫਾਇਰ ਬ੍ਰਿਗੇਡ ਦੀਆਂ ਟੀਮਾਂ ਨੇ ਸਥਾਨਕ ਲੋਕਾਂ ਦੀ ਮਦਦ ਨਾਲ ਤੁਰੰਤ ਬਚਾਅ ਕਾਰਜ ਸ਼ੁਰੂ ਕੀਤੇ। ਮਲਬੇ ਵਿੱਚੋਂ ਕੱਢੇ ਨੌਜਵਾਨ ਨੂੰ ਗੰਭੀਰ ਹਾਲਤ ਵਿਚ ਲੁਧਿਆਣਾ ਦੇ ਸਿਵਲ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਉੱਥੇ ਹੀ ਇਕ ਔਰਤ ਤੇ ਇਕ ਹੋਰ ਵਿਅਕਤੀ ਦੇ ਸਿਰ ’ਤੇ ਗੰਭੀਰ ਸੱਟਾਂ ਲੱਗੀਆਂ ਹਨ। ਦੱਸਿਆ ਜਾ ਰਿਹਾ ਹੈ ਕਿ ਇ ਰਿਹਾਇਸ਼ੀ ਕੰਪਲੈਕਸ ਵਿਚ ਚੋਰੀ-ਛੁਪੇ ਪਟਾਕੇ ਬਣਾਉਣ ਦਾ ਕੰਮ ਚੱਲ ਰਿਹਾ ਸੀ ਅਤੇ ਹਾਦਸੇ ਵੇਲੇ ਉੱਥੇ 17 ਤੋਂ 18 ਲੋਕ ਮੌਜੂਦ ਸਨ। ਧਮਾਕੇ ਦੀ ਵਜ?ਹਾ ਅਜੇ ਸਪੱਸ਼ਟ ਨਹੀਂ ਹੋਈ ਹੈ ਪਰ ਮ੍ਰਿਤਕ ਨੌਜਵਾਨ ਦੇ ਪਿਤਾ ਜਮੀਲ ਦਾ ਕਹਿਣਾ ਹੈ ਕਿ ਸ਼ਾਮ ਨੂੰ ਅਚਾਨਕ ਤੇਜ਼ ਹਨੇਰੀ ਚੱਲੀ ਤੇ ਅਸਮਾਨੀ ਬਿਜਲੀ ਡਿੱਗਣ ਨਾਲ ਸ਼ਾਰਟ ਸਰਕਟ ਹੋ ਗਿਆ, ਜਿਸ ਤੋਂ ਤੁਰੰਤ ਬਾਅਦ ਸਿਲੰਡਰ ਫਟ ਗਿਆ। ਹਾਲਾਂਕਿ ਪ੍ਰਸ਼ਾਸਨਿਕ ਜਾਂਚ ਤੇ ਮੌਕੇ ਦੇ ਹਾਲਾਤ ਕੁਝ ਹੋਰ ਹੀ ਬਿਆਨ ਕਰ ਰਹੇ ਹਨ। ਤਹਿਸੀਲਦਾਰ ਕਰਮਜੀਤ ਸਿੰਘ ਨੇ ਦੱਸਿਆ ਕਿ ਇਹ ਪੂਰੀ ਇਮਾਰਤ ਠੇਕੇਦਾਰ ਨੇ ਕਿਰਾਏ ’ਤੇ ਲਈ ਹੋਈ ਸੀ ਤੇ ਇੱਥੇ ਭਾਰੀ ਮਾਤਰਾ ਵਿਚ ‘ਪੋਟਾਸ਼’ ਤੇ ਹੋਰ ਵਿਸਫੋਟਕ ਸਮੱਗਰੀ ਭਰੀ ਹੋਈ ਸੀ, ਵੱਡੇ ਹਾਦਸੇ ਦਾ ਕਾਰਨ ਬਣਿਆ। ਬਿਲਡਿੰਗ ਦੇ ਮਲਬੇ ਵਿਚ ਅਜੇ ਵੀ ਵਿਸਫੋਟਕ ਪਦਾਰਥ ਹੋਣ ਦੇ ਖ਼ਦਸ਼ੇ ਕਾਰਨ ਫ਼ੌਜ ਦੇ ਅਧਿਕਾਰੀਆਂ ਨੇ ਪੂਰੇ ਇਲਾਕੇ ਨੂੰ ਸੀਲ ਕਰ ਦਿੱਤਾ ਹੈ। ਫ਼ੌਜ ਦੇ ਅਧਿਕਾਰੀ ਪੁਸ਼ਪ ਰਾਜ ਨੇ ਦੱਸਿਆ ਕਿ ਹਨੇਰਾ ਹੋਣ ਤੇ ਇਮਾਰਤ ਦੇ ਪੂਰੀ ਤਰ੍ਹਾਂ ਤਬਾਹ ਹੋਣ ਕਾਰਨ ਰੈਸਕਿਊ ਆਪ੍ਰੇਸ਼ਨ ਵਿਚ ਸਾਵਧਾਨੀ ਵਰਤੀ ਜਾ ਰਹੀ ਹੈ। ਫਿਲਹਾਲ ਪੁਲਸ ਨੇ ਮਾਮਲਾ ਦਰਜ ਕਰ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ ਕਿ ਆਖਿਰਕਾਰ ਸੰਘਣੀ ਆਬਾਦੀ ਵਿਚਕਾਰ ਪਟਾਕਿਆਂ ਦਾ ਇਹ ਨਾਜਾਇਜ਼ ਕਾਰੋਬਾਰ ਕਿਸ ਦੀ ਸ਼ਹਿ ’ਤੇ ਚੱਲ ਰਿਹਾ ਸੀ।

# ਵਿਆਹ ਤੋਂ ਕੁਝ ਦੇਰ ਬਾਅਦ ਹੀ ਲਾਲ ਚੂੜੇ ਵਾਲੀ ਲਾੜੀ ਨੇ...

ਸੁਨਾਮ ਊਧਮ ਸਿੰਘ ਵਾਲਾ 6 ਜੂਨ। ਪਿੰਡ ਖਡਿਆਲ ਵਿਖੇ ਘਰੇਲੂ ਕਲੇਸ਼ ਦੇ ਕਾਰਨ ਇਕ ਨਵ-ਵਿਆਹੁਤਾ ਨੇ ਆਪਣੀ ਜੀਵਨ ਲੀਲਾ ਖ਼ਤਮ ਕਰ ਲਈ। ਸਥਾਨਕ ਸਿਵਲ ਹਸਪਤਾਲ ਵਿਖੇ ਮ੍ਰਿਤਕਾ ਦੇ ਪੋਸਟਮਾਰਟਮ ਸਮੇਂ ਜਾਣਕਾਰੀ ਦਿੰਦਿਆਂ ਪੁਲਸ ਚੌਂਕੀ ਮਹਿਲਾਂ ਦੇ ਇੰਚਾਰਜ ਸਬ-ਇੰਸਪੈਕਟਰ ਬਲਕਾਰ ਸਿੰਘ ਨੇ ਦੱਸਿਆ ਕਿ ਪਿੰਡ ਈਲਵਾਲ ਦੀ ਜਸਵੀਰ ਕੌਰ (29) ਦਾ ਵਿਆਹ ਕਰੀਬ ਇਕ ਸਾਲ ਪਹਿਲਾਂ ਪਿੰਡ ਖਡਿਆਲ ਦੇ ਯਾਦਪ੍ਰੀਤ ਸਿੰਘ ਨਾਲ ਹੋਇਆ ਸੀ। ਪੁਲਸ ਅਨੁਸਾਰ, ਵਿਆਹ ਤੋਂ ਬਾਅਦ ਸਹੁਰਾ ਪਰਿਵਾਰ ਜਸਵੀਰ ਕੌਰ ਨੂੰ ਕਿਸੇ ਨਾ ਕਿਸੇ ਗੱਲ ਨੂੰ ਲੈ ਕੇ ਅਕਸਰ ਤੰਗ-ਪ੍ਰੇਸ਼ਾਨ ਕਰਦਾ ਰਹਿੰਦਾ ਸੀ। ਇਸੇ ਪ੍ਰੇਸ਼ਾਨੀ ਦੇ ਕਾਰਨ ਜਸਵੀਰ ਕੌਰ ਨੇ ਕੋਈ ਜ਼ਹਿਰੀਲੀ ਚੀਜ਼ ਖਾ ਲਈ। ਹਾਲਤ ਵਿਗੜਦੀ ਦੇਖ ਉਸ ਨੂੰ ਤੁਰੰਤ ਸੁਨਾਮ ਦੇ ਇਕ ਨਿੱਜੀ ਹਸਪਤਾਲ ਲਿਜਾਇਆ ਗਿਆ ਪਰ ਹਾਲਤ ਵਿਚ ਸੁਧਾਰ ਨਾ ਹੁੰਦਾ ਦੇਖ ਉਸ ਨੂੰ ਸਥਾਨਕ ਸਿਵਲ ਹਸਪਤਾਲ ਲਿਆਂਦਾ ਗਿਆ, ਜਿੱਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਸਬ-ਇੰਸਪੈਕਟਰ ਬਲਕਾਰ ਸਿੰਘ ਨੇ ਦੱਸਿਆ ਕਿ ਪੁਲਸ ਵੱਲੋਂ ਮ੍ਰਿਤਕਾ ਦੇ ਪਤੀ



ਯਾਦਪ੍ਰੀਤ ਸਿੰਘ ਅਤੇ ਉਸ ਦੀ ਸੱਸ ਲਖਵਿੰਦਰ ਕੌਰ ਖ਼?ਲਾਫ਼ ਮਾਮਲਾ ਦਰਜ ਕਰ ਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਗਈ ਹੈ। ਪੁਲਸ ਵੱਲੋਂ ਮ੍ਰਿਤਕਾ ਦਾ ਪੋਸਟਮਾਰਟਮ ਕਰਵਾ ਕੇ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਗਈ ਹੈ।

## ਦੀਨਾਨਗਰ ਦੇ ਮੁਗਰਾਲਾ ਚੌਂਤਾ ਬਾਈਪਾਸ ’ਤੇ ਹੋਇਆ ਭਿਆਨਕ ਹਾਦਸਾ

ਦੀਨਾਨਗਰ 6 ਜੂਨ। ਦੁਪਹਿਰ ਇੱਕ ਦਰਦਨਾਕ ਸੜਕ ਹਾਦਸਾ ਵਾਪਰਿਆ, ਜਦੋਂ ਦੋ ਸਕੂਟਰੀ ਸਵਾਰ ਨੌਜਵਾਨ ਪਠਾਨਕੋਟ ਵੱਲੋਂ ਮੁਗਰਾਲਾ ਚੌਂਤਾ ਬਾਈਪਾਸ ਰਾਹੀਂ ਦੀਨਾਨਗਰ ਸ਼ਹਿਰ ਵੱਲ ਮੁੜ ਰਹੇ ਸਨ। ਇਸ ਦੌਰਾਨ ਗੁਰਦਾਸਪੁਰ ਵੱਲੋਂ ਆ ਰਹੀ ਇੱਕ ਜਿਪਸੀ ਨਾਲ ਉਨ੍ਹਾਂ ਦੀ ਅਚਾਨਕ ਟੱਕਰ ਹੋ ਗਈ। ਟੱਕਰ ਇੰਨੀ ਭਿਆਨਕ ਸੀ ਕਿ ਸਕੂਟਰੀ ਦੇ ਪਰਖੱਚੇ ਉੱਡ ਗਏ, ਜਦਕਿ ਜਿਪਸੀ ਨੂੰ ਵੀ ਕਾਫੀ ਨੁਕਸਾਨ ਪਹੁੰਚਿਆ। ਹਾਦਸੇ ਦੇ ਤੁਰੰਤ ਬਾਅਦ ਮੌਕੇ ’ਤੇ ਮੌਜੂਦ ਲੋਕਾਂ ਨੇ ਮਦਦ ਕਰਦਿਆਂ ਦੋਵੇਂ ਜ਼ਖ਼ਮੀ ਨੌਜਵਾਨਾਂ ਨੂੰ ਇੱਕ ਵਾਹਨ ਰਾਹੀਂ ਨਿੱਜੀ ਹਸਪਤਾਲ ਕੋਟਲੀ ਵਿਖੇ ਦਾਖਲ ਕਰਵਾਇਆ। ਜ਼ਖ਼ਮੀ ਦੋਵੇਂ ਨੌਜਵਾਨ ਦੀਨਾਨਗਰ ਦੇ ਪਿੰਡ ਦਬੁਰਜੀ ਦੇ ਵਸਨੀਕ ਦੱਸੇ ਜਾ ਰਹੇ ਹਨ, ਜਿਨ੍ਹਾਂ ਵਿੱਚੋਂ ਇੱਕ ਦੀ ਪਛਾਣ ਅਰੁਨਦੀਪ ਸਿੰਘ ਵਜੋਂ ਹੋਈ ਹੈ। ਮੌਕੇ ’ਤੇ ਮੌਜੂਦ ਲੋਕਾਂ ਦਾ ਕਹਿਣਾ ਹੈ ਕਿ ਇਸ ਥਾਂ ’ਤੇ ਹਰ ਰੋਜ਼ ਟਿੱਪਰ, ਟਰਾਲੇ ਅਤੇ ਹੋਰ ਵਾਹਨ ਗਲਤ ਕੱਟ ਤੋਂ ਮੁੜਦੇ ਹਨ, ਜਿਸ ਕਾਰਨ ਹਾਦਸੇ ਵਾਪਰਦੇ ਰਹਿੰਦੇ ਹਨ। ਲੋਕਾਂ ਨੇ ਦੱਸਿਆ ਕਿ ਇਸ ਸਬੰਧੀ ਪਹਿਲਾਂ ਵੀ ਪ੍ਰਸ਼ਾਸਨ ਨੂੰ ਜਾਣੂ ਕਰਵਾਇਆ ਗਿਆ ਸੀ, ਪਰ ਕੋਈ ਢੁਕਵੀਂ ਕਾਰਵਾਈ ਨਹੀਂ ਕੀਤੀ ਗਈ। ਸਥਾਨਕ ਲੋਕਾਂ ਨੇ ਮੰਗ ਕੀਤੀ ਹੈ ਕਿ ਇੱਥੇ ਪੁਲਸ ਨਾਕਾ ਲਗਾਇਆ ਜਾਵੇ ਜਾਂ ਫਿਰ ਗਲਤ ਕੱਟ ਨੂੰ ਬੰਦ ਕਰਕੇ ਸੁਰੱਖਿਆ ਦੇ ਪੱਕੇ ਪ੍ਰਬੰਧ ਕੀਤੇ ਜਾਣ, ਤਾਂ ਜੋ ਅਜਿਹੇ ਹਾਦਸਿਆਂ ਤੋਂ ਬਚਿਆ ਜਾ ਸਕੇ।

## ਮੋਟਰਸਾਈਕਲ ਨੂੰ ਟੱਕਰ ਮਾਰਨ ਤੋਂ ਬਾਅਦ ਦਰੱਖਤ ਜਾ ਵੱਜੀ ਬੇਕਾਬੂ ਕਾਰ

ਮਜੀਠਾ, 6 ਜੂਨ। ਕੱਥੂਨੰਗਲ-ਮਜੀਠਾ ਸੜਕ ’ਤੇ ਵਾਪਰੇ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਇੱਕ ਕਾਰ ਚਾਲਕ ਨੌਜਵਾਨ ਦੀ ਮੌਕੇ ’ਤੇ ਹੀ ਮੌਤ ਹੋ ਗਈ, ਜਦਕਿ ਇੱਕ ਔਰਤ ਸਮੇਤ ਤਿੰਨ ਹੋਰ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ ਹਨ। ਪ੍ਰਾਪਤ ਜਾਣਕਾਰੀ ਅਨੁਸਾਰ, ਇੱਕ ਸਵਿਫਟ ਕਾਰ, ਜਿਸ ਨੂੰ ਰਾਜਵਿੰਦਰ ਸਿੰਘ (ਪੁੱਤਰ ਬਲਕਾਰ ਸਿੰਘ, ਵਾਸੀ ਪਿੰਡ ਹਰੀਆਂ) ਚਲਾ ਰਿਹਾ ਸੀ, ਕੱਥੂਨੰਗਲ ਤੋਂ ਮਜੀਠਾ ਵੱਲ ਆ ਰਹੀ ਸੀ। ਇਸ ਕਾਰ ਵਿੱਚ ਉਸ ਦੇ ਨਾਲ ਜਗਰੂਪ ਸਿੰਘ ਵੀ ਸਵਾਰ ਸੀ। ਪਿੰਡ ਹਰੀਆਂ ਦੇ ਮੋੜ ਨੇੜੇ ਸਥਿਤ ਪੈਟਰੋਲ ਪੰਪ ਕੋਲ ਕਾਰ ਅਚਾਨਕ ਬੇਕਾਬੂ ਹੋ ਗਈ ਅਤੇ ਸੜਕ ਕਿਨਾਰੇ ਲੱਗੇ ਇੱਕ ਦਰਖ਼ਤ ਵਿੱਚ ਜਾ ਵੱਜੀ। ਦਰਖ਼ਤ ਨਾਲ ਟਕਰਾਉਣ ਤੋਂ ਬਾਅਦ ਬੇਕਾਬੂ ਕਾਰ ਮਜੀਠਾ ਤੋਂ ਕੱਥੂਨੰਗਲ ਵੱਲ ਜਾ ਰਹੇ ਇੱਕ ਮੋਟਰਸਾਈਕਲ ਨਾਲ ਜਾ ਟਕਰਾਈ, ਜਿਸ ’ਤੇ ਇੱਕ ਨਵ-ਵਿਆਹਿਆ ਜੋੜਾ ਸਵਾਰ ਸੀ। ਇਸ ਤੋਂ ਬਾਅਦ ਕਾਰ ਪਲਟੀਆਂ ਖਾਂਦੀ ਹੋਈ ਸੜਕ ਦੇ ਕਿਨਾਰੇ ਕਣਕ ਦੇ ਖੇਤਾਂ ਵਿੱਚ ਜਾ ਡਿੱਗੀ। ਇਸ ਭਿਆਨਕ ਹਾਦਸੇ ਵਿੱਚ ਕਾਰ ਚਾਲਕ ਰਾਜਵਿੰਦਰ ਸਿੰਘ ਦੀ ਮੌਕੇ ’ਤੇ ਹੀ ਮੌਤ ਹੋ ਗਈ, ਜਦਕਿ ਉਸ ਦਾ ਸਾਥੀ ਜਗਰੂਪ ਸਿੰਘ ਅਤੇ ਮੋਟਰਸਾਈਕਲ ਸਵਾਰ ਪਤੀ-ਪਤਨੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ ਮਜੀਠਾ ਦੀ ਪੁਲਸ ਨੇ ਮੌਕੇ ’ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ ਅਤੇ ਐਂਬੂਲੈਂਸ ਰਾਹੀਂ ਜ਼ਖ਼ਮੀਆਂ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ।

# ਬਸਤੀ ਜੋਧੇਵਾਲ ਚੌਂਕ ’ਚ ਟਰੈਫਿਕ ਪ੍ਰਬੰਧ ਰੱਬ ਆਸਰੇ ! ਖ਼ਰਾਬ ਲਾਈਟਾਂ ਨੇ ਵਧਾਈਆਂ ਲੋਕਾਂ ਦੀਆਂ ਮੁਸ਼ਕਲਾਂ

**ਕੌਮੀ ਪਤ੍ਰਿਕਾ**

ਲੁਧਿਆਣਾ 6 ਜੂਨ। ਲੁਧਿਆਣਾ ਦੇ ਬਸਤੀ ਜੋਧੇਵਾਲ ਚੌਂਕ ਵਿੱਚ ਇਨ੍ਹਾਂ ਦਿਨਾਂ ਟ?ਰੈਫਿਕ ਪ੍ਰਬੰਧ ਪੂਰੀ ਤਰ੍ਹਾਂ ਵਿਗੜਿਆ ਹੋਇਆ ਦਿਖਾਈ ਦੇ ਰਿਹਾ ਹੈ। ਇੱਥੇ ਲੱਗੀਆਂ ਟ?ਰੈਫਿਕ ਲਾਈਟਾਂ ਦੇ ਠੀਕ ਤਰੀਕੇ ਨਾਲ ਚਾਲੂ ਨਾ ਹੋਣ ਕਾਰਨ ਲੋਕਾਂ ਨੂੰ ਭਾਰੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਪਰ ਇਸ ਦੇ ਬਾਵਜੂਦ ਪ੍ਰਸ਼ਾਸਨ ਵੱਲੋਂ ਕੋਈ ਢੁਕਵਾਂ ਕਦਮ ਨਹੀਂ ਚੁੱਕਿਆ ਜਾ ਰਿਹਾ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਟ?ਰੈਫਿਕ ਲਾਈਟਾਂ ਦੇ ਸਹੀ ਤਰੀਕੇ ਨਾਲ ਨਾ ਚੱਲਣ ਕਾਰਨ ਹਰ ਰੋਜ਼ ਜਾਮ ਦੀ ਸਥਿਤੀ ਬਣੀ ਰਹਿੰਦੀ ਹੈ। ਜਦੋਂ ਲਾਈਟਾਂ ਚਾਲੂ ਹੁੰਦੀਆਂ ਹਨ ਤਾਂ ਕੇਵਲ ਇੱਕ ਪਾਸੇ ਦਾ ਹੀ ਟ?ਰੈਫਿਕ ਨਿਕਲਦਾ ਹੈ, ਜਦਕਿ ਦੂਜੇ ਪਾਸੇ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗ ਜਾਂਦੀਆਂ ਹਨ। ਇਸ ਕਾਰਨ ਲੋਕਾਂ ਨੂੰ ਘੰਟਿਆਂ ਜਾਮ ਵਿੱਚ ਫਸੇ ਰਹਿਣਾ ਪੈਂਦਾ ਹੈ ਅਤੇ ਉਨ੍ਹਾਂ ਦਾ ਕੀਮਤੀ ਸਮਾਂ ਵੀ ਬਰਬਾਦ ਹੁੰਦਾ ਹੈ। ਸਥਿਤੀ ਨੂੰ ਹੋਰ ਗੰਭੀਰ ਬਣਾਉਣ ਵਿੱਚ ਗਲਤ ਪਾਸੇ ਚੱਲਣ ਵਾਲੇ ਵਾਹਨ ਚਾਲਕਾਂ ਦੀ ਵੀ ਵੱਡੀ ਭੂਮਿਕਾ ਹੈ। ਵੱਡੀ ਗਿਣਤੀ ਵਿੱਚ ਲੋਕ ਰੌਂਗ ਸਾਈਡ ਤੋਂ ਆਉਣ-ਜਾਣ ਕਰਦੇ ਹਨ, ਜਿਸ ਨਾਲ ਟ?ਰੈਫਿਕ ਪ੍ਰਬੰਧ ਪੂਰੀ ਤਰ੍ਹਾਂ ਵਿਗੜ ਜਾਂਦਾ ਹੈ ਅਤੇ ਜਾਮ ਦੀ ਸਮੱਸਿਆ ਹੋਰ ਵੀ ਵਧ ਜਾਂਦੀ ਹੈ। ਸਥਾਨਕ ਵਸਨੀਕਾਂ ਨੇ ਦੋਸ਼ ਲਗਾਇਆ ਹੈ ਕਿ ਇਸ ਮਾਮਲੇ ਵਿੱਚ ਪੁਲਸ ਦੀ ਕਾਰਗੁਜ਼ਾਰੀ ’ਤੇ ਵੀ ਗੰਭੀਰ ਸਵਾਲ ਖੜ੍ਹੇ ਹੋ ਰਹੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਸਮੱਸਿਆ ਲੰਮੇ ਸਮੇਂ ਤੋਂ ਬਣੀ ਹੋਈ ਹੈ, ਪਰ ਇਸ ਨੂੰ ਜਾਣਬੁੱਝ ਕੇ ਨਜ਼ਰਅੰਦਾਜ਼ ਕੀਤਾ



ਜਾ ਰਿਹਾ ਹੈ, ਜਿਸ ਨਾਲ ਪੁਲਸ ਦੀ ਨੀਅਤ ’ਤੇ ਵੀ ਸ਼ੱਕ ਪੈਦਾ ਹੋ ਰਿਹਾ ਹੈ। ਲੋਕਾਂ ਦਾ ਇਹ ਵੀ ਕਹਿਣਾ ਹੈ ਕਿ ਮੌਕੇ ’ਤੇ ਟ?ਰੈਫਿਕ ਕੰਟਰੋਲ ਕਰਨ ਦੇ ਦਾਅਵੇ ਤਾਂ ਕੀਤੇ ਜਾਂਦੇ ਹਨ, ਪਰ ਜ਼ਮੀਨੀ ਪੱਧਰ ’ਤੇ ਨਾ ਤਾਂ ਪੁਲਿਸ ਦੀ ਮੌਜੂਦਗੀ ਦਿਖਦੀ ਹੈ ਅਤੇ ਨਾ ਹੀ ਕੋਈ ਸਖ਼ਤੀ। ਇਸ ਕਰਕੇ ਹਾਲਾਤ ਦਿਨੋਂ-ਦਿਨ ਹੋਰ ਖਰਾਬ ਹੁੰਦੇ ਜਾ ਰਹੇ ਹਨ। ਗੌਰਤਲਬ ਹੈ ਕਿ ਇਨ੍ਹਾਂ ਟ?ਰੈਫਿਕ ਲਾਈਟਾਂ ਨੂੰ ਲੱਗੇ ਹੋਏ ਦੋ ਮਹੀਨਿਆਂ ਤੋਂ ਵੱਧ ਸਮਾਂ ਬੀਤ ਚੁੱਕਾ ਹੈ, ਪਰ ਅਜੇ ਤੱਕ ਇਨ੍ਹਾਂ ਵਿੱਚ ਆ ਰਹੀਆਂ ਤਕਨੀਕੀ ਖਾਮੀਆਂ ਨੂੰ ਦੂਰ ਨਹੀਂ ਕੀਤਾ ਗਿਆ। ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਸੰਬੰਧਿਤ ਵਿਭਾਗ ਅਤੇ ਪੁਲਸ ਇਸ ਸਮੱਸਿਆ ਨੂੰ ਲੈ ਕੇ ਗੰਭੀਰ ਨਹੀਂ ਹੈ। ਸਥਾਨਕ ਨਿਵਾਸੀਆਂ ਅਤੇ ਰਾਹਗੀਰਾਂ ਨੇ ਪ੍ਰਸ਼ਾਸਨ ਖ਼?ਲਾਫ਼ ਨਾਰਾਜ਼ਗੀ ਜਤਾਉਂਦੇ ਹੋਏ ਕਿਹਾ ਹੈ ਕਿ ਜੇ ਜਲਦੀ ਇਸ ਸਮੱਸਿਆ ਦਾ ਹੱਲ ਨਾ ਕੀਤਾ ਗਿਆ ਤਾਂ ਉਹ ਮਜ਼ਬੂਰ ਹੋ ਕੇ ਪ੍ਰਦਰਸ਼ਨ ਕਰਨਗੇ। ਲੋਕਾਂ ਨੇ ਮੰਗ ਕੀਤੀ ਹੈ ਕਿ ਟ?ਰੈਫਿਕ ਪ੍ਰਬੰਧ ਨੂੰ ਤੁਰੰਤ ਠੀਕ ਕੀਤਾ ਜਾਵੇ ਅਤੇ ਜ਼ਿੰਮੇਵਾਰ ਅਧਿਕਾਰੀਆਂ ਖ਼?ਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ, ਤਾਂ ਜੋ ਆਮ ਲੋਕਾਂ ਨੂੰ ਰਾਹਤ ਮਿਲ ਸਕੇ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਸਿਵਲ ਸਰਜਨ ਦੀ ਮਾਹਿਲਪੁਰ ਹਸਪਤਾਲ 'ਚ ਦਸਤਕ: ਸਿਹਤ ਸੇਵਾਵਾਂ ਤੇ ਪ੍ਰਬੰਧਾਂ ਦੀ ਬਾਰੀਕੀ ਨਾਲ ਕੀਤੀ ਜਾਂਚ

**ਕੌਮੀ ਪੱਤ੍ਰਿਕਾ**

ਹੁਸ਼ਿਆਰਪੁਰ/ਮਾਹਿਲਪੁਰ 6 ਜੂਨ। ਡਾ. ਮਨਦੀਪ ਕਮਲ, ਸਿਵਲ ਸਰਜਨ ਹੁਸ਼ਿਆਰਪੁਰ ਵੱਲੋਂ ਕਮਿਊਨਿਟੀ ਹੈਲਥ ਸੈਂਟਰ (ਸੀ. ਐੱਚ. ਸੀ.) ਮਾਹਿਲਪੁਰ ਦਾ ਅਚਾਨਕ ਦੌਰਾ ਕਰ ਕੇ ਹਸਪਤਾਲ 'ਚ ਚੱਲ ਰਹੀਆਂ ਸਿਹਤ ਸੇਵਾਵਾਂ, ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸੁਵਿਧਾਵਾਂ ਅਤੇ ਪ੍ਰਬੰਧਾਂ ਦਾ ਵਿਸਥਾਰ ਨਾਲ ਨਿਰੀਖਣ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਹਸਪਤਾਲ ਦੇ ਵੱਖ-ਵੱਖ ਵਿਭਾਗਾਂ ਦਾ ਦੌਰਾ ਕਰਦੇ ਹੋਏ ਸਮੂਹ ਸਟਾਫ਼ ਨੂੰ ਸਿਹਤ ਸੇਵਾਵਾਂ ਹੋਰ ਬਿਹਤਰ ਬਣਾਉਣ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਦੌਰੇ ਦੀ ਸ਼ੁਰੂਆਤ ਦੌਰਾਨ ਡਾ. ਮਨਦੀਪ ਕਮਲ ਵੱਲੋਂ ਲੇਬਰ ਰੂਮ ਦਾ ਨਿਰੀਖਣ ਕੀਤਾ ਗਿਆ, ਜਿੱਥੇ ਉਨ੍ਹਾਂ ਨੇ ਜੱਚਾ-ਬੱਚਾ ਸਿਹਤ ਸੇਵਾਵਾਂ, ਉਪਲਬਧ ਮੈਡੀਕਲ ਉਪਕਰਣਾਂ, ਦਵਾਈਆਂ ਅਤੇ ਸਫ਼ਾਈ ਪ੍ਰਬੰਧਾਂ ਦੀ ਬਾਰੀਕੀ ਨਾਲ ਜਾਂਚ ਕੀਤੀ। ਉਨ੍ਹਾਂ ਨੇ ਸਬੰਧਤ ਸਟਾਫ਼ ਨੂੰ ਸਖ਼ਤ ਹਦਾਇਤ ਕੀਤੀ ਕਿ ਗਰਭਵਤੀ ਮਹਿਲਾਵਾਂ ਅਤੇ ਨਵਜੰਮੇ ਬੱਚਿਆਂ ਦੀ ਦੇਖਭਾਲ 'ਚ ਕਿਸੇ ਵੀ ਕਿਸਮ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਹਰ ਸਮੇਂ ਐਮਰਜੈਂਸੀ ਸੇਵਾਵਾਂ ਲਈ ਪੂਰੀ ਤਿਆਰੀ ਯਕੀਨੀ ਬਣਾਈ ਜਾਵੇ। ਇਸ ਉਪਰੰਤ ਸਿਵਲ ਸਰਜਨ ਵੱਲੋਂ ਐਮਰਜੈਂਸੀ ਸੇਵਾਵਾਂ ਅਤੇ ਮਾਈਨਰ ਆਪ੍ਰੇਸ਼ਨ ਥੀਏਟਰ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਨੇ ਡਾਕਟਰਾਂ ਅਤੇ ਪੈਰਾ-ਮੈਡੀਕਲ ਸਟਾਫ਼ ਨੂੰ ਹਦਾਇਤ ਕੀਤੀ ਕਿ ਐਮਰਜੈਂਸੀ 'ਚ ਆਉਣ ਵਾਲੇ ਮਰੀਜ਼ਾਂ ਨੂੰ ਤੁਰੰਤ ਅਤੇ ਪ੍ਰਭਾਵਸ਼ਾਲੀ ਇਲਾਜ ਮੁਹੱਈਆ ਕਰਵਾਇਆ ਜਾਵੇ, ਤਾਂ ਜੋ ਕਿਸੇ ਵੀ ਮਰੀਜ਼ ਨੂੰ ਬਿਨਾਂ ਵਜ?ਹਾ ਇਲਾਜ ਲਈ ਉਡੀਕ ਨਾ ਕਰਨੀ ਪਵੇ। ਡਾ. ਮਨਦੀਪ ਕਮਲ ਨੇ ਹਸਪਤਾਲ ਦੀ ਲੈਬੋਰਟਰੀ ਦਾ ਵੀ ਨਿਰੀਖਣ ਕੀਤਾ ਅਤੇ ਵੱਖ-ਵੱਖ ਟੈਸਟਾਂ ਦੀ ਗੁਣਵੱਤਾ, ਸਫ਼ਾਈ ਅਤੇ ਰਿਕਾਰਡ ਦੀ ਸਾਂਭ-ਸੰਭਾਲ ਦੀ ਜਾਂਚ ਕੀਤੀ। ਉਨ੍ਹਾਂ ਨੇ ਕਿਹਾ ਕਿ ਲੈਬ ਵਿੱਚ ਹੋਣ ਵਾਲੇ ਟੈਸਟ ਸਮੇਂ ਸਿਰ ਅਤੇ ਮਿਆਰੀ ਢੰਗ ਨਾਲ ਕੀਤੇ ਜਾਣ ਤਾਂ ਜੋ ਮਰੀਜ਼ਾਂ ਨੂੰ ਸਹੀ ਅਤੇ ਤੇਜ਼ ਰਿਪੋਰਟਾਂ ਮਿਲ ਸਕਣ। ਇਸ ਮੌਕੇ ਉਨ੍ਹਾਂ ਵੱਲੋਂ ਹਸਪਤਾਲ ਦੇ ਵੱਖ-ਵੱਖ ਵਾਰਡਾਂ ਦਾ ਦੌਰਾ ਕਰ ਕੇ ਦਾਖਲ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਗੱਲਬਾਤ ਵੀ ਕੀਤੀ ਗਈ। ਡਾ. ਮਨਦੀਪ ਕਮਲ ਨੇ ਹਸਪਤਾਲ 'ਚ ਸਫ਼ਾਈ ਪ੍ਰਬੰਧਾਂ ਦਾ ਵਿਸਥਾਰ ਨਾਲ ਜਾਇਜ਼ਾ ਲੈਂਦੇ ਹੋਏ ਕਿਹਾ ਕਿ ਹਸਪਤਾਲ ਦੀ ਸਫ਼ਾਈ ਮਿਆਰੀ ਸਿਹਤ ਸੇਵਾਵਾਂ ਦਾ ਇਕ ਅਹਿਮ ਹਿੱਸਾ ਹੈ। ਉਨ੍ਹਾਂ ਨੇ ਸਫ਼ਾਈ ਕਰਮਚਾਰੀਆਂ ਅਤੇ ਪ੍ਰਬੰਧਕਾਂ ਨੂੰ ਨਿਰਦੇਸ਼ ਦਿੱਤੇ ਕਿ ਹਸਪਤਾਲ ਦੇ ਹਰ ਵਾਰਡ, ਟਾਇਲਟ, ਕੌਰੀਡੋਰ ਅਤੇ ਆਲੇ-ਦੁਆਲੇ ਦੇ ਇਲਾਕੇ ਦੀ ਨਿਯਮਿਤ ਸਫ਼ਾਈ ਯਕੀਨੀ ਬਣਾਈ ਜਾਵੇ ਤਾਂ ਜੋ ਇਨਫੈਕਸ਼ਨ ਦੇ ਖ਼ਤਰੇ ਨੂੰ ਘਟਾਇਆ ਜਾ ਸਕੇ। ਉਨ੍ਹਾਂ ਨੇ ਹਸਪਤਾਲ 'ਚ ਦਵਾਈਆਂ ਦੇ ਸਟਾਕ ਦੀ ਵੀ ਜਾਂਚ ਕੀਤੀ ਅਤੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੀਆਂ ਜ਼ਰੂਰੀ ਦਵਾਈਆਂ ਹਰ ਸਮੇਂ ਉਪਲਬਧ ਹੋਣੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਕਿਸੇ ਵੀ ਮਰੀਜ਼ ਨੂੰ ਦਵਾਈ ਲਈ ਬਾਹਰ ਨਾ ਭੇਜਿਆ ਜਾਵੇ, ਕਿਉਂਕਿ ਲੋਕਾਂ ਨੂੰ ਸਰਕਾਰੀ ਹਸਪਤਾਲਾਂ 'ਚ ਵਧੀਆ ਅਤੇ ਮੁਫ਼ਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਸਿਹਤ ਵਿਭਾਗ ਦੀ ਮੁੱਖ ਪਹਿਲ ਹੈ। ਮੌਸਮ 'ਚ ਲਗਾਤਾਰ ਵੱਧ ਰਹੀ ਭਿਆਨਕ ਗਰਮੀ ਨੂੰ ਦੇਖਦੇ ਹੋਏ ਡਾ. ਮਨਦੀਪ ਕਮਲ ਨੇ ਹੀਟ ਵੇਵ (ਲੂ) ਤੋਂ ਬਚਾਅ ਲਈ ਲੋਕਾਂ ਨੂੰ ਜਾਗਰੂਕ ਕਰਨ ਦੇ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਦੁਪਹਿਰ ਸਮੇਂ ਕੜਕਦੀ ਧੁੱਪ 'ਚ ਬਾਹਰ ਜਾਣ ਤੋਂ ਬਚਣ, ਵੱਧ ਤੋਂ ਵੱਧ ਪਾਣੀ ਪੀਣ, ਹਲਕੇ ਸੂਤੀ ਕੱਪੜੇ ਪਹਿਨਣ ਅਤੇ ਬੱਚਿਆਂ ਤੇ ਬਜ਼ੁਰਗਾਂ ਦਾ ਖ਼ਾਸ ਧਿਆਨ ਰੱਖਣ ਬਾਰੇ ਜਾਗਰੂਕ ਕੀਤਾ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਨੇ ਡੇਂਗੂ ਵਿਰੋਧੀ ਗਤੀਵਿਧੀਆਂ ਹੋਰ ਤੇਜ਼ ਕਰਨ ਲਈ ਵੀ ਵਿਸ਼ੇਸ਼ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਦੀਆਂ ਐਂਟੀ-ਲਾਰਵਾ ਟੀਮਾਂ ਵੱਲੋਂ ਘਰ-ਘਰ ਜਾ ਕੇ ਡੇਂਗੂ ਲਾਰਵੇ ਦੀ ਚੈਕਿੰਗ ਕੀਤੀ ਜਾਵੇ ਅਤੇ ਲੋਕਾਂ ਨੂੰ ਆਪਣੇ ਘਰਾਂ ਅਤੇ ਆਲੇ-ਦੁਆਲੇ ਪਾਣੀ ਖੜ੍ਹਾ ਨਾ ਹੋਣ ਦੇਣ ਲਈ ਪ੍ਰੇਰਿਤ ਕੀਤਾ ਜਾਵੇ। ਉਨ੍ਹਾਂ ਨੇ ਕਿਹਾ ਕਿ ਕੂਲਰਾਂ, ਗਮਲਿਆਂ, ਫਰਿੱਜ ਦੀਆਂ ਵੇਸਟ ਟਰੇਆਂ ਅਤੇ ਹੋਰ ਪਾਣੀ ਇਕੱਠਾ ਹੋਣ ਵਾਲੀਆਂ ਥਾਵਾਂ ਦੀ ਨਿਯਮਿਤ ਸਫ਼ਾਈ ਬਹੁਤ ਜ਼ਰੂਰੀ ਹੈ ਤਾਂ ਜੋ ਡੇਂਗੂ ਮੱਛਰ ਦੇ ਫੈਲਾਅ ਨੂੰ ਰੋਕਿਆ ਜਾ ਸਕੇ।

## ਘਰ 'ਚ ਜਗਾਈ ਜੋਤ ਤੋਂ ਲੱਗੀ ਭਿਆਨਕ ਅੱਗ, ਲੱਖਾਂ ਰੁਪਏ ਦਾ ਹੋਇਆ ਨੁਕਸਾਨ

ਗੁਰਦਾਸਪੁਰ 6 ਜੂਨ। ਗੁਰਦਾਸਪੁਰ ਸ਼ਹਿਰ ਦੇ ਨਿਊ ਸੰਤ ਨਗਰ ਮੁਹੱਲੇ ਵਿੱਚ ਅਚਾਨਕ ਅੱਗ ਲੱਗਣ ਕਾਰਨ ਇੱਕ ਘਰ ਵਿੱਚ ਭਾਰੀ ਨੁਕਸਾਨ ਹੋ ਗਿਆ। ਅੱਗ ਦੀ ਇਸ ਘਟਨਾ ਵਿੱਚ ਘਰ ਦਾ ਕੀਮਤੀ ਸਾਮਾਨ ਸੜ ਕੇ ਸੁਆਹ ਹੋ ਗਿਆ, ਜਿਸ ਕਾਰਨ ਲੱਖਾਂ ਰੁਪਏ ਦੇ ਨੁਕਸਾਨ ਦਾ ਅੰਦਾਜ਼ਾ ਲਗਾਇਆ ਜਾ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਜਸਬੀਰ ਸਿੰਘ ਅਤੇ ਉਸ ਦੇ ਪਰਿਵਾਰ ਵੱਲੋਂ ਸਵੇਰੇ ਪਾਠ-ਪੂਜਾ ਦੌਰਾਨ ਘਰ ਦੀ ਪਹਿਲੀ ਮੰਜ਼ਿਲ 'ਤੇ ਬਣੇ ਲੱਕੜ ਦੇ ਛੋਟੇ ਮੰਦਰ ਵਿੱਚ ਧਾਰਮਿਕ ਰਸਮਾਂ ਅਨੁਸਾਰ ਜੋਤ ਜਗਾਈ ਗਈ ਸੀ। ਇਸ ਤੋਂ ਬਾਅਦ ਪਰਿਵਾਰ ਦੇ ਮੈਂਬਰ ਹੇਠਲੀ ਮੰਜ਼ਿਲ 'ਤੇ ਆਪਣੇ ਰੋਜ਼ਾਨਾ ਦੇ ਕੰਮਾਂ ਵਿੱਚ ਰੁੱਝ ਗਏ। ਜਿਸ ਕਾਰਨ ਜੋਤ ਤੋਂ ਕਿਸੇ ਕੱਪੜੇ ਨੂੰ ਅਚਾਨਕ ਅੱਗ ਲੱਗ ਗਈ। ਪਰਿਵਾਰਕ ਮੈਂਬਰਾਂ ਅਨੁਸਾਰ ਜੋਤ ਤੋਂ ਕਿਸੇ ਕੱਪੜੇ ਜਾਂ ਹੋਰ ਜਲਣਸ਼ੀਲ ਵਸਤੂ ਨੂੰ ਅੱਗ ਲੱਗ ਗਈ, ਜੋ ਹੌਲੀ-ਹੌਲੀ ਫੈਲਦੀ ਹੋਈ ਲੱਕੜ ਦੇ ਸਾਮਾਨ ਅਤੇ ਘਰ ਵਿੱਚ ਪਏ ਹੋਰ ਸਾਮਾਨ ਤੱਕ ਪਹੁੰਚ ਗਈ। ਦੇਖਦੇ ਹੀ ਦੇਖਦੇ ਅੱਗ ਨੇ ਭਿਆਨਕ ਰੂਪ ਧਾਰਨ ਕਰ ਲਿਆ ਅਤੇ ਉੱਪਰਲੀ ਮੰਜ਼ਿਲ ਦਾ ਵੱਡਾ ਹਿੱਸਾ ਇਸ ਦੀ ਲਪੇਟ ਵਿੱਚ ਆ ਗਿਆ। ਅੱਗ ਕਾਰਨ ਉੱਠੇ ਸੰਘਣੇ ਧੂੰਏਂ ਨਾਲ ਕਮਰਿਆਂ ਦੇ ਸ਼ੀਸ਼ੇ ਵੀ ਟੁੱਟ ਗਏ। ਘਟਨਾ ਦਾ ਪਤਾ ਲੱਗਣ 'ਤੇ ਪਰਿਵਾਰਕ ਮੈਂਬਰਾਂ ਅਤੇ ਆਸ-ਪਾਸ ਦੇ ਲੋਕਾਂ ਨੇ ਤੁਰੰਤ ਫਾਇਰ ਬ੍ਰਿਗੇਡ ਨੂੰ ਸੂਚਿਤ ਕੀਤਾ। ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੀ ਟੀਮ ਮੌਕੇ 'ਤੇ ਪਹੁੰਚੀ ਅਤੇ ਕਾਫੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾ ਲਿਆ।

## ਆਪਣੇ ਹੀ ਚਾਚੇ ਦੀ ਹੈਵਾਨੀਅਤ ਦਾ ਸ਼ਿਕਾਰ ਹੋਈ ਕੁੜੀ, ਦਰਿੰਦਗੀ ਦੀਆਂ ਹੱਦਾਂ ਪਾਰ

ਲੁਧਿਆਣਾ 6 ਜੂਨ। ਇਕ ਅਜਿਹਾ ਖ਼ੌਫ਼ਨਾਕ ਅਤੇ ਦਿਲ ਦਹਿਲਾ ਦੇਣ ਵਾਲਾ ਮਾਮਲਾ ਸਾਹਮਣੇ ਆਇਆ ਹੈ, ਜਿਸ ਨੇ ਸਮਾਜ ਅਤੇ ਖ਼ੂਨ ਦੇ ਰਿਸ਼ਤਿਆਂ ਨੂੰ ਬੁਰੀ ਤਰ੍ਹਾਂ ਸ਼ਰਮਸਾਰ ਕਰ ਦਿੱਤਾ ਹੈ। ਇਥੇ ਇਕ 12 ਸਾਲ ਦੀ ਮਾਸੂਮ ਬੱਚੀ ਨਾਲ ਉਸ ਦੇ ਆਪਣੇ ਹੀ ਘਰ ਵਿਚ ਲੰਬੇ ਸਮੇਂ ਤੋਂ ਦਰਿੰਦਗੀ ਕੀਤੀ ਜਾ ਰਹੀ ਸੀ। ਇਸ ਰੂਹ ਕੰਬਾਊ ਵਾਰਦਾਤ ਦਾ ਸਭ ਤੋਂ ਘਿਨੌਣਾ ਪਹਿਲੂ ਇਹ ਹੈ ਕਿ ਮਾਸੂਮ ਨਾਲ ਹੈਵਾਨੀਅਤ ਕਰਨ ਵਾਲਾ ਕੋਈ ਬਾਹਰੀ ਦਰਿੰਦਾ ਨਹੀਂ, ਸਗੋਂ ਉਸ ਦਾ ਰਿਸ਼ਤੇ ਵਿਚ ਲੱਗਦਾ ਚਾਚਾ ਹੀ ਸੀ, ਜਿਸ 'ਤੇ ਬੱਚੀ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਸੀ। ਪੀੜਤ ਦੇ ਮਾਤਾ-ਪਿਤਾ ਦੀ ਸ਼ਿਕਾਇਤ 'ਤੇ ਥਾਣਾ ਡਵੀਜ਼ਨ ਨੰ. 7 ਦੀ ਪੁਲਸ ਨੇ ਤੁਰੰਤ ਐਕਸ਼ਨ ਲੈਂਦੇ ਹੋਏ ਮਾਮਲਾ ਦਰਜ ਕਰ ਕੇ ਮੁਲਜ਼ਮ ਨੂੰ ਕਾਬੂ ਕਰ ਲਿਆ ਹੈ। ਪੀੜਤ ਬੱਚੀ ਦੇ ਪਿਤਾ ਨੇ ਦੱਸਿਆ ਕਿ ਉਹ ਅਤੇ ਉਨ੍ਹਾਂ ਦੀ ਪਤਨੀ ਰੋਜ਼ ਦੀ ਤਰ੍ਹਾਂ ਆਪਣੇ ਕੰਮ ਅਤੇ ਮਜ਼ਦੂਰੀ 'ਤੇ ਚਲੇ ਜਾਂਦੇ ਸਨ, ਜਿਸ ਤੋਂ ਬਾਅਦ ਪਿੱਛੋਂ ਬੱਚੇ ਘਰ ਵਿਚ ਬਿਲਕੁਲ ਇਕੱਲੇ ਹੁੰਦੇ ਸਨ। ਇਸੇ ਸੁੰਨਸਾਨਪੁਣੇ ਦਾ ਫ਼ਾਇਦਾ ਉਠਾ ਕੇ ਮਾਸੂਮ ਦੇ ਚਾਚੇ ਨੇ ਉਸ ਨਾਲ ਗਲਤ ਕੰਮ ਕਰਨਾ ਸ਼ੁਰੂ ਕਰ ਦਿੱਤਾ। ਡਰੀ-ਸਹਿਮੀ ਮਾਸੂਮ ਲੰਬੇ ਸਮੇਂ ਤੱਕ ਇਸ ਜ਼ੁਲਮ ਨੂੰ ਬਰਦਾਸ਼ਤ ਕਰਦੀ ਰਹੀ ਅਤੇ ਲੋਕ-ਲਾਜ ਤੇ ਡਰ ਦੇ ਮਾਰੇ ਚੁੱਪ ਰਹੀ ਪਰ ਜਦੋਂ ਪਾਣੀ ਸਿਰ ਤੋਂ ਉੱਪਰ ਚਲਾ ਗਿਆ ਤਾਂ ਮਾਸੂਮ ਨੇ ਹਿੰਮਤ ਜੁਟਾਈ ਅਤੇ ਰੋਂਦੇ ਹੋਏ ਪੂਰੀ ਦਰਦਨਾਕ ਦਾਸਤਾਨ ਆਪਣੇ ਮਾਤਾ-ਪਿਤਾ ਨੂੰ ਬਿਆਨ ਕਰ ਦਿੱਤੀ। ਧੀ ਦੇ ਮੂੰਹੋਂ ਆਪਣੇ ਹੀ ਚਾਚੇ ਦੀ ਇਸ ਘਿਨੌਣੀ ਕਰਤੂਤ ਨੂੰ ਸੁਣ ਕੇ ਮਾਤਾ-ਪਿਤਾ ਦੇ ਪੈਰਾਂ ਹੇਠੋਂ ਜ਼ਮੀਨ ਖਿਸਕ ਗਈ। ਉਹ ਤੁਰੰਤ ਇਨਸਾਫ਼ ਦੀ ਗੁਹਾਰ ਲੈ ਕੇ ਥਾਣਾ ਡਵੀਜ਼ਨ ਨੰ. 7 ਪਹੁੰਚੇ ਅਤੇ ਪੁਲਸ ਨੂੰ ਲਿਖਤੀ ਸ਼ਿਕਾਇਤ ਸੌਂਪੀ। ਮਾਮਲੇ ਦੀ ਸੰਵੇਦਨਸ਼ੀਲਤਾ ਅਤੇ ਮਾਸੂਮ ਦੀ ਉਮਰ ਨੂੰ ਦੇਖਦੇ ਹੋਏ ਪੁਲਸ ਤੁਰੰਤ ਐਕਸ਼ਨ ਮੋਡ ਵਿਚ ਆ ਗਈ। ਇਸ ਸ਼ਰਮਨਾਕ ਮਾਮਲੇ ਨੂੰ ਲੈ ਕੇ ਜਦੋਂ ਥਾਣਾ ਐੱਸ. ਐੱਚ. ਓ. ਗਗਨਦੀਪ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਨੇ ਪੁਸ਼ਟੀ ਕਰਦਿਆਂ ਦੱਸਿਆ ਕਿ ਪੀੜਤ ਪਰਿਵਾਰ ਦੀ ਸ਼ਿਕਾਇਤ ਨੂੰ ਬੇਹੱਦ ਗੰਭੀਰਤਾ ਨਾਲ ਲਿਆ ਗਿਆ ਹੈ।


**NAME CHANGE**
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

**NAME CHANGE**
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

**NAME CHANGE**
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

**NAME CHANGE**
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

**NAME CHANGE**
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

**NAME CHANGE**
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

**PUBLIC NOTICE**
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

**PUBLIC NOTICE**
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

**NAME CHANGE**
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

**NAME CHANGE**
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

**NAME CHANGE**
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

**NAME CHANGE**
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

**NAME CHANGE**
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

**NAME CHANGE**
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

**NAME CHANGE**
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

**NAME CHANGE**
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

**NAME CHANGE**
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

**PUBLIC NOTICE**
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.



**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.



**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

**NAME CHANGE**
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

**NAME CHANGE**
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

**NAME CHANGE**
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.



**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.



**NAME CHANGE**
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.



**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.



**NAME CHANGE**
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

**NAME CHANGE**
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

**PUBLIC NOTICE**
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.
**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.



**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.



**NAME CHANGE**
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.



**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.



**NAME CHANGE**
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose



**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.



**PUBLIC NOTICE**
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.
**Shyam Sharma (Adv)**

**PUBLIC NOTICE**
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

**NAME CHANGE**
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

**NAME CHANGE**
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

**NAME CHANGE**
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

**NAME CHANGE**
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.



**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.



**NAME CHANGE**
I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.



**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.



**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
**PINKI LAMBA MANN**
ADVOCATE
OFF. A-205A, NORTH EX.MALL, SECTOR-9, ROHINI, NEW DELHI

# ਹਰੀਏ ਨੀ ਰਸ ਭਰੀਏ ਖਜੂਰੇ...

ਪ੍ਰੋ. ਬੇਅੰਤ ਸਿੰਘ ਬਾਜਵਾ

ਪੰਜਾਬੀ ਵਿਆਹਾਂ ਵਿਚ ਜਿੱਥੇ ਰੀਤੀ ਰਿਵਾਜ ਰਸਮਾਂ ਨਿਭਾਈਆਂ ਜਾਂਦੀਆਂ ਹਨ, ਉੱਥੇ ਹੀ ਵਿਆਹਾਂ ਵਿਚ ਸੁਹਾਗ, ਘੋੜੀਆਂ, ਸਿੱਠਣੀਆਂ, ਬੋਲੀਆਂ ਆਦਿ ਵੀ ਗਾਏ ਜਾਂਦੇ ਹਨ। ਅੱਜ ਆਪਾਂ ਹੱਥਲੇ ਲੇਖ ਵਿਚ ਸੁਹਾਗ ਦੇ ਗੀਤਾਂ ਦੀ ਗੱਲ ਕਰਾਂਗੇ ਕਿਉਂਕਿ ਵਿਆਹ ਵਿਚ ਸੁਹਾਗ ਦੇ ਗੀਤ ਗਾਉਣੇ ਵੀ ਆਪਣੀ ਖ਼ਾਸ ਤੇ ਨਿਵੇਕਲੀ ਥਾਂ ਰੱਖਦੇ ਹਨ। ਸੁਹਾਗ ਕੁੜੀ ਦੇ ਵਿਆਹ ਵੇਲੇ ਪਰਿਵਾਰ ਅਤੇ ਰਿਸ਼ਤੇਦਾਰਾਂ ਵੱਲੋਂ ਗਾਏ ਜਾਣ ਵਾਲੇ ਗੀਤਾਂ ਨੂੰ ਕਿਹਾ ਜਾਂਦਾ ਹੈ, ਜਦ ਕਿ ਮੁੰਡੇ ਦੇ ਘਰ ਗਾਏ ਜਾਣ ਵਾਲੇ ਗੀਤਾਂ ਨੂੰ ਘੋੜੀਆਂ ਕਿਹਾ ਜਾਂਦਾ ਹੈ।

## ਪੰਜਾਬੀ ਸੱਭਿਆਚਾਰ

ਪੰਜਾਬੀ ਸੱਭਿਆਚਾਰ ਵਿਚ ਕੁੜੀ ਦੇ ਵਿਆਹ ਤੋਂ ਇੱਕੀ ਦਿਨ ਪਹਿਲਾਂ, ਗਿਆਰਾਂ ਦਿਨ ਪਹਿਲਾਂ ਜਾਂ ਸੱਤ ਦਿਨ ਪਹਿਲਾਂ ਵਿਆਹ ਵਾਲੀ ਕੁੜੀ ਦੇ ਘਰ ਸੁਹਾਗ ਗਾਉਣੇ ਸ਼ੁਰੂ ਹੋ ਜਾਂਦੇ ਹਨ। ਇਹ ਗੀਤ ਵਿਆਹ ਵਾਲੀ ਕੁੜੀ ਦੇ ਘਰ ਆਂਢ-ਗੁਆਂਢ ਦੀਆਂ ਕੁੜੀਆਂ, ਰਿਸ਼ਤੇਦਾਰ ਅਤੇ ਜਨਾਨੀਆਂ ਖ਼ੁਸ਼ੀ ਦੇ ਮਾਹੌਲ ਵਿਚ ਗਾਉਂਦੀਆਂ ਹਨ ਅਤੇ ਇਨ੍ਹਾਂ ਵਿਚ ਜਵਾਨ ਹੋ ਰਹੀਆਂ ਕੁੜੀਆਂ ਦੀਆਂ ਆਸਾਂ, ਸੁਪਨਿਆਂ ਅਤੇ ਚਾਵਾਂ ਮਲ੍ਹਾਰਾਂ ਦਾ ਭਰਪੂਰ ਪ੍ਰਗਟਾ ਹੁੰਦਾ ਹੈ। ਇਨ੍ਹਾਂ ਲੋਕ ਗੀਤਾਂ ਵਿਚ ਵਿਆਹੀ ਜਾਣ ਵਾਲੀ ਕੁੜੀ ਦੇ ਪੇਕੇ ਪਰਿਵਾਰ ਦੇ ਜੀਆਂ ਨਾਲ ਵੱਖ-ਵੱਖ ਰਿਸ਼ਤੇ ਅਤੇ ਫਿਰ ਸਹੁਰੇ ਘਰ ਵਿਚ ਨਵੇਂ ਬਣੇ ਰਿਸ਼ਤਿਆਂ ਬਾਰੇ ਵਾਰ-ਵਾਰ ਜ਼ਿਕਰ ਕੀਤਾ ਜਾਂਦਾ ਹੈ। ਸੁਹਾਗ ਦੇ ਗੀਤਾਂ ਵਿਚ ਰਿਸ਼ਤਿਆ ਦੇ ਤਾਣੇ ਬਾਣੇ ਦਾ ਕਿਤੇ ਨਿੱਘ ਹੈ ਅਤੇ ਕਿਤੇ ਤਣਾਉ ਦਾ ਅਹਿਸਾਸ ਹੁੰਦਾ ਹੈ।

## ਪਰਿਵਾਰ ਤੋਂ ਵਿਛੜਨ ਦੀ ਘੜੀ

ਸੁਹਾਗ ਦੇ ਲੋਕ ਗੀਤਾਂ ਵਿਚ ਧੀ ਲਈ ਬਾਬਲ ਰਾਜਾ ਹੈ। ਉਸ ਦਾ ਘਰ ਮਹਿਲ ਹੈ। ਬਾਹਰ ਬਾਗ਼ ਹਨ ਅਤੇ ਜਿਸ ਵਿਚ ਚੰਨਣ ਦੇ ਰੁੱਖ ਲੱਗੇ ਹਨ ਤੇ ਤਲਾਅ ਹਨ ਤੇ ਚੰਬਾ ਖਿੜਦਾ ਹੈ। ਇਸ ਤਰ੍ਹਾਂ ਬਾਬਲ ਇਕ ਰਾਜੇ ਵਾਂਗ ਹੈ ਪਰ ਉਹ ਧੀ ਵਿਆਹੁਦਾ ਜਾਣੋ ਨਿਵ ਜਾਂਦਾ ਹੈ। ਧੀ ਦੇ ਪੇਕੇ ਪਰਿਵਾਰ ਤੋਂ ਵਿਛੜਨ ਦੀ ਘੜੀ ਬਹੁਤ ਭਾਵੁਕਤਾ ਵਾਲੀ ਹੁੰਦੀ ਹੈ। ਉਸ ਮੌਕੇ ਇਕੱਲਾ ਬਾਬਲ ਹੀ ਨਹੀਂ ਸਾਰਾ ਪਰਿਵਾਰ ਤੇ ਸਾਕ ਸਬੰਧੀ ਰੋਂਦੇ ਹਨ। ਸੁਹਾਗ ਗਾਉਣ ਵਾਲੇ ਦੀ ਉਪ ਭਾਸ਼ਾ ਅਨੁਸਾਰ ਸ਼ਬਦਾਂ ਦਾ ਰੂਪ ਕੁਝ ਬਦਲ ਜਾਂਦਾ ਹੈ। ਜਿਵੇਂ ਦਾਹੜੀ ਤੋਂ ਦਾਅੜੀ, ਦੇਵੀਂ ਤੋਂ ਦੇਈਂ, ਨਿਵਿਆਂ ਤੋਂ ਨਿਮਿਆਂ। ਇਸੇ ਤਰ੍ਹਾਂ ਰਸ ਦੀ ਲੋੜ ਅਨੁਸਾਰ ਸਾਡੜੇ (ਸਾਡੇ), ਬੇਟੜੀ (ਬੇਟੀ), ਵੱਡੜਾ (ਵੱਡਾ), ਬਾਹਲੜੇ (ਬਹੁਤੇ), ਡੱਬੜੇ (ਡੱਬੇ), ਹੁੰਦੜੀ (ਹੁੰਦੀ) ਆਦਿ ਸ਼ਬਦ ਵਰਤੇ ਜਾਂਦੇ ਹਨ। ਸੁਹਾਗ ਦੇ ਗੀਤ ਭਾਵ ਅਤੇ ਬਣਤਰ ਪੱਖੋਂ ਸਰਲ ਹਨ। ਇਨ੍ਹਾਂ ਵਿਚ ਦੁਹਰਾ ਹੈ। ਪ੍ਰਕਿਰਤੀ ਦੀਆਂ ਨਿਰਮਲ ਛੋਹਾਂ ਹਨ ਅਤੇ ਗਾਉਣ ਲਈ ਲੈਅ ਤੇ ਰਵਾਨੀ ਹੈ। ਜਿਸ ਦੀ ਝਲਕ ਹੇਠ ਦਿੱਤੀਆਂ ਸੁਹਾਗ ਦੀਆਂ ਵੰਨਗੀਆਂ ਦੇਖਣ ਨੂੰ ਮਿਲਦੀਆਂ ਹਨ :

*ਚੜ੍ਹ ਚੁਬਾਰੇ ਸੁੱਤਿਆ ਬਾਬਲ,*
*ਆਈ ਬਨੇਰੇ ਦੀ ਛਾਂ।*
*ਤੂੰ ਸੁੱਤਾ ਲੋਕੀਂ ਜਾਗਦੇ,*
*ਘਰ ਬੇਟੜੀ ਹੋਈ ਮੁਟਿਆਰ।*
*ਛੰਨਾ ਤਾਂ ਭਰਿਆ ਦੁੱਧ ਦਾ ਵਾਰੀ,*
*ਨਾਵਣ ਚੱਲੀ ਆਂ ਤਲਾ।*
*ਮੈਲ਼ ਹੋਵੇ ਝੱਟ ਝੜ ਜਾਵੇ ਵਾਰੀ,*
*ਰੂਪ ਨਾ ਝੜਿਆ ਜਾ।*
*ਮਾਏ ਨੀ ਸੁਣ ਮੇਰੀਏ ਵਾਰੀ,*
*ਬਾਬਲ ਮੇਰੇ ਨੂੰ ਸਮਝਾ।*
*ਸਾਡੇ ਤਾਂ ਹਾਣ ਦੀਆਂ ਸਾਵਰੇ ਵਾਰੀ,*
*ਸਾਡੜੇ ਮਨ ਵਿਚ ਚਾ।*
*ਬਾਬਲ ਰੋਂਦੇ ਦੀ ਦਾੜ੍ਹੀ ਭਿੱਜੀ ਵਾਰੀ,*
*ਮਾਈ ਨੇ ਦਰਿਆ ਚਲਾ।*
*ਵੀਰੇ ਰੋਂਦੇ ਦਾ ਰੁਮਾਲ ਭਿੱਜਾ ਵਾਰੀ,*
*ਭਾਬੋ ਦੇ ਮਨ ਵਿਚ ਚਾ।*

*ਚੜ੍ਹ ਚੁਬਾਰੇ ਸੁੱਤਿਆ ਚਾਚਾ,*
*ਆਈ ਬਨੇਰੇ ਦੀ ਛਾਂ।*
*ਤੂੰ ਸੁੱਤਾ ਲੋਕੀਂ ਜਾਗਦੇ,*
*ਘਰ ਭਤੀਜੀ ਹੋਈ ਮੁਟਿਆਰ।*
*ਛੰਨਾ ਤਾਂ ਭਰਿਆ ਦੁੱਧ ਦਾ ਵਾਰੀ,*
*ਨਾਵਣ ਚੱਲੀ ਆਂ ਤਲਾ।*
*ਮੈਲ਼ ਹੋਵੇ ਝੱਟ ਝੜ ਜਾਵੇ ਵਾਰੀ,*
*ਰੂਪ ਨਾ ਝੜਿਆ ਜਾ।*
*ਚਾਚੀ ਨੀ ਸੁਣ ਮੇਰੀਏ ਵਾਰੀ,*
*ਚਾਚੇ ਮੇਰੇ ਨੂੰ ਸਮਝਾ।*

-------

*-ਹਰੀਏ ਨੀ ਰਸ ਭਰੀਏ ਖਜੂਰੇ,*
*ਕਿਨ ਦਿੱਤਾ ਐਡੀ ਦੂਰੇ।*
*ਬਾਬਲ ਮੇਰਾ ਦੇਸਾਂ ਦਾ ਰਾਜਾ,*
*ਓਸ ਦਿੱਤਾ ਐਡੀ ਦੂਰੇ।*
*ਮਾਤਾ ਮੇਰੀ ਮਹਿਲਾਂ ਦੀ ਰਾਣੀ।*
*ਦਾਜ ਦਿੱਤਾ ਗੱਡ ਪੂਰੇ।*
*ਹਰੀਏ ਨੀ ਰਸ ਭਰੀਏ ਖਜੂਰੇ,*
*ਕਿਨ ਦਿੱਤਾ ਐਡੀ ਦੂਰੇ।*
*ਚਾਚਾ ਮੇਰਾ ਦੇਸਾਂ ਦਾ ਰਾਜਾ,*
*ਓਸ ਦਿੱਤਾ ਐਡੀ ਦੂਰੇ।*
*ਚਾਚੀ ਮੇਰੀ ਮਹਿਲਾਂ ਦੀ ਰਾਣੀ।*
*ਦਾਜ ਦਿੱਤਾ ਗੱਡ ਪੂਰੇ।*
*ਹਰੀਏ ਨੀ ਰਸ ਭਰੀਏ ਖਜੂਰੇ,*
*ਕਿਨ ਦਿੱਤਾ ਐਡੀ ਦੂਰੇ।*
*ਮਾਮਾ ਮੇਰਾ ਦੇਸਾਂ ਦਾ ਰਾਜਾ,*
*ਓਸ ਦਿੱਤਾ ਐਡੀ ਦੂਰੇ।*
*ਮਾਮੀ ਮੇਰੀ ਮਹਿਲਾਂ ਦੀ ਰਾਣੀ।*
*ਦਾਜ ਦਿੱਤਾ ਗੱਡ ਪੂਰੇ।*

## ਅਜੋਕੀ ਪੀੜ੍ਹੀ

ਅਜੋਕੇ ਵਿਆਹਾਂ ਵਿਚ ਸੁਹਾਗ ਦੇ ਗੀਤ ਬਹੁਤ ਘੱਟ ਹੀ ਗਾਏ ਜਾਂਦੇ ਹਨ। ਸਿਰਫ਼ ਖਾਨਾਪੂਰਤੀ ਲਈ ਹੀ ਇਕ ਦਿਨ ਜਨਾਨੀਆਂ ਵਿਆਹ ਵਾਲੀ ਕੁੜੀ ਦੇ ਘਰ ਇਕੱਤਰ ਹੋ ਕੇ ਗੀਤ ਗਾਉਂਦੀਆਂ ਹਨ। ਜੋ ਮਹਿਜ ਦੋ ਤਿੰਨ ਘੰਟੇ ਹੀ ਗਾਏ ਜਾਂਦੇ ਹਨ। ਜਦੋਂ ਗੀਤ ਗਾ ਕੇ ਜਨਾਨੀਆਂ ਆਪੋ ਆਪਣੇ ਘਰਾਂ ਨੂੰ ਪਰਤਦੀਆਂ ਹਨ ਤਾਂ ਉਨ੍ਹਾਂ ਨੂੰ ਕੁੜੀ ਦੇ ਪਰਿਵਾਰ ਵੱਲੋਂ ਸ਼ਗਨ ਵਜੋਂ ਗੁੜ ਵੰਡਿਆ ਜਾਂਦਾ ਹੈ। ਸੋ ਪੰਜਾਬੀ ਵਿਰਾਸਤ ਵਿਚ ਸੁਹਾਗ ਦੀ ਅਹਿਮ ਥਾਂ ਹੈ। ਜਿਸ ਨੂੰ ਅਜੋਕੀ ਪੀੜ੍ਹੀ ਪੱਛਮੀ ਸੱਭਿਆਚਾਰ ਦੀ ਲਪੇਟ ਆ ਕੇ ਭੁੱਲ ਦੀ ਜਾ ਰਹੀ ਹੈ। ਲੋੜ ਹੈ ਸੁਹਾਗ ਵਰਗੀਆਂ ਪੰਜਾਬੀ ਵੰਨਗੀਆਂ ਨੂੰ ਜਿਉਂਦੇ ਰੱਖਣ ਦੀ ਤਾਂ ਜੋ ਆਉਣ ਵਾਲੀ ਪੀੜ੍ਹੀ ਪੰਜਾਬ ਦੀ ਅਮੀਰ ਵਿਰਾਸਤ ਨੂੰ ਜਾਣ ਸਕੇ। •

70878-00168



**ਧੀ ਦੇ ਪੇਕੇ ਪਰਿਵਾਰ ਤੋਂ ਵਿਛੜਨ ਦੀ ਘੜੀ ਬਹੁਤ ਭਾਵੁਕਤਾ ਵਾਲੀ ਹੁੰਦੀ ਹੈ। ਇਸ ਮੌਕੇ ਇਕੱਲਾ ਬਾਬਲ ਹੀ ਨਹੀਂ ਸਾਰਾ ਪਰਿਵਾਰ ਤੇ ਸਾਕ ਸਬੰਧੀ ਰੋਂਦੇ ਹਨ। ਸੁਹਾਗ ਗਾਉਣ ਵਾਲੇ ਦੀ ਉਪ ਭਾਸ਼ਾ ਅਨੁਸਾਰ ਸ਼ਬਦਾਂ ਦਾ ਰੂਪ ਕੁਝ ਬਦਲ ਜਾਂਦਾ ਹੈ...**

### ਸੁਹਾਗ ਦਾ ਸ਼ਾਬਦਿਕ ਅਰਥ

*ਸੁਹਾਗ ਦਾ ਸ਼ਬਦਿਕ ਅਰਥ ਹੈ ਖ਼ੁਸ਼ਨਸੀਬੀ ਭਾਵ ਕਿ ਚੰਗੇ ਭਾਗ। ਲੋਕ ਸਾਹਿਤ ਦੇ ਸੰਦਰਭ ਵਿਚ ਸੁਹਾਗ ਤੋਂ ਭਾਵ ਅਜਿਹੇ ਖ਼ੁਸ਼ੀਆਂ ਭਰੇ ਲੋਕ ਗੀਤ ਹਨ। ਜਿਹੜੇ ਕੁੜੀ ਦੇ ਵਿਆਹ ਨਾਲ ਸਬੰਧਿਤ ਹਨ। ਜਿਵੇਂ ਮੁੰਡੇ ਦੇ ਵਿਆਹ ਤੋਂ ਕੁਝ ਦਿਨ ਪਹਿਲਾਂ ਘੋੜੀਆਂ ਗਾਉਣ ਦਾ ਰਿਵਾਜ ਹੈ। ਇਸੇ ਤਰ੍ਹਾਂ ਕੁੜੀ ਦੇ ਵਿਆਹ ਦੇ ਕੁਝ ਦਿਨ ਪਹਿਲਾਂ ਰਾਤ ਦੀ ਰੋਟੀ ਤੋਂ ਪਿੱਛੋਂ ਜਨਾਨੀਆਂ ਸੁਹਾਗ ਗਾਉਣੇ ਸ਼ੁਰੂ ਕਰ ਦਿੰਦੀਆਂ ਹਨ। ਸੁਹਾਗ ਜਨਾਨੀਆਂ ਦੁਆਰਾ ਢੋਲਕੀ ਨਾਲ ਗਾਏ ਜਾਣ ਵਾਲੇ ਗੀਤ ਹਨ। ਸੁਹਾਗ ਗਾਉਣ ਦਾ ਰਿਵਾਜ ਪੁਰਾਤਨ ਸਮਿਆਂ ਤੋਂ ਹੀ ਚੱਲਿਆ ਆ ਰਿਹਾ ਹੈ। ਇਨ੍ਹਾਂ ਵਿਚ ਕੁੜੀ ਦੀ ਆਪਣੇ ਮਾਪਿਆਂ ਪ੍ਰਤੀ ਸੁਨੇਹ, ਮੁਹੱਬਤ, ਪੇਕੇ ਘਰ ਨਾਲ ਜੁੜੀਆਂ ਉਸ ਦੀਆਂ ਕਦੀ ਨਾ ਭੁੱਲਣ ਵਾਲੀਆਂ ਯਾਦਾਂ ਅਤੇ ਵਰ ਅਤੇ ਘਰ ਸਬੰਧੀ ਕੁੜੀ ਦੇ ਜਜ਼ਬਾਤਾਂ ਦਾ ਜ਼ਿਕਰ ਹੁੰਦਾ ਹੈ। ਸੁਹਾਗ ਗੀਤਾਂ ਵਿਚ ਉਸ ਦੇ ਰੰਗੀਲੇ ਸਹੁਰੇ ਦੇਸ਼, ਰੱਜਿਆ ਪੁੱਜਿਆ ਸਹੁਰਾ ਘਰ, ਸੋਹਣਾ ਸਨੁੱਖਾ ਉਸ ਦਾ ਹੋਣ ਵਾਲਾ ਪਤੀ ਤੇ ਕੁੜੀਆਂ ਦੀਆਂ ਸੁਪਨੇ, ਉਮੰਗਾਂ ਤੇ ਮਾਪਿਆਂ ਦੇ ਘਰ ਮਾਣੀਆਂ ਮੌਜਾਂ ਦਾ ਵਰਣਨ ਹੁੰਦਾ ਹੈ। ਵਿਛੋੜੇ ਦੇ ਭਾਵਾਂ ਨੂੰ ਪ੍ਰਗਟ ਕਰਨ ਵਾਲਾ ਸੁਹਾਗ ਗੀਤ ਇਸ ਪ੍ਰਕਾਰ ਹੈ :*
*ਸਾਡਾ ਚਿੜੀਆਂ ਦਾ ਚੰਬਾ ਨੀ, ਬਾਬਲ ਅਸਾਂ ਉੱਡ ਜਾਣਾ।*
*ਸਾਡੀ ਲੰਬੀ ਉਡਾਰੀ ਏ, ਬਾਬਲ ਕਿਹੜੇ ਦੇਸ ਜਾਣਾ।*

# ਰਾਹੀਆਂ ਨੂੰ ਮੈਂ ਰਾਹ ਪਈ ਪੁੱਛਦੀ



ਵਰਿੰਦਰ ਸਿੰਘ ਨਿਮਾਣਾ

ਪੰਜਾਬ ਦੇ ਲੋਕ ਗੀਤ ਤੇ ਲੋਕ ਬੋਲੀਆਂ ਇਸ ਗੱਲ ਦੇ ਗਵਾਹ ਹਨ ਕਿ ਦਰਿਆਵਾਂ ਦੇ ਵਹਿਣਾਂ ਨਾਲ ਜ਼ਰਖ਼ੇਜ਼ ਹੋਈ ਪੰਜਾਬ ਦੀ ਮਿੱਟੀ ਦੇ ਬਾਸ਼ਿੰਦਿਆਂ ਦੀ ਹਰੀਆਂ ਭਰੀਆਂ ਫ਼ਸਲਾਂ ਦੇ ਨਾਲ-ਨਾਲ ਬਾਗ਼ ਬਗ਼ੀਚਿਆਂ ਨਾਲ ਵੀ ਬੜੀ ਗੂੜ੍ਹੀ ਸਾਂਝ ਰਹੀ ਹੈ। ਚਾਂਦੀ ਰੰਗੇ ਪਾਣੀਆਂ ਦੀ ਧਰਤ ਉੱਤੇ ਵੱਖ-ਵੱਖ ਮੌਸਮਾਂ 'ਚ ਬਿਗਸਦੀ ਉਗਮਦੀ ਬਨਸਪਤੀ, ਰੁੱਖ ਬੂਟੇ ਤੇ ਬਾਗ਼ ਬਗ਼ੀਚੇ ਇੱਥੇ ਹਮੇਸ਼ਾ ਘੁੱਗ ਵਸਦੀ ਜ਼ਿੰਦਗੀ ਦੇ ਮਿੱਠੇ-ਮਿੱਠੇ ਗੀਤ ਗੁਣਗੁਣਾਉਂਦੇ ਰਹੇ ਹਨ। ਇੱਕ ਲੋਕ ਬੋਲੀ 'ਚ ਵੀ ਇਹ ਰੰਗ ਇਸ ਤਰ੍ਹਾਂ ਮੌਜੂਦ ਹੈ :

-ਵੀਰ ਮੇਰੇ ਨੇ ਬਾਗ਼ ਲਵਾਇਆ,
ਵਿਚ ਲਵਾਈਆਂ ਕਲੀਆਂ,
ਰਾਹੀਆਂ ਨੂੰ ਮੈਂ ਰਾਹ ਪਈ ਪੁੱਛਦੀ,
ਕਿੱਥੇ ਵੀਰ ਦੀਆਂ ਗਲੀਆਂ।
-ਪਿੱਪਲ ਗਾਵੇ ਬੋਹੜ ਗਾਵੇ,
ਗਾਵੇ ਹਰਿਆਲਾ ਤੂਤ,
ਖੜ੍ਹ ਕੇ ਸੁਣ ਰਾਹੀਆ,
ਤੇਰੀ ਰੂਹ ਹੋਜੂਗੀ ਸੂਤ।

ਇਕ ਹੋਰ ਲੋਕ ਬੋਲੀ 'ਚ ਬਿਰਖਾ ਨੂੰ ਇਸ ਤਰ੍ਹਾਂ ਵਡਿਆਇਆ ਗਿਆ ਹੈ :

ਬਿਰਛਾਂ ਦੇ ਗੀਤ ਸੁਣ ਕੇ,
ਮੇਰੇ ਦਿਲ ਵਿਚ ਚਾਨਣ ਹੋਇਆ...

## ਮੌਸਮੀ ਫਲਾਂ ਦਾ ਸੁਆਦ

ਹੁਸ਼ਿਆਰਪੁਰ ਦੀ ਧਰਤੀ ਆਪਣੀ ਭੂਗੋਲਿਕ ਖ਼ਾਸੀਅਤ ਤੇ ਕੁਦਰਤੀ ਸੁਹੱਪਣ ਕਰਕੇ ਬਾਗ਼ਬਾਨੀ ਲਈ ਬੜੀ ਅਨੁਕੂਲ ਹੈ। ਸ਼ਿਵਾਲਕ ਪਹਾੜੀਆ ਦੇ ਪੈਰਾਂ 'ਚ ਵਸੇ ਹੁਸ਼ਿਆਰਪੁਰ ਜ਼ਿਲ੍ਹੇ ਦਾ ਜ਼ਿਆਦਾਤਰ ਇਲਾਕਾ ਸੇਮ ਰਹਿਤ ਤੇ ਮੈਰੇ ਸੁਭਾਅ ਦਾ ਹੋਣ ਕਰਕੇ ਇਹ ਹਰ ਤਰ੍ਹਾਂ ਦੇ ਬਿਰਖ ਬੂਟਿਆ ਦੇ ਵਧਣ ਫੁੱਲਣ 'ਚ ਜ਼ਿਆਦਾ ਮਦਦਗਾਰ ਰਿਹਾ ਹੈ। ਜ਼ਿਲ੍ਹੇ 'ਚ ਕਰੀਬ 8806 ਹੈਕਟੇਅਰ ਰਕਬਾ ਬਾਗ਼ਬਾਨੀ ਅਧੀਨ ਹੈ, ਜਿਸ 'ਚ ਸਭ ਤੋਂ ਜਿਆਦਾ ਕਿੰਨੂ ਫਿਰ ਅੰਬ ਦੇਸੀ ਤੇ ਦੁਸ਼ਿਹਰੀ ਅਤੇ ਲੀਚੀ ਦੀ ਕਾਸ਼ਤਕਾਰੀ ਲੋਕਾਂ ਨੂੰ ਵੱਖ-ਵੱਖ ਮੌਸਮਾਂ 'ਚ ਫਲਾਂ ਦਾ ਸੁਆਦ ਦੇਣ ਨਾਲ ਇਲਾਕਿਆਂ ਦੀ ਖ਼ੂਬਸੂਰਤੀ 'ਚ ਵਾਧਾ ਕਰ ਰਹੀ ਹੈ। ਵੰਡ ਤੋਂ ਪਹਿਲਾਂ ਹੁਸ਼ਿਆਰਪੁਰ ਜ਼ਿਲ੍ਹੇ 'ਚ ਰਿਆਸਤੀ ਰਾਜਿਆਂ ਨੇ ਆਪਣੀਆਂ ਆਰਾਮਗਾਹਾਂ ਵਿਚ ਅੰਬਾਂ ਤੇ ਹੋਰ ਫਲਾਂ ਦੇ ਬਾਗ਼ ਲੁਆਉਣ ਲਈ ਵੀ ਉਚੇਚੀ ਤਵੱਕੋਂ ਦਿੱਤੀ ਤੇ ਇਹ ਸਿਲਸਿਲਾ ਅੰਗਰੇਜ਼ਾਂ ਦੇ ਜ਼ਮਾਨੇ ਵੀ ਬਰਕਰਾਰ ਰਿਹਾ। ਮੁਸਲਮਾਨ ਜ਼ੈਲਦਾਰਾਂ ਤੇ ਜਾਗੀਰਦਾਰਾਂ ਨੇ ਆਪਣੀ ਰੂਹ ਦੀ ਤ੍ਰਿਪਤੀ ਲਈ ਬੜੀਆ ਰੀਝਾਂ ਨਾਲ ਅੰਬਾਂ ਦੇ ਬਾਗ਼ ਲੁਆਏ ਤੇ ਵਹਿੰਗੀਆਂ ਨਾਲ ਪਾਣੀ ਢੋਆ ਢੋਆ ਕੇ ਇਨ੍ਹਾਂ ਰੁੱਖਾਂ ਦੀ ਪਰਵਰਿਸ਼ ਕਰਵਾਈ ਸੀ। ਇੱਥੇ ਟਪਕੇ ਦੇ ਅੰਬਾਂ ਦਾ ਸੁਆਦ ਚੂਪਣ ਵਾਲੇ ਦੀ ਰੂਹ ਨੂੰ ਬਹਿਸ਼ਤ ਦੇ ਨਜ਼ਾਰੇ ਵਰਗਾ ਅਹਿਸਾਸ ਕਰਵਾਉਂਦਾ ਹੈ।

## ਅੰਬਾਂ ਦੇ ਸ਼ੌਕੀਨ ਲੋਕ

ਖ਼ੁਰਾਕੀ ਤੱਤਾਂ ਪੱਖੋਂ ਇਸ ਫਲ 'ਚ ਕਾਰਬੋਹਾਈਡਰੇਟਸ, ਸ਼ੂਗਰ, ਪ੍ਰੋਟੀਨ, ਕੈਲਸ਼ੀਅਮ, ਫਾਸਫੋਰਸ, ਵਿਟਾਮਿਨ ਏਬੀਸੀ ਦੀ ਵਧੇਰੇ ਮਾਤਰਾ ਸਿਹਤ ਲਈ ਕਾਫ਼ੀ ਲਾਹੇਬੰਦ ਮੰਨੀ ਗਈ ਹੈ ਤੇ ਇਸ ਦੀ ਵਰਤੋਂ ਨਾਲ ਦਿਲ, ਮਾਸ ਪੇਸ਼ੀਆਂ ਤੇ ਹੱਡੀਆਂ ਨੂੰ ਮਜ਼ਬੂਤੀ ਮਿਲਦੀ ਹੈ। ਦੇਸੀ ਅੰਬਾਂ 'ਚ ਕੂਕਿਆਂ ਦੀ ਛੱਲੀ, ਬਜਰੌੜ ਦੀ ਬੱਡ, ਹਰਿਆਣੇ ਦੀ ਕੰਘੀ, ਭਾਗੋਵਾਲ ਦੀ ਛੱਲੀ, ਗੋਲਾ, ਤੋਤਾਪਰੀ, ਸਫੈਦਾ, ਆੜੂ, ਸ਼ੇਖ, ਇਨਾਮੀ, ਸੰਧੂਰੀ ਛੱਲੀ, ਸੰਧੂਰੀ, ਸੌਂਫੀ, ਲੰਗੜਾ, ਲਾਲਟੈਣ, ਗਾਜਰੀ, ਸਿੱਪੀ, ਥਾਣੇਦਾਰ ਆਦਿ ਕਿਸਮਾਂ ਅਜੇ ਵੀ ਲੋਕਾਂ 'ਚ ਪ੍ਰਚਲਿਤ ਹਨ।

## ਲੋਕਾਂ ਦੀ ਕੁਦਰਤ ਨਾਲ ਸਾਂਝ

ਵਪਾਰਕ ਨੁਕਤੇ ਤੋਂ ਇਲਾਵਾ ਇਲਾਕੇ 'ਚ ਘਰੇਲੂ ਬਗ਼ੀਚਿਆਂ 'ਚ ਆਪਣੀਆਂ ਘਰੇਲੂ ਲੋੜਾਂ ਦੀ ਪੂਰਤੀ ਲਈ ਵੱਖ-ਵੱਖ ਫਲਦਾਰ ਪੌਦਿਆਂ ਦੀ ਕਾਸ਼ਤਕਾਰੀ ਸਥਾਨਿਕ ਲੋਕਾਂ ਦੀ ਕੁਦਰਤ ਨਾਲ ਸਾਂਝ ਤੇ ਜ਼ਿੰਦਗੀ ਦੇ ਸੁਹਜ ਸੁਆਦ ਨੂੰ ਮਾਨਣ ਦੀ ਰੀਝ ਨੂੰ ਬਿਆਨ ਕਰ ਦਿੰਦੀ ਹੈ। ਘਰੇਲੂ ਬਗ਼ੀਚੇ ਦੀਆਂ ਮੌਜਾਂ ਦੇ ਸ਼ੌਕੀਨਾਂ ਵੱਲੋਂ ਆਪਣੇ ਅਜਿਹੇ ਉਦਮ ਨਾਲ ਵੱਖ-ਵੱਖ ਮੌਸਮਾਂ 'ਚ ਕੁਦਰਤ ਦੇ ਅਦਭੁਤ ਜਲਬਿਆਂ ਨੂੰ ਹੀ ਨਹੀਂ ਮਾਣਿਆਂ ਜਾਂਦਾ, ਸਗੋਂ ਆਪਣੇ ਪਰਿਵਾਰਾਂ ਦੇ ਜੀਆਂ ਨੂੰ ਬਾਜ਼ਾਰਾਂ 'ਚ ਜ਼ਹਿਰਾਂ ਨਾਲ ਪਕਾਏ ਫਲਾਂ ਦੇ ਮਾਰੂ ਪ੍ਰਭਾਵਾਂ ਤੋਂ ਬਚਾਉਣ 'ਚ ਵੀ ਕਾਮਯਾਬੀ ਹਾਸਲ ਕੀਤੀ ਜਾਂਦੀ ਹੈ। ਬਾਗ਼ਬਾਨੀ ਦੇ ਸ਼ੌਕ ਨਾਲ 'ਨਾਲੇ ਪੁੰਨ ਨਾਲੇ ਫਲ਼ੀਆ' ਅਖਾਣ ਮੁਤਾਬਿਕ ਆਪਣੀ ਆਰਥਿਕ ਮਜ਼ਬੂਤੀ ਦੇ ਨਾਲ ਧਰਤੀ ਮਾਂ ਦੀ ਗੋਦ ਤੋਂ ਘੱਟ ਰਹੇ ਰੁੱਖਾਂ 'ਤੇ ਜੰਗਲਾਂ ਦੀ ਕਮੀ, ਕੁਦਰਤੀ ਜੀਵ ਜੰਤੂਆਂ ਦੀ ਰਾਖੀ ਲਈ ਪਰਉਪਕਾਰ ਭੂਮਿਕਾ ਵੀ ਨਿਭਾਈ ਜਾ ਸਕਦੀ ਹੈ। •

98554-41787



### ਜ਼ਿੰਦਗੀ ਦੇ ਫਲਸਫ਼ੇ ਦੀ ਵਿਆਖਿਆ

*'ਅੰਬੀਆਂ' ਦੀ ਮਜੂਦਗੀ ਜ਼ਿੰਦਗੀ ਦੇ ਮੁਕੰਮਲ ਫਲਸਫ਼ੇ ਦੀ ਵਿਆਖਿਆ ਕਰ ਦਿੰਦੀ ਹੈ। ਫੱਗਣ ਚੇਤਰ ਦੇ ਮਹੀਨਿਆਂ 'ਚ ਅੰਬੀਆਂ ਨੂੰ ਪਏ ਬੂਰ ਮੌਕੇ ਇਨ੍ਹਾਂ ਬੂਟਿਆਂ 'ਚ ਕੋਇਲਾਂ ਦੀ ਕੂ-ਕੂ ਘੁੱਗ ਵਸਦੀ ਜ਼ਿੰਦਗੀ ਦੀਆਂ ਬਾਤਾਂ ਸੁਣਾਉਂਦੀ ਹੈ। ਬਰਸਾਤਾਂ ਦੀ ਰੁੱਤੇ ਕਈ ਬੂਟਿਆਂ ਦੀਆਂ ਚੁਰੀਆਂ ਖੱਟੀਆਂ ਤੇ ਮਿੱਠੀਆਂ ਅੰਬੀਆਂ ਜ਼ਿੰਦਗੀ ਦੇ ਮਿੱਠੇ ਤੇ ਕੌੜੇ ਤਜਰਬਿਆਂ ਦਾ ਸੁਨੇਹਾ ਹੁੰਦੀਆਂ ਹਨ। ਸੰਧੂਰੀ ਰੰਗ ਨਾਲ ਸਾਰਿਆਂ ਨੂੰ ਟੁੰਬਣ ਵਾਲੀ ਸੰਧੂਰੀ ਅੰਬੀ ਵੀ ਕਈ ਵਾਰੀ ਖੱਟੀ ਨਿਕਲ ਜਾਂਦੀ ਹੈ ਤੇ ਕਈ ਵਾਰ ਮਿੱਠੀ। ਅੰਬਾਂ ਨੂੰ ਬੂਰ ਪੈਣਾ ਜ਼ਿੰਦਗੀ ਦੀਆਂ ਸੰਭਾਵਨਾਵਾਂ ਨੂੰ ਬਿਆਨਦਾ ਹੈ, ਨ੍ਹੇਰੀਆਂ ਝੱਖੜਾਂ 'ਚ ਛੋਟੀਆਂ-ਛੋਟੀਆਂ ਅੰਬੀਆਂ ਦਾ ਪੱਕਣ ਤੋਂ ਪਹਿਲਾਂ ਝੜ-ਝੜ ਜਾਣਾ ਬੁਰੇ ਸਮੇਂ ਦੀ ਮਾਰ ਤੇ ਨਾਸ਼ਵਾਨਤਾ ਦਾ ਪ੍ਰਤੀਕ ਹੈ, ਕੱਚੇ ਅੰਬਾਂ ਤੋਂ ਸਥਾਨਿਕ ਲੋਕਾਂ ਵੱਲੋਂ ਮਲਾਜ਼ੀ ਅਚਾਰ ਬਣਾ ਕੇ ਗੁਜ਼ਾਰੇ ਕਰਨੇ ਸਾਦ ਮੁਰਾਦੀ ਜੀਵਨ ਜਾਂਚ ਦਾ ਸਬਕ ਹੈ। ਅੰਬਾਂ ਦੀਆਂ ਜੇਠ ਹਾੜ ਦੀਆਂ ਧੁੱਪਾਂ 'ਚ ਠੰਢੀਆਂ ਛਾਵਾਂ ਦੀ ਰਹਿਮਤ ਦਾ ਹੁਣ ਰੁੱਖਾਂ ਤੋਂ ਵਿਹੂਣੀ ਹੋ ਰਹੀ ਜ਼ਿੰਦਗੀ ਕੋਲ ਕੋਈ ਦੂਜਾ ਵਿਕਲਪ ਨਹੀਂ ਹੈ।*

# ਹੱਕਾਂ ਤੇ ਫ਼ਰਜ਼ਾਂ ਦੀ ਗੱਲ



ਪ੍ਰਭਜੋਤ ਕੌਰ ਢਿੱਲੋਂ

ਸਮਾਜ ਵਿਚ ਪਰਿਵਾਰ ਅਤੇ ਰਿਸ਼ਤਿਆਂ ਦਾ ਬਹੁਤ ਮਹੱਤਵ ਹੈ। ਰਿਸ਼ਤੇ ਟੁੱਟਦੇ ਨੇ ਤਾਂ ਪਰਿਵਾਰ ਖੇਰੂੰ-ਖੇਰੂੰ ਹੋ ਜਾਂਦੇ ਹਨ। ਹਰ ਰਿਸ਼ਤੇ ਦੀ ਇਨਸਾਨੀ ਜੀਨਵਨ ਵਿਚ ਆਪਣੀ ਜਗ੍ਹਾ ਹੈ। ਇਸ ਕਰਕੇ ਉੱਥੇ ਅਤੇ ਉਵੇਂ ਰਿਸ਼ਤੇ ਨੂੰ ਰੱਖਿਆ ਜਾਵੇ ਤਾਂ ਵਧੀਆ ਲੱਗਦਾ ਹੈ। ਜੇਕਰ ਮਹਿੰਗਾ ਸਮਾਨ ਹੋਵੇ ਪਰ ਸਲੀਕੇ ਨਾਲ ਰੱਖਿਆ ਨਾ ਹੋਵੇ ਤਾਂ ਉਸ ਦੀ ਖ਼ੂਬਸੂਰਤੀ ਘੱਟ ਜਾਂਦੀ ਹੈ। ਉਹ ਮਹਿੰਗੇ ਸਮਾਨ ਹੋਣ ਦੇ ਬਾਵਜੂਦ ਕਬਾੜ ਵਰਗਾ ਲੱਗਦਾ ਹੈ।

ਅੱਜ ਮੈਂ ਗੱਲ ਕਰਾਂਗੀ ਧੀਆਂ ਅਤੇ ਉਨ੍ਹਾਂ ਦੇ ਵਿਆਹ ਤੋਂ ਬਾਅਦ ਦੇ ਸਫ਼ਰ ਦੀ। ਹਰ ਬੱਚਾ ਮਾਪਿਆਂ ਨੂੰ ਲਾਡਲਾ ਤੇ ਪਿਆਰਾ ਹੁੰਦਾ ਹੈ ਅਤੇ ਮਾਪੇ ਬੱਚਿਆਂ ਲਈ ਹਰ ਕੁਰਬਾਨੀ ਹੱਸ ਕੇ ਕਰਦੇ ਹਨ। ਲੜਕੀਆਂ ਦੇ ਵਿਆਹ ਹਰ ਸਮਾਜ ਵਿਚ ਜ਼ਰੂਰੀ ਹਨ ਅਤੇ ਸਿਆਣੇ ਬਜ਼ੁਰਗ ਕਹਿੰਦੇ ਸੀ ਕਿ ਧੀਆਂ ਤਾਂ ਰਾਜਿਆਂ ਦੇ ਘਰ ਵੀ ਨਹੀਂ ਸਮਾਈਆਂ। ਮਤਲਬ ਰਾਜੇ ਮਹਾਰਾਜੇ ਵੀ ਧੀਆਂ ਦਾ ਵਿਆਹ ਕਰਦੇ ਸਨ। ਧੀਆਂ ਨੂੰ ਦਹੇਜ ਦੇਣ ਦਾ ਰਿਵਾਜ ਵੀ ਸਦੀਆਂ ਤੋਂ ਚੱਲਿਆ ਆ ਰਿਹਾ ਹੈ। ਸਮਾਂ ਬਦਲਿਆ ਜ਼ਰੂਰਤਾਂ ਅਤੇ ਰਹਿਣ ਸਹਿਣ ਬਦਲਿਆ ਤਾਂ ਉਸ ਦੇ ਨਾਲ ਦਹੇਜ ਦੇ ਸਮਾਨ ਦਾ ਬਦਲਣਾ ਸੁਭਾਵਿਕ ਸੀ। ਸਮੇਂ ਦੀ ਤਬਦੀਲੀ ਨਾਲ ਲੜਕੀਆਂ ਨੂੰ ਲੜਕਿਆਂ ਦੇ ਬਰਾਬਰ ਹੱਕ ਮਿਲ ਗਿਆ। ਲੜਕੀਆਂ ਪੜ੍ਹਨ ਲਿਖਣ ਲੱਗੀਆਂ ਅਤੇ ਹਰ ਖੇਤਰ ਵਿਚ ਲੜਕੀਆਂ ਅੱਗੇ ਜਾ ਰਹੀਆਂ ਹਨ। ਪੜ੍ਹਿਆ ਲਿਖਿਆ ਸਮਾਜ ਕਿਸ ਕੰਮ ਦਾ ਜੇਕਰ ਸਾਂਝਾਂ ਹੀ ਨਹੀਂ। ਰਿਸ਼ਤਿਆਂ ਦੀਆਂ ਧੱਜੀਆਂ ਉੱਡ ਰਹੀਆਂ ਹਨ।

ਕਾਨੂੰਨਾਂ ਵਿਚ ਸੋਧ ਵੀ ਬਹੁਤ ਜ਼ਰੂਰੀ ਹੁੰਦਾ ਜਾ ਰਿਹਾ ਹੈ। ਪਿੱਛਲੇ ਕਾਫ਼ੀ ਦਿਨਾਂ ਤੋਂ ਅਖ਼ਬਾਰਾਂ ਵਿਚ ਪੜ੍ਹਨ ਨੂੰ ਮਿਲ ਰਿਹਾ ਹੈ ਕਿ ਲੜਕੀਆਂ ਵਿਆਹ ਕਰਵਾ ਕੇ ਜਾਂ ਮੰਗਣੀ ਕਰਵਾਉਣ ਤੋਂ ਬਾਅਦ ਵਿਦੇਸ਼ ਦਾ ਖ਼ਰਚਾ ਤਾਂ ਸਹੁਰੇ ਪਰਿਵਾਰ ਤੋਂ ਕਰਵਾਉਂਦੀਆਂ ਹਨ ਪਰ ਫੇਰ ਲੜਕੇ ਨੂੰ ਬਲਾਉਂਦੀਆਂ ਹੀ ਨਹੀਂ। ਇਵੇਂ ਦੇ ਬਹੁਤ ਸਾਰੇ ਲੋਕ ਹੁਣ ਅਖ਼ਬਾਰਾਂ ਵਿਚ ਆਪਣੇ ਨਾਲ ਹੋਈ ਠੱਗੀ ਦੀ ਗੱਲ ਕਰ ਰਹੇ ਹਨ। ਲੋਕ ਤੀਹ ਚਾਲੀ ਲੱਖ ਲਗਾ ਰਹੇ ਹਨ ਅਤੇ ਅਖੀਰ ਵਿਚ ਲੜਕੀਆਂ ਜਵਾਬ ਦੇ ਰਹੀਆਂ ਹਨ। ਇੱਥੇ ਸਭ ਤੋਂ ਵੱਡੀ ਸਮੱਸਿਆ ਇਹ ਹੈ ਕਿ ਲੜਕੀਆਂ ਖ਼ਿਲਾਫ਼ ਸ਼ਿਕਾਇਤ ਵੀ ਥੋੜ੍ਹੇ ਕੀਤੇ ਕੋਈ ਸੁਣਦਾ ਹੀ ਨਹੀਂ। ਮਾਫ਼ ਕਰਨਾ ਬਰਾਬਰਤਾ ਦਾ ਮਤਲਬ, ਦਾ ਮਤਲਬ ਹੈ ਹਰ ਕਿਸੇ ਨੂੰ ਸੁਣਿਆ ਜਾਵੇ ਅਤੇ ਜਿਸ ਦੀ ਗ਼ਲਤੀ ਹੈ ਉਸ ਨੂੰ ਸਜ਼ਾ ਮਿਲੇ। ਜਦੋਂ ਬਿਨਾਂ ਦਹੇਜ ਦੇ ਬਾਅਦ ਵੀ ਲੜਕੀਆਂ ਦੇ ਪਰਿਵਾਰ ਵੱਡੀਆਂ ਰਕਮਾਂ ਮੰਗਦੇ ਹਨ ਅਤੇ ਲੜਕੇ ਦੇ ਮਾਪੇ, ਰਿਸ਼ਤੇਦਾਰ ਅਤੇ ਲੜਕੇ ਨੂੰ ਖ਼ੱਜਲ਼ ਕਰਨ ਵਿਚ ਕੋਈ ਕਸਰ ਨਹੀਂ ਛੱਡਦਾ। ਹੁਣ ਲੜਕਿਆਂ ਵਾਲੇ ਆਏ ਦਿਨ ਲੁੱਟੇ ਜਾ ਰਹੇ ਹਨ। ਸਮਾਜ ਬਣਿਆ ਰਹੇ, ਇਸ ਲਈ ਰਿਸ਼ਤਿਆਂ ਨੂੰ ਜਿਉਂਦੇ ਰੱਖਣਾ ਜ਼ਰੂਰੀ ਹੈ।

ਇਸ ਵਕਤ ਲੜਕੀਆਂ ਦੇ ਮਾਪਿਆਂ ਵੱਲੋਂ ਧੀਆਂ ਦੇ ਘਰਾਂ ਵਿਚ ਦਖ਼ਲ ਜ਼ਰੂਰਤ ਨਾਲੋਂ ਵਧੇਰੇ ਹੋ ਗਿਆ ਹੈ। ਕੁਝ ਦਹਾਕੇ ਪਹਿਲਾਂ ਲੜਕੀਆਂ ਦਾ ਮਾਪਿਆਂ ਦੇ ਘਰ ਵਾਰ-ਵਾਰ ਆਉਣਾ ਠੀਕ ਨਹੀਂ ਸਮਝਦੇ ਸੀ। ਧੀ ਦੇ ਸਹੁਰੇ ਪਰਿਵਾਰ ਵਿਚ ਦਖ਼ਲ ਨਹੀਂ ਦਿੱਤਾ ਜਾਂਦਾ ਸੀ। ਦਹੇਜ ਦਾ ਮਸਲਾ ਉੱਠਿਆ ਤਾਂ ਲੜਕੀਆਂ ਲਈ ਕਾਨੂੰਨ ਬਣ ਗਿਆ। ਉਸ ਵਿਚ ਦਹੇਜ ਲੈਣ ਅਤੇ ਦੇਣ ਵਾਲੇ ਦੋਨੋਂ ਗੁਨਾਹਗਾਰ ਹਨ ਪਰ ਉਸ ਨੂੰ ਸਿਰਫ਼ ਇਕ ਪਾਸੜ ਵਰਤਿਆ ਗਿਆ। ਇਸ ਦੀ ਇਸ ਵਕਤ ਧੜੱਲੇ ਨਾਲ ਦੁਰਵਰਤੋਂ ਹੋ ਰਹੀ ਹੈ। ਲੜਕਿਆਂ ਦੇ ਮਾਪੇ ਤੰਗ ਪਰੇਸ਼ਾਨ ਹੋ ਕੇ ਘਰ ਛੱਡ ਰਹੇ ਹਨ ਜਾਂ ਉਨ੍ਹਾਂ ਨੂੰ ਬਿਰਧ ਆਸ਼ਰਮਾਂ ਵਿਚ ਛੱਡਿਆ ਜਾ ਰਿਹਾ ਹੈ। ਲੜਕਿਆਂ ਦੇ ਮਾਪੇ ਬਹੁਤ ਪਰੇਸ਼ਾਨ ਹੋ ਰਹੇ ਹਨ। ਜਦੋਂ ਪਤਾ ਹੈ ਕਿ ਇਸ ਦੀ ਵਰਤੋਂ ਗ਼ਲਤ ਹੋ ਰਹੀ ਹੈ ਤਾਂ ਇਸ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਰਿਸ਼ਤੇ ਕਿੱਲੀ ਟੰਗੇ ਜਾ ਰਹੇ ਹਨ।

ਲੜਕੀਆਂ ਪੜ੍ਹੀਆਂ ਲਿਖੀਆਂ ਹਨ, ਲੜਕਿਆਂ ਦੇ ਬਰਾਬਰ ਹਨ ਜਿਵੇਂ ਲੜਕੇ ਨੇ ਆਪਣੀ ਜ਼ਿੰਦਗੀ ਸ਼ੁਰੂ ਕਰਨੀ ਹੈ ਲੜਕੀਆਂ ਵੀ ਕਰਨ। ਉਨ੍ਹਾਂ ਦੇ ਮਾਪਿਆਂ ਦੀ ਜਿੱਥੇ ਦਖ਼ਲ-ਅੰਦਾਜ਼ੀ ਸਾਬਿਤ ਹੋ ਰਹੀ ਹੈ ਉੱਥੇ ਉਨ੍ਹਾਂ ਨੂੰ ਦੋਸ਼ੀ ਮੰਨਿਆ ਜਾਵੇ। ਇੱਥੇ ਧਿਆਨ ਰੱਖਣਾ ਚਾਹੀਦਾ ਹੈ ਕਿ ਸਮਾਜ ਵਾਸਤੇ ਜੇਕਰ ਅਜਿਹੇ ਕਦਮ ਨਾ ਚੁੱਕੇ ਤਾਂ ਪਰਿਵਾਰਾਂ ਦਾ ਢਾਂਚਾ ਖ਼ਤਰੇ ਦੇ ਹਾਸ਼ੀਏ ਨੂੰ ਟੱਪ ਜਾਵੇਗਾ। ਜੇਕਰ ਲੜਕੀਆਂ ਦੀਆਂ ਮਾਵਾਂ ਜਾਂ ਪਰਿਵਾਰ ਨੇ ਲੜਕੀ ਨੂੰ ਆਪਣੇ ਅਨੁਸਾਰ ਚਲਾਉਣਾ ਹੈ ਤਾਂ ਬਿਹਤਰ ਹੈ। ਰਿਸ਼ਤਿਆਂ ਨੂੰ ਸਮਝਣਾ ਬਹੁਤ ਜ਼ਰੂਰੀ ਹੈ। ਲੜਕੇ ਦੇ ਮਾਪੇ ਕਿਸੇ ਵੀ ਤਰ੍ਹਾਂ ਤੁਹਾਡੇ ਤੋਂ ਘੱਟ ਸਮਝਦਾਰ ਨਹੀਂ ਹੋ ਸਕਦੇ। ਇਹ ਤੁਹਾਡਾ ਭਰਮ ਹੈ ਕਿ ਤੁਸੀਂ ਉਨ੍ਹਾਂ ਤੋਂ ਵਧੇਰੇ ਬੁੱਧੀਮਾਨ ਹੋ। •

98150-30221

# ਲਿਆ ਤੰਗਲੀ ਨਸੀਬਾਂ ਨੂੰ ਫਰੋਲੀਏ...



ਪਰਮਜੀਤ ਕੌਰ ਸਰਹਿੰਦ

ਸਾਡੇ ਪਿੰਡ ਦੇ ਲੋਕ ਤਾਂ 'ਨਮਾਣੀ ਕਾਰਸੀ' ਨੂੰ ਵੀ ਜਿਵੇਂ ਨਿੱਕਾ ਜਿਹਾ ਤਿਉਹਾਰ ਹੀ ਬਣਾ ਲੈਂਦੇ। ਜੇਠ ਸੁਦੀ ਇਕਾਦਸ਼ੀ ਨੂੰ ਸਾਡੇ ਪੇਂਡੂ ਲੋਕ 'ਨਮਾਣੀ ਕਾਰਸੀ' ਕਹਿੰਦੇ ਹਨ ਉਂਜ ਇਸ ਨੂੰ ਨਿਰਜਲਾ ਇਕਾਦਸ਼ੀ ਕਿਹਾ ਜਾਂਦਾ ਹੈ। ਪਿੰਡਾਂ ਦੇ ਲੋਕ ਨਮਾਣੀ ਕਾਰਸੀ ਨੂੰ ਵੀ ਛੋਟੇ-ਮੋਟੇ ਤਿਉਹਾਰ ਵਾਂਗੂ ਮਨਾਉਂਦੇ ਸਨ। ਪਿੰਡ ਦੇ ਲੋਕ ਘਰਾਂ ਵਿੱਚੋਂ ਦੇਸੀ ਖੰਡ ਜਾਂ ਸ਼ੱਕਰ ਇਕੱਠੀ ਕਰ ਲੈਂਦੇ ਤੇ ਪਿੰਡ ਦੇ ਬਾਹਰ ਵਗਦੇ ਰਾਹ ਉੱਤੇ ਮਿੱਠੇ ਪਾਣੀ ਦੀ ਛਬੀਲ ਲਾ ਲੈਂਦੇ। ਆਉਂਦੇ-ਜਾਂਦੇ ਰਾਹੀਆਂ ਨੂੰ ਰੋਕ ਕੇ ਮਿੱਠਾ ਪਾਣੀ ਪਿਲਾਉਂਦੇ। ਮਿੱਠੇ ਵਾਲੇ ਪਾਣੀ ਵਿਚ ਥੋੜ੍ਹਾ ਜਿਹਾ ਦੁੱਧ ਮਿਲਾਇਆ ਹੁੰਦਾ ਤੇ ਉਹ ਮਿੱਠੀ ਕੱਚੀ ਲੱਸੀ ਬਣ ਜਾਂਦੀ ਜੋ ਬਹੁਤ ਹੀ ਸੁਆਦ ਹੁੰਦੀ। ਕਈ ਥਾਈਂ ਲੋਕ ਬਰਫ਼ ਦੀ ਸਿਲ ਲਿਆ ਕੇ ਬੋਰੀਆਂ ਵਿਚ ਲਪੇਟ ਰੱਖਦੇ ਤੇ ਠੰਢਾ-ਮਿੱਠਾ ਪਾਣੀ ਪਿਲਾਉਂਦੇ ਪਰ ਪੁਰਾਣੇ ਸਮੇਂ ਪਿੰਡਾਂ ਵਿਚ ਬਰਫ਼ ਛੇਤੀ ਕੀਤਿਆ ਨਹੀਂ ਸੀ ਮਿਲਦੀ। ਪਿਛਲੇ ਸਮੇਂ ਵਿਚ ਖੇਤੀ ਦੇ ਕੰਮ ਲਈ ਰੱਖੇ ਇਹ ਨੌਕਰ ਭਾਵ ਸਾਂਝੀ-ਸੀਰੀ, ਕਿਸਾਨ ਤੋਂ ਪੈਸੇ ਨਹੀਂ ਬਲਕਿ ਜਿਣਸ (ਅਨਾਜ) ਦਾ ਬਣਦਾ ਹਿੱਸਾ ਲੈਂਦੇ ਸਨ ਜੋ ਉਨ੍ਹਾਂ ਨੂੰ ਫ਼ਸਲ ਆਉਣ ਸਾਰ ਦਿੱਤਾ ਜਾਂਦਾ ਸੀ। ਇਹ ਹਿੱਸਾ ਕਿਸਾਨ ਦੀ ਫ਼ਸਲ ਵਿੱਚੋਂ ਖੇਤੀ ਦਾ ਕੰਮ ਕਰਨ ਵਾਲੇ ਘਰ ਦੇ ਜੀਆਂ, ਬਲਦਾਂ ਦੀਆਂ ਜੋਗਾਂ ਤੇ ਬੋਤਿਆਂ ਦੇ ਹਿਸਾਬ ਨਾਲ ਦਿੱਤਾ ਜਾਂਦਾ। ਜਿਵੇਂ ਕੰਮ ਕਰਨ ਵਾਲੇ ਘਰ ਦੇ ਤਿੰਨ ਜੀਅ ਹੁੰਦੇ, ਦੋ ਜੋਗਾਂ (ਚਾਰ ਬਲਦ) ਤੇ ਇਕ ਬੋਤਾ ਹੁੰਦਾ ਤਾਂ ਇਹ ਕੁੱਲ ਨੌਂ ਹਿੱਸੇ ਬਣਦੇ। ਵਰਣਨਯੋਗ ਹੈ ਕਿ ਬੋਤੇ ਦਾ ਹਿੱਸਾ ਦੁੱਗਣਾ ਹੁੰਦਾ ਅਰਥਾਤ ਤਿੰਨ ਬੰਦੇ ਤੇ ਚਾਰ ਬਲਦ, ਕੁਲ ਸੱਤ ਹਿੱਸੇ ਬਣਦੇ ਤੇ ਦੋ ਹਿੱਸੇ ਬੋਤੇ ਦੇ ਪਾ ਕੇ ਨੌਂ ਹਿੱਸੇ ਹੁੰਦੇ ਦਸਵਾਂ ਹਿੱਸਾ ਸੀਰੀ ਦਾ ਹੁੰਦਾ। ਜੇ ਕਿਸਾਨ ਦੀ ਜਿਣਸ ਦਸ ਮਣ ਹੁੰਦੀ ਤਾਂ ਇਸ ਹਿਸਾਬ ਉਸ ਦਾ ਦਸਵਾਂ ਹਿੱਸਾ ਇਕ ਮਣ (40 ਸੇਰ) ਹੁੰਦਾ। ਜੇ ਤੋਲ-ਤੁਲਾਈ ਦਾ ਕੋਈ ਫੌਰੀ ਜੁਗਾੜ ਨਾ ਹੁੰਦਾ ਤਾਂ ਪੀਪਿਆਂ ਨਾਲ ਗਿਣਤੀ-ਮਿਣਤੀ ਕਰ ਲਈ ਜਾਂਦੀ। ਜੇ ਕਿਸੇ ਸੀਰੀ ਕੋਲ ਇਕ ਬਲਦ ਹੁੰਦਾ ਤਾਂ ਉਹ ਆਪਣੇ ਬਲਦ ਦੀ ਸਾਂਝ ਪਾ ਕੇ ਇਕ ਹਿੱਸਾ ਵਧਾ ਲੈਂਦਾ। ਉਨ੍ਹਾਂ ਸਮਿਆਂ ਵਿਚ ਸੀਰੀ ਨੂੰ ਨਕਦ ਪੈਸੇ ਦੀ ਲੋੜ ਸਮੇਂ ਜ਼ਿਮੀਦਾਰ ਪੈਸੇ ਵੀ ਦੇ ਦਿੰਦਾ ਤੇ ਫ਼ਸਲ ਆਈ ਤੋਂ ਹਿਸਾਬ ਕਰ ਲੈਂਦਾ। ਆਮ ਤੌਰ 'ਤੇ ਸਾਂਝੀ-ਸੀਰੀ ਜਿਣਸ ਨਾਲ ਹੀ ਗੁਜ਼ਾਰਾ ਕਰਦੇ ਪਰ ਕਿਸੇ ਵਿਆਹ-ਸ਼ਾਦੀ ਜਾਂ ਦੁੱਖ-ਤਕਲੀਫ਼ ਸਮੇਂ ਨਕਦ ਰਾਸ਼ੀ ਲੋੜ ਅਨੁਸਾਰ ਲੈ ਲੈਂਦੇ। ਸਾਂਝੀ-ਸੀਰੀ ਦੀ ਧੀ-ਭੈਣ ਦੇ ਵਿਆਹ ਮੌਕੇ ਜ਼ਿਮੀਦਾਰ ਵੱਲੋਂ ਕੱਪੜਾ-ਲੀੜਾ ਤੇ ਹੋਰ ਮਾਇਕ ਮੱਦਦ ਕੀਤੀ ਜਾਂਦੀ। ਸੰਤ ਰਾਮ ਉਦਾਸੀ ਦਾ ਪ੍ਰਸਿੱਧ ਗੀਤ ਉਨ੍ਹਾਂ ਦੀ ਅੰਤਰੀਵ ਸਾਂਝ ਦੀ ਬਾਤ ਪਾਉਂਦਾ ਹੈ। ਗੀਤ ਦੀਆਂ ਕੁਝ ਸਤਰਾਂ ਪੇਸ਼ ਹਨ :

*ਗਲ਼ ਲੱਗ ਕੇ ਸੀਰੀ ਦੇ ਜੱਟ ਰੋਇਆ*
*ਬੋਹਲ਼ਾਂ ਵਿੱਚੋਂ ਨੀਰ ਵਗਿਆ,*
*ਲਿਆ ਤੰਗਲੀ ਨਸੀਬਾਂ ਨੂੰ ਫਰੋਲੀਏ*
*ਤੂੜੀ ਵਿੱਚੋਂ ਪੁੱਤ ਜੱਗਿਆ।*
*ਸਾਡੇ ਪਿੜ ਵਿਚ ਤੇਰੇ ਗਲ਼ ਚੀਥੜੇ*
*ਨੀ ਮੇਰੀਏ ਜੁਆਨ ਕਣਕੇ,*
*ਕੱਲ੍ਹ ਸ਼ਾਹਾਂ ਦੇ ਗੁਦਾਮਾਂ ਵਿੱਚੋਂ ਨਿਕਲੇਂ*
*ਤੂੰ ਸੋਨੇ ਦਾ ਪਟੋਲਾ ਬਣਕੇ।*
*ਤੂੰ ਵੀ ਬਣ ਗਿਆ ਗ਼ਮਾਂ ਦਾ ਗਮੰਤਰੀ*
*ਓ, ਮੇਰੇ ਬੇਜ਼ੁਬਾਨ ਢੱਗਿਆ*
*ਗਲ਼ ਲੱਗ ਕੇ ਸੀਰੀ ਦੇ ਜੱਟ ਰੋਇਆ*
*ਬੋਹਲ਼ਾਂ ਵਿੱਚੋਂ ਨੀਰ ਵਗਿਆ...*

ਕਿਸਾਨ ਹਾਲ਼ੀ ਜਾਂ ਸੀਰੀ ਦਾ ਇਨ੍ਹਾਂ ਬੇਜ਼ੁਬਾਨ ਢੱਗਿਆਂ (ਬਲਦਾਂ) ਨਾਲ ਵੀ ਲੋਹੜੇ ਦਾ ਮੋਹ ਹੁੰਦਾ। ਹਲ਼ ਵਹੁੰਦਿਆਂ ਜਦੋਂ ਇਨ੍ਹਾਂ ਦੀ ਰੋਟੀ ਆਉਂਦੀ ਤਾਂ ਇਹ ਪਹਿਲਾਂ ਆਪਣੇ ਬਲਦਾਂ ਦੇ ਮੂੰਹ ਵਿਚ ਬੁਰਕੀ ਪਾਉਂਦੇ ਫਿਰ ਆਪ ਖਾਂਦੇ। ਇਹ ਮਿਹਨਤੀ ਲੋਕ ਤਨਾਂ ਦੇ ਚੀੜ੍ਹੇ ਪਰ ਮਨਾਂ ਦੇ ਨਰਮ ਹੁੰਦੇ। ਰੋਟੀ ਖਾਣ ਲੱਗੇ ਇਹ ਖੇਤ 'ਚ ਫਿਰਦੇ ਕੁੱਤੇ ਨੂੰ ਵੀ ਜ਼ਰੂਰ ਰੋਟੀ ਪਾਉਂਦੇ ਤੇ ਇਹ ਕੁੱਤੇ ਸਮੇਂ ਸਿਰ ਉੱਥੇ ਜ਼ਰੂਰ ਹਾਜ਼ਰ ਹੋ ਜਾਂਦੇ। ਕਿਸਾਨਾਂ ਦਾ ਪੱਕਾ ਅਸੂਲ ਹੁੰਦਾ ਕਿ ਉਹ ਨਵੀਂ ਆਈ ਹਰ ਫ਼ਸਲ ਵਿੱਚੋਂ ਸਰਦਾ-ਪੁੱਜਦਾ ਹਿੱਸਾ ਕਿਸੇ ਧਰਮ ਸਥਾਨ ਲਈ ਜ਼ਰੂਰ ਦਿੰਦੇ ਸਨ ਅੱਜ ਵੀ ਇਹ ਪਿਰਤ ਬਹੁਤੇ ਲੋਕਾਂ ਵਿੱਚ ਕਾਇਮ ਹੈ ਪਰ ਵਰਤਮਾਨ ਸਮੇਂ ਕਾਰਸੇਵਾ ਵਾਲੇ ਜਾਂ ਕੋਈ ਧਰਮ ਸਥਾਨਾ ਵਾਲੇ ਆਪ ਜਾ ਕੇ ਹੀ ਕਣਕ ਜਾਂ ਹੋਰ ਅਨਾਜ ਲੈ ਆਉਂਦੇ ਹਨ। ਨਮਾਣੀ ਕਾਰਸੀ ਨੂੰ ਇਨ੍ਹਾਂ ਹਾਲ਼ੀਆਂ-ਸੀਰੀਆਂ ਦਾ ਇਹ ਵੀ ਨਿਯਮ ਹੁੰਦਾ ਹੈ ਕਿ ਇਹ ਬਲਦਾਂ ਨੂੰ 'ਛੁੱਟੀ' ਕਰਦੇ। ਉਸ ਦਿਨ ਉਨ੍ਹਾਂ ਨੂੰ ਹਲ਼ ਜਾਂ ਖੂਹ ਨੂੰ ਨਾ ਜੋੜਿਆ ਜਾਂਦਾ ਬਲਕਿ ਉਨ੍ਹਾਂ ਨੂੰ ਖਰਖਰਾ ਆਦਿ ਕਰ ਕੇ ਸਿੰਙਾਂ ਨੂੰ ਤੇਲ ਲਾਇਆ ਜਾਂਦਾ। ਬਹੁਤ ਸਾਰੇ ਕਿਸਾਨ ਹਰ ਕਾਰਸੀ ਨੂੰ ਭਾਵ ਮਹੀਨੇ ਦੇ ਮਹੀਨੇ ਇਨ੍ਹਾਂ ਗਊ ਜਾਇਆਂ ਨੂੰ ਆਰਾਮ ਕਰਵਾਉਂਦੇ। ਭਾਵੇਂ ਅੱਜ ਦੇ ਸਮੇਂ ਬਲਦਾਂ ਨਾਲ ਖੇਤੀ ਬਹੁਤ ਘੱਟ ਕੀਤੀ ਜਾਂਦੀ ਹੈ ਪਰ ਜਿਸ ਕਿਸਾਨ ਕੋਲ ਬਲਦ ਹਨ ਉਹ ਅੱਜ ਵੀ ਕਾਰਸੀ ਦੇ ਦਿਨ ਬਲਦਾਂ ਨੂੰ ਕੰਮ ਨਹੀਂ ਲਾਉਂਦਾ। ਇਹ ਵੀ ਜ਼ਿਕਰਯੋਗ ਹੈ ਕਿ ਕਿਸਾਨ ਵੱਲੋਂ ਜੇ ਕੋਈ ਜ਼ਮੀਨ ਗਹਿਣੇ ਕੀਤੀ ਹੁੰਦੀ ਸੀ ਜਾਂ ਬੇਚੀ ਹੁੰਦੀ ਸੀ ਉਸ ਦਾ ਕਬਜ਼ਾ ਵੀ ਨਮਾਣੀ ਕਾਰਸੀ ਨੂੰ ਹੀ ਦਿੱਤਾ ਜਾ ਲਿਆ ਜਾਂਦਾ।

ਸਾਂਝੀ ਤੇ ਕਿਸਾਨ ਦੀ ਸਾਂਝ ਕਈ ਵਾਰ ਕਈ ਪੀੜ੍ਹੀਆਂ ਤਕ ਨਿਭ ਜਾਂਦਾ। ਇਨ੍ਹਾਂ ਦੀਆਂ ਮਾਵਾਂ ਜਾਂ ਪਤਨੀਆਂ ਭਾਵ ਪਰਿਵਾਰ ਵੀ ਜ਼ਿਮੀਦਾਰਾਂ ਦੇ ਖੇਤਾਂ ਜਾਂ ਘਰਾਂ ਵਿਚ ਕੰਮ ਕਰਦੀਆਂ ਉਨ੍ਹਾਂ ਨੂੰ ਵੱਖਰਾ ਮਿਹਨਤਾਨਾ ਦਿੱਤਾ ਜਾਂਦਾ। ਇਹ ਕੱਚੇ ਘਰਾਂ ਨੂੰ ਲਿੱਪਣ-ਪੋਚਣ ਤੇ ਅਨਾਜ ਪੀਹਣ-ਛੱਟਣ ਦਾ ਕੰਮ ਕਰ ਦਿੰਦੀਆਂ। ਇਸ ਤਰ੍ਹਾਂ ਕਿਸਾਨ ਤੇ ਸੀਰੀਆਂ ਦੀ ਪਰਿਵਾਰਕ ਸਾਂਝ ਬਣ ਜਾਂਦੀ। ਇਹ ਸਾਂਝੀ-ਸੀਰੀ ਮਿਹਨਤਕਸ਼ ਜਾਤੀਆਂ ਵਿੱਚੋਂ ਹੁੰਦੇ ਪਰ ਕਈ ਵਾਰ ਕਿਸੇ ਮੁਸੀਬਤ ਦਾ ਮਾਰਿਆ ਜ਼ਿਮੀਦਾਰ ਪਰਿਵਾਰ ਦਾ ਕੋਈ ਜੀਅ ਵੀ ਬਰਾਬਰ ਦੇ ਭਾਈ ਨਾਲ ਸੀਰੀ ਰਲਣ ਲਈ ਮਜਬੂਰ ਹੋ ਜਾਂਦਾ। ਇਹ ਲੋਕ ਇਸ ਦੀ ਨਮੋਸ਼ੀ ਮੰਨਦੇ। ਸੀਰੀ ਜਾਂ ਸਾਂਝੀ ਪੇਂਡੂ ਜਨਜੀਵਨ ਦਾ ਅਹਿਮ ਹਿੱਸਾ ਹੁੰਦੇ। ਅਜੋਕੇ ਸਮੇਂ ਸਾਂਝੀ-ਸੀਰੀ ਦੀ ਰਵਾਇਤ ਖ਼ਤਮ ਹੀ ਹੋ ਚੁੱਕੀ ਹੈ। ਪੁਰਾਣੇ ਸਮੇਂ ਦੇ ਸਾਂਝੀਆਂ ਵਾਲੀ ਸਾਂਝ ਕਿਸੇ ਵਿਰਲੇ ਦੀ ਹੀ ਹੈ। ਅੱਗੇ ਤੋਂ ਇਹ ਸਾਂਝੀ-ਸੀਰੀ ਸ਼ਬਦ ਕਿਤਾਬਾਂ ਵਿਚ ਹੀ ਮਿਲੇਗਾ ਅਸਲੀ ਰੂਪ ਵਿਚ ਕਿਤੇ ਨਹੀਂ ਲੱਭੇਗਾ। •

98728-98599

### ਆਤਮਾ 'ਤੇ ਪਰਦਾ

*ਪੁਰਾਣੇ ਪੇਂਡੂ ਕਿਸਾਨ ਤਬਕੇ ਲਈ 'ਸਾਂਝੀ-ਸੀਰੀ' ਬਹੁਤ ਮਹੱਤਵ ਰੱਖਦਾ ਸੀ ਕਿਉਂਕਿ ਉਹ ਮਸ਼ੀਨੀ ਯੁੱਗ ਨਹੀਂ ਸੀ ਤੇ ਸਾਰਾ ਕੰਮ ਹੱਥੀਂ ਕਰਨਾ ਪੈਂਦਾ ਸੀ। ਖੇਤੀ-ਪੱਤੀ ਦੇ ਕੰਮ ਲਈ ਰੱਖੇ ਕਾਮੇ ਜਾਂ ਨੌਕਰ ਨੂੰ ਸਾਂਝੀ ਜਾਂ ਸੀਰੀ ਕਿਹਾ ਜਾਂਦਾ। ਸਾਂਝੀ ਰੱਖਣ ਲਈ ਕਿਸਾਨਾਂ ਨੇ 'ਨਮਾਣੀ ਕਾਰਸੀ' ਦਾ ਦਿਨ ਮਿਥਿਆ ਹੁੰਦਾ। ਇਸ ਦਿਨ ਕਿਸਾਨ ਸੀਰੀ ਰਲਾਉਂਦੇ ਤੇ ਉਸ ਨਾਲ ਸਾਲ ਭਰ ਦੇ ਕੰਮ ਲਈ ਮਿਹਨਤਾਨਾ ਤਹਿ ਕਰਦੇ। ਪਹਿਲਾਂ ਤੋਂ ਕੰਮ ਕਰਦੇ ਸੀਰੀ ਨੂੰ ਦੁਬਾਰਾ ਰੱਖ ਕੇ ਨਵੇਂ ਸਿਰੇ ਤੋਂ ਹਿਸਾਬ-ਕਿਤਾਬ ਕਰਦੇ ਸਨ।*

# ਪੰਜਾਬ ਸਿੱਖਿਆ ਕ੍ਰਾਂਤੀ: ਸਰਕਾਰੀ ਸਕੂਲਾਂ ਦੇ 59 ਵਿਦਿਆਰਥੀਆਂ ਨੇ ਜੇ.ਈ.ਈ. ਐਡਵਾਂਸ ਪ੍ਰੀਖਿਆ ਕੀਤੀ ਪਾਸ; ਆਈ.ਆਈ.ਟੀ. ਕੁਆਲੀਫਾਇਰਾਂ ਵਿੱਚ 34 ਫੀਸਦ ਵਾਧਾ ਦਰਜ

**➢ 11 ਜੇਈਈ ਕੁਆਲੀਫਾਇਰਾਂ ਨਾਲ ਪਟਿਆਲਾ ਜ਼ਿਲ੍ਹਾ ਸੂਬੇ ਵਿੱਚੋਂ ਰਿਹਾ ਮੋਹਰੀ: ਹਰਜੋਤ ਸਿੰਘ ਬੈਂਸ ➢ ਮਾਨ ਸਰਕਾਰ ਦੀ ਸਿੱਖਿਆ ਕ੍ਰਾਂਤੀ ਨੇ ਸਿਰਫ ਅਮੀਰ ਵਿਦਿਆਰਥੀਆਂ ਵੱਲੋਂ ਆਈਆਈਟੀ ਪਾਸ ਕਰਨ ਸਬੰਧੀ ਕੱਢੇ ਭੁਲੇਖੇ**

**ਚੰਡੀਗੜ੍ਹ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਪੰਜਾਬ ਸਿੱਖਿਆ ਕ੍ਰਾਂਤੀ ਪਹਿਲਕਦਮੀ ਦੀ ਕਾਮਯਾਬੀ ਦੀ ਪ੍ਰਤੱਖ ਤਸਵੀਰ ਪੇਸ਼ ਕਰਦਿਆਂ ਸੂਬੇ ਦੇ ਸਰਕਾਰੀ ਸਕੂਲਾਂ ਦੇ 59 ਵਿਦਿਆਰਥੀਆਂ ਨੇ ਭਾਰਤ ਦੀ ਸਭ ਤੋਂ ਔਖੀ ਇੰਜੀਨੀਅਰਿੰਗ ਪ੍ਰਵੇਸ਼ ਪ੍ਰੀਖਿਆ, ਜੇ.ਈ.ਈ. ਐਡਵਾਂਸਡ 2026, ਪਾਸ ਕੀਤੀ ਹੈ। ਉਹਨਾਂ ਦੱਸਿਆ ਕਿ ਸਾਲ 2025 ਵਿੱਚ 44 ਕੁਆਲੀਫਾਈਰਾਂ ਦੇ ਮੁਕਾਬਲੇ ਇਸ ਵਾਰ 34 ਫੀਸਦ ਵਾਧਾ ਦਰਜ ਕੀਤਾ ਗਿਆ ਹੈ ।

ਇਸ ਪ੍ਰਾਪਤੀ 'ਤੇ ਮਾਣ ਕਰਦਿਆਂ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ 59 ਸਫਲ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ, ਜਿਨ੍ਹਾਂ ਦੀ ਮਿਹਨਤ ਅਤੇ ਸਿਰੜ ਸਦਕਾ ਇਹ ਪ੍ਰਾਪਤੀ ਮਿਲੀ ਹੈ।

ਜ਼ਿਲ੍ਹਾਵਾਰ ਅੰਕੜੇ ਸਾਂਝੇ ਕਰਦਿਆਂ ਸਿੱਖਿਆ ਮੰਤਰੀ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹਾ 11 ਕੁਆਲੀਫਾਈਰਾਂ ਨਾਲ ਸਭ ਤੋਂ ਮੋਹਰੀ ਵਜੋਂ ਉਭਰਿਆ, ਜਿਸ ਤੋਂ ਬਾਅਦ 7 ਵਿਦਿਆਰਥੀਆਂ ਨਾਲ ਸੰਗਰੂਰ ਦੂਜੇ ਸਥਾਨ 'ਤੇ ਰਿਹਾ ਜਦਕਿ ਲੁਧਿਆਣਾ, ਫਿਰੋਜ਼ਪੁਰ ਅਤੇ ਐਸਏਐਸ ਨਗਰ ਤੋਂ ਛੇ-ਛੇ ਵਿਦਿਆਰਥੀਆਂ ਦੀ ਚੋਣ ਹੋਈ। ਉਹਨਾਂ ਦੱਸਿਆ ਕਿ ਫਤਿਹਗੜ੍ਹ ਸਾਹਿਬ ਤੋਂ 5 ਵਿਦਿਆਰਥੀ ਕੁਆਲੀਫਾਈ ਹੋਏ ਜਦਕਿ ਅੰਮ੍ਰਿਤਸਰ ਅਤੇ ਜਲੰਧਰ ਦੇ 4-4 ਵਿਦਿਆਰਥੀਆਂ ਨੇ ਪ੍ਰੀਖਿਆ ਪਾਸ ਕੀਤੀ। ਇਸੇ ਤਰ੍ਹਾਂ ਬਠਿੰਡਾ ਅਤੇ ਗੁਰਦਾਸਪੁਰ ਦੇ 3-3 ਵਿਦਿਆਰਥੀ, ਫਾਜ਼ਿਲਕਾ ਤੋਂ 2 ਅਤੇ ਰੂਪਨਗਰ ਤੇ ਹੁਸ਼ਿਆਰਪੁਰ ਤੋਂ ਇੱਕ-ਇੱਕ ਵਿਦਿਆਰਥੀ ਦੀ ਚੋਣ ਹੋਈ।

ਇਸ ਪ੍ਰਾਪਤੀ ਨੂੰ ਸਰਕਾਰੀ ਸਕੂਲ ਸਿੱਖਿਆ ਦੇ ਖੇਤਰ 'ਚ ਵੱਡਾ ਮੀਲ ਪੱਥਰ ਦੱਸਦਿਆਂ ਸ. ਹਰਜੋਤ ਸਿੰਘ ਬੈਂਸ ਨੇ ਕਿਹਾ, ਇਹ ਕੋਈ ਅਚਨਚੇਤ ਲੱਗਿਆ ਤੁੱਕਾ ਨਹੀਂ ਸਗੋਂ ਅਸੀਂ ਇੱਕ ਸਾਲ ਵਿੱਚ 44 ਤੋਂ 59 ਤੱਕ ਦੇ ਅੰਕੜੇ ਤੱਕ ਪਹੁੰਚ ਹੈ। ਉਹਨਾਂ ਕਿਹਾ ਕਿ ਇੱਕ ਪਿੰਡ ਦਾ ਬੱਚਾ ਜਿਸ ਵਿੱਚ ਹਿੰਮਤ ਹੈ, ਹੁਣ ਮੁਸ਼ਕਲਾਂ ਨੂੰ ਹਰਾ ਸਕਦਾ ਹੈ ਅਤੇ ਕੋਚਿੰਗ 'ਤੇ ਲੱਖਾਂ ਰੁਪਏ ਖ਼ਰਚੇ ਬਿਨਾਂ ਭਾਰਤ ਦੀ ਸਭ ਤੋਂ ਔਖੀ ਪ੍ਰੀਖਿਆ ਪਾਸ ਕਰ ਸਕਦਾ ਹੈ। ਪੰਜਾਬ ਸਿੱਖਿਆ ਕ੍ਰਾਂਤੀ ਦੀ ਜ਼ਮੀਨੀ ਪੱਧਰ 'ਤੇ ਇਹੋ ਸੱਚਾਈ ਹੈ, ਜੋ ਹੁਣ ਪ੍ਰਤੱਖ ਹੁੰਦੀ ਜਾ ਰਹੀ ਹੈ। ਸਾਡੇ ਵਿਦਿਆਰਥੀ ਸਰਕਾਰੀ ਸਕੂਲਾਂ ਵਿੱਚ ਪੜ੍ਹਕੇ ਜੇ.ਈ.ਈ.



ਐਡਵਾਂਸਡ ਪਾਸ ਕਰ ਰਹੇ ਹਨ, ਏ.ਸੀ. ਕੋਚਿੰਗ ਸੈਂਟਰਾਂ ਤੋਂ ਕੋਚਿੰਗ ਲੈ ਕੇ ਨਹੀਂ। ਇਹੀ ਅਸਲ ਕ੍ਰਾਂਤੀ ਹੈ।

ਸ. ਬੈਂਸ ਨੇ ਕਿਹਾ, ਇਹ ਨਤੀਜਾ ਇਹ ਭੁਲੇਖੇ ਵੀ ਦੂਰ ਕਰਦਾ ਹੈ ਕਿ ਆਈ.ਆਈ.ਟੀ. ਵਿੱਚ ਸਿਰਫ਼ ਵੱਡੀਆਂ ਪ੍ਰਾਈਵੇਟ ਕੋਚਿੰਗ ਹੱਬਾਂ ਤੋਂ ਪੜ੍ਹੇ ਵਿਦਿਆਰਥੀ ਹੀ ਜਾਂਦੇ ਹਨ,। ਉਹਨਾਂ ਅੱਗੇ ਕਿਹਾ ,ਪੰਜਾਬ ਸਿੱਖਿਆ ਕ੍ਰਾਂਤੀ ਦਾ ਅਸਲ ਨਿਸ਼ਾਨਾ ਆਧਾਰਤ ਦਖਲ ਅਤੇ ਯੋਗ ਅਧਿਆਪਕਾਂ ਦੀ ਸਹੀ ਸਲਾਹ ਰਾਹੀਂ, ਸਾਡੇ ਸਰਕਾਰੀ ਸਕੂਲ ਹੁਣ ਉੱਚ-ਪੱਧਰੀ ਇੰਜੀਨੀਅਰਿੰਗ ਹੁਨਰ ਪੈਦਾ ਕਰ ਰਹੇ ਹਨ। ਪੰਜਾਬ ਦਾ ਹਰ ਬੱਚਾ ਹੁਣ ਵੱਡੇ ਸੁਪਨੇ ਦੇਖ ਸਕਦਾ ਹੈ ਅਤੇ ਦੇਸ਼ ਦੀਆਂ ਸਭ ਤੋਂ ਔਖੀਆਂ ਪ੍ਰੀਖਿਆਵਾਂ ਪਾਸ ਕਰ ਸਕਦਾ ਹੈ।

ਇਸ ਪ੍ਰਾਪਤੀ ਦਾ ਸਿਹਰਾ ਪ੍ਰਣਾਲੀਗਤ ਸੁਧਾਰਾਂ ਨੂੰ ਦਿੰਦਿਆਂ ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਸਫਲਤਾ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ 'ਪੰਜਾਬ ਸਿੱਖਿਆ ਕ੍ਰਾਂਤੀ' ਦੇ ਨਿਸ਼ਾਨਾ ਬਿੰਨ੍ਹ ਕੇ ਕੀਤੇ ਕੰਮਾਂ ਦਾ ਹੀ ਨਤੀਜਾ ਹੈ। ਇਹ ਪਹਿਲਕਦਮੀ ਸਰਕਾਰੀ ਸਕੂਲਾਂ ਵਿੱਚ ਜੇਈਈ ਅਤੇ ਨੀਟ ਦੇ ਚਾਹਵਾਨਾਂ ਵਿਦਿਆਰਥੀਆਂ ਨੂੰ ਮਿਆਰੀ ਦਰਜੇ ਦੀ ਮੁਫ਼ਤ ਕੋਚਿੰਗ, ਉੱਨਤ ਬੁਨਿਆਦੀ ਢਾਂਚਾ ਅਤੇ ਢੁਕਵੀਂ ਸਲਾਹ ਪ੍ਰਦਾਨ ਕਰਦੀ ਹੈ।

ਸ. ਬੈਂਸ ਨੇ ਦੱਸਿਆ ਕਿ ਵਿਰੋਧੀ ਧਿਰ ਦੇ ਨੇਤਾਵਾਂ ਨੇ ਪਹਿਲਾਂ ਸਰਕਾਰ ਦੇ ਕੋਚਿੰਗ ਪ੍ਰੋਗਰਾਮਾਂ ਨੂੰ 'ਚੋਣ ਜੁਮਲਾ' ਦੱਸ ਕੇ ਖਾਰਜ ਕਰ ਦਿੱਤਾ ਸੀ। ਪਰ ਜੇਈਈ ਅਤੇ ਨੀਟ ਕੁਆਲੀਫਾਇਰ ਵਿੱਚ ਸਾਲ-ਦਰ-ਸਾਲ ਲਗਾਤਾਰ ਵਾਧਾ ਅਸਲ ਸੱਚ ਵਿਖਾਉਂਦਾ ਹੈ ਕਿਉਂਕਿ ਅੰਕੜੇ ਝੂਠ ਨਹੀਂ ਬੋਲਦੇ। ਸਾਡੇ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਹੁਣ ਦੇਸ਼ ਦੇ ਸਭ ਤੋਂ ਵਧੀਆ ਵਿਦਿਆਰਥੀਆਂ ਨਾਲ ਮੁਕਾਬਲਾ ਕਰਨ ਦੇ ਯੋਗ ਬਣ ਰਹੇ ਹਨ।

ਸਿੱਖਿਆ ਮੰਤਰੀ ਨੇ ਕਿਹਾ ਕਿ ਹਰ ਸਫਲ ਵਿਦਿਆਰਥੀ ਦੇ ਪਿੱਛੇ ਦ੍ਰਿੜ ਇਰਾਦਾ, ਕੁਰਬਾਨੀ ਅਤੇ ਮਿਹਨਤ ਦੀ ਕਹਾਣੀ ਛੁਪੀ ਹੁੰਦੀ ਹੈ। ਉਹਨਾਂ ਇਹ ਵੀ ਕਿਹਾ ਕਿ ਜੇਈਈ ਐਡਵਾਂਸਡ ਵਿੱਚ ਪੰਜਾਬ ਦੇ ਸਰਕਾਰੀ ਸਕੂਲ ਦੇ ਵਿਦਿਆਰਥੀਆਂ ਦੀ ਸਫਲਤਾ ਸਿਰਫ਼ ਇੱਕ ਪ੍ਰੀਖਿਆ ਦਾ ਨਤੀਜਾ ਨਹੀਂ ਸਗੋਂ ਇਸ ਗੱਲ ਦਾ ਸਬੂਤ ਹੈ ਕਿ ਸਹੀ ਸਮੇਂ 'ਤੇ ਮਿਲੇ ਵਿਦਿਅਕ ਮੌਕੇ ਕਿਵੇਂ ਜ਼ਿੰਦਗੀਆਂ ਨੂੰ ਬਦਲ ਸਕਦੇ ਹਨ।

ਸ. ਬੈਂਸ ਨੇ ਹੁਸ਼ਿਆਰਪੁਰ ਦੇ ਸਕੂਲ ਆਫ਼ ਐਮੀਨੈਂਸ ਭਾਗਪੁਰ ਸਤੌਰ ਦੀ ਪ੍ਰਿਆ ਭਾਰਦਵਾਜ ਦੇ ਸਫ਼ਰ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਪਿਤਾ ਦੀ ਮੌਤ ਤੋਂ ਬਾਅਦ ਕਿਵੇਂ ਪ੍ਰਿਆ ਦੀ ਇਕੱਲੀ ਮਾਂ ਨੇ ਨਿੱਜੀ ਕੰਪਨੀ ਵਿੱਚ ਕੰਮ ਕਰਕੇ ਮਹਿਜ਼ 1.44 ਲੱਖ ਰੁਪਏ ਦੀ ਸਾਲਾਨਾ ਆਮਦਨ ਨਾਲ ਧੀ ਨੂੰ ਪਾਲਿਆ ਅਤੇ ਪਰਿਵਾਰ ਦਾ ਗੁਜ਼ਾਰਾ ਵੀ ਚਲਾਇਆ। ਆਰਥਿਕ ਤੰਗੀ ਦੇ ਬਾਵਜੂਦ ਪ੍ਰਿਆ ਆਪਣੀ ਪੜ੍ਹਾਈ ਪ੍ਰਤੀ ਸੰਜੀਦਾ ਤੇ ਵਚਨਬੱਧ ਰਹੀ ਅਤੇ ਪੰਜਾਬ ਸਰਕਾਰ ਦੀ ਕੋਚਿੰਗ ਅਤੇ ਸਲਾਹ ਸਦਕਾ ਜੇਈਈ ਐਡਵਾਂਸਡ ਪਾਸ ਕੀਤਾ। ਉਹ ਹੁਣ ਇੱਕ ਇੰਜੀਨੀਅਰ ਬਣਨ ਅਤੇ ਆਪਣੇ ਸਵਰਗੀ ਪਿਤਾ ਦੇ ਸੁਪਨੇ ਨੂੰ ਪੂਰਾ ਕਰਨ ਲਈ ਆਸਵੰਦ ਹੈ।

ਪ੍ਰਾਪਤੀਆਂ ਕਰਨ ਵਾਲਿਆਂ ਵਿੱਚ ਸਕੂਲ ਆਫ਼ ਐਮੀਨੈਂਸ ਮੁੱਲਾਂਪੁਰ, ਐਸਏਐਸ ਨਗਰ ਦਾ ਪ੍ਰਭਜੋਤ ਸਿੰਘ ਵੀ ਸ਼ਾਮਲ ਹੈ। ਉਸ ਦੇ ਪਿਤਾ ਮਜ਼ਦੂਰੀ ਕਰਦੇ ਹਨ ਅਤੇ ਉਸਦੀ ਮਾਂ ਘਰੇਲੂ ਔਰਤ ਹੈ। ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰ ਵਿੱਚੋਂ ਆਉਂਦੇ ਪ੍ਰਭਜੋਤ ਨੂੰ ਪੰਜਾਬ ਸਰਕਾਰ ਵੱਲੋਂ ਦਿੱਤੀ ਗਈ ਅਕਾਦਮਿਕ ਸਹਾਇਤਾ ਨਾਲ ਆਪਣੇ ਅਧਿਆਪਕਾਂ ਅਤੇ ਪ੍ਰਿੰਸੀਪਲ ਤੋਂ ਲਗਾਤਾਰ ਹਿੰਮਤ ਪ੍ਰਾਪਤ ਕੀਤਾ। ਉਹ ਇੰਜੀਨੀਅਰ ਬਣਕੇ ਆਪਣੇ ਪਰਿਵਾਰ ਦਾ ਜੀਵਨ ਪੱਧਰ ਉੱਚਾ ਚੁੱਕਣ ਦਾ ਸੁਪਨਾ ਦੇਖਦਾ ਹੈ।

ਇਸੇ ਤਰ੍ਹਾਂ ਫਤਿਹਗੜ੍ਹ ਸਾਹਿਬ ਦੇ ਸਕੂਲ ਆਫ਼ ਐਮੀਨੈਂਸ ਅਮਲੋਹ ਦੇ ਹਰਸ਼ ਮਾਧਵ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਦਿੱਤੀ ਗਈ ਮੁਫਤ ਕੋਚਿੰਗ, ਮੌਕ ਟੈਸਟ ਅਤੇ ਸਲਾਹ ਨੇ ਉਸਨੂੰ ਜੇਈਈ ਐਡਵਾਂਸਡ ਦੀ ਤਿਆਰੀ ਵਿੱਚ ਮਦਦ ਕੀਤੀ। ਉਸਦੇ ਪਿਤਾ ਇੱਕ ਨਿੱਜੀ ਕੰਪਨੀ ਵਿੱਚ ਪ੍ਰਤੀ ਮਹੀਨਾ 18000 ਰੁਪਏ ਕਮਾਉਂਦੇ ਹਨ ਅਤੇ ਉਸਦਾ ਪਰਿਵਾਰ ਨਿੱਜੀ ਕੋਚਿੰਗ ਦਾ ਖਰਚਾ ਨਹੀਂ ਚੁੱਕ ਸਕਦਾ ਸੀ। ਉਹ ਹੁਣ ਆਈਆਈਟੀ ਮੁੰਬਈ ਵਿੱਚ ਦਾਖਲਾ ਪ੍ਰਾਪਤ ਕਰਨ ਅਤੇ ਆਪਣੇ ਪਰਿਵਾਰ ਲਈ ਇੱਕ ਬਿਹਤਰ ਭਵਿੱਖ ਬਣਾਉਣ ਦੀ ਇੱਛਾ ਰੱਖਦਾ ਹੈ।

## ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਨੂੰ ਸੇਵਾ ਮੁਕਤੀ 'ਤੇ ਕੀਤਾ ਸਨਮਾਨਿਤ



**ਤਰਨਤਾਰਨ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਤਰਨਤਾਰਨ ਦੇ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਸਿਹਤ ਵਿਭਾਗ ਵਿੱਚ 33 ਸਾਲਾਂ ਦੀ ਸ਼ਾਨਦਾਰ ਅਤੇ ਨਿਰਸਵਾਰਥ ਸੇਵਾ ਤੋਂ ਬਾਅਦ 31 ਮਈ ਨੂੰ ਸੇਵਾਮੁਕਤ ਹੋ ਗਏ। ਉਨ੍ਹਾਂ ਦੀ ਇਸ ਉਪਲਬੱਧੀ 'ਤੇ ਦਫ਼ਤਰ ਸਿਵਲ ਸਰਜਨ ਤਰਨ ਤਾਰਨ ਵੱਲੋਂ ਉਨ੍ਹਾਂ ਦੇ ਸਨਮਾਨ ਵਿੱਚ ਇਕ ਵਿਸ਼ੇਸ਼ ਵਿਦਾਇਗੀ ਸਮਾਰੋਹ ਦਾ ਆਯੋਜਨ ਸਤਿਕਾਰ ਪੈਲਿਸ਼ ਤਰਨਤਾਰਨ ਕੀਤਾ ਗਿਆ। ਡਾ. ਗੁਰਪ੍ਰੀਤ ਸਿੰਘ ਰਾਏ ਨੇ ਆਪਣੇ ਕਾਰਜਕਾਲ ਦੌਰਾਨ ਲੱਗਭਗ 3 ਸਾਲ ਤੱਕ ਸਿਵਲ ਸਰਜਨ ਦੇ ਅਹੁਦੇ 'ਤੇ ਰਹਿ ਕੇ ਆਪਣੀਆਂ ਬੇਮਿਸਾਲ ਸੇਵਾਵਾਂ ਦਿੱਤੀਆਂ। ਸਮਾਰੋਹ ਦੌਰਾਨ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਭਾਰਤੀ ਧਵਨ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਵਰਿੰਦਰਪਾਲ ਕੌਰ, ਜ਼ਿਲ੍ਹਾ ਸਿਹਤ ਅਫ਼ਸਰ ਡਾ. ਸੁਖਬੀਰ ਕੌਰ, ਸਹਾਇਕ ਸਿਵਲ ਸਰਜਨ ਡਾ. ਜਸਪ੍ਰੀਤ ਸਿੰਘ, ਡੀਐਮਸੀ ਡਾ. ਰੂਪਮ ਚੌਧਰੀ, ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੁਖਵੰਤ ਸਿੰਘ ਸਿੱਧੂ , ਡਰੱਗ ਇੰਸਪੈਕਟਰ ਹਰਪ੍ਰੀਤ ਸਿੰਘ , ਰਜਵੰਤ ਸਿੰਘ ਬਾਗੜੀਆਂ, ਡਾ. ਰਣਦੀਪ ਸਿੰਘ, ਅਮਰਿੰਦਰ ਸਿੰਘ ਆਦਿ ਨੇ ਉਨ੍ਹਾਂ ਦੀ ਮਿਹਨਤ, ਦਿਆਨਤਦਾਰੀ , ਇਮਾਨਦਾਰੀ ਅਤੇ ਸਮਰਪਣ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਕਿਹਾ ਕਿ ਡਾ. ਗੁਰਪ੍ਰੀਤ ਸਿੰਘ ਰਾਏ ਵੱਲੋਂ ਪਾਈਆਂ ਗਈਆਂ ਪੈੜਾਂ ਹਮੇਸ਼ਾ ਸਾਡੇ ਲਈ ਪ੍ਰੇਰਨਾ ਸਰੋਤ ਰਹਿਣਗੀਆਂ। ਇਸ ਮੌਕੇ ਡਾ. ਰਾਏ ਨੇ ਆਪਣੇ ਤਜ਼ਰਬੇ ਸਾਂਝੇ ਕੀਤੇ ਅਤੇ ਸਾਰੇ ਸਟਾਫ਼ ਮੈਂਬਰਾਂ ਦਾ ਉਨ੍ਹਾਂ ਨੂੰ ਦਿੱਤੇ ਗਏ ਸਹਿਯੋਗ ਲਈ ਧੰਨਵਾਦ ਕੀਤਾ। ਉਨ੍ਹਾਂ ਸਮੂਹ ਕਰਮਚਾਰੀਆਂ ਅਤੇ ਅਧਿਕਾਰੀਆਂ ਨੂੰ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਕੰਮ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸੁਪਰਡੈਂਟ ਪੁਸ਼ਪਿੰਦਰ ਸਿੰਘ, ਸੁਪਰਡੈਂਟ ਤਜਿੰਦਰ ਸਿੰਘ ਢਿੱਲੋਂ, ਮੈਡਮ ਦਵਿੰਦਰ ਰਾਣੀ, ਚੀਫ਼ ਫਾਰਮੇਸੀ ਅਫ਼ਸਰ ਰਣਜੀਤ ਸਿੰਘ, ਵਰਿੰਦਰ ਭਾਟੀਆ, ਗੁਰਦੇਵ ਸਿੰਘ ਢਿੱਲੋਂ, ਭੁਪਿੰਦਰ ਸਿੰਘ, ਅਮਰਜੀਤ ਸਿੰਘ ਗਿੱਲ, ਜਸਪਿੰਦਰ ਸਿੰਘ, ਵਿਰਸਾ ਸਿੰਘ ਪੰਨੂ, ਪਰਦੀਪ ਸਿੰਘ, ਮਨਜਿੰਦਰ ਸਿੰਘ, ਮਨਦੀਪ ਸਿੰਘ,ਸੁਰਜੀਤ ਸਿੰਘ, ਮੈਡਮ ਸਾਕਸ਼ੀ ਖੋਸਲਾ, ਇੰਦਰਜੀਤ ਭੁੱਲਰ , ਮਲਵਿੰਦਰ ਸਿੰਘ, ਗੁਰਮੁਖ ਸਿੰਘ ਮਨਦੀਪ ਸਿੰਘ, ਆਰੁਸ਼ ਭੱਲਾ, ਰਿਤੇਸ਼ ਵਾਲੀਆ,ਕਾਬਲ ਸਿੰਘ , ਸਿਮਰਜੀਤ ਕੌਰ, ਰਣਬੀਰ ਕੌਰ, ਬਲਜੀਤ ਕੌਰ ,ਗੌਰਵ, ਰਣਜੀਤ ਸਿੰਘ ਆਦਿ ਨੇ ਡਾਕਟਰ ਗੁਰਪ੍ਰੀਤ ਸਿੰਘ ਰਾਏ ਨੂੰ ਵਧਾਈ ਪੇਸ਼ ਕੀਤੀ ਅਤੇ ਆਉਣ ਵਾਲੀ ਜ਼ਿੰਦਗੀ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

**ਪੰਜਾਬ ਰਾਜ ਵਿੱਚ ਐਸ.ਆਈ.ਆਰ. ਅਧੀਨ ਘਰੋ-ਘਰੀ ਗਣਨਾ 26 ਜੂਨ 2026 ਤੋਂ ਹੋਵੇਗੀ ਸ਼ੁਰੂ; ਪ੍ਰੀ ਐਸ.ਆਈ.ਆਰ. ਦੌਰਾਨ ਹੋਈ 84.62 ਫੀਸਦ ਮੈਪਿੰਗ**

# ਮੈਪ ਨਾ ਹੋਏ ਵੋਟਰਾਂ ਦੀ ਸੂਚੀ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨਾਲ ਕੀਤੀ ਸਾਂਝੀ ਤਾਂ ਜੋ ਮੈਪਡ ਵੋਟਾਂ ਦੀ ਪ੍ਰਤੀਸ਼ਤ ਵਿੱਚ ਹੋਵੇ ਸੁਧਾਰ: ਅਨਿੰਦਿਤਾ ਮਿਤਰਾ, ਸੀ.ਈ.ਓ. ਪੰਜਾਬ

**ਚੰਡੀਗੜ੍ਹ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਵਿੱਚ ਭਾਰਤੀ ਚੋਣ ਕਮਿਸ਼ਨ ਵਲੋਂ ਕਰਵਾਏ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਅਧੀਨ ਅੱਜ ਮੁੱਖ ਚੋਣ ਅਫ਼ਸਰ ਪੰਜਾਬ ਸ੍ਰੀਮਤੀ ਅਨਿੰਦਿਤਾ ਮਿਤਰਾ ਵਲੋਂ ਪੰਜਾਬ ਰਾਜ ਦੀਆਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਉਹਨਾਂ ਨੇ ਪੰਜਾਬ ਰਾਜ ਦੀਆਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਪ੍ਰੀਮੈਪਿੰਗ ਦੌਰਾਨ ਜਿਨ੍ਹਾਂ ਵੋਟਰਾਂ ਦੇ ਰਿਕਾਰਡ ਦਾ ਮਿਲਾਨ ਨਹੀਂ ਹੋਇਆ ਹੈ ਉਸ ਸਬੰਧੀ ਸੂਚੀ ਸੌਂਪੀ। ਉਹਨਾਂ ਵੱਲੋਂ ਨੁਮਾਇੰਦਿਆਂ ਨੂੰ ਦੱਸਿਆ ਗਿਆ ਕਿ ਅੱਜ ਜੋ ਸੂਚੀ ਸੌਂਪੀ ਗਈ ਹੈ, ਉਹ 27 ਮਈ 2026 ਤੱਕ ਪ੍ਰੀਮੈਪਿੰਗ ਦੌਰਾਨ ਮੈਪ ਨਾ ਹੋਏ ਵੋਟਰਾਂ ਸਬੰਧੀ ਹੈ ਅਤੇ ਜਿਨਾਂ ਵਿਚੋਂ ਕੁਝ ਵੋਟਰਾਂ ਦੀ ਮੈਪਿੰਗ ਹੋਈ ਹੋਣ ਦੀ ਵੀ ਸੰਭਾਵਨਾ ਹੈ।



ਸ੍ਰੀਮਤੀ ਮਿਤਰਾ ਵੱਲੋਂ ਐਸ.ਆਈ.ਆਰ. ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਰਾਜਨੀਤਿਕ ਪਾਰਟੀਆਂ ਨੂੰ ਸਰਗਰਮੀ ਨਾਲ ਭਾਗ ਲੈਣ ਦੀ ਅਪੀਲ ਕੀਤੀ ਗਈ। ਉਹਨਾਂ ਕਿਹਾ ਕਿ ਘਰੋ-ਘਰੀ ਗਣਨਾ ਸ਼ੁਰੂ ਹੋਣ ਤੋਂ ਪਹਿਲਾਂ ਵੱਧ ਤੋਂ ਵੱਧ ਵੋਟਰਾਂ ਤੱਕ ਪਹੁੰਚ ਕਰਨ ਦੀ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ।

ਐਸ.ਆਈ.ਆਰ. ਦੀ ਪ੍ਰਕਿਰਿਆ ਸਬੰਧੀ ਚਿੰਤਾਵਾਂ ਨੂੰ ਦੂਰ ਕਰਦਿਆਂ ਸੀਈਓ ਨੇ ਦੱਸਿਆ ਕਿ ਜੇਕਰ ਕੋਈ ਵੋਟਰ ਪ੍ਰੀ-ਐਸਆਈਆਰ ਮੁਹਿੰਮ ਦੌਰਾਨ ਮੈਪਿੰਗ ਤੋਂ ਰਹਿ ਜਾਂਦਾ ਹੈ ਤਾਂ ਵੀ ਵੋਟਰ ਨੂੰ ਚਿੰਤਾ ਕਰਨ ਦੀ ਕੋਈ ਲੋੜ ਨਹੀਂ ਹੈ। ਉਸ ਸਥਿਤੀ ਵਿੱਚ, ਚੋਣ ਅਧਿਕਾਰੀ ਵੋਟਰ ਦੇ ਵੇਰਵਿਆਂ ਦੀ ਪੁਸ਼ਟੀ ਕਰਨ ਲਈ ਕੁਝ ਦਸਤਾਵੇਜ਼ਾਂ ਦੀ ਮੰਗ ਕੀਤੀ ਜਾਵੇਗੀ।

ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਪ੍ਰੀ-ਮੈਪਿੰਗ ਦੀ ਪ੍ਰਕਿਰਿਆ ਵਿੱਚ ਹੋਰ ਤੇਜ਼ੀ ਲਿਆਉਣ ਦੇ ਮਕਸਦ ਨਾਲ 7 ਜੂਨ 2026 ਨੂੰ ਪੰਜਾਬ ਰਾਜ ਦੇ ਸਾਰੇ ਪੋਲਿੰਗ ਸਟੇਸ਼ਨਾ ਉੱਤੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ, ਜਿੱਥੇ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਬੀ.ਐਲ.ਓਜ਼. ਵੱਲੋਂ ਪ੍ਰੀ-ਮੈਪਿੰਗ ਦੇ ਕਾਰਜ ਵਿੱਚ ਵੋਟਰਾਂ ਦੀ ਸਹਾਇਤਾ ਕੀਤੀ ਜਾਵੇਗੀ।

ਉਹਨਾਂ ਨੁਮਾਇੰਦਿਆਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਬੀ.ਐਲ.ਏ.-2 ਦੀ ਨਿਯੁਕਤੀ ਦੇ ਕਾਰਜ ਵਿੱਚ ਤੇਜੀ ਲਿਆਉਣ ਕਿਉਂਕਿ ਐਸ.ਆਈ.ਆਰ. ਦੌਰਾਨ ਬੀ.ਐਲ.ਏ.-2 ਦੀ ਭੂਮਿਕਾ ਬਹੁਤ ਅਹਿਮ ਹੈ, ਇਸ ਲਈ ਸਮੁੱਚੀਆਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਇਹ ਨਿਯੁਕਤੀਆਂ ਜਲਦ ਤੋਂ ਜਲਦ ਕਰਨ।

ਮੁੱਖ ਚੋਣ ਅਫ਼ਸਰ ਨੇ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਚੋਣ ਕਮਿਸ਼ਨ ਦੀ ਵੈੱਬਸਾਈਟ https://voters.eci.gov.in/ ਉੱਤੇ ਜਾ ਕੇ ਵੋਟ ਮੈਪ ਕਰਨ ਦੀ ਵਿਧੀ ਤੋਂ ਵੀ ਜਾਣੂ ਕਰਵਾਇਆ।

ਇਸ ਮੌਕੇ ਜਾਣਕਾਰੀ ਦਿੰਦਿਆਂ ਮੁੱਖ ਚੋਣ ਅਫ਼ਸਰ ਪੰਜਾਬ ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਲਈ ਪਹਿਲਾਂ ਐਲਾਨੇ ਗਏ ਪ੍ਰੋਗਰਾਮ ਵਿੱਚ ਅੰਸ਼ਿਕ ਸੋਧ ਕੀਤੀ ਗਈ ਹੈ। ਉਹਨਾਂ ਦੱਸਿਆ ਕਿ ਵੋਟਰ ਸੂਚੀਆਂ ਦਾ ਖਰੜਾ 3 ਅਗਸਤ 2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ । ਇਸੇ ਤਰ੍ਹਾਂ ਵੋਟਰ ਸੂਚੀਆਂ ਸਬੰਧੀ ਇਤਰਾਜ਼ ਅਤੇ ਦਾਅਵੇ ਪੇਸ਼ ਕਰਨ ਦਾ ਸਮਾਂ 03-08-2026 ਤੋਂ 02-09- 2026 ਕਰ ਦਿੱਤਾ ਗਿਆ ਹੈ । ਨੋਟਿਸ ਫੇਜ/ਇਤਰਾਜ਼ ਅਤੇ ਦਾਅਵਿਆਂ ਦਾ ਨਿਪਟਾਰਾ 03-08-2026 ਤੋਂ 28-09- 2026 ਤੱਕ ਕੀਤਾ ਜਾਵੇਗਾ। ਮੁੱਖ ਚੋਣ ਅਫ਼ਸਰ ਨੇ ਦੱਸਿਆ ਕਮਿਸ਼ਨ ਵਲੋਂ ਬਾਕੀ ਸਮਾਂ ਸਾਰਣੀ 14 ਮਈ 2026 ਵਾਲੀ ਹੀ ਰੱਖੀ ਗਈ ਹੈ।

ਮੀਟਿੰਗ ਦੌਰਾਨ , ਐਡੀਸ਼ਨ ਸੀ.ਈ.ਓ. ਸ੍ਰੀ ਅਮਨਦੀਪ ਗਰਗ , ਜੁਆਇੰਟ ਸੀ.ਈ.ਓ. ਸ੍ਰੀਮਤੀ ਨਵਨੀਤ ਕੌਰ ਬੱਲ, ਜੁਆਇੰਟ ਸੀ.ਈ.ਓ. ਗੁਰਿੰਦਰ ਸਿੰਘ ਸੋਢੀ ਤੋਂ ਇਲਾਵਾ ਮਾਨਤਾ ਪ੍ਰਾਪਤ ਪਾਰਟੀਆਂ ਵਿੱਚੋਂ ਆਮ ਆਦਮੀ ਪਾਰਟੀ ਤੋਂ ਫੈਰੀ ਸੋਫ਼ਤ, ਬਹੁਜਨ ਸਮਾਜ ਪਾਰਟੀ ਤੋਂ ਜਸਵੰਤ ਰਾਏ ਅਤੇ ਅਜੀਤ ਸਿੰਘ ਭੈਣੀ, ਭਾਰਤੀ ਜਨਤਾ ਪਾਰਟੀ ਤੋਂ ਐਨ.ਕੇ. ਵਰਮਾ, ਕਮਿਊਨਿਸਟ ਪਾਰਟੀ ਆਫ਼ ਇੰਡੀਆਂ (ਮਾਰਕਸਵਾਦੀ) ਸੁਨੀਲ ਕੁਮਾਰ , ਇੰਡੀਅਨ ਨੈਸ਼ਨਲ ਕਾਂਗਰਸ ਤੋਂ ਕੈਪਟਨ ਸੰਦੀਪ ਸੰਧੂ ਅਤੇ ਹਰਦੀਪ ਸਿੰਘ ਕਿੰਗਰਾ, ਸ਼੍ਰੋਮਣੀ ਅਕਾਲੀ ਦਲ ਤੋਂ ਐਡਵੋਕੇਟ ਅਰਸ਼ਦੀਪ ਸਿੰਘ ਕਲੇਰ ਹਾਜ਼ਰ ਸਨ।

## ਜ਼ਿਲ੍ਹਾ ਚੋਣ ਅਫਸਰ ਵੱਲੋਂ ਐਸ.ਆਈ.ਆਰ ਦੇ ਸੋਧੇ ਸ਼ਡਿਊਲ ਸਬੰਧੀ ਰਾਜਨੀਤਿਕ ਪਾਰਟੀਆਂ ਨਾਲ ਮੀਟਿੰਗ



**ਤਰਨਤਾਰਨ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਚੋਣ ਕਮਿਸ਼ਨ ਵੱਲੋਂ ਯੋਗਤਾ ਮਿਤੀ 01.10.2026 ਦੇ ਅਧਾਰ 'ਤੇ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐਸ.ਆਈ.ਆਰ) ਦਾ ਸੋਧਿਆ ਸ਼ਡਿਊਲ ਜਾਰੀ ਕੀਤਾ ਗਿਆ ਹੈ। ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਕੀਤੀ ਮੀਟਿੰਗ ਦੌਰਾਨ ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਰਾਹੁਲ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਨਵੇਂ ਸੋਧੇ ਗਏ ਸ਼ਡਿਊਲ ਅਨੁਸਾਰ ਹੁਣ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ ਪਹਿਲਾਂ ਨਿਰਧਾਰਿਤ ਮਿਤੀ 31.07.2026 ਦੀ ਬਜਾਏ ਹੁਣ 03.08.2026 ਨੂੰ ਕੀਤੀ ਜਾਵੇਗੀ। ਇਸੇ ਤਰ੍ਹਾਂ ਵੋਟਰ ਸੂਚੀ ਸਬੰਧੀ ਦਾਅਵੇ ਅਤੇ ਇਤਰਾਜ਼ ਦਰਜ਼ ਕਰਵਾਉਣ ਦਾ ਸਮਾਂ ਵੀ ਬਦਲ ਦਿੱਤਾ ਗਿਆ ਹੈ, ਜਿਸ ਤਹਿਤ ਹੁਣ ਨਾਗਰਿਕ 03.08.2026 ਤੋਂ 02.09.2026 ਤੱਕ ਆਪਣੇ ਦਾਅਵੇ ਅਤੇ ਇਤਰਾਜ਼ ਪੇਸ਼ ਕਰ ਸਕਣਗੇ। ਉਨ੍ਹਾਂ ਅੱਗੇ ਦੱਸਿਆ ਕਿ ਪ੍ਰਾਪਤ ਹੋਏ ਦਾਅਵਿਆਂ ਅਤੇ ਇਤਰਾਜ਼ਾਂ ਦੇ ਨਿਪਟਾਰੇ ਅਤੇ 'ਨੋਟਿਸ ਫੇਜ਼' ਦੀ ਪ੍ਰਕਿਰਿਆ ਹੁਣ 03.08.2026 ਤੋਂ 28.09.2026 ਤੱਕ ਮੁਕੰਮਲ ਕੀਤੀ ਜਾਵੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਸੁਧਾਈ ਮੁਹਿੰਮ ਦੀਆਂ ਬਾਕੀ ਰਹਿੰਦੀਆਂ ਸਾਰੀਆਂ ਗਤੀਵਿਧੀਆਂ ਦਾ ਸ਼ਡਿਊਲ ਪਹਿਲਾਂ ਵਾਲਾ ਹੀ ਰਹੇਗਾ, ਉਸ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ 26 ਜੂਨ 2026 ਤੋਂ 24 ਜੁਲਾਈ 2026 ਤੱਕ ਬੀ.ਐਲ.ਓਜ਼ ਘਰ-ਘਰ ਜਾ ਕੇ ਫਾਰਮ ਭਰਵਾਉਣਗੇ। ਸ੍ਰੀ ਰਾਹੁਲ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਵੋਟਰਾਂ ਨੂੰ ਐਸ.ਆਈ.ਆਰ ਅਧੀਨ ਫਾਰਮ ਭਰਨਾ ਪਵੇਗਾ।

ਉਨ੍ਹਾਂ ਰਾਜਨੀਤਿਕ ਪਾਰਟੀਆਂ ਨੂੰ ਜਲਦ ਤੋਂ ਜਲਦ ਇਸ ਸਬੰਧੀ ਆਪਣੇ ਬੀ.ਐਲ.ਏ ਨਿਯੁਕਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਰਾਜਨੀਤਿਕ ਪਾਰਟੀਆਂ ਦੀ ਐਸ.ਆਈ.ਆਰ ਵਿੱਚ ਸ਼ਮੂਲੀਅਤ ਵਧਾਉਣ ਲਈ ਬੀ.ਐਲ.ਏ ਨੂੰ ਵੋਟਰਾਂ ਦੇ ਫਾਰਮ ਜਮ੍ਹਾ ਕਰਾਉਣ ਦੀ ਮਨਜ਼ੂਰੀ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ 16 ਜੂਨ ਤੋਂ 19 ਜੂਨ ਤੱਕ ਬੀ.ਐਲ.ਏਜ਼ ਲਈ ਇਕ ਟ੍ਰੇਨਿੰਗ ਪ੍ਰੋਗਰਾਮ ਉਲੀਕਿਆ ਗਿਆ ਹੈ।

ਉਨ੍ਹਾਂ ਸਮੂਹ ਰਾਜਨੀਤਕ ਪਾਰਟੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੀ.ਐਲ.ਏਜ਼ ਦੀ ਇਸ ਟ੍ਰੇਨਿੰਗ ਪ੍ਰੋਗਰਾਮ ਵਿਚ ਸ਼ਮੂਲੀਅਤ ਯਕੀਨੀ ਬਣਾਉਣ।

ਇਸ ਮੌਕੇ ਤਹਿਸੀਲਦਾਰ ਚੋਣਾਂ ਇੰਦਰਜੀਤ ਸਿੰਘ, ਚੋਣ ਕਾਨੂੰਗੋ ਦਿਲਬਾਗ ਸਿੰਘ ਤੋਂ ਇਲਾਵਾ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਵੀ ਹਾਜ਼ਰ ਸਨ, ਜਿਨ੍ਹਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਤੋਂ ਕੁਲਦੀਪ ਸਿੰਘ, ਕਾਂਗਰਸ ਤੋਂ ਲਖਵਿੰਦਰ ਸਿੰਘ ਤੇ ਬਰਕਤ ਸਿੰਘ ਵੋਹਰਾ, ਆਮ ਆਦਮੀ ਪਾਰਟੀ ਤੋਂ ਮਨਦੀਪ ਸਿੰਘ ਗਿੱਲ ਤੇ ਮਨਜੀਤ ਸਿੰਘ ਰੰਧਾਵਾ ਅਤੇ ਭਾਜਪਾ ਤੋਂ ਵਿਵੇਕ ਅਗਰਵਾਲ ਸ਼ਾਮਿਲ ਸਨ।

# ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਜੀਐੱਮਸੀਐੱਚ ਸੈਕਟਰ 48 ਵਿਖੇ ਵਿਸਤਾਰਿਤ ਸਿਹਤ ਸੇਵਾਵਾਂ ਅਤੇ ਨਵੀਆਂ ਓਪੀਡੀਜ਼ ਦਾ ਨਿਰੀਖਣ ਕੀਤਾ

**ਚੰਡੀਗੜ੍ਹ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸ਼ਹਿਰ ਵਿੱਚ ਸਿਹਤ ਸੁਵਿਧਾਵਾਂ ਦੀ ਵਿਸਤ੍ਰਿਤ ਸਮੀਖਿਆ ਕੀਤੀ। ਇਸ ਦੌਰਾਨ ਉਨ੍ਹਾਂ ਨੇ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ??ਕਰਨ ਅਤੇ ਨਾਗਰਿਕਾਂ ਨੂੰ ਗੁਣਵੱਤਾਪੂਰਨ ਚਿਕਿਤਸਾ ਸੇਵਾਵਾਂ ਸੁਨਿਸ਼ਚਿਤ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ। ਆਪਣੇ ਦੌਰੇ ਦੇ ਦੌਰਾਨ ਉਨ੍ਹਾਂ ਨੇ ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਸੰਚਾਲਿਤ ਵਿੱਦਿਅਕ ਬੁਨਿਆਦੀ ਢਾਂਚੇ ਅਤੇ ਵਾਤਾਵਰਣਕ ਪਹਿਲਾਂ ਦੀ ਵੀ ਸਮੀਖਿਆ ਕੀਤੀ।

ਗਵਰਨਮੈਂਟ ਮੈਡੀਕਲ ਕਾਲਜ ਅਤੇ ਹਸਪਤਾਲ (ਜੀਐੱਮਸੀਐੱਚ), ਸਾਊਥ ਕੈਂਪਸ, ਸੈਕਟਰ 48 ਵਿਖੇ ਪ੍ਰਸ਼ਾਸਕ ਨੇ ਨਾਗਰਿਕਾਂ ਨੂੰ ਉਪਲਬਧ ਕਰਵਾਈਆਂ ਜਾ ਰਹੀਆਂ ਵਿਭਿੰਨ ਸਿਹਤ ਸੇਵਾਵਾਂ ਦਾ ਨਿਰੀਖਣ ਕੀਤਾ। ਸਿਹਤ ਸਕੱਤਰ ਸ਼੍ਰੀ ਮਨਦੀਪ ਸਿੰਘ ਬਰਾੜ ਨੇ ਉਨ੍ਹਾਂ ਨੂੰ ਆਯੁਸ਼ ਓਪੀਡੀ, ਹੋਮਿਓਪੈਥੀ ਸੇਵਾਵਾਂ ਅਤੇ ਆਗਾਮੀ ਪੰਚਕਰਮਾ ਸੁਵਿਧਾ ਬਾਰੇ ਜਾਣਕਾਰੀ ਦਿੱਤੀ।

ਸੁਲਭ ਅਤੇ ਗੁਣਵੱਤਾਪੂਰਨ ਸਿਹਤ ਸੇਵਾਵਾਂ ਦੇ ਮਹੱਤਵ 'ਤੇ ਬਲ ਦਿੰਦੇ ਹੋਏ ਰਾਜਪਾਲ ਨੇ ਲੋਕਾਂ ਨੂੰ ਬਿਹਤਰੀਨ ਚਿਕਿਤਸਾ ਸੁਵਿਧਾਵਾਂ ਉਪਲਬਧ ਕਰਵਾਉਣ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਸਰਕਾਰੀ ਹਸਪਤਾਲਾਂ ਵਿੱਚ ਸਿਹਤ ਸੰਭਾਲ਼ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਪ੍ਰਸ਼ਾਸਨ ਦੇ ਸੰਕਲਪ ਨੂੰ ਦੁਹਰਾਇਆ। ਉਨ੍ਹਾਂ ਨੇ ਕਿਹਾ ਕਿ ਸਿਹਤ ਸੇਵਾਵਾਂ ਦੇ ਵਿਸਤਾਰ ਅਤੇ ਚਿਕਿਤਸਾ ਬੁਨਿਆਦੀ ਢਾਂਚੇ ਦੀ ਅਪਗ੍ਰੇਡੇਸ਼ਨ ਲਈ ਨਿਰੰਤਰ ਪ੍ਰਯਾਸ ਕੀਤੇ ਜਾ ਰਹੇ ਹਨ, ਤਾਕਿ ਸਾਰੇ ਨਾਗਰਿਕਾਂ ਨੂੰ ਬਿਹਤਰ ਇਲਾਜ ਅਤੇ ਮਰੀਜ਼ਾਂ ਦੀ ਦੇਖਭਾਲ਼ ਸੁਨਿਸ਼ਚਿਤ ਕੀਤੀ ਜਾ ਸਕੇ।

ਪ੍ਰਸ਼ਾਸਕ ਨੇ ਫਿਜ਼ੀਓਥੈਰੇਪੀ, ਟੀਕਾਕਰਣ, ਡੇਅ ਕੇਅਰ, ਔਨਕੋਲੋਜੀ, ਯੋਗ, ਡੈਂਟਲ ਅਤੇ ਪੀਡੀਆਟ੍ਰਿਕ ਓਪੀਡੀ ਸਹਿਤ ਰੇਡੀਏਸ਼ਨ ਔਨਕੋਲੋਜੀ



ਸੇਵਾਵਾਂ ਦਾ ਵੀ ਨਿਰੀਖਣ ਕੀਤਾ। ਸਿਹਤ ਸਕੱਤਰ ਨੇ ਉਨ੍ਹਾਂ ਨੂੰ ਦੱਸਿਆ ਕਿ ਹਾਲ ਹੀ ਵਿੱਚ ਕਈ ਨਵੀਆਂ ਓਪੀਡੀ ਸੇਵਾਵਾਂ ਸ਼ੁਰੂ ਕੀਤੀਆਂ ਗਈਆਂ ਹਨ ਅਤੇ ਸਿਹਤ ਸੇਵਾਵਾਂ ਪ੍ਰਤੀ ਜਾਗਰੂਕਤਾ ਅਤੇ ਉਪਯੋਗ ਵਧਾਉਣ ਲਈ ਜਨ-ਜਾਗਰੂਕਤਾ ਮੁਹਿੰਮਾਂ ਵੀ ਚਲਾਈਆਂ ਜਾ ਰਹੀਆਂ ਹਨ।

ਆਯੁਸ਼ਮਾਨ ਆਰੋਗਯ ਮੰਦਿਰ, ਸੈਕਟਰ 47 ਅਤੇ ਸਿਵਲ ਹਸਪਤਾਲ, ਸੈਕਟਰ 45 ਵਿਖੇ ਪ੍ਰਸ਼ਾਸਕ ਦੇ ਨਾਲ ਸਿਹਤ ਸਕੱਤਰ ਅਤੇ ਡਾਇਰੈਕਟਰ ਸਿਹਤ ਸੇਵਾਵਾਂ, ਡਾ. ਸੁਮਨ ਸਿੰਘ ਵੀ ਉਪਸਥਿਤ ਰਹੇ। ਇੱਥੇ ਉਨ੍ਹਾਂ ਨੇ ਆਯੁਰਵੈਦਿਕ ਫਾਰਮੇਸੀ, ਹੋਮਿਓਪੈਥੀ ਓਪੀਡੀ, ਡੈਂਟਲ ਓਪੀਡੀ, ਏਐੱਨਸੀ ਓਪੀਡੀ ਅਤੇ ਏਐੱਨਐੱਮ/ਆਰਸੀਐੱਚ ਰੂਮ ਸਹਿਤ ਫਾਰਮੇਸੀ ਸੇਵਾਵਾਂਦਾ ਨਿਰੀਖਣ ਕੀਤਾ।

ਇਸ ਦੇ ਇਲਾਵਾ ਉਨ੍ਹਾਂ ਨੇ ਐਮਰਜੈਂਸੀ ਸੇਵਾਵਾਂ, ਈਸੀਜੀ ਸੁਵਿਧਾ, ਈਐੱਮਓ ਰੂਮ ਸੇਵਾਵਾਂ, ਬੀਪੀ ਜਾਂਚ ਜਿਹੀਆਂ ਬੁਨਿਆਦੀ ਸਿਹਤ ਜਾਂਚਾਂ ਅਤੇ ਮਲੇਰੀਆ ਪ੍ਰਯੋਗਸ਼ਾਲਾ ਸੇਵਾਵਾਂ ਦੀ ਵੀ ਸਮੀਖਿਆ ਕੀਤੀ। ਪ੍ਰਸ਼ਾਸਕ ਨੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਗੱਲਬਾਤ ਕਰਕੇ ਉਪਲਬਧ ਕਰਵਾਈਆਂ ਜਾ ਰਹੀਆਂ ਸੁਵਿਧਾਵਾਂ ਬਾਰੇ ਫੀਡਬੈਕ ਲਿਆ, ਜਿਸ 'ਤੇ ਸਿਹਤ ਸੇਵਾਵਾਂ ਨੂੰ ਲੈਕੇ ਸਕਾਰਾਤਮਕ ਪ੍ਰਤੀਕਿਰਿਆ ਪ੍ਰਾਪਤ ਹੋਈ।

ਇਸ ਦੇ ਬਾਅਦ ਗਵਰਨਮੈਂਟ ਮਾਡਲ ਸੀਨੀਅਰ ਸੈਕੰਡਰੀ ਸਕੂਲ, ਮਲੋਆ ਵਿਖੇ ਪ੍ਰਸ਼ਾਸਕ ਨੇ ਮਲੋਆ ਸਮਾਧਾਨ ਸ਼ਿਵਿਰ ਦੇ ਦੌਰਾਨ ਉਠਾਏ ਗਏ ਸਕੂਲਾਂ ਨਾਲ ਸਬੰਧਿਤ ਮੁੱਦਿਆਂ ਦੀ ਸਮੀਖਿਆ ਕੀਤੀ।

ਉਨ੍ਹਾਂ ਨੂੰ ਜਾਣੂ ਕਰਵਾਇਆ ਗਿਆ ਕਿ ਗਵਰਨਮੈਂਟ ਹਾਈ ਸਕੂਲ, ਮਲੋਆ ਵਿਖੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਹਿਤ 25 ਕਮਰਿਆਂ ਦੇ ਨਿਰਮਾਣ ਲਈ ਟੈਂਡਰ ਮਨਜ਼ੂਰ ਕਰ ਦਿੱਤਾ ਗਿਆ ਹੈ। ਇਸ ਅਵਸਰ 'ਤੇ ਸਿੱਖਿਆ ਸਕੱਤਰ ਸ਼੍ਰੀ ਪ੍ਰੇਰਣਾ ਪੁਰੀ ਅਤੇ ਡਾਇਰੈਕਟਰ ਸਕੂਲ ਸਿੱਖਿਆ ਸ਼੍ਰੀ ਨਿਤੀਸ਼ ਸਿੰਗਲਾ ਵੀ ਉਪਸਥਿਤ ਰਹੇ।

ਇਸ ਤੋਂ ਪਹਿਲਾਂ ਡੱਡੂ ਮਾਜਰਾ ਡੰਪਿੰਗ ਗਰਾਊਂਡ ਸਾਇਟ 'ਤੇ, ਪ੍ਰਸ਼ਾਸਕ ਨੇ ਜੁਲਾਈ ਮਹੀਨੇ ਵਿੱਚ ਪ੍ਰਸਤਾਵਿਤ ਰੁੱਖ ਲਗਾਉਣ ਦੀ ਮੁਹਿੰਮ ਲਈ ਚਲ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ।ਉਨ੍ਹਾਂ ਨੇ ਨਗਰ ਨਿਗਮ ਕਮਿਸ਼ਨਰ ਸ਼੍ਰੀ ਅਮਿਤ ਕੁਮਾਰ ਨੂੰ ਨਿਰਦੇਸ਼ ਦਿੱਤੇ ਕਿ ਮਾਨਸੂਨ ਸੀਜ਼ਨ ਦੇ ਦੌਰਾਨ ਪੌਦੇ ਲਗਾਉਣ ਦੀਆਂ ਗਤੀਵਿਧੀਆਂ ਦੇ ਸੁਚਾਰੂ ਸੰਚਾਲਨ ਲਈ ਭੂਮੀ ਪੱਧਰੀ ਕਰਨ ਦੇ ਕਾਰਜ ਨੂੰ ਪ੍ਰਾਥਮਿਕਤਾ ਦੇ ਅਧਾਰ 'ਤੇ ਜਲਦੀ ਪੂਰਾ ਕੀਤਾ ਜਾਵੇ।

## ਡਿਪਟੀ ਕਮਿਸ਼ਨਰ ਵਲੋਂ ਆਰਮਡ ਫੋਰਸਿਸ ਪ੍ਰੈਪਰੇਟਰੀ ਸੰਸਥਾ ਬਜਵਾੜਾ ਨੂੰ ਜਲਦ ਮੁਕੰਮਲ ਕਰਨ ਦੀ ਲੋੜ 'ਤੇ ਜ਼ੋਰ



**ਹੁਸ਼ਿਆਰਪੁਰ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਪ੍ਰਧਾਨਗੀ ਹੇਠ ਸਰਦਾਰ ਬਹਾਦਰ ਅਮੀਂ ਚੰਦ ਸੋਨੀ ਆਰਮਡ ਫੋਰਸਿਸ ਪ੍ਰੈਪਰੇਟਰੀ ਸੰਸਥਾ ਦੇ ਲਈ ਫਰਨੀਚਰ/ਫਰਨੀਸ਼ਿੰਗ, ਮੈਸ ਉਪਕਰਨ ਅਤੇ ਸਮਾਨ ਆਦਿ ਦੀ ਵਿੱਤੀ ਨਿਯਮਾਂ ਅਨੁਸਾਰ ਖਰੀਦ ਕਰਨ ਸਬੰਧੀ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਵੱਲੋਂ ਇਸ ਮਹੀਨੇ ਵਿੱਚ ਸਮਾਨ ਦੀ ਖਰੀਦ ਕਰਕੇ ਸੰਸਥਾ ਮੁਕੰਮਲ ਕਰਨ ਦੇ ਆਦੇਸ਼ ਦਿੱਤੇ ਗਏ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਅਧੀਨ ਸਰਦਾਰ ਬਹਾਦਰ ਅਮੀਂ ਚੰਦ ਸੋਨੀ ਏ.ਐਫ.ਪੀ.ਆਈ. ਬਜਵਾੜਾ ਵਿਖੇ ਆਰਮਡ ਫੋਰਸਿਸ ਵਿੱਚ ਅਫ਼ਸਰ ਦੇ ਤੌਰ 'ਤੇ ਗ੍ਰੈਜੂਏਟ ਐਂਟਰੀ (ਜਿਵੇਂ ਸੀ.ਡੀ.ਐਸ., ਏ.ਐਫ.ਕੈਟ, ਆਈ.ਐਮ.ਏ., ਓ.ਟੀ.ਏ. ਅਤੇ ਐਸ.ਐਸ.ਬੀ.) ਦੇ ਪ੍ਰਵੇਸ਼ ਪ੍ਰੀਖਿਆ ਦੀ ਕੋਚਿੰਗ/ਟ੍ਰੇਨਿੰਗ ਲਈ ਪਹਿਲਾ ਬੈਚ ਜੁਲਾਈ-2026 ਦੇ ਪਹਿਲੇ ਹਫ਼ਤੇ ਸ਼ੁਰੂ ਕੀਤੇ ਜਾਣ ਦੀ ਸੰਭਾਵਨਾ ਹੈ।

ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਨਿਕਾਸ ਕੁਮਾਰ ਨੇ ਦੱਸਿਆ ਕਿ ਜਿਹੜੇ ਵੀ ਬਿਨੈਕਾਰ ਸਰਦਾਰ ਬਹਾਦਰ ਅਮੀਂ ਚੰਦ ਸੋਨੀ ਏ.ਐਫ.ਪੀ.ਆਈ. ਬਜਵਾੜਾ ਵਿਖੇ ਕੋਚਿੰਗ/ਟ੍ਰੇਨਿੰਗ ਲੈਣ ਦੇ ਚਾਹਵਾਨ ਹਨ, ਉਹ ਆਪਣੇ ਬਾਇਓਡਾਟੇ ਦੀ ਕਾਪੀ ਈ-ਮੇਲ ਆਈ.ਡੀ. sbacsafpi hoshiarpur @gmail.com 'ਤੇ ਮੇਲ ਕਰ ਸਕਦੇ ਹਨ। ਇਸ ਮੌਕੇ ਕਾਰਜਕਾਰੀ ਇੰਜੀਨੀਅਰ ਪ੍ਰਾਂਤਕ ਮੰਡਲ, ਲੋ.ਨਿ.ਵਿ. (ਭ ਤੇ ਮ ਸ਼ਾਖਾ), ਡੀ.ਸੀ.ਐਫ.ਏ. (ਅੰਦਰੂਨੀ ਪੜਤਾਲ ਸੰਸਥਾ), ਜ਼ਿਲ੍ਹਾ ਰੋਜ਼ਗਾਰ ਉਤਪੱਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫਸਰ , ਜੀ.ਟੀ.ਓ. ਸਰਦਾਰ ਬਹਾਦਰ ਅਮੀਂ ਚੰਦ ਸੋਨੀ ਏ.ਐਫ.ਪੀ.ਆਈ. ਹੁਸ਼ਿਆਰਪੁਰ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਧਰਤੀ ਹੇਠਲੇ ਪਾਣੀ ਦੀ ਸੰਭਾਲ ਲਈ ਝੋਨੇ ਦੀ ਸਿੱਧੀ ਬਿਜਾਈ ਸਮੇਂ ਦੀ ਲੋੜ: ਡਾ. ਗਰਗ ਪੀ.ਏ.ਯੂ.-ਫਾਰਮ ਸਲਾਹਕਾਰ ਸੇਵਾ ਕੇਂਦਰ, ਸੰਗਰੂਰ ਵੱਲੋਂ ਪਿੰਡ ਚੰਨੋ ਵਿਖੇ ਜਾਗਰੂਕਤਾ ਕੈਂਪ

**ਭਵਾਨੀਗੜ੍ਹ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਝੋਨੇ ਦੀ ਕਾਸ਼ਤ ਵਿੱਚ ਪਾਣੀ ਦੀ ਬਚਤ ਕਰਨ ਵਾਲੀਆਂ ਤਕਨੀਕਾਂ ਬਾਰੇ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਪੀ.ਏ.ਯੂ.-ਫਾਰਮ ਸਲਾਹਕਾਰ ਸੇਵਾ ਕੇਂਦਰ, ਸੰਗਰੂਰ ਵੱਲੋਂ ਪਿੰਡ ਚੰਨੋ ਵਿਖੇ ਸਿੱਧਾ ਬੀਜਿਆ ਝੋਨਾ ਅਤੇ ਕੱਦੂ ਵਾਲੇ ਝੋਨੇ ਵਿੱਚ ਖਾਦਾਂ ਦੀ ਸੰਤੁਲਿਤ ਵਰਤੋਂ ਸਬੰਧੀ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਨੂੰ ਸੰਬੋਧਨ ਕਰਦਿਆਂ ਡਾ. ਅਸ਼ੋਕ ਕੁਮਾਰ ਗਰਗ, ਸੀਨੀਅਰ ਪਸਾਰ ਵਿਗਿਆਨੀ (ਮਿੱਟੀ ਵਿਗਿਆਨ)-ਕਮ-ਇੰਚਾਰਜ ਸੰਗਰੂਰ ਨੇ ਕਿਹਾ ਕਿ ਝੋਨੇ ਦੀ ਸਿੱਧੀ ਬਿਜਾਈ ਤਕਨੀਕ ਧਰਤੀ ਹੇਠਲੇ ਪਾਣੀ ਦੀ ਬਚਤ, ਮਜ਼ਦੂਰੀ ਖਰਚਿਆਂ ਵਿੱਚ ਕਮੀ ਅਤੇ ਝੋਨੇ ਦੀ ਕਾਸ਼ਤ ਦੀ ਲਾਗਤ ਘਟਾਉਣ ਲਈ ਇੱਕ ਪ੍ਰਭਾਵਸ਼ਾਲੀ ਤਕਨੀਕ ਹੈ। ਉਨ੍ਹਾਂ ਦੱਸਿਆ ਕਿ ਪੀ.ਏ.ਯੂ. ਵੱਲੋਂ ਸਿਫਾਰਸ਼ ਕੀਤੀ ਝੋਨੇ ਦੀ ਸਿੱਧੀ ਬਿਜਾਈ ਤਕਨੀਕ



ਅਪਣਾਉਣ ਨਾਲ ਸਿੰਚਾਈ ਲਈ ਵਰਤੇ ਜਾਣ ਵਾਲੇ ਪਾਣੀ ਦੀ ਵੱਡੀ ਮਾਤਰਾ ਬਚਾਈ ਜਾ ਸਕਦੀ ਹੈ ਅਤੇ ਸਿਫਾਰਸ਼ਾਂ ਅਨੁਸਾਰ ਖੇਤੀ ਕਰਨ ਨਾਲ ਕੱਦੂ ਵਾਲੇ ਝੋਨੇ ਦੇ ਬਰਾਬਰ ਝਾੜ ਪ੍ਰਾਪਤ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਸਾਨਾਂ ਨੂੰ ਲੇਜ਼ਰ ਲੈਵਲਿੰਗ, ਸਿਫਾਰਸ਼ ਕੀਤੀਆਂ ਕਿਸਮਾਂ ਦੀ ਚੋਣ ਅਤੇ ਨਦੀਨਾਂ ਦੀ ਸੁਚੱਜੀ ਰੋਕਥਾਮ ਵੱਲ ਵਿਸ਼ੇਸ਼ ਧਿਆਨ ਦੇਣ ਦੀ ਅਪੀਲ ਕੀਤੀ।

ਡਾ. ਗਰਗ ਨੇ ਮਿੱਟੀ ਦੇ ਨਮੂਨੇ ਲੈਣ ਦੀ ਵਿਗਿਆਨਕ ਵਿਧੀ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਮੌਕੇ 'ਤੇ ਮਿੱਟੀ ਦੇ ਨਮੂਨੇ ਇਕੱਠੇ ਕਰਨ ਦਾ ਪ੍ਰੈਕਟੀਕਲ ਪ੍ਰਦਰਸ਼ਨ ਵੀ ਕੀਤਾ। ਉਨ੍ਹਾਂ ਕਿਸਾਨਾਂ ਨੂੰ ਝੋਨੇ ਅਤੇ ਬਾਸਮਤੀ ਵਿੱਚ ਡੀ.ਏ.ਪੀ. ਦੀ ਬੇਲੋੜੀ ਵਰਤੋਂ ਤੋਂ ਬਚਣ ਅਤੇ ਯੂਰੀਆ ਦੀ ਸੁਚੱਜੀ ਵਰਤੋਂ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਖਾਸ ਤੌਰ 'ਤੇ ਕੱਦੂ ਸਮੇਂ ਦੋ ਤੋਂ ਤਿੰਨ ਬੋਰੀਆਂ ਯੂਰੀਆ ਪਾਉਣ ਦੀ ਪ੍ਰਥਾ ਤੋਂ ਗੁਰੇਜ਼ ਕਰਨ ਲਈ ਕਿਹਾ। ਇਸ ਤੋਂ ਇਲਾਵਾ ਕਿਸਾਨਾਂ ਨੂੰ ਮਿੱਟੀ ਦੀ ਜਾਂਚ ਦੇ ਆਧਾਰ 'ਤੇ ਹੀ ਜ਼ਿੰਕ ਦੀ ਸਿਫਾਰਸ਼ੀ ਮਾਤਰਾ ਵਰਤਣ ਲਈ ਪ੍ਰੇਰਿਤ ਕੀਤਾ।

ਜੈਵਿਕ ਖਾਦਾਂ ਦੀ ਮਹੱਤਤਾ ਬਾਰੇ ਗੱਲ ਕਰਦਿਆਂ ਡਾ. ਗਰਗ ਨੇ ਦੱਸਿਆ ਕਿ ਝੋਨੇ ਦੀ ਪਨੀਰੀ ਵਿੱਚ ਐਜ਼ੋਸਪੀਰੀਲਮ ਦੀ ਵਰਤੋਂ ਨਾਲ ਨਾ ਸਿਰਫ਼ ਫਸਲ ਦੀ ਪੈਦਾਵਾਰ ਵਿੱਚ ਵਾਧਾ ਹੁੰਦਾ ਹੈ, ਸਗੋਂ ਮਿੱਟੀ ਦੀ ਜੈਵਿਕ ਸਿਹਤ ਵੀ ਸੁਧਰਦੀ ਹੈ। ਉਨ੍ਹਾਂ ਸਿਹਤਮੰਦ ਪਨੀਰੀ ਤਿਆਰ ਕਰਨ, ਖਾਦ ਪ੍ਰਬੰਧਨ ਅਤੇ ਪਨੀਰੀ ਵਿੱਚ ਬੌਣੇਪਣ ਦੀ ਬਿਮਾਰੀ ਦੀ ਪਛਾਣ ਅਤੇ ਰੋਕਥਾਮ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

ਡਾ. ਆਕਾਸ਼ਦੀਪ ਸਿੰਘ, ਖੇਤੀਬਾੜੀ ਵਿਕਾਸ ਅਫਸਰ (ਏ.ਡੀ.ਓ.), ਭਵਾਨੀਗੜ੍ਹ ਨੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਮੱਕੀ ਦੀ ਕਾਸ਼ਤ, ਝੋਨੇ ਦੀ ਸਿੱਧੀ ਬਿਜਾਈ ਅਪਣਾਉਣ ਅਤੇ ਜਿਪਸਮ 'ਤੇ ਮਿਲਣ ਵਾਲੀ ਸਬਸਿਡੀ ਸਬੰਧੀ ਵੀ ਜਾਣੂ ਕਰਵਾਇਆ ਅਤੇ ਝੋਨੇ ਦੀ ਸਿੱਧੀ ਬਿਜਾਈ ਵਿੱਚ ਨਦੀਨਾਂ ਦੀ ਰੋਕਥਾਮ ਲਈ ਸਿਫਾਰਸ਼ਾਂ ਸਾਂਝੀਆਂ ਕੀਤੀਆਂ। ਕਿਸਾਨਾਂ ਨੂੰ ਬਾਸਮਤੀ ਦੀਆਂ ਕਿਸਮਾਂ ਪੂਸਾ ਬਾਸਮਤੀ 1509 ਅਤੇ ਪੂਸਾ ਬਾਸਮਤੀ 1847 ਵਿੱਚ ਖਾਦ ਪ੍ਰਬੰਧਨ ਅਤੇ ਬੀਜ ਸੋਧ ਸਬੰਧੀ ਸਿਫਾਰਸ਼ਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਪਿੰਡਾਂ ਦੇ ਨੌਜਵਾਨਾਂ ਨੂੰ ਪੀ.ਏ.ਯੂ. ਲੁਧਿਆਣਾ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਕੋਰਸਾਂ ਵਿੱਚ ਦਾਖਲਾ ਲੈ ਕੇ ਖੇਤੀ ਅਤੇ ਸਹਾਇਕ ਖੇਤਰਾਂ ਵਿੱਚ ਉੱਚ ਸਿੱਖਿਆ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਗਿਆ। ਕੈਂਪ ਦੌਰਾਨ ਪ੍ਰਗਤੀਸ਼ੀਲ ਕਿਸਾਨ ਸ. ਬਲਪ੍ਰੀਤ ਸਿੰਘ ਦੇ ਖੇਤ ਵਿੱਚ ਲਗਭਗ ਡੇਢ ਏਕੜ ਰਕਬੇ ਵਿੱਚ ਬੀਜੇ ਗਏ ਝੋਨੇ ਦੀ ਸਿੱਧੀ ਬਿਜਾਈ ਦਾ ਖੇਤ ਪੱਧਰੀ ਪ੍ਰਦਰਸ਼ਨ ਵੀ ਦੇਖਿਆ ਗਿਆ। ਫਾਰਮ ਸਲਾਹਕਾਰ ਸੇਵਾ ਕੇਂਦਰ ਸੰਗਰੂਰ ਦੀ ਟੀਮ ਵੱਲੋਂ ਕਿਸਾਨ ਨੂੰ ਬੀਜ ਦਰ ਅਤੇ ਮਸ਼ੀਨ ਦੀ ਸਹੀ ਸੈਟਿੰਗ ਬਾਰੇ ਮੌਕੇ 'ਤੇ ਹੀ ਤਕਨੀਕੀ ਸਲਾਹ ਦਿੱਤੀ ਗਈ। ਪ੍ਰੋਗਰਾਮ ਦੇ ਅੰਤ ਵਿੱਚ ਕਿਸਾਨਾਂ ਨੂੰ ਐਜ਼ੋਸਪੀਰੀਲਮ ਕਲਚਰ ਅਤੇ ਪੀ.ਏ.ਯੂ. ਦਾ ਸਾਹਿਤ ਉਪਲਬਧ ਕਰਵਾਇਆ ਗਿਆ। ਕਿਸਾਨਾਂ ਨੇ ਮਾਹਿਰਾਂ ਨਾਲ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕੀਤਾ ਅਤੇ ਮਿੱਟੀ ਦੀ ਜਾਂਚ ਕਰਵਾ ਕੇ ਮਿੱਟੀ ਟੈਸਟ ਆਧਾਰਿਤ ਖਾਦ ਪ੍ਰਬੰਧਨ ਅਪਣਾਉਣ ਵਿੱਚ ਗਹਿਰੀ ਦਿਲਚਸਪੀ ਦਿਖਾਈ।

ਕੌਮੀ ਪੱਤ੍ਰਿਕਾ

## ਸੰਪਾਦਕੀ

# ਭਾਰਤ ਲਈ ਇਮਤਿਹਾਨ ਦੀ ਘੜੀ ਊਰਜਾ ਸੰਕਟ

ਮੁਤਾਬਿਕ ਚੀਨ ਨੇ ਪਿਛਲੇ ਸਾਲ ਹਰ ਤਰ੍ਹਾਂ ਦੀ ਤਕਨਾਲੋਜੀ ਨੂੰ ਮਿਲਾ ਕੇ 543 ਗੀਗਾਵਾਟ ਬਿਜਲੀ ਪੈਦਾ ਕਰਨ ਦੀ ਨਵੀਂ ਸਮਰੱਥਾ ਹਾਸਲ ਕੀਤੀ ਹੈ। ਰਿਪੋਰਟ ਦੱਸਦੀ ਹੈ ਕਿ ਇਹ ਵਾਧਾ ਭਾਰਤ ਦੀ ਕੁੱਲ ਬਿਜਲੀ ਉਤਪਾਦਨ ਸਮਰੱਥਾ (ਸਾਲ 2024 ਦੇ ਅਖੀਰ ਤੱਕ) ਨਾਲੋਂ 12 ਫ਼ੀਸਦੀ ਜ਼ਿਆਦਾ ਹੈ। ਇਸ ਨਵੀਂ ਹਾਸਲ ਸਮਰੱਥਾ ਵਿੱਚੋਂ 80 ਫ਼ੀਸਦੀ ਤੋਂ ਵੱਧ ਹਿੱਸਾ ਨਵਿਆਉਣਯੋਗ ਊਰਜਾ ਦਾ ਹੈ, ਜਿਸ ਵਿੱਚ ਸੂਰਜੀ ਅਤੇ ਪੌਣ ਊਰਜਾ ਸ਼ਾਮਲ ਹੈ। ਅਮਰੀਕੀ ਊਰਜਾ ਸੂਚਨਾ ਪ੍ਰਸ਼ਾਸਨ ਮੁਤਾਬਿਕ ਚੀਨ ਕੋਲ ਦੁਨੀਆ ਦਾ ਸਭ ਤੋਂ ਵੱਡਾ ਰਣਨੀਤਕ ਤੇਲ ਭੰਡਾਰ (ਲਗਪਗ 1.4 ਅਰਬ ਬੈਰਲ) ਹੈ। ਦਿਲਚਸਪ ਗੱਲ ਇਹ ਹੈ ਕਿ ਚੀਨ ਨੇ ਸਾਲ 2025 ਵਿੱਚ ਰੂਸ, ਇਰਾਨ ਅਤੇ ਵੈਨੇਜ਼ੁਏਲਾ ਤੋਂ ਮਿਲੇ ਸਸਤੇ ਤੇਲ ਦਾ ਫ਼ਾਇਦਾ ਉਠਾਉਂਦੇ ਹੋਏ ਆਪਣੇ ਇਨ੍ਹਾਂ ਭੰਡਾਰਾਂ ਵਿੱਚ ਵੱਡਾ ਵਾਧਾ ਕੀਤਾ। ਇਸ ਦੇ ਮੁਕਾਬਲੇ ਭਾਰਤ ਕੋਲ ਸਿਰਫ਼ 2.1 ਕਰੋੜ ਬੈਰਲ ਤੇਲ ਦਾ ਭੰਡਾਰ ਸੀ। ਪਿਛਲੇ ਕੁਝ ਦਹਾਕਿਆਂ ਦੌਰਾਨ ਚੀਨ ਨੇ ਦੁਰਲੱਭ ਖਣਿਜਾਂ (ਰੇਅਰ ਅਰਥ ਮਿਨਰਲਜ਼), ਇਲੈਕਟ੍ਰਿਕ ਵਾਹਨ ਉਤਪਾਦਨ, ਲਿਥੀਅਮ-ਆਇਨ ਬੈਟਰੀ ਉਤਪਾਦਨ ਅਤੇ ਸਵੱਛ ਊਰਜਾ ਦੇ ਖੇਤਰ ਵਿੱਚ ਆਪਣੀ ਸਥਿਤੀ ਬਹੁਤ ਮਜ਼ਬੂਤ ਕਰ ਲਈ ਹੈ। ਚੀਨੀ ਲੋਕ ਇਸ ਪੂਰੀ ਉਤਪਾਦਨ ਲੜੀ ਵਿੱਚ ਹੁਣ ਦੁਨੀਆ ਦੇ ਮੋਹਰੀ ਬਣ ਚੁੱਕੇ ਹਨ। ਅਜਿਹਾ ਕਰਕੇ ਉਹ ਨਾ ਸਿਰਫ਼ ਪਥਰਾਟ ਬਾਲਣਾਂ ਜਿਵੇਂ ਤੇਲ-ਕੋਲੇ 'ਤੇ ਆਪਣੀ ਨਿਰਭਰਤਾ ਅਤੇ ਪ੍ਰਦੂਸ਼ਣ ਨੂੰ ਘਟਾਉਣ ਵਿੱਚ ਕਾਮਯਾਬ ਹੋਏ ਹਨ, ਸਗੋਂ ਉਨ੍ਹਾਂ ਨੇ ਉਸ ਸਮੇਂ ਦੁਨੀਆ ਵਿੱਚ ਆਪਣਾ ਦਬਦਬਾ ਬਣਾ ਲਿਆ ਹੈ ਜਦੋਂ ਪੂਰੀ ਦੁਨੀਆ ਪਥਰਾਟ ਬਾਲਣਾਂ ਨੂੰ ਛੱਡ ਕੇ ਅੱਗੇ ਵਧ ਰਹੀ ਹੈ। ਦੁਰਲੱਭ ਖਣਿਜ, ਈ ਵੀ (ਇਲੈਕਟ੍ਰਿਕ ਵਹੀਕਲ) ਲਈ ਬੈਟਰੀ ਬਣਾਉਣਾ ਅਤੇ ਸਵੱਛ ਊਰਜਾ, ਇਹ ਤਿੰਨੋਂ ਚੀਜ਼ਾਂ ਮਿਲ ਕੇ ਕਿਸੇ ਵੀ ਅਰਥਚਾਰੇ ਨੂੰ ਪਥਰਾਟ ਬਾਲਣ ਦੀ ਨਿਰਭਰਤਾ ਤੋਂ ਬਾਹਰ ਕੱਢਣ ਦਾ ਸਭ ਤੋਂ ਵੱਡਾ ਅਤੇ ਸਟੀਕ ਸਾਧਨ ਹਨ। ਚੀਨ ਨੇ ਇਹ ਸਭ ਕੁਝ ਬਹੁਤ ਹੀ ਬਾਰੀਕੀ ਅਤੇ ਯੋਜਨਾਬੱਧ ਤਰੀਕੇ ਨਾਲ ਕੀਤਾ ਹੈ, ਜਿਸ ਦੀ ਝਲਕ ਉਨ੍ਹਾਂ ਦੀਆਂ ਪੰਜ ਸਾਲਾ ਯੋਜਨਾਵਾਂ (ਇਸ ਵੇਲੇ 15ਵੀਂ ਯੋਜਨਾ ਲਾਗੂ ਕੀਤੀ ਜਾ ਰਹੀ ਹੈ) ਵਿੱਚ ਸਾਫ਼ ਦੇਖੀ ਜਾ ਸਕਦੀ ਹੈ। ਇਹ ਯੋਜਨਾਵਾਂ ਚੀਨੀ ਕਮਿਊਨਿਸਟ ਪਾਰਟੀ ਦੀ ਕੇਂਦਰੀ ਕਮੇਟੀ ਅਤੇ ਸਟੇਟ ਕੌਂਸਲ (ਚੀਨੀ ਕੈਬਨਿਟ) ਵੱਲੋਂ ਮਿਲ ਕੇ ਤਿਆਰ ਕੀਤੀਆਂ ਜਾਂਦੀਆਂ ਹਨ। ਇਸ ਤੋਂ ਹੋਣ ਵਾਲਾ ਰਣਨੀਤਕ ਫ਼ਾਇਦਾ ਹੀ ਇਹ ਤੈਅ ਕਰੇਗਾ ਕਿ ਕੋਈ ਦੇਸ਼ ਆਉਣ ਵਾਲੇ ਊਰਜਾ ਸੰਕਟ ਦਾ ਸਾਹਮਣਾ ਕਿਵੇਂ ਕਰਦਾ ਹੈ। ਇਹੀ ਫ਼ਰਕ ਤੈਅ ਕਰੇਗਾ ਕਿ ਦੇਸ਼ ਵਿੱਚ ਮਹਿੰਗਾਈ ਵਧੇਗੀ ਜਾਂ ਘਟੇਗੀ ਅਤੇ ਇਹੀ ਸਭ ਤੋਂ ਅਹਿਮ ਕਾਰਕ ਹੋਵੇਗਾ ਜੋ ਇਹ ਤੈਅ ਕਰੇਗਾ ਕਿ ਮਸਨੂਈ ਬੁੱਧੀ (ਆਰਟੀਫੀਸ਼ੀਅਲ ਇੰਟੈਲੀਜੈਂਸ) ਦੇ ਯੁੱਗ ਵਿੱਚ ਡੇਟਾ ਸੈਂਟਰ ਕਿਸ ਦੇਸ਼ ਵੱਲ ਰੁਖ਼ ਕਰਨਗੇ। ਅੱਜ ਦੇ ਸਮੇਂ ਵਿੱਚ ਸਵੱਛ ਊਰਜਾ ਦਾ ਉਤਪਾਦਨ, ਇਸ ਦਾ ਭੰਡਾਰਨ, ਦੁਰਲੱਭ ਖਣਿਜ ਅਤੇ ਡੇਟਾ ਸੈਂਟਰ ਸਾਰੇ ਆਪਸ ਵਿੱਚ ਗਹਿਰਾਈ ਨਾਲ ਜੁੜੇ ਹੋਏ ਹਨ। ਅਜੇ ਪਿਛਲੇ ਸਾਲ ਹੀ ਚੀਨ ਨੇ ਆਪਣੇ ਇਸ ਰਣਨੀਤਕ ਹਥਿਆਰ ਦੀ ਵਰਤੋਂ ਕੀਤੀ ਸੀ ਅਤੇ ਦੁਰਲੱਭ ਖਣਿਜਾਂ ਦੀ ਬਰਾਮਦ 'ਤੇ ਪਾਬੰਦੀ ਲਗਾ ਕੇ ਭਾਰਤ ਦੇ ਈ ਵੀ ਉਤਪਾਦਨ ਨੂੰ ਲਗਪਗ ਠੱਪ ਕਰ ਦਿੱਤਾ ਸੀ (ਇਸ 'ਤੇ ਚੀਨ ਦੀ ਲਗਪਗ ਅਜਾਰੇਦਾਰੀ ਹੈ)। ਆਮ ਲੋਕ ਆਪਣੀ ਜ਼ਿੰਦਗੀ ਦੇ ਫ਼ੈਸਲੇ ਅਤੇ ਯੋਜਨਾਵਾਂ ਆਮ ਤੌਰ 'ਤੇ ਆਪਣੇ ਤਜਰਬਿਆਂ ਅਤੇ ਭਵਿੱਖ ਦੀਆਂ ਉਮੀਦਾਂ ਨੂੰ ਦੇਖ ਕੇ ਬਣਾਉਂਦੇ ਹਨ। ਇਸੇ ਤਰ੍ਹਾਂ ਦੇਸ਼ ਵੀ ਆਪਣੀਆਂ ਸਰਕਾਰਾਂ ਰਾਹੀਂ ਭਵਿੱਖ ਦੀਆਂ ਯੋਜਨਾਵਾਂ ਉਲੀਕਦੇ ਹਨ। ਅਜਿਹੀ ਯੋਜਨਾਬੰਦੀ ਵਿੱਚ ਪਿਛਲੇ ਅਤੇ ਮੌਜੂਦਾ ਤਜਰਬਿਆਂ ਦਾ ਡੂੰਘਾ ਵਿਸ਼ਲੇਸ਼ਣ ਕਰਨ ਦੇ ਨਾਲ-ਨਾਲ ਭਵਿੱਖ ਵਿੱਚ ਹੋਣ ਵਾਲੀਆਂ ਸੰਭਾਵੀ ਤਬਦੀਲੀਆਂ ਦਾ ਅੰਦਾਜ਼ਾ ਲਗਾਇਆ ਜਾਂਦਾ ਹੈ। ਇਸੇ ਆਧਾਰ 'ਤੇ ਸਰਕਾਰ ਭਵਿੱਖ ਦੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਨੀਤੀਆਂ ਦਾ ਐਲਾਨ ਕਰਦੀ ਹੈ। ਜੇਕਰ ਅਸੀਂ ਆਪਣੇ ਆਪ ਨੂੰ ਅਤੇ ਅੱਜ ਊਰਜਾ ਦੇ ਖੇਤਰ ਵਿੱਚ ਆਪਣੇ ਹਾਲਾਤ ਅਤੇ ਇਸ ਦੇ ਪੈਣ ਵਾਲੇ ਪ੍ਰਭਾਵਾਂ ਨੂੰ ਦੇਖੀਏ ਤਾਂ ਇੰਝ ਲੱਗਦਾ ਹੈ ਕਿ ਸਾਨੂੰ ਪਿਛਲੇ ਕੁਝ ਦਹਾਕਿਆਂ ਵਿੱਚ ਜਿਹੜੀ ਤਿਆਰੀ ਕਰਨੀ ਚਾਹੀਦੀ ਸੀ, ਉਹ ਨਹੀਂ ਕੀਤੀ ਗਈ। ਭਾਰਤ ਕੋਈ ਬਹੁਤਾ ਵੱਡਾ ਤੇਲ ਉਤਪਾਦਕ ਦੇਸ਼ ਨਹੀਂ ਹੈ। ਇਸ ਲਈ ਇਹ ਕੇਂਦਰ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਇਹ ਯਕੀਨੀ ਬਣਾਏ ਕਿ ਹਰ ਤਰ੍ਹਾਂ ਦੇ ਅਣਸੁਖਾਵੇਂ ਹਾਲਾਤ ਵਿੱਚ ਤੇਲ ਵਰਗੇ ਸਾਧਨ ਮੌਜੂਦ ਰਹਿਣ। ਸਰਕਾਰ ਨੂੰ ਤੇਲ ਦੇ ਲੋੜੀਂਦੇ ਭੰਡਾਰ ਬਣਾਉਣੇ ਚਾਹੀਦੇ ਹਨ ਅਤੇ ਇਸ ਤੋਂ ਵੀ ਵੱਧ ਜ਼ਰੂਰੀ ਇਹ ਹੈ ਕਿ ਵੱਡੇ ਪੱਧਰ 'ਤੇ ਵਾਤਾਵਰਨ-ਪੱਖੀ ਸਵੱਛ ਊਰਜਾ ਵੱਲ ਕਦਮ ਵਧਾਏ ਜਾਣ ਤਾਂ ਜੋ ਅਸੀਂ ਬਾਹਰੋਂ ਮੰਗਵਾਏ ਜਾਣ ਵਾਲੇ ਕੱਚੇ ਤੇਲ 'ਤੇ ਪੂਰੀ ਤਰ੍ਹਾਂ ਨਿਰਭਰ ਨਾ ਰਹੀਏ। ਹਾਲਾਂਕਿ ਇਹ ਹੌਸਲੇ ਵਾਲੀ ਗੱਲ ਹੈ ਕਿ ਸਾਡੀ ਬਿਜਲੀ ਦੀ ਕੁੱਲ ਸਥਾਪਿਤ ਸਮਰੱਥਾ ਦਾ ਅੱਧਾ ਹਿੱਸਾ ਹੁਣ ਨਵਿਆਉਣਯੋਗ ਸਰੋਤਾਂ ਤੋਂ ਆਉਂਦਾ ਹੈ, ਪਰ ਅੱਜ ਵੀ ਮੁੱਖ ਬੋਝ ਕੋਲੇ ਸਿਰ ਹੀ ਹੈ, ਜਿਸ ਤੋਂ ਲਗਪਗ 42 ਫ਼ੀਸਦੀ ਬਿਜਲੀ ਪੈਦਾ ਹੁੰਦੀ ਹੈ। ਸਭ ਤੋਂ ਅਹਿਮ ਗੱਲ ਇਹ ਹੈ ਕਿ ਦੇਸ਼ ਵਿੱਚ ਵਰਤੀ ਜਾਣ ਵਾਲੀ ਕੁੱਲ ਬਿਜਲੀ ਦਾ 70 ਫ਼ੀਸਦੀ ਹਿੱਸਾ ਅਜੇ ਵੀ ਕੋਲੇ ਤੋਂ ਹੀ ਮਿਲਦਾ ਹੈ ਕਿਉਂਕਿ ਭਾਰਤ ਨੇ ਅਜੇ ਤੱਕ ਬਿਜਲੀ ਨੂੰ ਸਟੋਰ ਕਰਨ ਦੀ ਲੋੜੀਂਦੀ ਸਮਰੱਥਾ ਵਿਕਸਿਤ ਨਹੀਂ ਕੀਤੀ ਹੈ। ਕਹਿਣ ਦੀ ਲੋੜ ਨਹੀਂ ਕਿ ਚੀਨ ਨੇ ਇਸ ਮੋਰਚੇ 'ਤੇ ਬਹੁਤ ਵੱਡੀਆਂ ਮੱਲਾਂ ਮਾਰੀਆਂ ਹਨ। ਇਹ ਦਹਾਕਾ ਲਗਾਤਾਰ ਉਥਲ-ਪੁਥਲ ਵਾਲਾ ਰਿਹਾ ਹੈ, ਜਿਸ ਦਾ ਕਾਰਨ ਕੋਵਿਡ ਮਹਾਮਾਰੀ, ਪੂਰਬੀ ਯੂਰੋਪ (ਰੂਸ-ਯੂਕਰੇਨ) ਤੇ ਪੱਛਮੀ ਏਸ਼ੀਆ ਦੀਆਂ ਜੰਗਾਂ ਅਤੇ ਮਸਨੂਈ ਬੁੱਧੀ (ਆਰਟੀਫੀਸ਼ੀਅਲ ਇੰਟੈਲੀਜੈਂਸ) ਦਾ ਉਭਾਰ ਹੈ। ਭਾਰਤ ਉਦਯੋਗਿਕ ਕ੍ਰਾਂਤੀ ਦੇ ਦੌਰ ਵਿੱਚ ਪਿੱਛੇ ਰਹਿ ਗਿਆ ਸੀ ਅਤੇ ਇਸ ਦੀ ਦੇਸ਼ ਨੂੰ ਬਹੁਤ ਭਾਰੀ ਕੀਮਤ ਚੁਕਾਉਣੀ ਪਈ। ਇਸੇ ਤਰ੍ਹਾਂ ਦੇਸ਼ 1980 ਅਤੇ 1990 ਦੇ ਦਹਾਕਿਆਂ ਵਾਲੇ ਕੰਪਿਊਟਰ ਯੁੱਗ ਦੇ ਪਹਿਲੇ ਅੱਧ ਵਿੱਚ ਵੀ ਪਿੱਛੇ ਰਹਿ ਗਿਆ ਅਤੇ ਜਦੋਂ ਦੇਸ਼ ਬਿਲਕੁਲ ਦਿਵਾਲੀਆ ਹੋਣ ਦੇ ਕੰਢੇ ਪਹੁੰਚ ਗਿਆ, ਉਦੋਂ ਜਾ ਕੇ 1990 ਦੇ ਦਹਾਕੇ ਵਿੱਚ ਆਰਥਿਕ ਸੁਧਾਰ ਲਾਗੂ ਕੀਤੇ ਗਏ। ਸ਼ੁਕਰ ਹੈ ਕਿ ਉਸ ਵੇਲੇ ਨਿੱਜੀ ਖੇਤਰ ਨੇ ਅੱਗੇ ਆ ਕੇ ਕਮਾਨ ਸੰਭਾਲੀ ਅਤੇ ਨਾਲ ਹੀ ਸਾਡੇ ਤਕਨੀਕੀ ਮਾਹਿਰਾਂ ਦੀ ਫ਼ੌਜ ਨੇ ਹਾਲਾਤ ਨੂੰ ਸੰਭਾਲਣ ਵਿੱਚ ਮਦਦ ਕੀਤੀ। ਭਾਵੇਂ ਭਾਰਤ ਅਜੇ ਤੱਕ ਸਾਫਟਵੇਅਰ ਡਿਵੈਲਪ ਕਰਨ ਦੇ ਕਾਰੋਬਾਰ ਵਿੱਚ ਕੋਈ ਬਹੁਤੀਆਂ ਮੱਲਾਂ ਨਹੀਂ ਮਾਰ ਸਕਿਆ, ਪਰ ਇਸ ਨੇ ਆਈ ਟੀ ਸੇਵਾਵਾਂ ਦੇ ਖੇਤਰ ਵਿੱਚ ਦੁਨੀਆ ਭਰ ਵਿੱਚ ਆਪਣੀ ਇੱਕ ਖ਼ਾਸ ਜਗ੍ਹਾ ਜ਼ਰੂਰ ਬਣਾ ਲਈ ਹੈ। ਦੇਰ ਨਾਲ ਸ਼ੁਰੂਆਤ ਕਰਨ ਦੇ ਬਾਵਜੂਦ ਅਸੀਂ ਜੋ ਕੁਝ ਹਾਸਿਲ ਕੀਤਾ ਹੈ ਉਹ ਸ਼ਲਾਘਾਯੋਗ ਹੈ, ਪਰ ਜਿੱਥੋਂ ਤੱਕ ਮਸਨੂਈ ਬੁੱਧੀ (ਆਰਟੀਫੀਸ਼ੀਅਲ ਇੰਟੈਲੀਜੈਂਸ) ਕਾਰਨ ਆਈ ਕ੍ਰਾਂਤੀ ਦਾ ਸਵਾਲ ਹੈ, ਇੱਕ ਵਾਰ ਫਿਰ ਸਾਡੀ ਗੱਡੀ ਖੁੰਝ ਚੁੱਕੀ ਹੈ ਅਤੇ ਅਸੀਂ ਇਸ ਨੂੰ ਅੱਖਾਂ ਦੇ ਸਾਹਮਣੇ ਦੂਰ ਜਾਂਦਿਆਂ ਦੇਖ ਰਹੇ ਹਾਂ। ਸੈਮੀਕੰਡਕਟਰ ਦੇ ਕਾਰੋਬਾਰ ਵਿੱਚ ਅਸੀਂ ਕਿਤੇ ਵੀ ਮੁਕਾਬਲੇ ਵਿੱਚ ਨਹੀਂ ਹਾਂ ਅਤੇ ਸਾਡੀ ਪੂਰੀ ਇਲੈਕਟ੍ਰੌਨਿਕਸ ਇੰਡਸਟਰੀ ਏਸ਼ੀਆ ਦੇ ਵੱਡੇ ਦੇਸ਼ਾਂ (ਤਾਇਵਾਨ, ਦੱਖਣੀ ਕੋਰੀਆ ਅਤੇ ਚੀਨ) 'ਤੇ ਨਿਰਭਰ ਹੈ। ਭਵਿੱਖ ਵਿੱਚ ਜਿਨ੍ਹਾਂ ਡੇਟਾ ਸੈਂਟਰਾਂ ਦੀ ਕਲਪਨਾ ਕੀਤੀ ਜਾ ਰਹੀ ਹੈ, ਉਹ ਵੀ ਹੋਰ ਮੁਲਕਾਂ 'ਤੇ ਹੀ ਨਿਰਭਰ ਰਹਿਣਗੇ। ਅਮਰੀਕਾ ਅਤੇ ਚੀਨ ਨੇ ਏ ਆਈ ਅਤੇ ਇਸ ਨਾਲ ਜੁੜੇ ਬੁਨਿਆਦੀ ਢਾਂਚੇ ਵਿੱਚ ਬਹੁਤ ਵੱਡੀਆਂ ਪੁਲਾਂਘਾਂ ਪੁੱਟੀਆਂ ਹਨ। ਇਸ ਬੁਨਿਆਦੀ ਢਾਂਚੇ ਲਈ ਉੱਚ ਪੱਧਰੀ ਚਿੱਪ ਬਣਾਉਣ ਦੀ ਸਮਰੱਥਾ, ਸਸਤੀ ਬਿਜਲੀ ਅਤੇ ਇੱਕ ਅਜਿਹੀ ਸਰਕਾਰ ਦੀ ਲੋੜ ਹੁੰਦੀ ਹੈ ਜੋ ਸੁਧਾਰਾਂ ਨੂੰ ਅਮਲ ਵਿੱਚ ਲਿਆਵੇ ਅਤੇ ਰੁਕਾਵਟਾਂ ਦੂਰ ਕਰੇ। 'ਐਨਵੀਡੀਆ' ਵਰਗੀਆਂ ਕੰਪਨੀਆਂ ਹੁਣ ਲੱਖਾਂ-ਕਰੋੜਾਂ ਡਾਲਰਾਂ ਦੀਆਂ ਫਰਮਾਂ ਬਣ ਚੁੱਕੀਆਂ ਹਨ ਅਤੇ ਏ ਆਈ ਤਕਨਾਲੋਜੀ ਨੂੰ ਕੰਟਰੋਲ ਕਰ ਰਹੀਆਂ ਹਨ। ਅਮਰੀਕਾ ਇਹ ਤੈਅ ਕਰਦਾ ਹੈ ਕਿ ਇਹ ਚਿੱਪ ਕਿਸ ਨੂੰ ਮਿਲਣਗੇ ਅਤੇ ਕਿਸ ਨੂੰ ਨਹੀਂ। ਨੈਦਰਲੈਂਡਜ਼ ਦੀ 'ਏ ਐੱਸ ਐੱਮ ਐੱਲ' ਵਰਗੀ ਕੰਪਨੀ ਜੋ ਉੱਚ ਪੱਧਰੀ ਮਾਈਕ੍ਰੋਚਿਪਸ ਬਣਾਉਣ ਵਾਲੀਆਂ ਮਸ਼ੀਨਾਂ ਤਿਆਰ ਕਰਦੀ ਹੈ ਅਤੇ ਜਿਸ ਦੀ ਇਸ ਖੇਤਰ ਵਿੱਚ ਲਗਪਗ ਅਜਾਰੇਦਾਰੀ ਹੈ, ਉਹ ਵੀ ਆਪਣੀਆਂ ਮਸ਼ੀਨਾਂ ਸਿਰਫ਼ ਉੱਥੇ ਹੀ ਵੇਚਦੀ ਹੈ ਜਿੱਥੇ ਅਮਰੀਕਾ ਇਜਾਜ਼ਤ ਦਿੰਦਾ ਹੈ। ਇਸ ਸਾਰੇ ਸੰਦਰਭ ਵਿੱਚ ਅਸੀਂ ਕਿੱਥੇ ਖੜ੍ਹੇ ਹਾਂ ? ਕੀ ਅਸੀਂ ਇੱਕ ਵਾਰ ਫਿਰ ਸਿਰਫ਼ ਸਰਵਿਸਿਜ਼ ਅਤੇ ਰੱਖ-ਰਖਾਅ (ਮੈਂਟੀਨੈਂਸ) ਪ੍ਰਦਾਨ ਕਰਨ ਵਾਲੇ ਬਣ ਕੇ ਰਹਿਣ ਦੀ ਉਮੀਦ ਲਾਈ ਬੈਠੇ ਹਾਂ ? ਜਿਸ ਪੱਧਰ 'ਤੇ ਅੱਜ ਆਟੋਮੇਸ਼ਨ ਅਤੇ ਰੋਬੋਟਿਕਸ ਦਾ ਦੌਰ ਆ ਰਿਹਾ ਹੈ, ਉਸ ਨੂੰ ਦੇਖਦਿਆਂ ਲੱਗਦਾ ਹੈ ਕਿ ਸਾਡੀ ਸਰਵਿਸ ਪ੍ਰੋਵਾਈਡਰ ਵਾਲੀ ਭੂਮਿਕਾ ਵੀ ਪਹਿਲਾਂ ਨਾਲੋਂ ਬਹੁਤ ਸੁੰਗੜ ਜਾਵੇਗੀ।

# ਨਸ਼ਿਆਂ ਦੇ ਹੌਟਸਪਾਟ ਖੇਤਰਾਂ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਬਣਾਈਆਂ ਜਾਣਗੀਆਂ ਖੇਡ ਟੀਮਾਂ: ਡੀ.ਸੀ.



**ਬਠਿੰਡਾ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਬਠਿੰਡਾ ਦੇ ਨਸ਼ਿਆਂ ਦੇ ਹੌਟਸਪਾਟ ਖੇਤਰਾਂ ਵਿੱਚ ਖੇਡ ਟੀਮਾਂ ਬਣਾਈਆਂ ਜਾਣਗੀਆਂ, ਜਿਨ੍ਹਾਂ ਰਾਹੀਂ ਨੌਜਵਾਨਾਂ ਨੂੰ ਟੂਰਨਾਮੈਂਟਾਂ ਵਿੱਚ ਸ਼ਾਮਲ ਕਰਕੇ ਨਸ਼ਿਆਂ ਤੋਂ ਦੂਰ ਰੱਖਿਆ ਜਾਵੇਗਾ। ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਇਹ ਜਾਣਕਾਰੀ ਅੱਜ ਇੱਥੇ ਹੋਈ ਐਨ.ਕੋਰਡ (ਨਾਰਕੋ ਕੋਆਰਡੀਨੇਸ਼ਨ ਸੈਂਟਰ) ਮੀਟਿੰਗ ਦੀ ਅਗਵਾਈ ਕਰਦਿਆਂ ਦਿੱਤੀ।

ਨੌਜਵਾਨਾਂ ਨੂੰ ਨਸ਼ਿਆਂ ਦੇ ਜਾਲ ਤੋਂ ਬਚਾਉਣ ਲਈ ਬਚਪਨ @ਚ ਹੀ ਦਖ਼ਲਅੰਦਾਜ਼ੀ ਦੀ ਲੋੜ ਉਤੇ ਜ਼ੋਰ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੁਲਿਸ ਵੱਲੋਂ ਜ਼ਿਲ੍ਹੇ ਵਿੱਚ ਨਸ਼ਿਆਂ ਦੇ ਹੌਟਸਪਾਟ ਖੇਤਰ ਦੀ ਪਹਿਲਾਂ ਹੀ ਪਛਾਣ ਕੀਤੀ ਹੋਈ ਹੈ। ਜ਼ਿਲ੍ਹਾ ਖੇਡ ਦਫ਼ਤਰ (ਡੀ.ਐਸ.ਓ) ਨਾਲ ਮਿਲ ਕੇ ਪੁਲਿਸ ਵੱਲੋਂ ਵਾਲੀਬਾਲ, ਹੈਂਡਬਾਲ, ਬਾਸਕਟਬਾਲ ਆਦਿ ਖੇਡਾਂ ਦੀਆਂ ਟੀਮਾਂ ਬਣਾਈਆਂ ਜਾਣਗੀਆਂ, ਜੋ ਬੱਚਿਆਂ ਨੂੰ ਖੇਡਾਂ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਨੂੰ ਤੰਦਰੁਸਤ ਅਤੇ ਆਤਮਵਿਸ਼ਵਾਸੀ ਵਿਅਕਤੀ ਬਣਾਉਣ ਵਿੱਚ ਵੀ ਮਦਦ ਕਰਨਗੀਆਂ।

ਡਿਪਟੀ ਕਮਿਸ਼ਨਰ ਨੇ ਨਿਰਦੇਸ਼ ਦਿੱਤੇ ਕਿ ਇਸੇ ਤਰ੍ਹਾਂ ਸਰਕਾਰੀ ਅਤੇ ਨਿੱਜੀ ਨਸ਼ਾ ਛੁਡਾਊ ਅਤੇ ਪੁਨਰਵਾਸ ਕੇਂਦਰਾਂ ਵਿੱਚ ਇਲਾਜ ਹੇਠ ਨਸ਼ਾ ਪੀੜਤਾਂ ਨੂੰ ਵੀ ਮਨ ਚਿੱਤ ਧਿਆਨ ਲਗਾਉਣ ਵਰਗੀਆਂ ਗਤੀਵਿਧੀਆਂ ਨਾਲ ਜੋੜਿਆ ਜਾਵੇ। ਇਸ ਨਾਲ ਨਾ ਸਿਰਫ਼ ਇਲਾਜ ਵਿੱਚ ਮਦਦ ਮਿਲੇਗੀ ਸਗੋਂ ਮਨ ਦੀ ਸ਼ਾਂਤੀ ਵੀ ਪ੍ਰਾਪਤ ਹੋਵੇਗੀ।

ਐਸ.ਪੀ. ਸਿਟੀ ਨਰਿੰਦਰ ਸਿੰਘ ਨੇ ਦੱਸਿਆ ਕਿ ਮਈ ਮਹੀਨੇ ਦੌਰਾਨ ਬਠਿੰਡਾ ਪੁਲਿਸ ਨੇ ਐਨ.ਡੀ.ਪੀ.ਐਸ ਦੇ 144 ਕੇਸ ਦਰਜ ਕਰਕੇ 187 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਵੱਲੋਂ 1.640 ਕਿਲੋਗ੍ਰਾਮ ਹੈਰੋਇਨ, 121.90 ਕਿਲੋਗ੍ਰਾਮ ਭੁੱਕੀ, 6403 ਗੋਲੀਆਂ ਅਤੇ ਕੈਪਸੂਲ, 1.01 ਕਿਲੋਗ੍ਰਾਮ ਗਾਂਜਾ ਅਤੇ 8.25 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਕੁੱਲ 27 ਨਸ਼ਿਆਂ ਦੇ ਹੌਟਸਪਾਟ ਹਨ, ਜਿੱਥੋਂ 49 ਐਫ.ਆਈ.ਆਰ ਦਰਜ ਕੀਤੀਆਂ ਗਈਆਂ ਹਨ ਅਤੇ 62 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

ਇਸ ਤੋਂ ਇਲਾਵਾ ਪੁਲਿਸ ਅਤੇ ਸਿੱਖਿਆ ਵਿਭਾਗ ਵੱਲੋਂ ਨਸ਼ਾ ਵਿਰੋਧੀ ਜਾਗਰੂਕਤਾ ਲਈ ਸੈਮੀਨਾਰ, ਲੈਕਚਰ, ਸਲੋਗਨ ਲਿਖਣ ਅਤੇ ਪੇਂਟਿੰਗ ਮੁਕਾਬਲਿਆਂ ਸਮੇਤ ਕਈ ਗਤੀਵਿਧੀਆਂ ਕਰਵਾਈਆਂ ਗਈਆਂ ਹਨ। ਸਕੂਲਾਂ ਵੱਲੋਂ ਵੀ ਸਵੇਰ ਦੀ ਸਭਾ ਦੌਰਾਨ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਂਦੀਆਂ ਹਨ। ਡਿਪਟੀ ਕਮਿਸ਼ਨਰ ਨੇ ਨਿਰਦੇਸ਼ ਦਿੱਤੇ ਕਿ ਖੇਡ ਮੈਦਾਨਾਂ ਅਤੇ ਸਕੂਲਾਂ-ਕਾਲਜਾਂ ਵਿੱਚ ਨਸ਼ਿਆਂ ਵਿਰੁੱਧ ਹੋਰ ਵੱਧ ਸਲੋਗਨ ਲਿਖੇ ਜਾਣ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਮੈਡਮ ਕੰਚਨ, ਐਸਡੀਐਮ ਬਠਿੰਡਾ ਅਮਨਦੀਪ ਸਿੰਘ ਮਾਵੀ, ਡੀਐਸਓ ਰੁਪਿੰਦਰ ਬਰਾੜ, ਡੀਈਓ ਚਮਕੌਰ ਸਿੰਘ ਅਤੇ ਡੀਈਓ ਮਮਤਾ ਕੁਮਾਰੀ ਵੀ ਹਾਜ਼ਰ ਸਨ। ਮੀਟਿੰਗ ਵਿੱਚ ਸਿਹਤ ਵਿਭਾਗ ਦੇ ਅਧਿਕਾਰੀਆਂ ਅਤੇ ਹੋਰ ਸ਼ਖ਼ਸੀਅਤਾਂ ਨੇ ਵੀ ਸ਼ਮੂਲੀਅਤ ਕੀਤੀ।

# ਤਿੰਨ ਰੋਜ਼ਾ ਸਕਾਊਟ ਐਂਡ ਗਾਈਡਜ਼ ਕੈਂਪ ਦਾ ਸ਼ਾਨਦਾਰ ਸਮਾਪਨ, ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ



**ਬਟਾਲਾ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਬੇਰਿੰਗ ਸਕੂਲ, ਬਟਾਲਾ ਵਿਖੇ ਕਰਵਾਈ ਤਿੰਨ ਰੋਜ਼ਾ ਸਕਾਊਟ ਐਂਡ ਗਾਈਡਜ਼ ਟ੍ਰੇਨਿੰਗ ਕੈਂਪ ਦਾ ਸਮਾਪਨ ਸਮਾਰੋਹ ਬੜੇ ਉਤਸ਼ਾਹ ਨਾਲ ਸੰਪੰਨ ਹੋਇਆ। ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਡੀਈਓ) ਅਨਿਲ ਸ਼ਰਮਾ ਅਤੇ ਜ਼ਿਲ੍ਹਾ ਗਾਈਡੈਂਸ ਕੌਂਸਲਰ ( ਡੀਜੀਸੀ) ਮੁਕੇਸ਼ ਵਰਮਾ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਸਕੂਲ ਦੇ ਪ੍ਰਿੰਸੀਪਲ ਅਭਿਸ਼ੇਕ ਮਿਚੇਲ, ਸਕਾਊਟ ਐਂਡ ਗਾਈਡਜ਼ ਦੇ ਸਟੇਟ ਸਕੱਤਰ ਨਿਤਿਨ ਚੌਧਰੀ ਅਤੇ ਜੁਆਇੰਟ ਸਕੱਤਰ ਹਰਦੀਪ ਸਿੰਘ ਸੈਣੀ ਨੇ ਮੁੱਖ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ।

ਸਮਾਪਨ ਸਮਾਰੋਹ ਦੌਰਾਨ ਕੈਂਪ ਵਿੱਚ ਤਿੰਨ ਦਿਨਾਂ ਤੱਕ ਅਨੁਸ਼ਾਸਨ, ਲੀਡਰਸ਼ਿਪ, ਟੀਮ ਭਾਵਨਾ, ਸੇਵਾ ਕਾਰਜਾਂ ਅਤੇ ਹੋਰ ਗਤੀਵਿਧੀਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਯਾਦਗਾਰੀ ਚਿੰਨ੍ਹ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਵਿਦਿਆਰਥੀਆਂ ਨੇ ਕੈਂਪ ਦੌਰਾਨ ਸਿੱਖੇ ਹੁਨਰਾਂ ਦਾ ਪ੍ਰਭਾਵਸ਼ਾਲੀ ਪ੍ਰਦਰਸ਼ਨ ਕਰਕੇ ਮੌਜੂਦ ਮਹਿਮਾਨਾਂ ਅਤੇ ਅਧਿਆਪਕਾਂ ਦਾ ਮਨ ਮੋਹ ਲਿਆ।

ਆਪਣੇ ਸੰਬੋਧਨ ਵਿੱਚ ਡਿਪਟੀ ਡੀਈਓ ਅਨਿਲ ਸ਼ਰਮਾ ਨੇ ਵਿਦਿਆਰਥੀਆਂ ਨੂੰ ਆਪਣੇ ਮਾਪਿਆਂ ਅਤੇ ਅਧਿਆਪਕਾਂ ਦਾ ਸਤਿਕਾਰ ਕਰਨ, ਅਨੁਸ਼ਾਸਿਤ ਜੀਵਨ ਜਿਉਣ ਅਤੇ ਸਿੱਖਿਆ ਨੂੰ ਸਭ ਤੋਂ ਵੱਧ ਤਰਜੀਹ ਦੇਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਵਿਦਿਆਰਥੀ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਨੂੰ ਆਪਣੇ ਟੀਚਿਆਂ ਦੀ ਪ੍ਰਾਪਤੀ ਲਈ ਲਗਾਤਾਰ ਮਿਹਨਤ, ਸਮਰਪਣ ਅਤੇ ਸਕਾਰਾਤਮਕ ਸੋਚ ਨਾਲ ਅੱਗੇ ਵਧਣਾ ਚਾਹੀਦਾ ਹੈ।

ਇਸ ਮੌਕੇ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਨੇ ਵਿਦਿਆਰਥੀਆਂ ਤੋਂ ਸਕਾਊਟ ਐਂਡ ਗਾਈਡਜ਼ ਦੇ ਇਤਿਹਾਸ, ਉਦੇਸ਼, ਆਦਰਸ਼ ਵਾਕ ਅਤੇ ਸਮਾਜ ਸੇਵਾ ਨਾਲ ਸੰਬੰਧਿਤ ਵੱਖ-ਵੱਖ ਸਵਾਲ ਪੁੱਛੇ, ਜਿਨ੍ਹਾਂ ਦੇ ਵਿਦਿਆਰਥੀਆਂ ਨੇ ਪੂਰੇ ਆਤਮਵਿਸ਼ਵਾਸ ਅਤੇ ਉਤਸ਼ਾਹ ਨਾਲ ਸਹੀ ਜਵਾਬ ਦਿੱਤੇ। ਵਿਦਿਆਰਥੀਆਂ ਦੀ ਜਾਣਕਾਰੀ, ਜਾਗਰੂਕਤਾ ਅਤੇ ਸਕਾਊਟਿੰਗ ਪ੍ਰਤੀ ਸਮਰਪਣ ਨੂੰ ਵੇਖਦੇ ਹੋਏ ਉਨ੍ਹਾਂ ਦੀ ਭਰਪੂਰ ਸ਼ਲਾਘਾ ਕੀਤੀ ਗਈ।

ਆਪਣੇ ਪ੍ਰੇਰਣਾਦਾਇਕ ਸੰਬੋਧਨ ਵਿੱਚ ਮੁਕੇਸ਼ ਵਰਮਾ ਨੇ ਕਿਹਾ ਕਿ ਸਕਾਊਟ ਐਂਡ ਗਾਈਡਜ਼ ਸਿਰਫ਼ ਇੱਕ ਸੰਸਥਾ ਨਹੀਂ, ਸਗੋਂ ਨੌਜਵਾਨਾਂ ਵਿੱਚ ਚਰਿੱਤਰ ਨਿਰਮਾਣ, ਲੀਡਰਸ਼ਿਪ, ਸਵੈ-ਨਿਰਭਰਤਾ, ਅਨੁਸ਼ਾਸਨ, ਦੇਸ਼ ਭਗਤੀ ਅਤੇ ਸੇਵਾ ਭਾਵਨਾ ਨੂੰ ਵਿਕਸਿਤ ਕਰਨ ਦਾ ਇੱਕ ਮਜ਼ਬੂਤ ਮੰਚ ਹੈ।

ਉਨ੍ਹਾਂ ਕਿਹਾ ਕਿ ਅਜੋਕੇ ਮੁਕਾਬਲੇ ਦੇ ਯੁੱਗ ਵਿੱਚ ਸਿਰਫ਼ ਅਕਾਦਮਿਕ ਪ੍ਰਾਪਤੀਆਂ ਹੀ ਕਾਫ਼ੀ ਨਹੀਂ, ਸਗੋਂ ਵਿਦਿਆਰਥੀਆਂ ਵਿੱਚ ਜੀਵਨ ਕੌਸ਼ਲ, ਸਮਾਜਿਕ ਜ਼ਿੰਮੇਵਾਰੀਆਂ ਦੀ ਸਮਝ, ਟੀਮ ਵਰਕ, ਲੀਡਰਸ਼ਿਪ ਅਤੇ ਚੁਣੌਤੀਪੂਰਨ ਹਾਲਾਤਾਂ ਵਿੱਚ ਸਹੀ ਫ਼ੈਸਲੇ ਲੈਣ ਦੀ ਸਮਰੱਥਾ ਵੀ ਹੋਣੀ ਚਾਹੀਦੀ ਹੈ। ਸਕਾਊਟਿੰਗ ਦੀਆਂ ਗਤੀਵਿਧੀਆਂ ਇਹ ਸਾਰੇ ਗੁਣ ਵਿਕਸਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।

ਉਨ੍ਹਾਂ ਅੱਗੇ ਕਿਹਾ ਕਿ ਅਜਿਹੇ ਟ੍ਰੇਨਿੰਗ ਕੈਂਪ ਬੱਚਿਆਂ ਵਿੱਚ ਆਤਮਵਿਸ਼ਵਾਸ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਜ਼ਿੰਮੇਵਾਰ ਅਤੇ ਜਾਗਰੂਕ ਨਾਗਰਿਕ ਬਣਨ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਸਕਾਊਟਿੰਗ ਦੇ ਮੂਲ ਮੰਤਰ ÷ਹਮੇਸ਼ਾ ਤਿਆਰ ਰਹੋ÷ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਸਮਾਜ ਸੇਵਾ, ਵਾਤਾਵਰਣ ਸੰਭਾਲ, ਮਨੁੱਖਤਾ ਦੀ ਸੇਵਾ ਅਤੇ ਰਾਸ਼ਟਰ ਨਿਰਮਾਣ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।

ਕੈਂਪ ਨੂੰ ਸਫਲ ਬਣਾਉਣ ਵਿੱਚ ਟ੍ਰੇਨਰ ਪੰਕਜ ਅਤੇ ਮਾਂਗੇ ਰਾਮ ਨੇ ਵਿਸ਼ੇਸ਼ ਭੂਮਿਕਾ ਨਿਭਾਈ। ਦੋਵਾਂ ਨੇ ਵਿਦਿਆਰਥੀਆਂ ਨੂੰ ਸਕਾਊਟਿੰਗ ਦੇ ਵੱਖ-ਵੱਖ ਸਿਧਾਂਤਾਂ, ਅਨੁਸ਼ਾਸਨ, ਫਸਟ ਏਡ, ਟੀਮ ਭਾਵਨਾ, ਲੀਡਰਸ਼ਿਪ ਅਤੇ ਸੇਵਾ ਗਤੀਵਿਧੀਆਂ ਬਾਰੇ ਵਿਹਾਰਕ ਸਿਖਲਾਈ ਦਿੱਤੀ । ਇਸ ਤੋਂ ਇਲਾਵਾ ਸਕੂਲ ਦੀ ਦੀਪਿਕਾ ਮੈਡਮ ਵਲੋਂ ਵਿਦਿਆਰਥੀਆਂ ਨੂੰ ਨਿਰੰਤਰ ਮਾਰਗਦਰਸ਼ਨ ਪ੍ਰਦਾਨ ਕਰਦੇ ਹੋਏ ਕੈਂਪ ਦੀਆਂ ਗਤੀਵਿਧੀਆਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।

ਸਮਾਰੋਹ ਦੌਰਾਨ ਹੈੱਡਮਿਸਟ੍ਰੈਸ ਮੁਕੇਸ਼ ਕੁਮਾਰੀ ਵੀ ਵਿਸ਼ੇਸ਼ ਤੌਰ @ਤੇ ਮੌਜੂਦ ਰਹੇ। ਪ੍ਰੋਗਰਾਮ ਦੇ ਅੰਤ ਵਿੱਚ ਮੁੱਖ ਮਹਿਮਾਨਾਂ ਨੂੰ ਸਕੂਲ ਅਤੇ ਸਕਾਊਟ ਐਂਡ ਗਾਈਡਜ਼ ਇਕਾਈ ਵੱਲੋਂ ਫੁੱਲਾਂ ਦੇ ਗੁਲਦਸਤੇ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸਟੇਟ ਸਕੱਤਰ ਨਿਤਿਨ ਚੌਧਰੀ ਨੇ ਸਕਾਊਟਿੰਗ ਪਰੰਪਰਾ ਅਨੁਸਾਰ ਸੰਤਰੀ ਰੰਗ ਦਾ ਸਕਾਰਫ਼ ਪਹਿਨਾ ਕੇ ਉਸ ਦੀ ਗੰਢ ਬੰਨ੍ਹੀ ਅਤੇ ਸਕਾਊਟ ਐਂਡ ਗਾਈਡਜ਼ ਦੇ ਮੂਲ ਸਿਧਾਂਤਾਂ, ਅਨੁਸ਼ਾਸਨ ਅਤੇ ਸੇਵਾ ਭਾਵਨਾ ਨੂੰ ਸਦਾ ਕਾਇਮ ਰੱਖਣ ਦਾ ਸੰਦੇਸ਼ ਦਿੱਤਾ।

ਆਖਰ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਸਾਰੇ ਮਹਿਮਾਨਾਂ, ਟ੍ਰੇਨਰਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਗਿਆ ਅਤੇ ਕੈਂਪ ਦੀ ਸਫਲਤਾ ਲਈ ਸਾਰਿਆਂ ਦੇ ਸਹਿਯੋਗ ਦੀ ਸ਼ਲਾਘਾ ਕੀਤੀ ਗਈ।

# ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ 31 ਜੁਲਾਈ ਤੱਕ ਕੀਤਾ ਜਾ ਸਕਦੈ ਅਪਲਾਈ, ਡਿਪਟੀ ਕਮਿਸ਼ਨਰ

**ਬਠਿੰਡਾ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਸਰਕਾਰ, ਇਸਤਰੀ ਅਤੇ ਬਾਲ ਵਿਕਾਸ ਮੰਤਰਾਲੇ, ਨਵੀਂ ਦਿੱਲੀ ਵੱਲੋ ਦੇਸ਼ ਵਿੱਚ ਹੋਣਹਾਰ ਬੱਚਿਆਂ ਨੂੰ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਸਨਮਾਨਿਤ ਕੀਤਾ ਜਾਣਾ ਹੈ। ਇਸ ਸਨਮਾਨ ਲਈ 6 ਤੋਂ 18 ਸਾਲ ਦੇ ਬੱਚੇ ਅਪਲਾਈ ਕਰ ਸਕਦੇ ਹਨ ।



ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਇਹ ਪੁਰਸਕਾਰ ਉਨ੍ਹਾਂ ਬੱਚਿਆਂ ਨੂੰ ਦਿੱਤਾ ਜਾਣਾ ਹੈ, ਜਿੰਨ੍ਹਾਂ ਨੇ ਬਹਾਦਰੀ ਦੇ ਨਾਲ ਦੂਜਿਆਂ ਲਈ ਕੰਮ ਕੀਤੇ ਹਨ, ਛੋਟੇ ਬੱਚਿਆਂ ਲਈ ਰੋਲ ਮਾਡਲ ਹਨ ਜਾਂ ਖੇਡਾਂ ਦੇ ਖੇਤਰਾਂ ਵਿੱਚ, ਸਮਾਜ ਸੇਵਾ,ਵਿਗਿਆਨ ਅਤੇ ਤਕਨਾਲੋਜੀ, ਵਾਤਾਵਰਣ ਅਤੇ ਕਲਾ ਤੇ ਪ੍ਰਭਾਵ ਪਾਇਆ ਹੈ । ਇਸ ਐਵਾਰਡ ਲਈ ਕੋਈ ਵੀ ਬੱਚਾ, ਜੋ ਕਿ ਇਕ ਭਾਰਤ ਦਾ ਨਾਗਰਿਕ ਹੈ ਅਤੇ 6 ਤੋਂ 18 ਸਾਲ ਦੀ ਉਮਰ ਦਾ ਹੈ ਉਹ ਇਸ ਐਵਾਰਡ ਲਈ ਯੋਗ ਹੈ।

ਜ਼ਿਲ੍ਹਾ ਪ੍ਰੋਗਰਾਮ ਅਫਸਰ, ਬਠਿੰਡਾ ਸ੍ਰੀ ਪੰਕਜ ਕੁਮਾਰ ਨੇ ਜਾਣਕਾਰੀ ਦਿੱਤੀ ਕਿ ਇਸ ਤਰ੍ਹਾਂ ਦੇ ਬੱਚਿਆਂ ਨੂੰ ਨਾਮਜਦ ਕਰਨ ਲਈ ਆਨਲਾਈਨ ਪੋਰਟਲ http://awards.gov.in 'ਤੇ 31 ਜੁਲਾਈ 2026 ਤੱਕ ਅਪਲਾਈ ਕੀਤਾ ਜਾਵੇ ਅਤੇ ਇਸਦੀ ਸੂਚਨਾ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਬਠਿੰਡਾ, (ਮਿੰਨੀ ਸਕੱਤਰੇਤ,ਦੂਸਰੀ ਮੰਜਿਲ, ਕਮਰਾ ਨੰਬਰ-313 ਐਮ), ਫੋਨ ਨੰ: 0164-2214480 ਨੂੰ ਦਿੱਤੀ ਜਾਵੇ । ਤਾਂ ਜੋ ਇਸਦੀ ਸੂਚਨਾ ਡਾਇਰੈਕਟੋਰੇਟ, ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ, ਚੰਡੀਗੜ੍ਹ ਨੂੰ ਭੇਜੀ ਜਾ ਸਕੇ ।

# ਰਾਜਨੀਤਿਕ ਪਾਰਟੀਆਂ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਮੁਹਿੰਮ ਚ ਸਰਗਰਮ ਸਹਿਯੋਗ ਦੇਣ: ਨਿਧੀ ਕੁਮੁਦ ਬੰਬਾਹ




**ਹੁਸ਼ਿਆਰਪੁਰ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਡਿਪਟੀ ਕਮਿਸ਼ਨਰ-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨਿਧੀ ਕੁਮੁਦ ਬੰਬਾਹ ਨੇ ਅੱਜ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿੱਚ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰਕੇ ਭਾਰਤ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.) ਸਬੰਧੀ ਸੋਧੇ ਹੋਏ ਪ੍ਰੋਗਰਾਮ ਦੀ ਜਾਣਕਾਰੀ ਦਿੱਤੀ। ਉਨ੍ਹਾਂ ਰਾਜਨੀਤਿਕ ਪਾਰਟੀਆਂ ਨੂੰ ਅਪੀਲ ਕੀਤੀ ਕਿ ਇਸ ਮਹੱਤਵਪੂਰਨ ਕੰਮ ਨੂੰ ਪਾਰਦਰਸ਼ੀ, ਨਿਰਪੱਖ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਚੋਣ ਵਿਭਾਗ ਦਾ ਪੂਰਾ ਸਹਿਯੋਗ ਦਿੱਤਾ ਜਾਵੇ।

ਮੀਟਿੰਗ ਦੌਰਾਨ ਨਿਧੀ ਕੁਮੁਦ ਬੰਬਾਹ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਪੰਜਾਬ ਰਾਜ ਲਈ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.) ਦਾ ਸੋਧਿਆ ਹੋਇਆ ਪ੍ਰੋਗਰਾਮ ਜਾਰੀ ਕੀਤਾ ਗਿਆ ਹੈ। ਇਸ ਅਨੁਸਾਰ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦਾ ਡਰਾਫਟ ਹੁਣ 3 ਅਗਸਤ 2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ ਅਤੇ ਦਾਅਵੇ ਤੇ ਇਤਰਾਜ਼ 3 ਅਗਸਤ ਤੋਂ 2 ਸਤੰਬਰ 2026 ਤੱਕ ਪ੍ਰਾਪਤ ਕੀਤੇ ਜਾਣਗੇ।

ਇਸੇ ਤਰ੍ਹਾਂ ਨੋਟਿਸ ਪੜਾਅ/ਦਾਅਵਿਆਂ ਅਤੇ ਇਤਰਾਜ਼ਾਂ ਦੇ ਨਿਪਟਾਰੇ ਦੀ ਪ੍ਰਕਿਰਿਆ 3 ਅਗਸਤ ਤੋਂ 28 ਸਤੰਬਰ 2026 ਤੱਕ ਚੱਲੇਗੀ। ਅੰਤਿਮ ਵੋਟਰ ਸੂਚੀ ਦਾ ਪ੍ਰਕਾਸ਼ਨ 1 ਅਕਤੂਬਰ 2026 ਨੂੰ ਕੀਤਾ ਜਾਵੇਗਾ।

ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਇਸ ਤੋਂ ਪਹਿਲਾਂ 18 ਮਈ 2026 ਨੂੰ ਹੋਈ ਮੀਟਿੰਗ ਵਿੱਚ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਆਪਣੇ-ਆਪਣੇ ਬੂਥ ਲੈਵਲ ਏਜੰਟ (ਬੀ.ਐਲ.ਏ.) ਨਿਯੁਕਤ ਕਰਨ ਦੀ ਬੇਨਤੀ ਕੀਤੀ ਗਈ ਸੀ। ਉਨ੍ਹਾਂ ਦੁਬਾਰਾ ਅਪੀਲ ਕੀਤੀ ਕਿ ਸਾਰੀਆਂ ਰਾਜਨੀਤਿਕ ਪਾਰਟੀਆਂ ਜਲਦ ਤੋਂ ਜਲਦ ਆਪਣੇ ਬੂਥ ਲੈਵਲ ਏਜੰਟਾਂ ਦੀ ਨਿਯੁਕਤੀ ਕਰਕੇ ਸਬੰਧਤ ਬੂਥਾਂ ਦੇ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓ.) ਨੂੰ ਇਸ ਦੀ ਜਾਣਕਾਰੀ ਦੇਣ ਅਤੇ ਇਸ ਦੀ ਇੱਕ ਕਾਪੀ ਚੋਣ ਰਜਿਸਟ੍ਰੇਸ਼ਨ ਅਫ਼ਸਰਾਂ ਅਤੇ ਜ਼ਿਲ੍ਹਾ ਚੋਣ ਦਫ਼ਤਰ ਨੂੰ ਵੀ ਭੇਜਣ। ਉਨ੍ਹਾਂ ਕਿਹਾ ਕਿ ਬੀ.ਐਲ.ਏ. ਦੀ ਸਰਗਰਮ ਭਾਗੀਦਾਰੀ ਨਾਲ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਦਾ ਕੰਮ ਹੋਰ ਵੱਧ ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਸਮੇਂ ਸਿਰ ਪੂਰਾ ਕੀਤਾ ਜਾ ਸਕੇਗਾ।

ਨਿਧੀ ਕੁਮੁਦ ਬੰਬਾਹ ਨੇ ਦੱਸਿਆ ਕਿ ਇਸ ਵੇਲੇ ਜ਼ਿਲ੍ਹੇ ਵਿੱਚ ਪ੍ਰੀ-ਐੱਸ.ਆਈ.ਆਰ. ਮੈਪਿੰਗ ਦਾ ਕੰਮ ਚੱਲ ਰਿਹਾ ਹੈ, ਜਿਸ ਤਹਿਤ ਸਾਲ 2025 ਦੀ ਵੋਟਰ ਸੂਚੀ ਵਿੱਚ ਦਰਜ ਵੋਟਰਾਂ ਦਾ ਮਿਲਾਨ ਸਾਲ 2003 ਦੀ ਵੋਟਰ ਸੂਚੀ ਨਾਲ ਕੀਤਾ ਜਾ ਰਿਹਾ ਹੈ। ਇਸ ਪ੍ਰਕਿਰਿਆ ਨੂੰ ਹੋਰ ਤੇਜ਼ ਕਰਨ ਲਈ ਮੁੱਖ ਚੋਣ ਅਫ਼ਸਰ, ਪੰਜਾਬ ਦੇ ਨਿਰਦੇਸ਼ਾਂ ਅਨੁਸਾਰ 7 ਜੂਨ 2026 ਨੂੰ ਜ਼ਿਲ੍ਹੇ ਦੇ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਇਸ ਦੌਰਾਨ ਬੂਥ ਲੈਵਲ ਅਫ਼ਸਰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਪੋਲਿੰਗ ਸਟੇਸ਼ਨਾਂ 'ਤੇ ਮੌਜੂਦ ਰਹਿ ਕੇ ਵੋਟਰ ਮੈਪਿੰਗ ਦਾ ਕੰਮ ਕਰਨਗੇ।

ਉਨ੍ਹਾਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਵੋਟਰਾਂ ਦੀ ਪ੍ਰੀ-ਐੱਸ.ਆਈ.ਆਰ. ਮੈਪਿੰਗ ਅਜੇ ਤੱਕ ਨਹੀਂ ਹੋ ਸਕੀ, ਉਨ੍ਹਾਂ ਨੂੰ ਵਿਸ਼ੇਸ਼ ਕੈਂਪਾਂ ਵਿੱਚ ਪਹੁੰਚਣ ਲਈ ਪ੍ਰੇਰਿਤ ਕੀਤਾ ਜਾਵੇ ਅਤੇ ਬੂਥ ਲੈਵਲ ਅਫ਼ਸਰਾਂ ਨੂੰ ਲੋੜੀਂਦਾ ਸਹਿਯੋਗ ਦਿੱਤਾ ਜਾਵੇ।

ਮੀਟਿੰਗ ਦੌਰਾਨ ਉਨ੍ਹਾਂ ਜਾਣਕਾਰੀ ਦਿੱਤੀ ਕਿ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਕੁੱਲ 12,68,739 ਰਜਿਸਟਰਡ ਵੋਟਰਾਂ ਵਿੱਚੋਂ ਹੁਣ ਤੱਕ 11,21,711 ਵੋਟਰਾਂ ਦੀ ਪ੍ਰੀ-ਐੱਸ.ਆਈ.ਆਰ. ਮੈਪਿੰਗ ਪੂਰੀ ਕੀਤੀ ਜਾ ਚੁੱਕੀ ਹੈ, ਜੋ ਕਿ ਕੁੱਲ ਵੋਟਰਾਂ ਦਾ 88.41 ਫੀਸਦੀ ਬਣਦਾ ਹੈ।

ਉਨ੍ਹਾਂ ਵਿਸ਼ਵਾਸ ਜਤਾਇਆ ਕਿ ਰਾਜਨੀਤਿਕ ਪਾਰਟੀਆਂ ਅਤੇ ਆਮ ਨਾਗਰਿਕਾਂ ਦੇ ਸਹਿਯੋਗ ਨਾਲ ਬਾਕੀ ਰਹਿੰਦੇ ਵੋਟਰਾਂ ਦੀ ਮੈਪਿੰਗ ਵੀ ਜਲਦੀ ਪੂਰੀ ਕਰ ਲਈ ਜਾਵੇਗੀ।

ਇਸ ਮੌਕੇ ਚੋਣ ਕਾਨੂੰਨਗੋ ਦੀਪਕ ਕੁਮਾਰ, ਲਖਬੀਰ ਸਿੰਘ, ਆਮ ਆਦਮੀ ਪਾਰਟੀ ਤੋਂ ਜਸਪਾਲ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ ਤੋਂ ਰਜਨੀਸ਼ ਟੰਡਨ, ਭਾਜਪਾ ਤੋਂ ਭੂਸ਼ਣ ਕੁਮਾਰ ਸ਼ਰਮਾ, ਸ਼੍ਰੋਮਣੀ ਅਕਾਲੀ ਦਲ ਤੋਂ ਉਨ੍ਹਾਂ ਦੁਬਾਰਾ ਅਪੀਲ ਕੀਤੀ ਕਿ ਸਾਰੀਆਂ ਰਾਜਨੀਤਿਕ ਪਾਰਟੀਆਂ ਜਲਦ ਤੋਂ ਜਲਦ ਆਪਣੇ ਬੂਥ ਲੈਵਲ ਏਜੰਟਾਂ ਦੀ ਨਿਯੁਕਤੀ ਕਰਕੇ ਸਬੰਧਤ ਬੂਥਾਂ ਦੇ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓ.) ਨੂੰ ਇਸ ਦੀ ਜਾਣਕਾਰੀ ਦੇਣ ਅਤੇ ਇਸ ਦੀ ਇੱਕ ਕਾਪੀ ਚੋਣ ਰਜਿਸਟ੍ਰੇਸ਼ਨ ਅਫ਼ਸਰਾਂ ਅਤੇ ਜ਼ਿਲ੍ਹਾ ਚੋਣ ਦਫ਼ਤਰ ਨੂੰ ਵੀ ਭੇਜਣ।

ਉਨ੍ਹਾਂ ਕਿਹਾ ਕਿ ਬੀ.ਐਲ.ਏ. ਦੀ ਸਰਗਰਮ ਭਾਗੀਦਾਰੀ ਨਾਲ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਦਾ ਕੰਮ ਉਨ੍ਹਾਂ ਨੂੰ ਵਿਸ਼ੇਸ਼ ਕੈਂਪਾਂ ਵਿੱਚ ਪਹੁੰਚਣ ਲਈ ਪ੍ਰੇਰਿਤ ਕੀਤਾ ਜਾਵੇ ਅਤੇ ਬੂਥ ਲੈਵਲ ਅਫ਼ਸਰਾਂ ਨੂੰ ਲੋੜੀਂਦਾ ਸਹਿਯੋਗਹੋਰ ਵੱਧ ਪਾਰਦਰਸ਼ੀ ਅਤ ਗੁਰਿੰਦਰ ਸਿੰਘ ਗੋਲਡੀ ਅਤੇ ਜਗਤਾਰ ਸਿੰਘ ਵੀ ਹਾਜ਼ਰ ਸਨ।

# ਪ੍ਰਸ਼ਾਸਨ ਵੱਲੋਂ ਜਨਗਣਨਾ ਸਟਾਫ਼ ਨੂੰ ਸਹਿਯੋਗ ਦੇਣ ਦੀ ਅਪੀਲ

**ਅਬੋਹਰ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਅਬੋਹਰ ਇਲਾਕੇ ਵਿੱਚ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਚੱਲ ਰਹੀ ÷ਡਰੱਗ ਅਤੇ ਸਮਾਜਿਕ-ਆਰਥਿਕ ਜਨਗਣਨਾ 2026÷ ਦੇ ਸਰਵੇਖਣ ਦੌਰਾਨ ਇੱਕ ਨਾਗਰਿਕ ਵੱਲੋਂ ਗਿਣਤੀਕਾਰ (ਸਟਾਫ਼) ਨਾਲ ਬਦਸਲੂਕੀ ਕਰਨ ਅਤੇ ਸਰਕਾਰੀ ਕੰਮ ਵਿੱਚ ਵਿਘਨ ਪਾਉਣ ਦਾ ਮਾਮਲਾ ਸਾਹਮਣੇ ਆਇਆ ਸੀ। ਪ੍ਰਸ਼ਾਸਨ ਵੱਲੋਂ ਲਏ ਸਖ਼ਤ ਨੋਟਿਸ ਤੋਂ ਬਾਅਦ ਸਬੰਧਤ ਸ਼ਹਿਰੀ ਨੇ ਐੱਸ.ਡੀ.ਐੱਮ. ਦਫ਼ਤਰ ਵਿਖੇ ਹਾਜ਼ਰ ਹੋ ਕੇ ਆਪਣੀ ਗਲਤੀ ਮੰਨਦੇ ਹੋਏ ਲਿਖਤੀ ਮੁਆਫ਼ੀ ਮੰਗ ਲਈ ਹੈ। ਕਰਮਚਾਰੀ ਦੇ ਮਾਣ-ਸਤਿਕਾਰ ਨੂੰ ਮੁੱਖ ਰੱਖਦਿਆਂ, ਪ੍ਰਸ਼ਾਸਨ ਵੱਲੋਂ ਭਵਿੱਖ ਵਿੱਚ ਅਜਿਹੀ ਗਲਤੀ ਨਾ ਦੁਹਰਾਉਣ ਦੀ ਚੇਤਾਵਨੀ ਦੇ ਕੇ ਇਸ ਮਾਮਲੇ ਨੂੰ ਖ਼ਤਮ ਕਰ ਦਿੱਤਾ ਗਿਆ ਹੈ।

ਸਟਾਫ਼ ਦਾ ਸਹਿਯੋਗ ਕਰੋ: ਘਰ-ਘਰ ਆਉਣ ਵਾਲੇ ਗਿਣਤੀਕਾਰ ਭਿਆਨਕ ਗਰਮੀ ਵਿੱਚ ਸਰਕਾਰੀ ਡਿਊਟੀ ਨਿਭਾ ਰਹੇ ਹਨ। ਸਮਾਜ ਦੀ ਬਿਹਤਰੀ ਲਈ ਬਣ ਰਹੀਆਂ ਨੀਤੀਆਂ ਵਿੱਚ ਉਨ੍ਹਾਂ ਨੂੰ ਸਹੀ ਜਾਣਕਾਰੀ ਦੇ ਕੇ ਸਹਿਯੋਗ ਕਰੋ।ਆਈ.ਡੀ. ਕਾਰਡ ਦੀ ਮੰਗ: ਸੁਰੱਖਿਆ ਦੇ ਲਿਹਾਜ਼ ਨਾਲ, ਤੁਸੀਂ ਸਰਵੇਖਣ ਸਟਾਫ਼ ਕੋਲੋਂ ਪੰਜਾਬ ਸਰਕਾਰ ਵੱਲੋਂ ਜਾਰੀ ਅਧਿਕਾਰਤ ਪਛਾਣ-ਪੱਤਰ (ID Card) ਮੰਗ ਕੇ ਦੇਖ ਸਕਦੇ ਹੋ।

ਡਾਟਾ ਪੂਰੀ ਤਰ੍ਹਾਂ ਸੁਰੱਖਿਅਤ: ਇਸ ਸਰਵੇਖਣ ਦੌਰਾਨ ਇਕੱਤਰ ਕੀਤਾ ਡਾਟਾ ਪੂਰੀ ਤਰ੍ਹਾਂ ਗੁਪਤ (Confidential) ਰੱਖਿਆ ਜਾਵੇਗਾ, ਇਸ ਲਈ ਬੇਝਿਜਕ ਹੋ ਕੇ ਸਹੀ ਜਾਣਕਾਰੀ ਸਾਂਝੀ ਕਰੋ।

ਕਾਨੂੰਨੀ ਚੇਤਾਵਨੀ: ਔਨ-ਡਿਊਟੀ ਸਟਾਫ਼ ਨਾਲ ਬਦਸਲੂਕੀ ਕਰਨਾ ਜਾਂ ਸਰਕਾਰੀ ਕੰਮ ਰੋਕਣਾ ਗੰਭੀਰ ਕਾਨੂੰਨੀ ਅਪਰਾਧ ਹੈ। ਅਜਿਹਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਪ੍ਰਸ਼ਾਸਨ ਸਮੂਹ ਹਲਕਾ ਨਿਵਾਸੀਆਂ ਨੂੰ ਅਪੀਲ ਕਰਦਾ ਹੈ ਕਿ ਉਹ ਇੱਕ ਜ਼ਿੰਮੇਵਾਰ ਨਾਗਰਿਕ ਹੋਣ ਦਾ ਸਬੂਤ ਦੇਣ ਅਤੇ ਇਸ ਭਲਾਈ ਸਰਵੇਖਣ ਨੂੰ ਸਫ਼ਲ ਬਣਾਉਣ ਵਿੱਚ ਮਦਦ ਕਰਨ।

# ਬਲਬੀਰ ਸਿੰਘ ਪਨੂੰ ਨੇ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਪਿੰਡ ਦਮੋਦਰ ਤੋਂ ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ




**ਬਟਾਲਾ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਬਲਬੀਰ ਸਿੰਘ ਪਨੂੰ, ਹਲਕਾ ਇੰਚਾਰਜ ਫਤਿਹਗੜ੍ਹ ਚੂੜੀਆਂ ਵਲੋਂ @ਮੁੱਖ ਮੰਤਰੀ ਤੀਰਥ ਯਾਤਰਾ@ ਯੋਜਨਾ ਤਹਿਤ ਪਿੰਡ ਦਮੋਦਰ ਤੋਂ ਪਵਿੱਤਰ ਧਰਤੀ ਸ੍ਰੀ ਆਨੰਦਪੁਰ ਸਾਹਿਬ ਲਈ ਸ਼ਰਧਾਲੂਆਂ ਦੀ ਬੱਸ ਨੂੰ ਰਵਾਨਾ ਕੀਤਾ ਗਿਆ।

ਇਸ ਮੌਕੇ ਗੱਲਬਾਤ ਕਰਦਿਆਂ ਬਲਬੀਰ ਸਿੰਘ ਪਨੂੰ ਨੇ ਕਿਹਾ ਕਿ ਅੱਜ ਬਹੁਤ ਹੀ ਖੁਸ਼ੀ ਅਤੇ ਮਾਣ ਵਾਲਾ ਦਿਨ ਹੈ ਕਿ ਪਿੰਡ ਦਾਮੋਦਰ ਦੇ ਸ਼ਰਧਾਲੂਆਂ ਨੂੰ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਲਈ @ਮੁੱਖ ਮੰਤਰੀ ਤੀਰਥ ਯਾਤਰਾ ਸਕੀਮ@ ਤਹਿਤ ਵਿਸ਼ੇਸ਼ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਉਪਰਾਲਾ ਸਾਡੇ ਬਜ਼ੁਰਗਾਂ ਅਤੇ ਸੰਗਤਾਂ ਨੂੰ ਆਪਣੇ ਇਤਿਹਾਸਕ ਤੇ ਧਾਰਮਿਕ ਵਿਰਸੇ ਨਾਲ ਜੋੜਨ ਵਿੱਚ ਇੱਕ ਮੀਲ ਪੱਥਰ ਸਾਬਤ ਹੋ ਰਿਹਾ ਹੈ। ਉਨ੍ਹਾਂ ਯਾਤਰਾ @ਤੇ ਜਾ ਰਹੇ ਸਾਰੇ ਸ਼ਰਧਾਲੂਆਂ ਨੂੰ ਮੁਬਾਰਕਬਾਦ ਦਿੱਤੀ ਅਤੇਧਾਰਮਿਕ ਯਾਤਰਾ ਸੁਖਦ ਅਤੇ ਸਫਲ ਰਹੇ ਦੀ ਪਰਮਾਤਮਾ ਅੱਗੇ ਅਰਦਾਸ ਕੀਤੀ।

ਉਨ੍ਹਾਂ ਦੱਸਿਆ ਕਿ ਇਹ ਬੱਸ ਰਾਹੀਂ ਤਿੰਨ ਦਿਨਾਂ ਵਿੱਚ ਸ਼ਰਧਾਲੂਆਂ ਨੂੰ ਸ਼੍ਰੀ ਆਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ -ਏ-ਖਾਲਸਾ, ਸ਼੍ਰੀ ਕੀਰਤਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਵਾਏ ਜਾਣਗੇ।

ਇਸ ਮੌਕੇ ਯਾਤਰਾ @ਤੇ ਜਾ ਰਹੇ ਸ਼ਰਧਾਲੂਆਂ ਨੇ ਮੁੱਖ ਮੰਤਰੀ ਪੰਜਾਬ ਅਤੇ ਬਲਬੀਰ ਸਿੰਘ ਪਨੂੰ ਦਾ ਧੰਨਵਾਦ ਕਰਦਿਆਂ ਕਿ @ਮੁੱਖ ਮੰਤਰੀ ਤੀਰਥ ਯੋਜਨਾ@ ਨਾਲ ਲੋਕਾਂ ਵਿੱਚ ਖੁਸ਼ੀ ਵਰਗਾ ਮਾਹੌਲ ਹੈ ਅਤੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਬਹੁਤ ਉਤਸ਼ਾਹਿਤ ਹਨ।

# ਪਿੰਡ ਦੜੋਲੀ ਲੋਅਰ ਤੇ ਬਹਿਲੂ ਤੋਂ ਅੰਮ੍ਰਿਤਸਰ ਸਾਹਿਬ ਲਈ ਤੀਰਥ ਯਾਤਰਾ ਬੱਸ ਰਵਾਨਾ

**ਸ੍ਰੀ ਆਨੰਦਪੁਰ ਸਾਹਿਬ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੀ ਅਨੰਦਪੁਰ ਸਾਹਿਬ 03 ਜੂਨ: ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਅਧੀਨ ਪਿੰਡ ਦੜੋਲੀ ਲੋਅਰ ਅਤੇ ਬਹਿਲੂ ਤੋਂ ਅੰਮ੍ਰਿਤਸਰ ਸਾਹਿਬ ਲਈ ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ ਗਈ। ਇਸ ਮੌਕੇ ਪਿੰਡ ਵਾਸੀਆਂ ਵਿੱਚ ਵੱਡਾ ਉਤਸ਼ਾਹ ਵੇਖਣ ਨੂੰ ਮਿਲਿਆ ਅਤੇ ਸ਼ਰਧਾਲੂਆਂ ਨੇ ਧਾਰਮਿਕ ਯਾਤਰਾ ਲਈ ਸਰਕਾਰ ਦਾ ਧੰਨਵਾਦ ਕੀਤਾ। ਇਹ ਯਾਤਰਾ ਇਲਾਕੇ ਦੇ ਲੋਕਾਂ ਲਈ ਆਧਿਆਤਮਿਕ ਤੌਰ 'ਤੇ ਇੱਕ ਮਹੱਤਵਪੂਰਨ ਕਦਮ ਮੰਨੀ ਜਾ ਰਹੀ ਹੈ।



ਇਸ ਮੌਕੇ ਸੋਹਣ ਸਿੰਘ ਬੈਂਸ ਵੱਲੋਂ ਹਰੀ ਝੰਡੀ ਦੇ ਕੇ ਬੱਸ ਨੂੰ ਰਵਾਨਾ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦੀ ਹੈ ਅਤੇ ਇਹ ਯੋਜਨਾ ਸ਼ਰਧਾਲੂਆਂ ਨੂੰ ਆਸਾਨੀ ਨਾਲ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਨੇ ਯਾਤਰੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਇਹ ਯਾਤਰਾ ਉਨ੍ਹਾਂ ਦੇ ਜੀਵਨ ਵਿੱਚ ਸ਼ਾਂਤੀ ਅਤੇ ਆਤਮਿਕ ਖੁਸ਼ੀ ਲਿਆਵੇਗੀ।

ਇਸ ਸਮੇਂ ਹਲਕਾ ਕੋਆਰਡੀਨੇਟਰ ਮੁੱਖ ਮੰਤਰੀ ਤੀਰਥ ਯਾਤਰਾ ਸ਼ਾਮ ਲਾਲ, ਸਰਪੰਚ ਭਾਗ ਸਿੰਘ, ਬੀ.ਐੱਲ.ਓ ਕੁਲਦੀਪ ਸਿੰਘ ਰਾਣਾ, ਸਰਪੰਚ ਮੰਨਿਦਰਜੀਤ ਕੌਰ ਅਤੇ ਬੀ.ਐੱਲ.ਓ ਕਿਰਨ ਦੇਵੀ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਸਾਰੇ ਆਗੂਆਂ ਨੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ। ਉਨ੍ਹਾਂ ਨੇ ਕਿਹਾ ਕਿ ਇਹ ਯੋਜਨਾ ਪਿੰਡਾਂ ਤੱਕ ਸਰਕਾਰ ਦੀ ਪਹੁੰਚ ਦਾ ਪ੍ਰਤੀਕ ਹੈ ਅਤੇ ਇਸ ਨਾਲ ਲੋਕਾਂ ਨੂੰ ਵੱਡਾ ਲਾਭ ਮਿਲ ਰਿਹਾ ਹੈ।

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਨੂੰ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਮੁਫ਼ਤ ਕਰਵਾਏ ਜਾ ਰਹੇ ਹਨ।

# ਸੋਹਲਾ ਸਮਾਜ ਸਿਰਜ ਸਕਦੈ ਸਾਹਿਤ



• ਅਮਨ ਮਾਨਸਾ
81466-61004

*ਬੇਹਿੰਮਤੇ ਨੇ ਜਿਹੜੇ ਬਹਿ ਕੇ ਸ਼ਿਕਵਾ ਕਰਨ ਮੁਕੱਦਰਾਂ ਦਾ,*
*ਉੱਗਣ ਵਾਲੇ ਉੱਗ ਪੈਂਦੇ ਨੇ ਸੀਨਾ ਪਾੜ ਕੇ ਪੱਥਰਾਂ ਦਾ।*

ਮੌੜ ਮੰਡੀ ਦੇ ਜੰਮਪਲ ਸਾਹਿਤਕਾਰ ਪਰਦੀਪ ਮਹਿਤਾ ਨੇ ਇਸ ਕਹਾਵਤ ਨੂੰ ਸਹੀ ਸਾਬਤ ਕਰ ਦਿੱਤਾ। ਤੁਰਨ-ਫਿਰਨ ਤੋਂ ਅਸਮਰਥ ਪਰਦੀਪ ਮਹਿਤਾ ਨੂੰ ਸਾਹਿਤ, ਸਮਾਜਿਕ ਅਤੇ ਵਾਤਾਵਰਨ ਦੀ ਸੰਭਾਲ ਲਈ ਉਪਰਾਲੇ ਕਰ ਕੇ ਨਵੀਆਂ ਉਦਾਹਰਨਾਂ ਪੇਸ਼ ਕੀਤੀਆਂ ਹਨ। ਇਨ੍ਹਾਂ ਪ੍ਰਾਪਤੀਆਂ ਕਰਕੇ ਪੰਜਾਬ ਸਰਕਾਰ ਵੱਲੋਂ ਅਪੰਗਤਾ ਦਿਵਸ ਮੌਕੇ ਰਾਜ ਪੱਧਰੀ ਪੁਰਸਕਾਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਵਿਸ਼ੇਸ਼ ਪ੍ਰਾਪਤੀ ਮੌਕੇ ਉਨ੍ਹਾਂ ਨਾਲ ਕੀਤੀ ਗਈ ਮੁਲਾਕਾਤ ਦੇ ਕੁਝ ਅੰਸ਼ :-

**• ਆਪਣੇ ਜਨਮ, ਬਚਪਨ ਅਤੇ ਪਰਿਵਾਰ ਬਾਰੇ ਜਾਣਕਾਰੀ ?**

ਮੇਰਾ ਜਨਮ 6 ਅਕਤੂਬਰ 1966 ਨੂੰ ਮੌੜ ਮੰਡੀ ਵਿਚ ਹੀ ਹੋਇਆ। ਪਿਤਾ ਸੋਹਨ ਲਾਲ ਅਤੇ ਮਾਤਾ ਸੰਤੋਸ਼ ਰਾਣੀ । ਜਦ ਮੈਂ ਪੰਜ-ਛੇ ਕੁ ਮਹੀਨਿਆਂ ਦਾ ਸੀ , ਉਸ ਸਮੇਂ ਮੇਰੇ ਉੱਪਰ ਪੋਲੀਓ ਦਾ ਹਮਲਾ ਹੋ ਗਿਆ। ਨਾਨਕਾ ਘਰ ਦਿੱਲੀ ਹੋਣ ਕਰਕੇ ਮੇਰਾ ਇਲਾਜ ਸਫਰਜੰਗ ਹਸਪਤਾਲ ਦਿੱਲੀ ਤੋਂ ਕਰਵਾਇਆ। ਮਾਤਾ ਦੱਸਦੀ ਹੁੰਦੀ ਸੀ ਕਿ ਜਦ ਮੇਰੀ ਇਲਾਜ ਦੇ ਸ਼ੁਰੂਆਤ ਦੇ ਸਮੇਂ ਵਿਚ ਡਾਕਟਰਾਂ ਨੇ ਇਹ ਕਹਿ ਦਿੱਤਾ ਸੀ ਕਿ ਜੇ ਇਹ ਬੱਚਾ ਜਿਉਂਦਾ ਬਚ ਗਿਆ ਤਾਂ ਤੁਸੀਂ ਕਿਸੇ ਵੇਲੇ ਇਹ ਕਹੋਗੇ ਜੇ ਨਾ ਬਚਦਾ ਤਾਂ ਚੰਗਾ ਸੀ। ਪੋਲੀਓ ਨਾਲ ਮੇਰੀਆਂ ਲੱਤਾਂ, ਰੀੜ੍ਹ ਦੀ ਹੱਡੀ ਅਤੇ ਖੱਬੀ ਬਾਂਹ ’ਤੇ ਮਾੜਾ ਪ੍ਰਭਾਵ ਪਿਆ। ਜਦ ਬਚਪਨ ਵਿਚ ਮੈਂ ਬੱਚਿਆਂ ਨੂੰ ਖੇਡਦੇ ਵੇਖਦਾ ਤਾਂ ਮਨ ’ਚ ਟੀਸ ਉੱਠਦੀ। ਮੇਰੇ ਬਚਪਨ ਦਾ ਬਹੁਤਾ ਸਮਾਂ ਅਪਰੇਸ਼ਨਾਂ ਅਤੇ ਦਵਾਈਆਂ ਨਾਲ ਹੀ ਬਤੀਤ ਹੋਇਆ। ਇਸ ਤਰ੍ਹਾਂ ਮੇਰਾ ਬਚਪਨ ਸੰਘਰਸ਼ ਕਰਦਿਆਂ ਹੀ ਬਤੀਤ ਹੋਇਆ।

**• ਇਸ ਤਰ੍ਹਾਂ ਸੁਭਾਵਿਕ ਹੈ ਕਿ ਤੁਹਾਡੀ ਪੜ੍ਹਾਈ ਵਿਚ ਮੁਸ਼ਕਿਲ ਆਈ ਹੋਵੇਗੀ। ਤੁਸੀਂ ਆਪਣੀ ਪੜ੍ਹਾਈ ਬਾਰੇ ਜਾਣਕਾਰੀ ਦਿਓ?**

ਜੀ ਬਿਲਕੁਲ, ਮੇਰੇ ਇਲਾਜ ਕਾਰਨ ਮੈਨੂੰ ਬਾਹਰ-ਅੰਦਰ ਲਿਜਾਣਾ ਪੈਂਦਾ ਸੀ। ਇਸ ਤਰ੍ਹਾਂ ਮੈਂ ਪੜ੍ਹਾਈ ਵਿਚ ਆਪਣੇ ਹਾਣ ਦੇ ਬੱਚਿਆਂ ਤੋਂ ਪੜ੍ਹਾਈ ਵਿਚ ਪੱਛੜ ਗਿਆ। ਉਸ ਸਮੇਂ ਪ੍ਰਾਈਵੇਟ ਸਕੂਲਾਂ ਦਾ ਬਹੁਤਾ ਬੋਲਬਾਲਾ ਨਹੀਂ ਸੀ। ਮੈਨੂੰ ਸ਼ੁਰੂ ਵਿਚ ਸਰਕਾਰੀ ਪ੍ਰਾਇਮਰੀ ਸਕੂਲ ਮੌੜ ਮੰਡੀ ਵਿਖੇ ਲਗਾਇਆ ਗਿਆ। ਇਸ ਦਾ ਇਕ ਕਾਰਨ ਇਹ ਵੀ ਸੀ ਕਿ ਇਸ ਸਕੂਲ ਵਿੱਚੋਂ ਮੈਨੂੰ ਲਿਜਾਣ ਅਤੇ ਲਿਆਉਣਾ ਸੌਖਾ ਸੀ। ਛੇਵੀਂ ਜਮਾਤ ਤੋਂ ਮੈਟ੍ਰਿਕ ਤਕ ਦੀ ਪੜ੍ਹਾਈ ਐੱਸ.ਐੱਸ. ਡੀ. ਸਕੂਲ ਮੌੜ ਮੰਡੀ ਤੋਂ ਕੀਤੀ। ਅਗਲੇਰੀ ਪੜ੍ਹਾਈ ਲਈ ਮੇਰੇ ਲਈ ਕਾਲਜ ਜਾਣਾ ਮੁਸ਼ਕਿਲ ਸੀ। ਇਸ ਕਰਕੇ ਮੈਂ ਬੀ.ਏ. ਦੀ ਪੜ੍ਹਾਈ ਘਰ ਬੈਠ ਕੇ ਹੀ ਪੂਰੀ ਕੀਤੀ। ਮਹਾਂਰਿਸ਼ੀ ਦਿਆਨੰਦ ਯੂਨੀਵਰਸਿਟੀ ਤੋਂ ਬੀ.ਐੱਡ ਕੀਤੀ। ਫਿਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਐੱਮ. ਏ ਪੰਜਾਬੀ ਕੀਤੀ। ਇਸ ਤਰ੍ਹਾਂ ਚੱਲਦੇ-ਚੱਲਦੇ ਮੈਨੂੰ 1994 ਵਿਚ ਐੱਸ.ਐੱਸ ਅਧਿਆਪਕ ਦੀ ਸਰਕਾਰੀ ਨੌਕਰੀ ਮਿਲੀ। ਮੇਰੀ ਪਹਿਲੀ ਨਿਯੁਕਤੀ ਮੰਡੀ ਖੁਰਦ ਵਿਖੇ ਹੋਈ। ਲਗਪਗ ਦੋ ਸਾਲ ਬਾਅਦ ਮੇਰੀ ਪੋਸਟਿੰਗ ਗਰਲਜ਼ ਸਕੂਲ ਮੌੜ ਮੰਡੀ ਵਿਖੇ ਹੋ ਗਈ। ਅੱਜ ਕੱਲ੍ਹ ਮੈਂ ਪੰਜਾਬੀ ਲੈਕਚਰਾਰ ਵਜੋਂ ਸੇਵਾ ਨਿਭਾ ਰਿਹਾ ਹਾਂ।

**• ਆਪਣੇ ਵਿਆਹੁਤਾ ਜੀਵਨ ਅਤੇ ਬੱਚਿਆਂ ਬਾਰੇ ਦੱਸੋ।**

ਹਾਂ ਜੀ, ਜਦੋਂ ਵੀ ਵਿਆਹ ਦੀ ਕਿਤੇ ਗੱਲਬਾਤ ਚਲਦੀ ਤਾਂ ਸਭ ਦਾ ਇਹੋ ਵਿਚਾਰ ਹੁੰਦਾ ਕਿ ਲੜਕੀ ਇਸ ਤਰ੍ਹਾਂ ਹੀ ਕੋਈ ਅੰਗਹੀਣ ਹੀ ਮਿਲੇ ਪਰ ਮੈਂ ਇਸ ਗੱਲ ਉੱਪਰ ਸਹਿਮਤ ਨਾ ਹੁੰਦਾ। ਮੇਰਾ ਵਿਚਾਰ ਸੀ ਜੇ ਦੋਵੇਂ ਹੀ ਇਸ ਤਰ੍ਹਾਂ ਦੇ ਹਾਲਾਤ ਵਿਚ ਹੋਵਾਂਗੇ ਤਾਂ ਬੱਚਿਆਂ ਦੇ ਪਾਲਣ ਪੋਸ਼ਣ ਵਿਚ ਬਹੁਤ ਮੁਸ਼ਕਿਲ ਆਵੇਗੀ। ਇਸ ਨਾਲੋਂ ਤਾਂ ਮੈਂ ਇਕੱਲਾ ਹੀ ਠੀਕ ਹਾਂ। ਪਰ ਖ਼ੁਸ਼ਕਿਸਮਤੀ ਨਾਲ ਮੈਨੂੰ ਜੀਵਨ ਸਾਥਣ ਮਿਲੀ ਗੀਤਾ ਰਾਣੀ। ਜਿਹੜੀ ਸਰੀਰਕ ਤੌਰ ’ਤੇ ਪੂਰੀ ਤਰ੍ਹਾਂ ਤੰਦਰੁਸਤ ਹੈ। ਉਨ੍ਹਾਂ ਨੇ ਡਬਲ ਐੱਮ.ਏ. ਕੀਤੀ ਹੋਈ ਹੈ। ਸਾਡੇ ਦੋ ਬੱਚੇ ਹਨ। ਇਕ ਬੇਟਾ ਦਸਵੀਂ ਅਤੇ ਦੂਸਰਾ ਛੇਵੀਂ ਜਮਾਤ ਵਿਚ ਪੜ੍ਹ ਰਿਹਾ ਹੈ। ਮੇਰੇ ਪੂਰੇ ਪਰਿਵਾਰ ਦਾ ਮੇਰਾ ਜੀਵਨ ਸਫ਼ਲ ਬਣਾਉਣ ਵਿਚ ਬਹੁਤ ਯੋਗਦਾਨ ਰਿਹਾ ਹੈ।

ਮੈਨੂੰ ਭਾਵੇਂ ਜ਼ਿੰਦਗੀ ’ਚ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪਿਆ ਪਰ ਮੇਰਾ ਇੱਕੋ ਉਦੇਸ਼ ਰਿਹਾ ਕਿ ‘ਜ਼ਿੰਦਗੀ ਜ਼ਿੰਦਾਬਾਦ’। ਮੈਂ ਕਿਤੇ ਵੀ ਹਤਾਸ਼ ਨਹੀਂ ਹੋਇਆ। ਮੈਂ ਸੋਚਦਾ ਹੁੰਦਾ ਹਾਂ ਜੇ ਮੈਂ ਸਰੀਰਕ ਤੌਰ ’ਤੇ ਅਧੂਰਾ ਹੋਣ ਦੇ ਬਾਵਜੂਦ ਇੱਥੇ ਤਕ ਪਹੁੰਚ ਸਕਦਾ ਹਾਂ ਤਾਂ ਤੰਦਰੁਸਤ ਵਿਅਕਤੀ ਤਾਂ ਬਹੁਤ ਅੱਗੇ ਜਾ ਸਕਦਾ ਹੈ।

**• ਤੁਹਾਡਾ ਸਾਹਿਤ ਨਾਲ ਲਗਾਓ ਕਿਵੇਂ ਹੋਇਆ?**

ਜਦ ਮੈਂ ਦਸਵੀਂ ਪਾਸ ਕੀਤੀ ਤਾਂ ਮੇਰਾ ਕਾਲਜ ਜਾਣਾ ਔਖਾ ਸੀ ਕਿਉਂਕਿ ਕਾਲਜ ਮਾਨਸਾ ਅਤੇ ਬਠਿੰਡਾ ਵਿਖੇ ਹੀ ਸੀ। ਉਸ ਸਮੇਂ ਗਿਆਨੀ ਕਰਨ ਦਾ ਬਹੁਤ ਰੁਝਾਨ ਸੀ। ਮੈਂ ਵੀ ਗਿਆਨੀ ਕਰਨ ਲੱਗ ਪਿਆ। ਉਸ ਸਮੇਂ ਸੱਤ ਪੇਪਰ ਹੁੰਦੇ ਸਨ। ਕਵਿਤਾ ਉਸ ਸਿਲੇਬਸ ਦਾ ਹਿੱਸਾ ਸੀ। ਜਦ ਮੈਂ ਇਨ੍ਹਾਂ ਨੂੰ ਪੜ੍ਹਨਾ ਸ਼ੁਰੂ ਕੀਤਾ ਤਾਂ ਮੈਨੂੰ ਮਹਿਸੂਸ ਹੋਇਆ ਕਿ ਜੋ ਇਨ੍ਹਾਂ ਵਿਚ ਲਿਖਿਆ ਹੋਇਆ ਹੈ, ਉਹ ਮੇਰੇ ਵੀ ਕਿਤੇ ਮਨ ਵਿਚ ਘੁੰਮ ਰਹੀਆਂ ਹਨ। ਮੈਨੂੰ ਉਸ ਸਮੇਂ ਸਭ ਤੋਂ ਵੱਧ ਪ੍ਰਭਾਵਤ ਕਰਨ ਵਾਲੇ ਕਵੀ ਸ਼ਿਵ ਕੁਮਾਰ ਬਟਾਲਵੀ ਸਨ। ਇਨ੍ਹਾਂ ਤੋਂ ਇਲਾਵਾ ਪ੍ਰੋ. ਮੋਹਨ ਸਿੰਘ, ਅੰਮ੍ਰਿਤਾ ਪ੍ਰੀਤਮ ਨੂੰ ਬਹੁਤ ਨਿੱਠ ਕੇ ਪੜ੍ਹਿਆ। ਇਨ੍ਹਾਂ ਤੋਂ ਇਲਾਵਾ ਉਸ ਸਮੇਂ ਦੇ ਸਿਰਮੌਰ ਲੇਖਕਾਂ ਨੂੰ ਸ਼ਿੱਦਤ ਨਾਲ ਪੜ੍ਹਿਆ। ਇਕੱਲਾ ਉਨ੍ਹਾਂ ਦੀਆਂ ਰਚਨਾਵਾਂ ਹੀ ਨਹੀਂ, ਉਨ੍ਹਾਂ ਦੇ ਜੀਵਨ ਨਾਲ ਸਬੰਧਿਤ ਜੋ ਵੀ ਜਾਣਕਾਰੀ ਮਿਲਦੀ ਮੈਂ ਹਾਸਿਲ ਕਰਨ ਦੀ ਕੋਸ਼ਿਸ਼ ਕਰਦਾ ਸਾਂ। ਮੈਂ ਅੱਜ ਵੀ ਜਦ ਕਦੇ ਸ਼ਿਵ ਬਟਾਲਵੀ ਦੀ ਰਚਨਾ ਨੂੰ ਗਾਉਣ ਲੱਗ ਜਾਂਦਾ ਹਾਂ ਤਾਂ ਮੇਰੇ ਲੂ ਕੰਢੇ ਖੜ੍ਹੇ ਹੋ ਜਾਂਦੇ ਹਨ।

**• ਤੁਸੀਂ ਆਪਣੇ ਸਾਹਿਤਕ ਸਫ਼ਰ ਬਾਰੇ ਦੱਸੋ।**

ਮੈਂ ਸ਼ੁਰੂ-ਸ਼ੁਰੂ ’ਚ ਮਿੰਨੀ ਕਹਾਣੀ ਲਿਖੀ। ਲਗਪਗ 90ਵੇਂ ਦੇ ਦਹਾਕੇ ’ਚ। ਇਹ ਮਿੰਨੀ ਕਹਾਣੀਆਂ ਮੈਂ ਝਿਜਕਦੇ-ਝਿਜਕਦੇ ਅਜੀਤ ਅਖ਼ਬਾਰ ਨੂੰ ਭੇਜਣੀਆਂ ਸ਼ੁਰੂ ਕੀਤੀਆਂ। ਮੇਰੀਆਂ ਇਹ ਸਾਰੀਆਂ ਰਚਨਾਵਾਂ ਅਖ਼ਬਾਰ ’ਚ ਛਪਣ ਨਾਲ ਮੇਰਾ ਹੌਸਲਾ ਬਣਦਾ ਗਿਆ। ਇਸ ਤੋਂ ਮੈਂ ਕਵਿਤਾ ਦੀ ਵਿਧਾ ਵੱਲ ਮੁੜਿਆ। ਹੁਣ ਤਕ ਮੇਰੀਆਂ ਰਚਨਾਵਾਂ ਪੰਜਾਬੀ ਦੇ ਲਗਪਗ ਸਾਰੇ ਅਖ਼ਬਾਰ ਅਤੇ ਰਸਾਲਿਆਂ ਵਿਚ ਛਪ ਰਹੀਆਂ ਹਨ। ਭਾਵੇਂ ਮੈਂ ਬਹੁਤਾ ਨਹੀਂ ਲਿਖਦਾ ਪਰ ਜੋ ਲਿਖਦਾ ਹਾਂ ਛਪ ਰਿਹਾ ਹੈ। ਪਾਠਕਾਂ ਦੇ ਪਿਆਰ ਅਤੇ ਸਾਬਾਸ਼ ਨਾਲ ਹੋਰ ਲਿਖਣ ਦਾ ਹੌਸਲਾ ਮਿਲਦਾ ਹੈ। ਇਨ੍ਹਾਂ ਰਚਨਾਵਾਂ ਸਦਕਾ ਹੀ ਐੱਫ. ਐੱਮ. ਰੇਡੀਓ ਬਠਿੰਡਾ ਨੇ ਲਗਪਗ ਦਸ ਵਾਰ ਇੰਟਰਵਿਊ ਕੀਤੀ ਹੈ। ਜਲੰਧਰ ਦੂਰਦਰਸ਼ਨ ਵੱਲੋਂ ਚੱਲਦੇ ਇਕ ਪ੍ਰੋਗਰਾਮ ‘ਜ਼ਿੰਦਗੀ ਅਨਮੋਲ’ ਵਿਚ ਮੇਰੀ ਇੰਟਰਵਿਊ ਕੀਤੀ ਗਈ। ਇਸ ਪਿਆਰ ਅਤੇ ਸਤਿਕਾਰ ਸਦਕਾ ਹੀ ਪਰਦੀਪ ਮਹਿਤਾ ਨੂੰ ਕੋਈ ਪਛਾਣ ਮਿਲੀ।

ਮੈਨੂੰ ਵੱਡੀ ਕਹਾਣੀ ਲਿਖਣ ਦੀ ਇੱਛਾ ਰਹਿੰਦੀ ਸੀ। ਇਕ ਮਿੱਤਰ ਵੱਲੋਂ ਸੁਣਾਈ ਗੱਲ ਨੂੰ ਮੈਂ ਵੱਡੀ ਕਹਾਣੀ ਦੇ ਰੂਪ ਵਿਚ ਲਿਖ ‘ਸਰਾਧ’ ਦੇ ਸਿਰਲੇਖ ਹੇਠ ਪੰਜਾਬੀ ਟ੍ਰਿਬਿਊਨ ਅਖ਼ਬਾਰ ਨੂੰ ਭੇਜ ਦਿੱਤੀ। ਇਹ ਕਹਾਣੀ ਬਹੁਤ ਜਲਦੀ ਹੀ ਅਖ਼ਬਾਰ ਵਿਚ ਛਪ ਗਈ। ਇਸ ਕਹਾਣੀ ਦੇ ਪਾਠਕ ਤੋਂ ਮਿਲੇ ਸੁਝਾਅ ਅਤੇ ਵਿਚਾਰਾਂ ਨੇ ਮੈਨੂੰ ਹੋਰ ਕਹਾਣੀਆਂ ਲਿਖਣ ਲਈ ਪ੍ਰੇਰਿਤ ਕੀਤਾ। ਇਸ ਤੋਂ ਬਾਅਦ ਮੈਂ ‘ਅਪਾਹਜ ਮੁਹੱਬਤ’ ਅਤੇ ‘ਟਿਫ਼ਨ’ ਕਹਾਣੀ ਲਿਖੀ। ਇਹ ਕਹਾਣੀ ਛਪਣ ਤੋਂ ਕਈ ਮਹੀਨਿਆਂ ਤਕ ਫੋਨ ਆਉਂਦੇ ਰਹੇ। ਸਾਹਿਤ ਨਾਲ ਪਿਆਰ ਅਤੇ ਲਗਾਓ ਹੋਣ ਕਰਕੇ ਅਸੀਂ ਮੌੜ ਮੰਡੀ ’ਚ ਇਕ ਸਾਹਿਤ ਸਭਾ ਵੀ ਬਣਾਈ। ਮੈਂ ਆਪਣੀਆਂ ਦਿੱਕਤਾਂ ਦੀ ਪਰਵਾਹ ਨਾ ਕਰਦਾ ਇਸ ਸਭਾ ਲਈ ਕੰਮ ਕਰਦਾ ਰਿਹਾ। ਇਸ ਸਭਾ ਰਾਹੀਂ ਅਸੀਂ ਕਈ ਪੰਜਾਬ ਪੱਧਰ ਦੇ ਸਮਾਗਮ ਵੀ ਕਰਵਾਏ।

**• ਵਰਤਮਾਨ ਸਮੇਂ ਵਿਚ ਤੁਸੀਂ ਸਾਹਿਤ ਨੂੰ ਕਿਸ ਨਜ਼ਰ ਨਾਲ ਵੇਖਦੇ ਹੋ? ਮਤਲਬ ਪਾਠਕ ਦੀ ਗਿਣਤੀ ਘੱਟ ਰਹੀ ਹੈ ਜਾਂ ਵੱਧ ਰਹੀ ਹੈ?**

ਜਦੋਂ ਵੀ ਮੈਂ ਸਾਹਿਤ ਦੀ ਗੱਲ ਕਰਦਾ ਹਾਂ ਤਾਂ ਮੈਂ ਸਾਹਿਤ ਦੇ ਸ਼ਬਦੀ ਅਰਥ ਨੂੰ ਨਾਲ ਲੈ ਕੇ ਚੱਲਦਾ ਹਾਂ, ਜਿਸ ਦਾ ਅਰਥ ਹੈ ਸਾ+ਹਿਤ (ਸਾਰਿਆਂ ਦਾ ਹਿਤ ਕਰਨ ਵਾਲਾ)। ਸਾਹਿਤ ਨਾਲ ਸਮਾਜ ਨੂੰ ਉਸਾਰੂ ਅਤੇ ਤਰੱਕੀ ਦੇ ਰਾਹ ’ਤੇ ਤੋਰਿਆ ਜਾ ਸਕਦਾ ਹੈ। ਮੈਂ ਸਮਝਦਾ ਹਾਂ ਕਿ ਸਾਹਿਤ ਬਿਨਾਂ ਮਨੁੱਖੀ ਜੀਵਨ ਜਿਊਣ ਯੋਗ ਨਹੀਂ ਹੈ। ਜੇ ਰਚਨਾ ’ਚ ਕੋਈ ਉਸਾਰੂ ਸੋਚ ਜਾਂ ਸੁਨੇਹਾ ਹੈ ਤਾਂ ਪੰਜਾਬੀ ਦੇ ਪਾਠਕਾਂ ਦੀ ਕਮੀ ਨਹੀਂ ਹੈ। ਸਾਹਿਤ ਵਿਚ ਚਿੰਤਨ ਕਰਨ ਦੀ ਬੜੀ ਸਮਰੱਥਾ ਹੈ, ਜਿਸ ਨਾਲ ਪਾਠਕ ਦੇ ਸੁਭਾਅ ਵਿਚ ਚਮਤਕਾਰੀ ਤਬਦੀਲੀ ਲਿਆਂਦੀ ਜਾ ਸਕਦੀ ਹੈ। ਸਟੇਜ ਉੱਪਰ ਪੜ੍ਹੀ ਜਾ ਰਹੀ ਕਵਿਤਾ ਨਾਲ ਲੋਕਾਂ ਦੇ ਮਨ ਬਦਲਦੇ ਵੇਖੇ ਨੇ। ਹਾਂ ਵਰਤਮਾਨ ਸਮੇਂ ਵਿਚ ਸੋਸ਼ਲ ਮੀਡੀਆ ਨੇ ਨਵੀਂ ਪੀੜ੍ਹੀ ਨੂੰ ਕੁਝ ਪ੍ਰਭਾਵਿਤ ਜ਼ਰੂਰ ਕੀਤਾ ਹੈ। ਇਸ ਤਬਦੀਲੀ ਦਾ ਰੁਖ਼ ਮੁੜ ਕਿਤਾਬਾਂ ਵੱਲ ਕਰਨ ਦੀ ਜ਼ਰੂਰਤ ਹੈ ਕਿਉਂਕਿ ਸਾਹਿਤ, ਸੋਹਣਾ ਸਮਾਜ ਸਿਰਜ ਸਕਦਾ ਹੈ।

**• ਤੁਸੀਂ ਪੇਸ਼ੇ ਤੋਂ ਪੰਜਾਬੀ ਲੈਕਚਰਾਰ ਹੋ? ਤੁਹਾਡੇ ਕੋਲ ਵਿਦਿਆਰਥੀ ਵੀ ਵਧੇਰੀ ਸਮਝ ਵਾਲੇ ਹਨ। ਤੁਸੀਂ ਉਨ੍ਹਾਂ ਨੂੰ ਸਾਹਿਤ ਨਾਲ ਜੋੜਨ ਲਈ ਕੀ ਉਪਰਾਲੇ ਕਰ ਰਹੇ ਹੋ?**

ਜੀ ਬਿਲਕੁਲ। ਜਦ ਮੈਂ ਵਿਦਿਆਰਥੀਆਂ ਨੂੰ ਪੰਜਾਬੀ ਪੜ੍ਹਾਉਂਦਾ ਹਾਂ ਤਾਂ ਉਨ੍ਹਾਂ ਕਿਤਾਬਾਂ ਦੇ ਕਵੀਆਂ ਅਤੇ ਲੇਖਕ ਦੀ ਪਿੱਠ ਭੂਮੀ ਦੀ ਗੱਲ ਕਰਕੇ ਲਿਖਤ ਦੀ ਗੱਲ ਕਰਦਾ ਸਾਂ। ਉਸ ਕਵਿਤਾ ਜਾਂ ਕਹਾਣੀ ਦੇ ਵਿਸ਼ਾ ਵਸਤੂ ਬਾਰੇ ਜਾਣਕਾਰੀ ਦੱਸਦਾ ਹਾਂ। ਇਹ ਵਾਰਤਾਲਾਪ ਵਿਦਿਆਰਥੀ ਦੇ ਚਿਰ ਸਥਾਈ ਗਿਆਨ ਦਾ ਹਿੱਸਾ ਬਣਦਾ ਹੈ। ਸਕੂਲ ਵਿਚ ਲਾਇਬ੍ਰੇਰੀ ਦੇ ਨਾਲ-ਨਾਲ ਮੇਰੀ ਨਿੱਜੀ ਲਾਇਬ੍ਰੇਰੀ ਵੀ ਹੈ ਜਿੱਥੋਂ ਵਿਦਿਆਰਥੀ ਆਪਣੀ ਪਸੰਦ ਦੀਆਂ ਪੁਸਤਕਾਂ ਲੈ ਕੇ ਪੜ੍ਹਦੇ ਰਹਿੰਦੇ ਹਨ ਅਤੇ ਉਨ੍ਹਾਂ ਕਿਤਾਬਾਂ ਦੇ ਸਬੰਧ ਵਿਚ ਆਪਣੇ ਵਿਚਾਰ ਸਾਂਝੇ ਕਰਦੇ ਹਨ। ਇਸ ਤੋਂ ਇਲਾਵਾ ਹਰ ਸਾਲ ਇਕ ਸਕੂਲੀ ਰਸਾਲਾ ਤਿਆਰ ਕੀਤਾ ਜਾਂਦਾ ਹੈ ਜਿਸ ਵਿਚ ਨਿਰੋਲ ਸਕੂਲ ਦੇ ਵਿਦਿਆਰਥੀਆਂ ਦੀਆਂ ਰਚਨਾਵਾਂ ਹੁੰਦੀਆਂ ਹਨ। ਇਸ ਤੋਂ ਇਲਾਵਾ ਅਸੀਂ ਮੌੜ ਮੰਡੀ ’ਚ ਇਕ ਲਾਇਬ੍ਰੇਰੀ ਸਥਾਪਤ ਕੀਤੀ ਹੈ। ਜਿੱਥੋਂ ਸ਼ਹਿਰ ਦੇ ਅਤੇ ਆਲੇ-ਦੁਆਲੇ ਦੇ ਪਾਠਕ ਕਿਤਾਬਾਂ ਜਾਰੀ ਕਰਵਾ ਕੇ ਪੜ੍ਹ ਰਹੇ ਹਨ। ਇਹ ਸਾਡੇ ਲਈ ਮਾਣ ਵਾਲੀ ਗੱਲ ਹੈ।

**• ਕੋਈ ਅਜਿਹੀ ਲਿਖਤ ਜਿਸ ਨੇ ਤੁਹਾਨੂੰ ਪ੍ਰਭਾਵਿਤ ਕੀਤਾ ਹੋਵੇ?**

ਹਾਂ ਇਕ ਲਿਖਤ ਹੈ ਜੋ ਮੇਰੀ ਜ਼ਿੰਦਗੀ ਨੂੰ ਪ੍ਰਭਾਵਿਤ ਕਰਦੀ ਰਹੀ ਹੈ। ਇਕ ਕਵਿਤਾ ਸੀ ‘ਮੇਰੀ ਛੁਪੇ ਰਹਿਣ ਦੀ ਚਾਹ’। ਇਹ ਮੇਰੀ ’ਤੇ ਬਹੁਤ ਹਾਵੀ ਰਹੀ। ਇਸ ਕਰਕੇ ਮੈਂ ਆਪਣੀਆਂ ਰਚਨਾਵਾਂ ਨੂੰ ਪਹਿਲੇ ਦੌਰ ਵਿਚ ਛੁਪਾ ਕੇ ਰੱਖਦਾ ਸਾਂ। ਜਦ ਇਨ੍ਹਾਂ ਦਾ ਮੇਰੇ ਇਕ ਅਧਿਆਪਕ ਨੂੰ ਪਤਾ ਲੱਗਾ ਤਾਂ ਉਨ੍ਹਾਂ ਨੇ ਮੈਨੂੰ ਇੱਕੋ ਗੱਲ ਕਹੀ ‘ਇਹ ਗੁਲਾਬ ਨੇ। ਇਨ੍ਹਾਂ ਨੂੰ ਮਹਿਕਣ ਦੇ। ਕਿਤਾਬਾਂ ਦੇ ਵਿਚ ਛੁਪਾ ਕੇ ਨਾ ਰੱਖ।’ ਮੈਂ ਉਨ੍ਹਾਂ ਦੀਆਂ ਗੱਲਾਂ ਨੂੰ ਪ੍ਰਵਾਨ ਕਰ ਕੇ ਇਹ ਪਾਠਕਾਂ ਦੇ ਸਨਮੁੱਖ ਕਰਨ ਲੱਗਾ।

**• ਪਿਛਲੇ ਦਿਨਾਂ ’ਚ ਤੁਹਾਨੂੰ ਪੰਜਾਬ ਸਰਕਾਰ ਵੱਲੋਂ ਰਾਜ ਪੱਧਰੀ ਸਨਮਾਨ ਮਿਲਿਆ ਹੈ। ਉਸ ਬਾਰੇ ਜਾਣਕਾਰੀ ਦੇਵੋ।**

ਮੈਂ ਸ਼ੁਕਰਗੁਜ਼ਾਰ ਹਾਂ ਕਿ ਮੈਨੂੰ ਇਸ ਸਨਮਾਨ ਦੇ ਕਾਬਿਲ ਸਮਝਿਆ ਗਿਆ ਹੈ। 3 ਦਸੰਬਰ ਨੂੰ ਅਪੰਗਤਾ ਦਿਵਸ ਮਨਾਇਆ ਜਾਂਦਾ ਹੈ। ਇਸ ਸਨਮਾਨ ਦੀ ਚੋਣ ਲਈ ਕਿਸੇ ਅੰਗਹੀਣ ਵਿਅਕਤੀ ਵੱਲੋਂ ਸਮਾਜ ਵਾਸਤੇ ਕੀਤੇ ਕੰਮਾਂ ਦਾ ਅਤੇ ਹੋਰ ਗਤੀਵਿਧੀਆਂ ਦਾ ਮੁਲਾਂਕਣ ਕਰਕੇ ਕੀਤੀ ਜਾਂਦੀ ਹੈ। ਮੈਂ ਸਮਾਜਿਕ ਗਤੀਵਿਧੀਆਂ ਵਿਚ ਭਾਗ ਲੈਂਦੇ ਹੋਏ ‘ਬੇਟੀ ਪੜ੍ਹਾਓ, ਬੇਟੀ ਬਚਾਓ।’ ਪ੍ਰੋਗਰਾਮ ’ਚ ਵਧ ਚੜ੍ਹ ਕੇ ਆਪਣਾ ਯੋਗਦਾਨ ਪਾਇਆ। ਵਾਤਾਵਰਨ ਨਾਲ ਪਿਆਰ ਹੋਣ ਕਰ ਕੇ ਮੈਂ ਅਨੇਕਾਂ ਥਾਵਾਂ ’ਤੇ ਵੱਖ-ਵੱਖ ਮੌਕਿਆਂ ਉੱਪਰ ਦਰੱਖ਼ਤ ਲਗਾਏ ਅਤੇ ਹੋਰਾਂ ਨੂੰ ਵਧੇਰੇ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ। ਸਾਹਿਤ ਰਾਹੀਂ ਦਿੱਤੇ ਸਮਾਜਿਕ ਸੁਨੇਹੇ ਨੂੰ ਇਸ ਦਾ ਹਿੱਸਾ ਮੰਨਿਆ ਗਿਆ।

**• ਜਿਸ ਤਰ੍ਹਾਂ ਤੁਹਾਨੂੰ ਸਨਮਾਨ ਮਿਲਿਆ ਹੈ ਉਸ ਨਜ਼ਰੀਏ ਤੋਂ ਤੁਸੀਂ ਕਿਸ ਤਰ੍ਹਾਂ ਦਾ ਸਮਾਜ ਸਿਰਜਣਾ ਚਾਹੁੰਦੇ ਹੋ?**

ਮੇਰਾ ਸੁਪਨਾ ਹੈ ਕਿ ਜਿਊਣ ਜੋਗਾ ਸਮਾਜ ਹੋਵੇ। ਜਿਸ ਵਿਚ ਹਰ ਵਿਅਕਤੀ, ਹਰ ਇਨਸ਼ਾਨ ਨੂੰ ਉਹ ਸਾਰੀਆਂ ਲੋੜਾਂ ਪੂਰੀਆਂ ਹੋਣ, ਜਿਨ੍ਹਾਂ ਲਈ ਹਰ ਮਨੁੱਖ ਲੋਚਦਾ ਹੈ। ਸਮਾਜ ਵਿੱਚੋਂ ਜਾਤ-ਪਾਤ, ਊਚ-ਨੀਚ ਦੀਆਂ ਬੁਰਾਈਆਂ ਦੂਰ ਹੋ ਜਾਣ, ਹੁਣ ਤਾਂ ਦੇਸ਼ ਨੂੰ ਆਜ਼ਾਦ ਹੋਇਆਂ ਵੀ ਬਹੁਤ ਸਮਾਂ ਹੋ ਗਿਆ ਹੈ। •

## ਪਰਦੀਪ ਮਹਿਤਾ



**• ਤੁਸੀਂ ਆਪਣੀ ਕਿਤਾਬ ਬਾਰੇ ਜਾਣਕਾਰੀ ਦੇਵੋ?**

ਮੇਰੇ ਕੋਲ ਦੋ ਕਿਤਾਬਾਂ ਦਾ ਖਰੜਾ ਤਿਆਰ ਪਿਆ ਹੈ। ਮੇਰੀ ਆਉਣ-ਜਾਣ ਦੀ ਦਿੱਕਤ ਕਰਕੇ ਮੈਂ ਇਨ੍ਹਾਂ ਨੂੰ ਕਿਤਾਬ ਦਾ ਰੂਪ ਨਹੀਂ ਦੇ ਸਕਿਆ। ਹੁਣ ਕੁਝ ਦੋਸਤਾਂ ਨੇ ਕਿਹਾ ਹੈ ਕਿ ਤੁਸੀਂ ਆਪਣਾ ਖਰੜਾ ਦੇਵੋ ਬਾਕੀ ਸਾਡਾ ਕੰਮ। ਉਮੀਦ ਕਰਦੇ ਹਾਂ ਉਨ੍ਹਾਂ ਦੇ ਸਹਿਯੋਗ ਨਾਲ ਪਾਠਕਾਂ ਦੇ ਹੱਥਾਂ ਵਿਚ ਕਿਤਾਬ ਜਲਦੀ ਪਹੁੰਚ ਜਾਵੇਗੀ।

**ਰੂਬਰੂ**

ਸਾਹਿਤ ਦਾ ਅਰਥ ਸਾਰਿਆਂ ਦੇ ਹਿਤ ਦੀ ਗੱਲ ਕਰਨ ਵਾਲਾ ਹੈ। ਇਸ ਨਾਲ ਸਮਾਜ ਨੂੰ ਉਸਾਰੂ ਤੇ ਤਰੱਕੀ ਦੇ ਰਾਹ ’ਤੇ ਤੋਰਿਆ ਜਾ ਸਕਦਾ ਹੈ। ਸਾਹਿਤ ਬਿਨਾਂ ਮਨੁੱਖੀ ਜੀਵਨ ਜਿਊਣ ਯੋਗ ਨਹੀਂ ਹੈ। ਜੇ ਰਚਨਾ ’ਚ ਉਸਾਰੂ ਸੁਨੇਹਾ ਹੋਵੇ ਤਾਂ ਪਾਠਕਾਂ ਦੀ ਕੋਈ ਕਮੀ ਨਹੀਂ ਰਹਿੰਦੀ...

---

# ਜ਼ਿੰਦਗੀ ਲਈ ਸੰਜੀਵਨੀ ਬੂਟੀ ਹੈ ਮੁਹੱਬਤ

• ਦੇਵ ਕੁਰਾਈਵਾਲਾ
94134-00053



ਜਦ ਮੁਹੱਬਤ ਹੁੰਦੀ ਹੈ ਤਾਂ ਅਸੀਂ ਇਕੱਲੇ ਬੈਠੇ ਵੀ ਹੱਸ ਰਹੇ ਹੁੰਦੇ ਹਾਂ। ਜੇ ਨਾ ਵੀ ਹੱਸੀਏ ਤਾਂ ਸਾਡੇ ਚਿਹਰੇ ਦਾ ਜਲਾਲ ਜ਼ਰੂਰ ਰੌਲਾ ਪਾ ਕੇ ਦੱਸ ਰਿਹਾ ਹੁੰਦਾ ਹੈ ਕਿ ਸਾਡੀ ਜ਼ਿੰਦਗੀ ਵਿਚ ਜ਼ਰੂਰ ਕੁਝ ਵਧੀਆ ਵਾਪਰਿਆ ਹੈ। ਇਕ ਦਿਨ ਵਿਚ ਹੀ ਸਾਡੀਆਂ ਬਹੁਤ ਆਦਤਾਂ ਬਦਲ ਜਾਂਦੀਆਂ ਨੇ ਤੇ ਲੱਗਣ ਲੱਗ ਜਾਂਦਾ ਹੈ ਕਿ ਹੁਣ ਕਿਸੇ ਨਾਲ ਲੜ ਕੇ ਵਕਤ ਨਾ ਖ਼ਰਾਬ ਕਰੀਏ...

ਕਿਸੇ ਵੀ ਇਨਸਾਨ ਨੂੰ ਸਭ ਤੋਂ ਵੱਧ ਪਛਤਾਵਾ ਉਨ੍ਹਾਂ ਕੰਮਾਂ ਜਾਂ ਥਾਵਾਂ ਨੂੰ ਯਾਦ ਕਰ ਕੇ ਹੁੰਦਾ ਹੈ ਜੋ ਉਹ ਕਰ ਜਾਂ ਦੇਖ ਨਹੀਂ ਸਕਿਆ ਹੁੰਦਾ। ਜਵਾਨੀ ਵਿਚ ਉਹ ਬਚਪਨ ਨੂੰ ਯਾਦ ਕਰਦਾ ਹੈ ਅਤੇ ਬੁਢਾਪੇ ’ਚ ਜਵਾਨੀ ਦੇ ਦਿਨ ਸਹਾਰਾ ਬਣਦੇ ਹਨ। ਜਿਨ੍ਹਾਂ ਥਾਵਾਂ ’ਤੇ ਬਚਪਨ ਅਤੇ ਜਵਾਨੀ ਬੀਤੀ ਹੋਵੇ ਬੁਢਾਪੇ ਵਿਚ ਉਸ ਜਗ੍ਹਾ ਇਕ ਗੇੜਾ ਵੱਜ ਜਾਵੇ ਤਾਂ ਇਨਸਾਨ ਦੁਬਾਰਾ ਜਵਾਨ ਹੋ ਜਾਂਦਾ ਹੈ। ਜੇ ਬਚਪਨ ਅਤੇ ਜਵਾਨੀ ਵਿਚ ਕੁਝ ਕੀਤਾ ਹੀ ਨਾ ਹੋਵੇ ਤਾਂ ਅਸੀਂ ਯਾਦ ਵੀ ਕੀ ਕਰਾਂਗੇ। ਜਵਾਨੀ ਵਿਚ ਕੀਤੀ ਮੁਹੱਬਤ ਕਦੇ ਵੀ ਇਨਸਾਨ ਨੂੰ ਬੁੱਢਾ ਨਹੀਂ ਹੋਣ ਦਿੰਦੀ ਪਰ ਜਿਨ੍ਹਾਂ ਦਿਲਾਂ ਵਿਚ ਕਦੇ ਮੁਹੱਬਤ ਦੀ ਤਿੜ ਫੁੱਟਦੀ ਹੀ ਨਹੀਂ ਉਹ ਜਵਾਨੀ ਵਿਚ ਹੀ ਬੁੱਢੇ ਹੋ ਗਏ ਹੁੰਦੇ ਹਨ।

ਜਵਾਨੀ ਦੇ ਦਿਨ ਜਦੋਂ ਯਾਦ ਆਉਂਦੇ ਨੇ ਤਾਂ ਉਹ ਸਾਨੂੰ ਫੇਰ ਜਵਾਨ ਕਰ ਦਿੰਦੇ ਹਨ। ਜਵਾਨੀ ਵਿਚ ਕੰਮ ਕੀਤਾ ਹੋਵੇ, ਮੁਹੱਬਤ ਕੀਤੀ ਹੋਵੇ ਜਾਂ ਦੋਵੇਂ ਇਨ੍ਹਾਂ ਦਾ ਮਾਣ ਅਤੇ ਸਰੂਰ ਬੁੱਢੀ ਉਮਰੇ ਵੀ ਆਪਣਾ ਪੂਰਾ ਅਸਰ ਵਿਖਾਉਂਦੇ ਨੇ। ਬਚਪਨ ਵਿਚ ਦੋਸਤਾਂ ਨਾਲ ਖੇਡੀਆਂ ਖੇਡਾਂ ਆਖਰੀ ਦਿਨ ਤਕ ਸਕੂਨ ਦਿੰਦੀਆਂ ਨੇ ਅਤੇ ਬਚਪਨ ਦੀਆਂ ਲੜਾਈਆਂ ਵੀ ਖੇਡਾਂ ਜਿੰਨਾ ਹੀ ਸਕੂਨ ਦਿੰਦੀਆਂ ਨੇ ਕਿਉਂਕਿ ਇਹ ਲੜਾਈਆਂ ਕਿਸੇ ਖ਼ਾਸ ਲਾਲਚ ਕਾਰਨ ਨਹੀਂ ਲੜੀਆਂ ਹੁੰਦੀਆਂ। ਬਚਪਨ ਦੇ ਵਿਛੜੇ ਦੋਸਤ ਜੇ ਬੁੱਢੀ ਉਮਰੇ ਮਿਲ ਪੈਣ ਤਾਂ ਉਹ ਬਚਪਨ ਦੀਆਂ ਗੱਲਾਂ ਯਾਦ ਕਰ ਫੇਰ ਬੱਚੇ ਬਣ ਜਾਂਦੇ ਹਨ।

ਪਰ ਹੁਣ ਨਾ ਬੱਚਿਆਂ ਦੀਆਂ ਖੇਡਾਂ ਰਹਿ ਗਈਆਂ ਨੇ ਨਾ ਜਵਾਨੀ ਦੀ ਮੁਹੱਬਤ। ਕਿੰਨੇ ਹੀ ਸਾਲ ਹੋ ਗਏ ਨੇ ਮੈਂ ਕਦੇ ਪਿੰਡ ਦੀਆਂ ਗਲੀਆਂ ਵਿਚ ਬੱਚਿਆਂ ਦੇ ਖੇਡਣ ਦਾ ਰੌਲਾ ਨਹੀਂ ਸੁਣਿਆ ਕਿਸੇ ਕੁਲਫੀ ਵੇਚਣ ਵਾਲੇ ਦੀ ਰੇੜ੍ਹੀ ਤੇ ਬੱਚਿਆਂ ਦਾ ਇਕੱਠ ਨਹੀਂ ਵੇਖਿਆ। ਹੁਣ ਬੱਚਿਆਂ ਦੇ ਦੋਸਤ ਸਕੂਲ ਦੀਆਂ ਵੈਨਾਂ ਵਿਚ ਬਣਦੇ ਨੇ ਅਤੇ ਵੈਨਾਂ ਵਿਚ ਹੀ ਉਹ ਇਕ ਦੂਜੇ ਨਾਲ ਖੇਡਦੇ ਅਤੇ ਗੱਲਾਂ ਕਰਦੇ ਨੇ ਬੱਚਿਆਂ ਦਾ ਬਚਪਨ ਇਕ ਅੱਡੇ ਤੋਂ ਸ਼ੁਰੂ ਹੁੰਦਾ ਹੈ ਅਤੇ ਦੂਜੇ ਅੱਡੇ ਤੇ ਖ਼ਤਮ ਹੋ ਜਾਂਦਾ ਹੈ।

ਜਵਾਨੀਆਂ ਨੌਕਰੀ ਲਈ ਲੜਾਈ ਕਰ ਰਹੀਆਂ ਨੇ। ਹਰ ਸ਼ਹਿਰ ਹਰ ਮੋੜ ’ਤੇ ਕੋਈ ਨਾ ਕੋਈ ਧਰਨਾ ਲੱਗਿਆ ਰਹਿੰਦਾ ਹੈ। ਜੇ ਕਿਤੇ ਦੋ ਦੋਸਤ ਮਿਲ ਜਾਣ ਤਾਂ ਉਨ੍ਹਾਂ ਦੀ ਗੱਲਬਾਤ ਦਾ ਵਿਸ਼ਾ ਸਿਰਫ਼ ਨੌਕਰੀ ਅਤੇ ਘਟਦੀਆਂ ਤਨਖਾਹਾਂ ਹੁੰਦੀਆਂ ਨੇ। ਬਹੁਤ ਮੁੰਡੇ ਕੁੜੀਆਂ ਮੇਰੇ ਦੋਸਤ ਹਨ ਜਿਨ੍ਹਾਂ ’ਚੋਂ ਬਹੁਤੇ ਕਿਸੇ ਨਾ ਕਿਸੇ ਨੂੰ ਮੁਹੱਬਤ ਕਰਦੇ ਨੇ ਪਰ ਉਨ੍ਹਾਂ ਦਾ ਫ਼ੈਸਲਾ ਹੁੰਦਾ ਹੈ ਕਿ ਇਜ਼ਹਾਰ ਉਦੋਂ ਹੀ ਕਰਾਂਗੇ ਜਦੋਂ ਸੈੱਟ ਹੋ ਜਾਵਾਂਗੇ। ਤੇ ਉਹ ਆਪਣੀ ਜਵਾਨੀ ਸੈੱਟ ਹੋਣ ਦੇ ਚੱਕਰ ਵਿਚ ਹੀ ਲੰਘਾ ਦਿੰਦੇ ਨੇ ਅਤੇ ਜਦੋਂ ਸੈੱਟ ਹੁੰਦੇ ਨੇ ਤਾਂ ਇਸ ਤਰ੍ਹਾਂ ਹੁੰਦੇ ਨੇ ਜਿਵੇਂ ਸ਼ਾਮ ਨੂੰ ਮਿਸਤਰੀ ਤੋਂ ਵਧਿਆ ਸੀਮੈਂਟ ਮਸਾਲਾ ਦੂਜੇ ਦਿਨ ਦੀ ਸਵੇਰ ਵੇਲੇ ਨੂੰ ਸੈੱਟ ਹੋਇਆ ਹੁੰਦਾ ਹੈ।

ਨੌਕਰੀ ਜਾਣ ਦਾ ਫ਼ਿਕਰ, ਆਉਣ ਦਾ ਫ਼ਿਕਰ। ਦਫ਼ਤਰੀ ਕੰਮ ਕਾਜ ਦਾ ਫ਼ਿਕਰ। ਚੈਕਿੰਗ ਦਾ ਫ਼ਿਕਰ, ਬਜਟ ਹਿੱਲ ਜਾਣ ਦਾ ਫ਼ਿਕਰ। ਇਨ੍ਹਾਂ ਫ਼ਿਕਰਾਂ ਵਿਚ ਮੁਹੱਬਤ ਸ਼ੋਰੇ ਵਾਲੀਆਂ ਡਾਟਾਂ ਤੋਂ ਸੀਮੈਂਟ ਦੇ ਕਿਰਨ ਦੀ ਤਰ੍ਹਾਂ ਕਿਰ ਜਾਂਦੀ ਹੈ ਅਤੇ ਇਨਸਾਨ ਵਿੱਚੋਂ ਉਸ ਦੀਆਂ ਲੋੜਾਂ ਅਤੇ ਖਵਾਹਿਸ਼ਾਂ ਬਿਨਾਂ ਸੀਮੈਂਟ ਦੇ ਨੰਗੀਆਂ ਹੋਈਆਂ ਇੱਟਾਂ ਵਾਂਗ ਮੂੰਹ ਪਾੜ-ਪਾੜ ਝਾਕ ਰਹੀਆਂ ਹੁੰਦੀਆਂ ਹਨ। ਕੰਮ ਵੀ ਜ਼ਰੂਰੀ ਨੇ ਪਰ ਜ਼ਿੰਦਗੀ ਇਕੱਲੇ ਕੰਮ ਲਈ ਨਹੀਂ ਬਣੀ। ਇਹ ਜਿਉਣ ਲਈ ਵੀ ਬਣੀ ਹੈ। ਬਹੁਤੇ ਘਰਾਂ ਵਿਚ ਲੜਾਈ ਦਾ ਕਾਰਨ ਹੁੰਦਾ ਹੈ ਮਾਨਸਿਕ ਪਰੇਸ਼ਾਨੀ ਅਤੇ ਇਸ ਦੀ ਵਜ੍ਹਾ ਹੁੰਦੀ ਹੈ ਨੌਕਰੀ ਨਾ ਮਿਲਣਾ। ਨੌਕਰੀ ਨਾ ਹੋਣ ਕਾਰਨ ਪਰੇਸ਼ਾਨੀ ਤਾਂ ਹੋ ਸਕਦੀ ਹੈ ਪਰ ਇਸ ਨੂੰ ਕਦੇ ਵੀ ਮੁਹੱਬਤ ਦਾ ਕਾਤਲ ਨਾ ਬਣਨ ਦਿਉ।

ਜ਼ਿੰਦਗੀ ਦੀ ਜੇ ਕੋਈ ਸੰਜੀਵਨੀ ਬੂਟੀ ਹੈ ਤਾਂ ਉਹ ਹੈ ਮੁਹੱਬਤ। ਜੋ ਜ਼ਿੰਦਗੀ ਦੇ ਆਖ਼ਰੀ ਪਲਾਂ ਵਿਚ ਵੀ ਸਾਡੇ ਹੋਠਾਂ ਨੂੰ ਮੁਸਕਰਾਉਣ ਲਈ ਮਜਬੂਰ ਕਰ ਦਿੰਦੀ ਹੈ। ਜ਼ਿੰਦਗੀ ਜੇ ਜਿਊਣੀ ਹੈ ਤਾਂ ਦੁਨੀਆਂ ਵੇਖਣੀ ਚਾਹੀਦੀ ਹੈ। ਬਹੁਤ ਲੋਕ ਨੇ ਜੋ ਜਿਊਣਾ ਚਾਹੁੰਦੇ ਨੇ, ਘੁੰਮਣਾ ਚਾਹੁੰਦੇ ਨੇ ਪਰ ਆਰਥਿਕ ਮੰਦਹਾਲੀ ਕਾਰਨ ਉਹ ਆਪਣੀਆਂ ਇਛਾਵਾਂ ਨਾਲ ਸਮਝੌਤਾ ਕਰ ਲੈਂਦੇ ਨੇ ਪਰ ਬਹੁਤ ਇਹੋ ਜਿਹੇ ਵੀ ਨੇ ਜਿਨ੍ਹਾਂ ਕੋਲ ਸਭ ਕੁਝ ਹੁੰਦਾ ਹੈ ਪਰ ਉਨ੍ਹਾਂ ਨੂੰ ਵਰਤਣਾ ਨਹੀਂ ਆਉਂਦਾ ਹੁੰਦਾ।

ਇਸ ਨਾਲ ਸਬੰਧਤ ਇਕ ਸੱਚਾ ਵਾਕਿਆ ਮੈਂ ਇਥੇ ਦੱਸਣ ਲੱਗਾ ਹਾਂ “ਮੈਂ ਤਲਵੰਡੀ ਸਾਬੋ ਗੁਰੂ ਕਾਸ਼ੀ ਯੂਨੀਵਰਸਿਟੀ ’ਚ ਪੜ੍ਹਦਾ ਸੀ। ਇਕ ਸ਼ਾਮ ਨੂੰ ਅਸੀਂ ਗੁਰਦੁਆਰਾ ਸਾਹਿਬ ਮੱਥਾ ਟੇਕਣ ਗਏ। ਰਸਤੇ ਉੱਤੇ ਇਕ ਗੋਲ ਗੱਪਿਆਂ ਵਾਲੀ ਰੇੜ੍ਹੀ ਲੱਗੀ ਹੋਈ ਸੀ। ਅਸੀਂ ਉੱਥੇ ਗੋਲ ਗੱਪੇ ਖਾਣ ਲਈ ਰੁਕ ਗਏ। ਏਨੇ ਨੂੰ ਇਕ ਜੋੜਾ ਜੋ ਸਾਇਕਲ ’ਤੇ ਸੀ ਮੱਥਾ ਟੇਕ ਸਾਡੇ ਵਾਲੀ ਰੇਹੜੀ ਤੇ ਆ ਗੋਲ ਗੱਪੇ ਖਾਣ ਲੱਗੇ। ਵਿਚ-ਵਿਚ ਦੀ ਕਦੇ ਪਤਨੀ ਪਤੀ ਦੇ ਮੂੰਹ ਵਿਚ ਗੋਲ ਗੱਪਾ ਪਾਉਂਦੀ ਅਤੇ ਕਦੇ ਪਤੀ। ਉਨ੍ਹਾਂ ਦੋਹਾਂ ਦੀ ਮੁਹੱਬਤ ਵੇਖ ਕੇ ਮੈਨੂੰ ਵੀ ਮੁਹੱਬਤ ਦਾ ਸਰੂਰ ਹੋ ਗਿਆ।

ਕੁਝ ਦਿਨਾਂ ਬਾਅਦ ਅਸੀਂ ਸਾਰੇ ਉਹੀ ਦੋਸਤ ਬਠਿੰਡੇ ਮੌਲ ਵਿਚ ਫਿਲਮ ਦੇਖਣ ਆਏ। ਇਥੇ ਪਤੀ-ਪਤਨੀ ਨੌਵਾ ਗੱਡੀ ਵਿਚ ਸਾਡੇ ਸਾਹਮਣੇ ਆਏ। ਪਤੀ ਗੱਡੀ ਪਾਰਕ ਕਰ ਆ ਕੇ ਫਿਲਮ ਦੀਆਂ ਟਿਕਟਾਂ ਲੈਣ ਲੱਗਿਆ ਪਰ ਪਤਾ ਨਹੀਂ ਕੀ ਹੋਇਆ ਦੋਹਾਂ ਜਣਿਆਂ ਵਿਚ ਕੁਝ ਝਗੜਾ ਹੋਣ ਲੱਗਾ ਅਤੇ ਦੇਖਦੇ-ਦੇਖਦੇ ਹੀ ਇਹ ਝਗੜਾ ਬਹੁਤ ਵੱਡੇ ਤਮਾਸ਼ੇ ਵਿਚ ਬਦਲ ਗਿਆ। ਪਤਨੀ ਨੇ ਆਟੋ ਲਿਆ ਅਤੇ ਘਰ ਨੂੰ ਚਲੀ ਗਈ ਮਗਰ ਹੀ ਪਤੀ ਆਪਣੀ ਗੱਡੀ ਲੈ ਕੇ ਘਰ ਚਲ ਗਿਆ। ਇਸ ਗੱਲ ਨੂੰ ਨਕਾਰਿਆ ਨਹੀਂ ਜਾ ਸਕਦਾ ਕਿ ਉਹ ਘਰ ਜਾ ਕੇ ਲੜੇ ਨਹੀਂ ਹੋਣਗੇ। ਇਹ ਘਟਨਾ ਮੈਂ ਇਸ ਲਈ ਸਾਂਝੀ ਕੀਤੀ ਕਿਉਂਕਿ ਇਸ ਘਟਨਾ ਵਿਚ ਮੈਨੂੰ ਜ਼ਿੰਦਗੀ ਜਿਊਣ ਦਾ ਸਲੀਕਾ ਅਤੇ ਜ਼ਿੰਦਗੀ ਜਿਊਣ ਦਾ ਸਵਾਦ ਦਿਸ ਰਿਹਾ ਹੈ।

ਜਦ ਪਹਿਲੀ ਵਾਰ ਮੁਹੱਬਤ ਹੁੰਦੀ ਹੈ ਤਾਂ ਅਸੀਂ ਇਕੱਲੇ ਬੈਠੇ ਵੀ ਹੱਸ ਰਹੇ ਹੁੰਦੇ ਹਾਂ। ਜੇ ਨਾ ਵੀ ਹੱਸੀਏ ਤਾਂ ਸਾਡੇ ਚਿਹਰੇ ਦਾ ਜਲਾਲ ਜ਼ਰੂਰ ਰੌਲਾ ਪਾ ਕੇ ਦੱਸ ਰਿਹਾ ਹੁੰਦਾ ਹੈ ਕਿ ਸਾਡੀ ਜ਼ਿੰਦਗੀ ਵਿਚ ਜ਼ਰੂਰ ਕੁਝ ਵਧੀਆ ਵਾਪਰਿਆ ਹੈ।

ਇਕ ਦਿਨ ਵਿਚ ਹੀ ਸਾਡੀਆਂ ਬਹੁਤ ਆਦਤਾਂ ਬਦਲ ਜਾਂਦੀਆਂ ਨੇ। ਸਾਨੂੰ ਇਹ ਲੱਗਣ ਲੱਗ ਜਾਂਦਾ ਹੈ ਕਿ ਹੁਣ ਕਿਸੇ ਨਾਲ ਲੜ ਕੇ ਵਕਤ ਨਾ ਖ਼ਰਾਬ ਕਰੀਏ। ਬਸ ਇਸ ਮੁਹੱਬਤੀ ਸਰੂਰ ਦਾ ਆਨੰਦ ਲਈਏ। ਸੱਚਿਆਂ ਆਸ਼ਕਾਂ ਦੀ ਵੀ ਅਮਲੀਆਂ ਵਾਂਗ ਆਪਣੇ ਇਸ਼ਕ ਨਾਲ ਪੱਕੀ ਪੀਨਕ ਲੱਗ ਜਾਂਦੀ ਹੈ। ਹਰੇਕ ਆਸ਼ਕ ਵਕਤ ਦਾ ਬਹੁਤ ਪਾਬੰਦ ਹੋ ਜਾਂਦਾ ਹੈ ਕਿਉਂਕਿ ਮਸ਼ੂਕ ਨੂੰ ਸਜਦਾ ਕਰਨਾ ਹੁੰਦਾ ਹੈ। ਇਹ ਮੁਹੱਬਤ ਦੀ ਕਸਤੂਰੀ ਜ਼ਿੰਦਗੀ ਨੂੰ ਮਹਿਕਾਅ ਦਿੰਦੀ ਹੈ। ਜੇ ਅਸੀਂ ਇਹ ਮਸ਼ੂਕ ਖ਼ੁਦ ਜ਼ਿੰਦਗੀ ਨੂੰ ਹੀ ਬਣਾ ਲਈਏ ਤਾਂ ਅਸੀਂ ਸਦੀਵੀ ਆਨੰਦ ਵਿਚ ਖੋ ਸਕਦੇ ਹਾਂ।

---

# ਤਕਦੀਰ ਨਹੀਂ ਹਿੰਮਤ ਕਰਦੀ ਹੈ ਫ਼ੈਸਲੇ

• ਪ੍ਰੋ. ਧਰਮਜੀਤ ਸਿੰਘ ਮਾਨ
9478460084

ਪਹਿਲੀ ਵਾਰ ਹਿੰਮਤ ਜੁਟਾ ਕੇ ਕੀਤਾ ਕੰਮ ਜੇ ਆਸ ਤੇ ਉਮੀਦ ਮੁਤਾਬਕ ਕੋਈ ਨਤੀਜਾ ਨਾ ਦੇਵੇ ਤਾਂ ਨਿਰਾਸ਼ਾ ਉਤਪੰਨ ਨਹੀਂ ਹੋਣੀ ਚਾਹੀਦੀ ਸਗੋਂ ਠੰਢੇ ਅਤੇ ਸਹਿਜ ਮਨ ਨਾਲ ਫਿਰ ਤੋਂ ਯਤਨ ਆਰੰਭਣੇ ਚਾਹੀਦੇ ਹਨ...



ਕਿਸੇ ਨਤੀਜੇ ’ਤੇ ਨਾ ਪਹੁੰਚ ਸਕਣਾ ਜਾਂ ਫਿਰ ਕਿਸੇ ਕੰਮ ’ਚ ਅਸਫਲ ਹੋ ਜਾਣਾ ਅਤੇ ਇਸਦਾ ਕਾਰਨ ਤਕਦੀਰ ਦਾ ਸਾਥ ਨਾ ਦੇਣਾ, ਕਹਿਣਾ ਆਮ ਗੱਲ ਹੈ। ਤਕਦੀਰ ਕੀ ਹੈ ਕਿਸੇ ਨੂੰ ਪਤਾ ਨਹੀਂ ਪਰ ਹਿੰਮਤ ਕੀ ਹੈ ਇਸ ਦਾ ਸਭ ਨੂੰ ਗਿਆਨ ਹੈ। ਮਿਹਨਤ ਅਤੇ ਹਿੰਮਤ ਕਰਨ ਨਾਲ ਇਨਸਾਨ ਥੱਕਦਾ ਹੈ ਪਰ ਤਕਦੀਰ ’ਤੇ ਭਰੋਸਾ ਕਰਨ ਨਾਲ ਕੋਈ ਥਕਾਵਟ ਨਹੀਂ ਹੁੰਦੀ। ਆਮ ਤੌਰ ’ਤੇ ਇਨਸਾਨ ਸਭ ਕੁਝ ਤਕਦੀਰ ਸ਼ਬਦ ਦੇ ਜ਼ੁੰਮੇ ਕਰ ਕੇ ਔਖੀ ਸਥਿਤੀ ਤੋਂ ਖਹਿੜਾ ਛੁਡਾ ਲੈਂਦਾ ਹੈ। ਹਿੰਮਤ ਮਿਹਨਤ ਨੂੰ ਜਨਮ ਦਿੰਦੀ ਹੈ ਅਤੇ ਲਗਾਤਾਰ ਉੱਦਮ ਕਰਨਾ ਇਸਦਾ ਨਤੀਜਾ ਹੁੰਦਾ ਹੈ। ਜੇ ਨਤੀਜੇ ਆਸ ਮੁਤਾਬਕ ਨਹੀਂ ਆਉਂਦੇ ਤਾਂ ਘਬਰਾਉਣਾ ਜਾਂ ਰੁਕ ਜਾਣਾ ਠੀਕ ਨਹੀਂ ਬਲਕਿ ਇਕ ਤੋਂ ਬਾਅਦ ਇਕ ਕਦਮ ਅੱਗੇ ਵਧਾਉਂਦੇ ਜਾਣਾ ਚਾਹੀਦਾ ਹੈ। ਕਦਮ ਦਰ ਕਦਮ ਚੱਲਦੇ ਪੈਰਾਂ ਦੀ ਰਫ਼ਤਾਰ ਜਾਂ ਫਿਰ ਹੱਥਾਂ ਨਾਲ ਕੀਤੇ ਕੰਮਾਂ ਨੂੰ ਹਿੰਮਤ ਦੀ ਦੇਣ ਕਿਹਾ ਜਾਂਦਾ ਹੈ।

ਕਦੇ ਪੜ੍ਹਿਐ ਜਾਂ ਸੁਣਿਐ ਕਿ ਕਿਸੇ ਰਾਜੇ ਨੇ ਸਿਰਫ਼ ਤਕਦੀਰ ਦੇ ਸਹਾਰੇ ਹੀ ਵੱਡੇ-ਵੱਡੇ ਰਾਜਭਾਗ ਜਿੱਤ ਲਏ ਹੋਣ ਜਾਂ ਫਿਰ ਦੁਨੀਆ ’ਚ ਨਾਂ ਕਮਾਇਆ ਹੋਵੇ। ਇਹ ਸੰਭਵ ਨਹੀਂ। ਜਿੱਤਾਂ ਦਰਜ ਕਰਨ ਲਈ ਹਿੰਮਤ ਦੀ ਲੋੜ ਹੁੰਦੀ ਹੈ, ਤਕਦੀਰ ਆਪਣੇ ਆਪ ਬਣ ਜਾਂਦੀ ਹੈ। ਸਫਲਤਾ ਵੱਲ ਜਾਂਦੇ ਇਨਸਾਨ ਦੀ ਤਕਦੀਰ ਵੀ ਆਪ ਹੀ ਚੰਗੀ ਬਣਨ ਲੱਗਦੀ ਹੈ। ਉਸ ਦੇ ਉੱਦਮ ਅਤੇ ਹਿੰਮਤੀ ਕਾਰਜ ਉਸ ਲਈ ਤਕਦੀਰ ਦੇ ਮਾਇਨੇ ਬਦਲ ਦਿੰਦੇ ਹਨ। ਕਿਸੇ ਵੀ ਅੰਜਾਮ ਤਕ ਅੱਪੜਨ ਲਈ ਹਿੰਮਤ ਦਾ ਹੋਣਾ ਬਹੁਤ ਜ਼ਰੂਰੀ ਹੈ। ਦੁਸ਼ਮਣ ਦੀਆਂ ਤੇਜ਼ ਗਤੀਵਿਧੀਆਂ ਦੇਖ ਕੇ ਤਕਦੀਰ ਦਾ ਸਹਾਰਾ ਟੋਲ੍ਹਣ ਵਾਲਾ ਜੰਗ ਕਿਵੇਂ ਜਿੱਤ ਸਕਦਾ ਹੈ। ਲੋਹੇ ਨੂੰ ਲੋਹਾ ਕੱਟਦਾ ਹੈ ਸੋਨਾ ਨਹੀਂ। ਜਿਹੋ ਜਿਹੀ ਸਥਿਤੀ ਉਤਪਨ ਹੁੰਦੀ ਹੈ ਸਾਨੂੰ ਉਸ ਅਨੁਸਾਰ ਹਿੰਮਤ ਜੁਟਾਉਣੀ ਹੋਵੇਗੀ। ਟੀਚਾ ਵੱਡਾ ਹੈ ਤਾਂ ਹਿੰਮਤ ਵੀ ਪਰਬਤੀ ਹੋਣੀ ਚਾਹੀਦੀ ਹੈ। ਨਿਸ਼ਾਨਾ ਛੋਟਾ ਹੈ ਤਾਂ ਮਾਮੂਲੀ ਯਤਨ ਵੀ ਕਾਫ਼ੀ ਹੁੰਦਾ ਹੈ। ਤਕਦੀਰ ਦੀ ਪ੍ਰੀਭਾਸ਼ਾ ਹਿੰਮਤ ’ਚੋਂ ਉਤਪਨ ਹੁੰਦੀ ਹੈ। ਹਿੰਮਤੀ ਤਕਦੀਰਾਂ ਘੜਦੇ ਹਨ ਅਤੇ ਨੀਰਸ ਤਕਦੀਰਾਂ ਨੂੰ ਜ਼ਿੰਦਗੀ ਦਿੰਦੇ ਹਨ। ਵੱਡੀਆਂ-ਵੱਡੀਆਂ ਕ੍ਰਾਂਤੀਆਂ ਤਕਦੀਰਾਂ ਨਾਲ ਨਹੀਂ ਹਿੰਮਤ ਨਾਲ ਆਈਆਂ ਸਨ ਜੋ ਨਵੇਂ ਇਤਿਹਾਸ ਸਿਰਜ ਗਈਆਂ। ਵੱਡੇ-ਵੱਡੇ ਤਖ਼ਤਾਂ ’ਤੇ ਬੈਠੇ ਰਾਜੇ ਜਦੋਂ ਜ਼ਾਲਮ ਹੋ ਗਏ ਤਾਂ ਆਪਣੀਆਂ ਗ਼ੁਲਾਮ ਤਕਦੀਰਾਂ ਨੂੰ ਆਜ਼ਾਦ ਫਿਜ਼ਾ ਦਾ ਝੋਕਾ ਦੇਣ ਲਈ ਗ਼ੁਲਾਮ ਲੋਕਾਂ ਨੇ ਆਪਣੀ ਹਿੰਮਤ ਨਾਲ ਹਾਲਤਾਂ ਦਾ ਟਾਕਰਾ ਕਰ ਕੇ ਆਪਣੀਆਂ ਤਕਦੀਰਾਂ ਆਪ ਲਿਖ ਦਿੱਤੀਆਂ। ਇਤਿਹਾਸ ਬਣ ਗਏ ਅਤੇ ਕੌਮਾਂ ਆਜ਼ਾਦ ਹੋ ਗਈਆਂ।

ਜ਼ਿੰਦਗੀ ’ਚ ਇਹ ਗੱਲ ਮਾਅਨੇ ਨਹੀਂ ਰੱਖਦੀ ਕਿ ਅਸੀਂ ਅਸਫਲ ਹੋ ਗਏ, ਇਹ ਜ਼ਿਆਦਾ ਜ਼ਰੂਰੀ ਹੈ ਕਿ ਸਫਲ ਹੋਣ ਲਈ ਕਿੰਨੇ ਯਤਨ ਕੀਤੇ ਗਏ। ਪਹਿਲੀ ਵਾਰ ਹਿੰਮਤ ਜੁਟਾ ਕੇ ਕੀਤਾ ਕੰਮ ਜੇ ਆਸ ਅਤੇ ਉਮੀਦ ਮੁਤਾਬਕ ਕੋਈ ਨਤੀਜਾ ਨਾ ਦੇਵੇ ਤਾਂ ਨਿਰਾਸ਼ਾ ਉਤਪਨ ਨਹੀਂ ਹੋਣੀ ਚਾਹੀਦੀ ਸਗੋਂ ਠੰਢੇ ਅਤੇ ਸਹਿਜ ਮਨ ਨਾਲੀ ਯਤਨ ਫਿਰ ਤੋਂ ਆਰੰਭਣੇ ਚਾਹੀਦੇ ਹਨ। ਨਿਸ਼ਾਨੇ ਦੀ ਪ੍ਰਾਪਤੀ ਤੋਂ ਬਾਅਦ ਇਹ ਕਿਹਾ ਜਾ ਸਕਦਾ ਹੈ ਕਿ ਇਹ ਮੇਰੀ ਤਕਦੀਰ ’ਚ ਸੀ ਇਸ ਲਈ ਮੈਨੂੰ ਮਿਲ ਗਿਆ। ਇਹ ਤਕਦੀਰ ਹਿੰਮਤ ਸਦਕਾ ਬਣੀ ਹੈ ਇਸ ਲਈ ਸਫਲ ਜ਼ਿੰਦਗੀ ਜਿਊਣ ਲਈ ਹਿੰਮਤ ਦੀ ਹਰ ਪਲ ਲੋੜ ਹੈ। ਤਕਦੀਰ ਦੇ ਭਾਰ ਥੱਲੇ ਹਿੰਮਤ ਨੂੰ ਰੋਲ੍ਹਣਾ ਠੀਕ ਨਹੀਂ। ਟੀਚੇ ਦੀ ਪ੍ਰਾਪਤੀ ਦਾ ਆਖ਼ਰੀ ਫੈਸਲਾ ਤਕਦੀਰ ਨੇ ਨਹੀਂ ਬਲਕਿ ਹਿੰਮਤ ਨੇ ਕਰਨਾ ਹੁੰਦਾ ਹੈ। •

**ਸੋਧ** ਯਾਤਰਾ ਦੇ 28 ਅਪ੍ਰੈਲ ਦੇ ਅੰਕ ਵਿਚ ‘ਡਰੱਮ ਹੈਲਰ ਸਭ ਤੋਂ ਵੱਡੇ ਡਾਇਨਾਸੋਰ ਵਾਲਾ ਸ਼ਹਿਰ’ ਲੇਖ ਰਾਜ ਗੋਗਨਾ ਦੇ ਨਾਂ ਹੇਠ ਪ੍ਰਕਾਸ਼ਤ ਹੋਇਆ ਸੀ। ਇਸ ਬਾਰੇ ਬਲਵਿੰਦਰ ਬਾਲਮ ਨੇ ਛਪੇ ਲੇਖ ਦੀਆਂ ਕਟਿੰਗਜ਼ ਭੇਜ ਕੇ ਦਾਅਵਾ ਕੀਤਾ ਹੈ ਕਿ ਇਹ ਉਨ੍ਹਾਂ ਦਾ ਮੌਲਿਕ ਲੇਖ ਹੈ। ਰਾਜ ਗੋਗਨਾ ਦੀ ਇਸ ਭੁੱਲ ਦਾ ਸਾਨੂੰ ਖੇਦ ਹੈ।

---

# ਪੁਸਤਕ ਚਰਚਾ

ਤਾਰੋ ਅਜਿਹੀਆਂ ਦਸ ਕਹਾਣੀਆਂ ਦਾ ਸੰਗ੍ਰਹਿ ਹੈ ਜੋ ਸਾਡੀ ਜ਼ਿੰਦਗੀ ਦੇ ਨੇੜੇ-ਤੇੜੇ ਘੁੰਮਦੀਆਂ ਹਨ। ਇਹ ਸਾਰੀਆਂ ਕਹਾਣੀਆਂ ਸਾਡੇ ਰਿਸ਼ਤਿਆਂ, ਮਾਨਸਿਕਤਾ, ਉਲਝੇ ਹੋਏ ਤਾਣੇ ਬਾਣਿਆਂ ਨੂੰ ਦਰਸਾਉਂਦੀਆਂ ਹਨ। ਇਸ ਤੋਂ ਪਹਿਲਾਂ ਵੀ ਲੇਖਕ ਦੀ ਇਕ ਪੁਸਤਕ ਪਿੰਡ ਰੰਗੂਵਾਲ ਦਾ ਇਤਿਹਾਸ ਆ ਚੁੱਕੀ ਹੈ। ਇਸ ਸੰਗ੍ਰਹਿ ਵਿਚਲੀ ਪਹਿਲੀ ਕਹਾਣੀ ‘ਡਬਲਬੈੱਡ’ ਲੇਖਕ ਦੀ ਆਪਣੀ ਜ਼ਿੰਦਗੀ ’ਤੇ ਅਧਾਰਿਤ ਹੈ। ਇਹ ਕਹਾਣੀ ਲੇਖਕ ਦੀ ਆਰਥਿਕ ਹਾਲਤ ਬਾਰੇ ਗਿਆਨ ਕਰਵਾਉਂਦੀ ਹੈ ਕਿ ਕਿਸ ਤਰ੍ਹਾਂ ਲੇਖਕ ਦਾ ਗੁਜ਼ਾਰਾ ਮਸਾਂ ਹੀ ਚਲਦਾ ਸੀ ਕਿ ਉਸ ਵਿਚ ਡਬਲ ਬੈੱਡ ਲੈਣ ਦੀ ਵੀ ਹਿੰਮਤ ਨਹੀਂ ਸੀ। ਇਹ ਕਹਾਣੀ ਲੇਖਕ ਦੀਆਂ ਭਾਵਨਾਵਾਂ ਨੂੰ ਬਿਆਨਦੀ ਹੈ।

ਪੁਸਤਕ ਦੇ ਸਿਰਲੇਖ ‘ਤਾਰੋ’ ਕਹਾਣੀ ਇਕ ਔਰਤ ਦੀ ਬੇਵਸੀ ਨੂੰ ਦਰਸਾਉਂਦੀ ਹੈ। ਕਹਾਣੀ ਵਿਚਲੀ ਪਾਤਰ ਤਾਰੋ ਜੋ ਕਿ ਕੈਨੇਡਾ ਰਹਿੰਦੀ ਹੈ ਉਸ ਦਾ ਦੋ ਵਾਰ ਵਿਆਹ ਹੁੰਦਾ ਹੈ ਪਰ ਉਸ ਦੇ ਕਰਮਾਂ ਵਿਚ ਪਤੀ ਦਾ ਸੁੱਖ ਨਹੀਂ ਹੁੰਦਾ ਤੇ ਅੰਤ ਵਿਚ ਉਹ ਬਹੁਤ ਦੁਖੀ ਹੁੰਦੀ ਹੈ। ਇਸ ਤੋਂ ਇਲਾਵਾ ਹੋਰ ਕਹਾਣੀਆਂ ਜਿਵੇਂ ਮੀਤੇ ਦਾ ਬਾਪੂ, ਮਰਿਆ ਹੋਇਆ ਸੱਪ, ਤੜਪ, ਵਾਰਿਸ ਆਦਿ ਕਹਾਣੀਆਂ ਵੀ ਬਹੁਤ ਹੀ ਕਾਬਲੇ ਤਾਰੀਫ਼ ਹਨ। ਇਹ ਕਹਾਣੀਆਂ ਸਾਡੇ ਸਮਾਜ ਦੇ ਹਾਲਾਤ ਨੂੰ ਖ਼ੂਬ ਦਰਸਾਉਂਦੀਆਂ ਹਨ। ਇਨ੍ਹਾਂ ਕਹਾਣੀਆਂ ਵਿਚ ਲੇਖਕ ਨੇ ਸਾਫ਼ ਦਿਖਾਇਆ ਹੈ ਕਿ ਸਾਡੇ ਸਮਾਜ ਵਿਚ ਕੀ ਕੁਝ ਹੋ ਰਿਹਾ ਹੈ ਤੇ ਅਸੀਂ ਇਨ੍ਹਾਂ ਸਭ ਹਾਲਾਤ ਨੂੰ ਬਦਲਣ ਦੀ ਕੋਸ਼ਿਸ਼ ਨਹੀਂ ਕਰਦੇ ਸਗੋਂ ਆਪ ਇਸ ਤਰ੍ਹਾਂ ਦੇ ਗ਼ਲਤ ਹਾਲਾਤ ਦੇ ਜ਼ਿੰਮੇਵਾਰ ਹੁੰਦੇ ਹਾਂ। ਜਿਵੇਂ ਕਿ ‘ਤੜਫ ਤੇ ਵਾਰਿਸ’ ਕਹਾਣੀ ਵਿਚ ਪਹਿਲਾਂ ਤਾਂ ਕਹਾਣੀ ਵਿਚਲੀਆਂ ਮੁੱਖ ਪਾਤਰਾਂ ਗ਼ਲਤੀ ਕਰ ਲੈਂਦੀਆਂ ਹਨ ਫਿਰ ਪਛਤਾਉਂਦੀਆਂ ਹਨ।

ਇਸੇ ਤਰ੍ਹਾਂ ‘ਆਪਣੇ ਬਿਗਾਨੇ, ਬੈਕੁੰਠ ਧਾਮ, ਵੱਡੀ ਬੇਬੇ ਹਵੇਲੀ ਵਾਲੀ ਤੇ ਜੱਟ ਦਾ ਬਦਲਾ’ ਕਹਾਣੀ ਵਿਚ ਲੇਖਕ ਪਿੰਡ ਦੇ ਲੋਕਾਂ ਦੀ ਤਾਰੀਫ਼ ਕਰਦਾ ਹੈ ਕਿ ਕਿਸ ਤਰ੍ਹਾਂ ਪਹਿਲਾਂ ਲੋਕਾਂ ਵਿਚ ਬਹੁਤ ਹਿੰਮਤ ਹੁੰਦੀ ਸੀ ਕਿ ਕੁਝ ਵੀ ਗ਼ਲਤ ਹੋ ਰਿਹਾ ਹੋਵੇ ਤਾਂ ਉਸ ਨੂੰ ਰੋਕਣਾ, ਗ਼ਲਤ ਕੰਮ ਵਿਰੁੱਧ ਆਵਾਜ਼ ਉਠਾਉਣੀ। ਹੁਣ ਦੀ ਤਰ੍ਹਾਂ ਲੋਕ ਡਰਦੇ ਨਹੀਂ ਸਨ। ਕਹਾਣੀਆਂ ਵਿਚ ਹੀ ਲੇਖਕ ਨੇ ਬਹੁਤ ਵਧੀਆ ਪਲਾਟ, ਘਟਨਾਵਾਂ ਨੂੰ ਪੇਸ਼ ਕੀਤਾ ਹੈ।




ਸਮੇਂ ਦੀ ਮਹਿਕ ਪੁਸਤਕ ਦਾ ਰਚੇਤਾ ਹਰੀਸ਼ ਮਲਹੋਤਰਾ ਹੈ। ਇਹ ਪੁਸਤਕ ਲੇਖਕ ਦੇ ਕੁਝ ਲੇਖਕਾਂ, ਦੋਸਤਾਂ, ਮਿੱਤਰਾਂ ਦੀਆਂ ਯਾਦਾਂ ਨਾਲ ਸਬੰਧਿਤ ਹੈ। ਪੁਸਤਕ ’ਚ ਲੇਖਕ ਨੇ ਆਪਣੀਆਂ ਕਾਫ਼ੀ ਯਾਦਾਂ ਪਾਠਕਾਂ ਨਾਲ ਸਾਂਝੀਆਂ ਕੀਤੀਆਂ ਹਨ। ਪੁਸਤਕ ਦੇ ਸ਼ੁਰੂਆਤ ’ਚ ਲੇਖਕ ਬਰਤਾਨੀਆ ਵਿਚ ਵਸਦੇ ਪੰਜਾਬੀ ਲੇਖਕਾਂ ਬਾਰੇ ਆਪਣੇ ਵਿਚਾਰ ਸਾਂਝੇ ਕਰਦਾ ਹੈ। ਉਹ ਪਾਸ਼ ਨਾਲ ਬਿਤਾਏ ਦਿਨਾਂ ਦੀਆਂ ਯਾਦਾਂ ਨੂੰ ਇਕ ਲੇਖ ਵਿਚ ਇਸ ਤਰ੍ਹਾਂ ਪ੍ਰਗਟਾਉਂਦਾ ਹੈ ਜਿਵੇਂ ਕਿ ਹਾਲੇ ਅੱਜ ਕੱਲ੍ਹ ਦੀ ਗੱਲ ਹੋਵੇ। ਪਾਸ਼ ਬਾਰੇ ਪੜ੍ਹ ਕੇ ਅਹਿਸਾਸ ਹੁੰਦਾ ਹੈ ਕਿ ਜਿਵੇਂ ਉਹ ਸਾਡੇ ਆਸ ਪਾਸ ਹੀ ਹੋਵੇ।

ਇਸ ਤੋਂ ਬਿਨਾਂ ਸੰਘਣੇ ਰੁੱਖ ਦੀਆਂ ਯਾਦਾਂ ਵਿਚ ਲੇਖਕ ਰਘੁਬੀਰ ਢੰਡ ਦਾ ਜ਼ਿਕਰ ਕਰਦਾ ਹੈ ਕਿ ਉਹ ਕਿੰਨਾ ਚੜ੍ਹਦੀਆਂ ਕਲਾਂ ਵਿਚ ਰਹਿਣ ਵਾਲਾ ਇਨਸਾਨ ਸੀ ਤੇ ਹਰ ਇਕ ਦੇ ਦੁੱਖ ਨੂੰ ਸਮਝਣ ਵਾਲਾ ਸੀ। ਫਿਰ ਲੇਖਕ ਜ਼ਿਕਰ ਕਰਦਾ ਹੈ ਨਿਰੰਜਣ ਸਿੰਘ ਨੂਰ ਦਾ ਜੋ ਕਿ ਅਧਿਆਪਕ ਸਨ ਤੇ ਪੰਜਾਬੀ ਦੇ ਲੇਖਕ ਵੀ। ਉਨ੍ਹਾਂ ਬਾਰੇ ਲੇਖਕ ਦੱਸਦਾ ਹੈ ਕਿ ਉਹ ਹਮੇਸ਼ਾ ਸਹੀ ਸੇਧ ਦਿੰਦੇ ਸਨ ਤੇ ਠਰੰਮ੍ਹੇ ਵਾਲੇ ਇਨਸਾਨ ਸਨ। ਲੇਖਕ ਜਸਵੰਤ ਸਿੰਘ ਕੰਵਲ ਨਾਲ ਆਪਣੀ ਮਿਲਣੀ ਦਾ ਜ਼ਿਕਰ ਵੀ ਵਧੀਆ ਢੰਗ ਨਾਲ ਕਰਦਾ ਹੈ ਕਿ ਕਿਵੇਂ ਉਹ ਪੰਜਾਬੀ ਭਾਸ਼ਾ ਨੂੰ ਅੱਗੇ ਲਿਆਉਣ ਦਾ ਯਤਨ ਕਰਦੇ ਹਨ ਤੇ ਪੰਜਾਬੀ ਪੜ੍ਹਨ ਨੂੰ ਤਰਜੀਹ ਦਿੰਦੇ ਹਨ। ਉਨ੍ਹਾਂ ਅਨੁਸਾਰ ਪੰਜਾਬੀ ਸਾਹਿਤ ਨੂੰ ਵੀ ਅੱਗੇ ਵਧਾਉਣ ਦੀ ਲੋੜ ਹੈ ਤਾਂ ਜੋ ਪੰਜਾਬੀ ਦਾ ਵੱਧ ਤੋ ਵੱਧ ਵਿਕਾਸ ਹੋ ਸਕੇ। ਇਸ ਤੋਂ ਬਿਨਾਂ ਲੇਖਕ ਯਾਦ ਕਰਦਾ ਹੈ ਆਪਣੀਆਂ ਉਹ ਮਿਲਣੀਆਂ ਜਿਨ੍ਹਾਂ ਸਦਕਾ ਉਸ ਨੇ ਆਪਣੇ ਜੀਵਨ ਦੇ ਪਲ ਖ਼ੁਸ਼ੀ-ਖ਼ੁਸ਼ੀ ਬਿਤਾਏ ਜਿਵੇਂ ਕਿ ਦਰਸ਼ਨ ਖਟਕੜ ਨਾਲ ਹੋਈ ਮਿਲਣੀ ਜੋ ਕਿ ਨਕਸਲਬਾੜੀ ਲਹਿਰ ਦੇ ਮੋਢੀਆਂ ’ਚੋਂ ਸਨ ਤੇ ਜਿਨ੍ਹਾਂ ਨੇ ਪੰਜਾਬ ਵਿਚ ਨਵੀ ਚੇਤਨਾ ਲਿਆਂਦੀ। ਹਰੀਸ਼ ਮਲੋਹਤਰਾ ਆਪ ਵੀ ਬਹੁਤ ਸੁਲਝੇ ਹੋਏ ਇਨਸਾਨ ਹਨ ਜਿਨ੍ਹਾਂ ਦੀ ਪੁਸਤਕ ਪ੍ਰੇਰਨਾ ਸਰੋਤ ਰਹੀ ਹੈ।




• ਇੰਦਰਪ੍ਰੀਤ ਕੌਰ

ਪੰਜਾਬ ਦੀ ਰਾਜਨੀਤੀ : ਸੰਵਾਦ ਤੇ ਸੰਵੇਦਨਾ ਅਜੈ ਕੁਮਾਰ ਦੀ ਦੂਸਰੀ ਪੁਸਤਕ ਹੈ। ਇਸ ਤੋਂ ਪਹਿਲਾਂ ਉਹ ‘ਖਾਓ ਪਿਓ ਨੈਸ਼ਨਲ ਫਰੰਟ’ ਨਾਂ ਦੀ ਵਾਰਤਕ ਪੁਸਤਕ ਪਾਠਕਾਂ ਦੇ ਹੱਥਾਂ ਤਕ ਪਹੁੰਚਾ ਚੁੱਕਾ ਹੈ। ਇਹ ਪੁਸਤਕ ਰਾਜਨੀਤਕ ਵਿਅੰਗਾਤਮਕ ਲੇਖਾਂ ਦੀ ਸੀ। ਹੱਥਲੀ ਪੁਸਤਕ ਵਿਚ ਅਜੈ ਕੁਮਾਰ ਨੇ 48 ਛੋਟੇ-ਛੋਟੇ ਨਿਬੰਧ ਪਾਠਕਾਂ ਨੂੰ ਪਰੋਸੇ ਹਨ। ਇਹ ਨਿਬੰਧ ਹਫ਼ਤਾਵਾਰ ਅਖ਼ਬਾਰ ਵਿਚ ਸੰਪਾਦਕੀ ਅਧੀਨ ਪ੍ਰਕਾਸ਼ਤ ਹੋ ਚੁੱਕੇ ਹਨ। ਸੋ ਹੱਥਲੀ ਵਾਰਤਕ ਪੁਸਤਕ ਉਸ ਦੇ ਸੰਪਾਦਕੀ ਲੇਖਾਂ ਦਾ ਸੰਗ੍ਰਹਿ ਹੈ ਜਿਸ ’ਚ ਸਮਕਾਲੀ ਸਮੱਸਿਆਵਾਂ ਨੂੰ ਵਿਚਾਰਿਆ ਗਿਆ ਹੈ।

ਪੁਸਤਕ ਦੇ ਲੇਖਾਂ ਨੂੰ ਪੜ੍ਹ ਕੇ ਕਿਹਾ ਜਾ ਸਕਦਾ ਹੈ ਕਿ ਅਜੈ ਕੁਮਾਰ ਨਿਡਰਅਤੇ ਬੇਬਾਕ ਪੱਤਰਕਾਰ ਹੈ। ਉਹ ਕਿਸੇ ਰਾਜਨੀਤੀ ਧਿਰ ਜਾਂ ਸਰਕਾਰ ਨੂੰ ਖ਼ੁਸ਼ ਕਰਨ ਲਈ ਉਸ ਦੀ ਉਸਤਤੀ ਵਿਚ ਕਸੀਦੇ ਨਹੀਂ ਪੜ੍ਹਦਾ ਸਗੋਂ ਖਰੀਆਂ-ਖਰੀਆਂ ਗੱਲਾਂ ਕਰ ਕੇ ਮੌਕੇ ਦੀ ਹਕੂਮਤ, ਰਾਜਨੀਤਕ ਪਾਰਟੀਆਂ ਦੇ ਆਗੂਆਂ ਤੇ ਵਿਰੋਧੀ ਧਿਰ ਦੇ ਨੇਤਾਵਾਂ ਨੂੰ ਸ਼ੀਸ਼ਾ ਦਿਖਾਉਂਦਾ ਹੈ।

ਹੱਥਲੇ ਨਿਬੰਧ ਸੰਗ੍ਰਹਿ ਵਿਚ ਉਸ ਨੇ ਪੰਜਾਬ ਦੀ ਰਾਜਨੀਤੀ ਦੀ ਦਸ਼ਾ ਤੇ ਦਿਸ਼ਾ ਬਾਰੇ ਬੇਬਾਕ ਹੋ ਕੇ ਗੱਲਾਂ ਕੀਤੀਆਂ ਹਨ। ਉਹ ਸਿਆਸੀ ਪਾਰਟੀਆਂ ਦੀਆਂ ਗ਼ਲਤ ਤੇ ਬੇਬੁਨਿਆਦ ਨੀਤੀਆਂ ਦੀ ਖੁੱਲ੍ਹ ਕੇ ਆਲੋਚਨਾ ਕਰਦਾ ਹੋਇਆ ਸਹੀ ਗ਼ਲਤ ਦੇ ਫ਼ਰਕ ਨੂੰ ਬਿਆਨਦਾ ਹੈ। ਲੇਖਕ ਬਾਕੀ ਸਾਰੀਆਂ ਸਥਿਤੀਆਂ ਦੇ ਨਾਲ-ਨਾਲ ਦਲਿਤ ਸਮਾਜ ਦੀ ਵੀ ਗੱਲ ਕਰਦਾ ਹੈ ਕਿ ਉਨ੍ਹਾਂ ਦਾ ਵੱਖ-ਵੱਖ ਪਾਰਟੀਆਂ ਨੇ ਕਿਸ ਤਰ੍ਹਾਂ ਸ਼ੋਸ਼ਣ ਕੀਤਾ। ਉਹ ਦੱਸਦਾ ਹੈ ਕਿ ਕਿਸ ਤਰ੍ਹਾਂ ਡਾ. ਅੰਬੇਡਕਰ ਦੁਆਰਾ ਰਚਿਤ ਸੰਵਿਧਾਨ ਨੂੰ ਬਦਲਣ ਦੀਆਂ ਨੀਤੀਆਂ ਘੜੀਆਂ ਜਾ ਰਹੀਆਂ ਹਨ। ਜੋ ਦਲਿਤ ਸਮਾਜ ਖ਼ਿਲਾਫ਼ ਸਾਜ਼ਿਸ਼ ਹੈ।

ਪੁਸਤਕ ਦੇ ਸਮੁੱਚੇ ਲੇਖ ਪੰਜਾਬ ਹੀ ਨਹੀਂ ਬਲਕਿ ਭਾਰਤੀ ਰਾਜਨੀਤੀ ਦੀ ਸਥਿਤੀ ਤੇ ਵੱਖ-ਵੱਖ ਸਰਕਾਰਾਂ ਦੁਆਰਾ ਲੋਕ ਰਾਜ ਦਾ ਸਹਾਰਾ ਲੈ ਕੇ ਕਿਸ ਤਰ੍ਹਾਂ ਲੋਕਾਂ ਦਾ ਸ਼ੋਸ਼ਣ ਕੀਤਾ ਜਾਂਦਾ ਹੈ, ਦੀ ਕਥਾ ਕਰਦੇ ਹਨ। ਪੁਸਤਕ ਪੜ੍ਹਨ ਦੇ ਨਾਲ-ਨਾਲ ਸਾਂਭਣਯੋਗ ਹੈ।




ਸ਼ਕੁੰਤਲਾ ਕਾਵਿ-ਨਾਟ ਮਹਾਂ-ਕਵੀ ਕਾਲੀ ਦਾਸ ਦੀ ਮੂਲ ਰਚਨਾ ਹੈ ਜੋ ਪੁਰਾਤਨ ਭਾਰਤੀ ਸਾਹਿਤ ਵਿਚ ਪ੍ਰਸਿੱਧ ਪ੍ਰੇਮ ਕਥਾ ਦਾ ਦਰਜਾ ਰੱਖਦੀ ਹੈ। ਪੰਜਾਬੀ ਵਿਚ ਮਹਾਂ-ਕਵਿ ਜਾਂ ਖੰਡ-ਕਾਵਿ ਦੀ ਸ਼ੁਰੂਆਤ 13ਵੀਂ ਸਦੀ ਵਿਚ ਹੋਈ ਪਰ ਪੰਜਾਬੀ ਸਾਹਿਤ ਵਿਚ ਇਹ ਵੰਨਗੀ ਬਹੁਤੀ ਵਿਕਸਤ ਨਹੀਂ ਹੋਈ। ਬੇਸ਼ੱਕ ਭਾਈ ਵੀਰ ਸਿੰਘ ਦਾ ਰਾਣਾ ਸੂਰਤ 20ਵੀਂ ਸਦੀ ਦਾ ਚਰਚਿਤ ਮਹਾਂ-ਕਾਵਿ ਰਿਹਾ। ਇਸ ਤੋਂ ਇਲਾਵਾ ਹੋਰ ਵੀ ਕਈ ਲੇਖਕਾਂ ਨੇ ਮਹਾਂ-ਕਾਵਿ ਲਿਖੇ ਪਰ ਇਸ ਦੇ ਬਾਵਜੂਦ ਪੰਜਾਬੀ ਵਿਚ ਮਹਾਂ-ਕਾਵਿ ਦੀ ਕਮੀ ਖਟਕਦੀ ਰਹੀ।

ਪੰਜਾਬੀ ਵਿਚ ਜਿਨ੍ਹਾਂ ਲੇਖਕਾਂ ਨੇ ਮਹਾਂ-ਕਾਵਿ ਰਚਨ ਦਾ ਉਪਰਾਲਾ ਕੀਤਾ ਉਨ੍ਹਾਂ ਵਿੱਚੋਂ ਇਕ ਨਾਂ ਸੁਰਜੀਤ ਸਿੰਘ ਕਾਲਕੇ ਦਾ ਆਉਂਦਾ ਹੈ। ਉਸ ਨੇ ਬੇਸ਼ੱਕ ਆਪਣੇ ਮਹਾਂ-ਕਾਵਿ ਦਾ ਨਾਂ ‘ਸ਼ੁਕੰਤਲਾ’ ਪੁਰਾਤਨ ਭਾਰਤੀ ਪਰੰਪਰਾ ਵਿੱਚੋਂ ਲਿਆ ਹੈ ਪਰ ਉਸ ਦੇ ਮਹਾਂ-ਕਾਵਿ ਦਾ ਕਥਾਨਕ ਵੱਖਰਾ ਹੈ। ਉਸ ਦੀ ਸ਼ਕੁੰਤਲਾ ਕਾਲੀ ਦਾਸ ਵਾਲੀ ਨਹੀਂ ਸਗੋਂ ਪੰਜਾਬ ਦੀ ਮੁਟਿਆਰ ਹੈ। ਉਸ ਦੇ ਹੱਥਲੇ ਮਹਾਂ-ਕਾਵਿ ਵਾਰੇ ਡਾ. ਜਗਤਾਰ ਲਿਖਦਾ ਹੈ, ‘ਇਸ ਕਾਵਿ ਰਚਨਾ ਨੂੰ ਪੜ੍ਹ ਕੇ ਸਭ ਤੋਂ ਪਹਿਲਾ ਪ੍ਰਭਾਵ ਇਹ ਪੈਂਦਾ ਹੈ ਕਿ ਲੇਖਕ ਨੂੰ ਮੌਸਮਾਂ, ਫੁੱਲਾਂ, ਬਨਸਪਤੀ, ਰੁੱਖਾਂ, ਸਮੇਂ ਦੇ ਪਹਿਰਾਂ, ਨਦੀਆਂ, ਝਰਨਿਆਂ, ਪਸ਼ੂ-ਪੰਛੀਆਂ ਦੀ ਸੂਰਤ-ਸੀਰਤ ਤੇ ਕੈਫ਼ੀਅਤ ਦਾ ਬਹੁਤ ਗਿਆਨ ਹੈ। ਇਹ ਗਿਆਨ ਨਾ ਕਿਤਾਬੀ ਹੈ ਨਾ ਸੁਣਿਆ ਸੁਣਾਇਆ ਬਲਕਿ ਇਲਮੁਲ-ਐਨ ਹੈ। ਰਚਨਾ ਦਾ ਮਾਧਿਅਮ ਭਾਵੇਂ ਇਲਮੁਲ-ਐਨ (ਜ਼ਾਤੀ ਅਨੁਭਵ) ਇਲਮੁਲ-ਸ਼ਨੀਦ (ਸੁਣਿਆ ਸੁਣਾਇਆ)ਤੇ ਇਲਮੁਲ ਯਕੀਨ ਤਿੰਨੇ ਸੋਮੇ ਹਨ। ਪਰ ਇਲਮੁਲ ਐਨ, ਭਾਵ ਜਾਤੀ ਤਜਰਬਿਆਂ ਦਾ ਅਨੁਭਵ ਕੁਝ ਵਧੇਰੇ ਹੀ ਅਨੁਭੂਤੀਸ਼ੀਲ ਹੁੰਦਾ ਹੈ। ਸੁਰਜੀਤ ਸਿੰਘ ਦੀ ਇਹ ਕਾਵਿ ਰਚਨਾ ਵਿਚ ਤਿੰਨ ਸੋਮਿਆਂ ਨੂੰ ਮਾਧਿਅਮ ਬਣਾਇਆ ਗਿਆ ਹੈ। ਪੰਜਾਬੀ ਸਾਹਿਤ ਵਿਚ ਸੁਰਜੀਤ ਸਿੰਘ ਕਾਲਕੇ ਦੀ ‘ਸ਼ਕੁੰਤਲਾ’ ਬੇਸ਼ਕੀਮਤੀ ਕਿਰਤ ਕਹੀ ਜਾ ਸਕਦੀ ਹੈ ਜੋ ਪੰਜਾਬੀ ਵਿਚ ਮਹਾਂ-ਕਾਵਿ ਦੀ ਵੰਨਗੀ ਨੂੰ ਅੱਗੇ ਤੋਰਨ ’ਚ ਕੜੀ ਬਣੇਗੀ। ਇਹ ਪੁਸਤਕ ਪੜ੍ਹਨ ਤੇ ਸਾਂਭਣਯੋਗ ਹੈ।




• ਜਸਵਿੰਦਰ ਦੂਹੜਾ

# ਡੀ.ਜੀ.ਪੀ. ਦੇ ਨਿਰਦੇਸ਼ਾਂ ’ਤੇ ਸਮਾਣਾ ਪੁਲਿਸ ਵੱਲੋਂ ਵਿਸ਼ੇਸ਼ ਨਾਕਾਬੰਦੀ ਭਾਖੜਾ ਪੁਲ ’ਤੇ ਬਣਾਏ ਜਾ ਰਹੇ ਨੇ ਬੰਕਰ

**ਸਮਾਣਾ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਦੇ ਡੀਜੀਪੀ ਗੌਰਵ ਯਾਦਵ ਦੇ ਨਿਰਦੇਸ਼ਾਂ ਤਹਿਤ ਸੂਬੇ ਭਰ ਵਿੱਚ ਪੁਲਿਸ ਗਸ਼ਤ ਵਧਾਉਣ ਅਤੇ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕਰਨ ਲਈ ਇੱਕ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਲੜੀ ਤਹਿਤ ਸਮਾਣਾ ਸਿਟੀ ਪੁਲਿਸ ਵੱਲੋਂ ਵੀ ਇਲਾਕੇ ਵਿੱਚ ਨਾਕਾਬੰਦੀ ਅਤੇ ਚੈਕਿੰਗ ਮੁਹਿੰਮ ਨੂੰ ਤੇਜ਼ ਕਰ ਦਿੱਤਾ ਗਿਆ ਹੈ। ਸੁਰੱਖਿਆ ਪ੍ਰਬੰਧਾਂ ਨੂੰ ਪੁਖ਼ਤਾ ਕਰਨ ਦੇ ਮਕਸਦ ਨਾਲ ਸਮਾਣਾ ਦੇ ਭਾਖੜਾ ਪੁਲ ’ਤੇ ਵਿਸ਼ੇਸ਼ ਬੰਕਰ ਬਣਾਏ ਜਾ ਰਹੇ ਹਨ, ਤਾਂ ਜੋ ਕਿਸੇ ਵੀ ਐਮਰਜੈਂਸੀ (ਆਪਾਤਕਾਲੀਨ ਸਥਿਤੀ) ਜਾਂ ਅਣਸੁਖਾਵੀਂ ਘਟਨਾ ਦੌਰਾਨ ਪੁਲਿਸ ਪ੍ਰਭਾਵਸ਼ਾਲੀ ਢੰਗ ਨਾਲ ਕਾਰਵਾਈ ਕਰ ਸਕੇ। ਇਹਨਾਂ ਬੰਕਰਾਂ ਰਾਹੀਂ ਨਾਕਾਬੰਦੀ ਦੌਰਾਨ ਤਾਇਨਾਤ ਪੁਲਿਸ ਮੁਲਾਜ਼ਮਾਂ ਨੂੰ ਸੁਰੱਖਿਆ ਮਿਲਣ ਦੇ ਨਾਲ-ਨਾਲ ਨਿਗਰਾਨੀ ਰੱਖਣ ਵਿੱਚ ਵੀ ਆਸਾਨੀ ਹੋਵੇਗੀ।

ਪੁਲਿਸ ਅਧਿਕਾਰੀਆਂ ਅਨੁਸਾਰ ਸੰਵੇਦਨਸ਼ੀਲ ਥਾਵਾਂ ’ਤੇ ਨਿਗਰਾਨੀ ਵਧਾਈ ਜਾ ਰਹੀ ਹੈ ਅਤੇ ਸ਼ੱਕੀ ਵਿਅਕਤੀਆਂ ਤੇ ਵਾਹਨਾਂ ਦੀ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਆਮ ਜਨਤਾ ਦੀ ਸੁਰੱਖਿਆ ਪੁਲਿਸ ਦੀ ਮੁੱਖ ਤਰਜੀਹ ਹੈ ਅਤੇ ਇਸ ਲਈ ਹਰ ਸੰਭਵ ਕਦਮ ਚੁੱਕੇ ਜਾ ਰਹੇ ਹਨ। ਅੱਜ ਸਮਾਣਾ ਦੀ ਭਾਖੜਾ ਨਹਿਰ ’ਤੇ ਸੁਰੱਖਿਆ ਦੇ ਮੱਦੇਨਜ਼ਰ ਹਰ ਆਉਣ-ਜਾਣ ਵਾਲੀ ਗੱਡੀ ਨੂੰ ਰੋਕ ਕੇ ਚੈੱਕ ਕੀਤਾ ਗਿਆ। ਪੁਲਿਸ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਹੈ ਕਿ ਕਿਸੇ ਵੀ ਸ਼ੱਕੀ ਗਤੀਵਿਧੀ ਦੀ ਜਾਣਕਾਰੀ ਤੁਰੰਤ ਪੁਲਿਸ ਨੂੰ ਦਿੱਤੀ ਜਾਵੇ, ਤਾਂ ਜੋ ਕਾਨੂੰਨ ਵਿਵਸਥਾ ਬਣਾਈ ਰੱਖਣ ਅਤੇ ਅਪਰਾਧਾਂ ਨੂੰ ਠੱਲ੍ਹ ਪਾਉਣ ਵਿੱਚ ਮਦਦ ਮਿਲ ਸਕੇ।

ਇਸ ਸਬੰਧੀ ਥਾਣਾ ਸਿਟੀ ਮੁੱਖੀ ਬਲਜੀਤ ਸਿੰਘ ਨੇ ਦੱਸਿਆ ਕਿ ਉੱਚ ਅਧਿਕਾਰੀਆਂ ਦੀਆ ਹਦਾਇਤਾਂ ਅਨੁਸਾਰ ਇਹ ਮੋਰਚੇ ਬਣਾਏ ਜਾ ਰਹੇ ਹਨ, ਤਾਂ ਕਿ ਲੋਕਾਂ ਨੂੰ ਸੁਰੱਖਿਆ ਪ੍ਰਦਾਨ ਕੀਤੀ ਜਾ ਸਕੇ।

# ਸਾਲਾਨਾ ਸਮਾਗਮ ਮੌਕੇ ਮੁਫਤ ਮੈਡੀਕਲ ਚੈਕ ਅੱਪ ਤੇ ਖ਼ੂਨਦਾਨ ਕੈਂਪ ਲਗਾਇਆ



**ਪਟਿਆਲਾ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪਿੰਡ ਕੌਲੀ ਵਿਖੇ ਡੇਰਾ ਪੀਰ ਬਾਬਾ ਅਬਦੁੱਲਾ ਸ਼ਾਹ ਜੀ ਵਿਖੇ ਹਰ ਸਾਲ ਦੀ ਤਰ੍ਹਾਂ ਸਾਲਾਨਾ ਉਰਸ ਮਨਾਇਆ ਗਿਆ। ਇਸ ਮੌਕੇ ਸੇਵਾਦਾਰ ਮੋਨੂੰ ਬਾਜਵਾ ਦੀ ਅਗਵਾਈ ਹੇਠ ਸਮੁੱਚੇ ਪ੍ਰਬੰਧ ਕੀਤੇ ਗਏ। ਦਿਲੋਂ ਸੇਵਾ ਵੈਲਫੇਅਰ ਸੁਸਾਇਟੀ ਵੱਲੋਂ ਅਮਨਿੰਦਰਪਾਲ ਸਿੰਘ ਜਲਾਲਪੁਰ ਦੀ ਅਗਵਾਈ ਹੇਠ ਮਨੁੱਖਤਾ ਦੇ ਭਲੇ ਲਈ ਮੁਫਤ ਮੈਡੀਕਲ ਚੈਕ ਅੱਪ ਕੈਂਪ ਅਤੇ ਖ਼ੂਨਦਾਨ ਕੈਂਪ ਲਗਾਇਆ ਗਿਆ। ਕਾਂਗਰਸੀ ਯੂਥ ਆਗੂ ਗੌਰਵ ਸੰਧੂ ਨੇ ਖ਼ੁਦ ਖ਼ੂਨਦਾਨ ਕਰਕੇ ਕੈਂਪ ਦਾ ਰਸਮੀ ਉਦਘਾਟਨ ਕੀਤਾ।

ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਖ਼ੂਨ ਦੇ ਵੱਖ-ਵੱਖ ਤਰ੍ਹਾਂ ਦੇ ਟੈਸਟ ਕੀਤੇ ਗਏ। ਸਮਾਗਮ ਵਿਚ ਤੇਜਿੰਦਰਪਾਲ ਸਿੰਘ ਸੰਧੂ ਸੀਨੀਅਰ ਅਕਾਲੀ ਆਗੂ, ਇੰਦਰਜੀਤ ਸਿੰਘ ਸੰਧੂ ਵਾਈਸ ਚੇਅਰਮੈਨ, ਜੰਗ ਸਿੰਘ ਭਟੇੜੀ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ, ਗਿਆਨ ਸਿੰਘ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ, ਸ਼ੈਰੀ ਰਿਆੜ, ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਹਰਦੀਪ ਸਿੰਘ ਸਨੌਰ, ਫੌਜਇੰਦਰ ਸਿੰਘ ਸਿੰਘ ਮੁਖਮੈਲਪੁਰ, ਰਾਕੇਸ਼ ਬੱਗਾ ਸਮਾਜ ਸੇਵਕ ਬਹਾਦਰਗੜ੍ਹ, ਜਸਵੰਤ ਸਿੰਘ ਰਾਏਪੁਰ, ਹਰਦੇਵ ਸਿੰਘ ਬਾਜਵਾ, ਜਰਨੈਲ ਸਿੰਘ ਸਰਪੰਚ ਰਾਏਪੁਰ, ਹਰਦੀਪ ਸਿੰਘ ਰਾਏਪੁਰ, ਸਵਰਨਜੀਤ ਸਿੰਘ ਜਲਾਲਪੁਰ ਆਦਿ ਹਾਜ਼ਰ ਸਨ।

# ਵਿਕਾਸ ਕਾਰਜਾਂ ਦੀ ਲੜੀ ਤਹਿਤ ਪਟਿਆਲਾ ਨੂੰ ਮਿਲੀ ਇੱਕ ਹੋਰ ਵੱਡੀ ਸੌਗਾਤ : ਅਜੀਤਪਾਲ ਸਿੰਘ ਕੋਹਲੀ

**ਪਟਿਆਲਾ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਸ਼ਹਿਰ ਦੇ ਵਿਕਾਸ ਨੂੰ ਹੋਰ ਗਤੀ ਦਿੰਦਿਆਂ ਵਿਧਾਇਕ ਸ੍ਰ. ਅਜੀਤਪਾਲ ਸਿੰਘ ਕੋਹਲੀ ਨੇ ਅੱਜ ਲੀਲਾ ਭਵਨ ਤੋਂ ਥਾਪਰ ਚੌਂਕ ਤੱਕ 2.25 ਕਰੋੜ ਰੁਪਏ ਦੀ ਲਾਗਤ ਨਾਲ ਨਵੀਂ ਤਿਆਰ ਕੀਤੀ ਗਈ ਸੜਕ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ, ਸਮਾਜਿਕ ਆਗੂ, ਵਪਾਰੀ ਵਰਗ ਅਤੇ ਆਮ ਆਦਮੀ ਪਾਰਟੀ ਦੇ ਆਗੂ ਹਾਜ਼ਰ ਰਹੇ।ਉਦਘਾਟਨ ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕ ਸ੍ਰ. ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਟਿਆਲਾ ਸ਼ਹਿਰ ਦੇ ਹਰ ਵਾਰਡ ਵਿੱਚ ਵਿਕਾਸ ਕਾਰਜ ਜੰਗੀ ਪੱਧਰ @ਤੇ ਕਰਵਾਏ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਸਾਫ਼-ਸੁਥਰੀਆਂ ਸੜਕਾਂ, ਬਿਹਤਰ ਸੀਵਰੇਜ ਪ੍ਰਬੰਧ, ਪੀਣ ਵਾਲਾ ਪਾਣੀ ਅਤੇ ਹੋਰ ਬੁਨਿਆਦੀ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ।ਉਨ੍ਹਾਂ ਕਿਹਾ ਕਿ ਲੀਲਾ ਭਵਨ ਤੋਂ ਥਾਪਰ ਚੌਂਕ ਤੱਕ ਦਾ ਇਹ ਰਸਤਾ ਸ਼ਹਿਰ ਦੇ ਸਭ ਤੋਂ ਰੁਝੇਵੇਂ ਵਾਲੇ ਮਾਰਗਾਂ ਵਿੱਚੋਂ ਇੱਕ ਹੈ, ਜਿੱਥੋਂ ਹਰ ਰੋਜ਼ ਹਜ਼ਾਰਾਂ ਲੋਕ ਆਵਾਜਾਈ ਕਰਦੇ ਹਨ। ਇਸ ਸੜਕ ਦੇ ਨਵੀਨੀਕਰਨ ਨਾਲ ਨਾ ਸਿਰਫ਼ ਟਰੈਫਿਕ ਦੀ ਸਮੱਸਿਆ ਘੱਟ ਹੋਵੇਗੀ, ਸਗੋਂ ਆਮ ਲੋਕਾਂ ਨੂੰ ਸੁਵਿਧਾਜਨਕ ਅਤੇ ਸੁਰੱਖਿਅਤ ਆਵਾਜਾਈ ਦੀ ਸਹੂਲਤ ਵੀ ਮਿਲੇਗੀ।

# ਮਨਰੇਗਾ ਕਰਮਚਾਰੀਆਂ ਵੱਲੋਂ ਪੰਚਾਇਤੀ ਵਿਭਾਗ ਵਿੱਚ ਮਰਜ਼ ਨਾਂ ਕਰਨ ਦੇ ਰੋਸ ਵਜੋਂ ਕਲਮ ਛੋੜ ਹੜਤਾਲ ਸ਼ੁਰੂ

**ਸੁਨਾਮ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**




ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਪਿਛਲੇ ਲਗਭਗ 18 ਸਾਲਾਂ ਤੋਂ ਕੰਟਰੈਕਟ ਆਧਾਰਿਤ ਸੇਵਾਵਾਂ ਨਿਭਾ ਰਹੇ ਨਰੇਗਾ ਮੁਲਾਜ਼ਮਾਂ ਵੱਲੋਂ ਅੱਜ ਬਲਾਕ ਵਿਖੇ ਕਲਮ ਛੋੜ ਹੜਤਾਲ ਸ਼ੁਰੂ ਕੀਤੀ ਗਈ। ਇਸ ਮੌਕੇ ਧਰਨੇ ਨੂੰ ਸੰਬੋਧਨ ਕਰਦਿਆਂ ਬਲਾਕ ਪ੍ਰਧਾਨ ਨੇ ਦੱਸਿਆ ਕਿ ਨਰੇਗਾ ਮੁਲਾਜ਼ਮਾਂ ਨੂੰ ਪਿੱਛਲੇ 6-7 ਮਹੀਨਿਆਂ ਤੋਂ ਤਨਖਾਹਾਂ ਨਹੀਂ ਮਿਲੀਆਂ ਜਿਸ ਕਾਰਨ ਮੁਲਾਜ਼ਮਾਂ ਦਾ ਬੁਰਾ ਹਾਲ ਹੈ ਚੋਣਾਂ ਤੋਂ ਪਹਿਲਾਂ ਅਤੇ ਸਰਕਾਰ ਬਣਨ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਜੀ ਨੇ ਨਰੇਗਾ ਮੁਲਾਜ਼ਮਾਂ ਨਾਲ ਵਾਅਦਾ ਕੀਤਾ ਸੀ ਕਿ ਹੁਣ ਠੇਕੇਦਾਰੀ ਸਿਸਟਮ ਬਿਲਕੁਲ ਬੰਦ ਕਰਕੇ ਪੰਚਾਇਤ ਵਿਭਾਗ ਵਿੱਚ ਨਰੇਗਾ ਮੁਲਾਜ਼ਮਾਂ ਨੂੰ ਪੱਕੀਆਂ ਅਸਾਮੀਆਂ ਤੇ ਮਰਜ਼ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਣਾਈ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਲਈ ਬਣਾਈ ਪਾਲਿਸੀ ਵੀ ਨਰੇਗਾ ਮੁਲਾਜ਼ਮਾਂ ਦਾ ਕੁੱਝ ਸੰਵਾਰ ਨਹੀਂ ਸਕੀ। ਵਿਭਾਗ ਵੱਲੋਂ ਨਰੇਗਾ ਮੁਲਾਜ਼ਮਾਂ ਡਾਟਾ ਪੋਰਟਲ ਰਾਹੀਂ ਇਕੱਠਾ ਕਰਕੇ ਪ੍ਰੋਸੋਨਲ ਤੇ ਵਿੱਤ ਵਿਭਾਗ ਦੀਆਂ ਪ੍ਰਵਾਨਗੀਆਂ ਲੈਣ ਦੇ ਬਾਵਜੂਦ ਵੀ ਨਰੇਗਾ ਮੁਲਾਜ਼ਮਾਂ ਨੂੰ ਆਰਡਰ ਨਹੀਂ ਦਿੱਤੇ ਗਏ।

ਬੀਤੀ 1 ਜੂਨ ਨੂੰ ਪੰਚਾਇਤ ਮੰਤਰੀ ਤਰਨਪ੍ਰੀਤ ਸਿੰਘ ਸੌਂਧ ਨਾਲ ਹੋਈ ਪੈਨਲ ਮੀਟਿੰਗ ਵਿੱਚ ਵੀ ਮਾਣਯੋਗ ਮੰਤਰੀ ਸਾਬ ਨੇ ਭਰੋਸਾ ਦਿੱਤਾ ਕਿ ਇੱਕ ਹਫ਼ਤੇ ਤੱਕ ਦੁਬਾਰਾ ਮੀਟਿੰਗ ਕਰ ਕੇ ਮਨਰੇਗਾ ਮੁਲਜ਼ਮਾਂ ਨੂੰ ਪੰਚਾਇਤੀ ਵਿਭਾਗ ਵਿੱਚ ਮਰਜ਼ ਕਰਨ ਦੀ ਪ੍ਰਕਿਰਿਆ ਆਰੰਭੀ ਜਾਵੇਗੀ। ਜਿਸ ਦੇ ਚਲਦਿਆਂ ਯੂਨੀਅਨ ਨੇ ਮੀਟਿੰਗ ਤੱਕ ਸ਼ਾਂਤਮਈ ਤਰੀਕੇ ਦਫ਼ਤਰਾਂ ਵਿੱਚ ਬੈਠ ਕੇ ਰੋਸ ਪ੍ਰਦਰਸ਼ਨ ਕਰਨ ਦਾ ਫੈਸਲਾ ਕੀਤਾ ਹੈ। ਜੇਕਰ ਮੀਟਿੰਗ ਵਿੱਚ ਕੋਈ ਠੋਸ ਹੱਲ ਨਹੀਂ ਨਿਕਲਦਾ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਾਜ਼ਰ ਸਨ।

# ਬਹੁਜਨ ਸਮਾਜ ਪਾਰਟੀ ਦੇ ਦਿਹਾਤੀ ਹਲਕਾ ਪਟਿਆਲਾ ਦੇ ਮੈਂਬਰਾਂ ਦੀ ਮੀਟਿੰਗ ਸਦਭਾਵਨਾ ਭਰੇ ਮਾਹੌਲ ’ਚ ਆਯੋਜਿਤ



**ਪਟਿਆਲਾ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਬਹੁਜਨ ਸਮਾਜ ਪਾਰਟੀ ਦੇ ਦਿਹਾਤੀ ਹਲਕਾ ਪਟਿਆਲਾ ਦੇ ਮੈਂਬਰਾਂ ਦੀ ਮੀਟਿੰਗ ਤਰਕਸ਼ੀਲ ਭਵਨ, ਪਟਿਆਲਾ ਵਿਖੇ ਬੜੀ ਸਦਭਾਵਨਾ ਨਾਲ ਕੀਤੀ ਗਈ। ਇਸ ਮੀਟਿੰਗ ਵਿੱਚ ਸਾਰੇ ਮੈਂਬਰਾਂ ਨੇ ਬਹੁਤ ਉਤਸ਼ਾਹ ਦਿਖਾਇਆ। ਇਹ ਮੀਟਿੰਗ ਵਿੱਚ ਸ੍ਰ. ਜੋਗਾ ਸਿੰਘ ਪਨੌਦੀਆਂ, ਜਨਰਲ ਸਕੱਤਰ, ਪੰਜਾਬ ਅਤੇ ਲੋਕ ਸਭਾ ਇੰਚਾਰਜ, ਬਹੁਜਨ ਸਮਾਜ ਪਾਰਟੀ ਪਟਿਆਲਾ ਦੀ ਸਰਪ੍ਰਸਤੀ ਹੇਠ ਹੋਈ। ਇਸ ਵਿੱਚ ਸ੍ਰ. ਮੇਜਰ ਸਿੰਘ ਟਿੱਬੀ, ਜਿਲਾ ਪ੍ਰਧਾਨ, ਬਹੁਜਨ ਸਮਾਜ ਪਾਰਟੀ ਪਟਿਆਲਾ ਨੇ ਵੀ ਅਗਵਾਈ ਕੀਤੀ। ਇਸ ਮੀਟਿੰਗ ਬਹੁਤ ਸਾਰੇ ਪਟਿਆਲਾ ਦਿਹਾਤੀ ਦੇ ਆਹੁਦੇਦਾਰ, ਸੈਕਟਰ ਕਮੇਟੀਆਂ ਦੇ ਚੁਣੇ ਹੋਏ ਮੈਂਬਰਾਂ ਅਤੇ ਹੋਰ ਵਿਧਾਨ ਸਭਾ ਦਿਹਾਤੀ ਮੈਂਬਰਾਂ ਨੇ ਬਹੁਤ ਜਿਆਦਾ ਗਿਣਤੀ ਵਿੱਚ ਹਿੱਸਾ ਲਿਆ। ਇਸ ਮੀਟਿੰਗ ਵਿੱਚ ਸ੍ਰ. ਜੋਗਾ ਸਿੰਘ ਪਨੌਦੀਆਂ, ਜਨਰਲ ਸਕੱਤਰ ਬਸਪਾ ਅਤੇ ਹੋਰ ਸਾਰੇ ਆਹੁਦੇਦਾਰਾਂ ਸਰਬ ਸੰਮਤੀ ਨਾਲ ਐਡਵੋਕੇਟ ਸ੍ਰ. ਜਰਨੈਲ ਸਿੰਘ ਆਈ.ਟੀ.ਓ. (ਰਿਟਾਇਰਡ) ਨੂੰ ਇੰਚਾਰਜ ਦਿਹਾਤੀ ਹਲਕਾ ਪਟਿਆਲਾ ਅਤੇ ਸ੍ਰ. ਸੁਰਜੀਤ ਸਿੰਘ ਗੋਰੀਆ ਨੂੰ ਇੰਚਾਰਜ ਦਿਹਾਤੀ ਹਲਕਾ ਪਟਿਆਲਾ ਨਿਯੁਕਤ ਕੀਤਾ ਗਿਆ ਹੈ। ਇਸ ਮੀਟਿੰਗ ਵਿੱਚ ਇਨ੍ਹਾਂ ਤੋਂ ਇਲਾਵਾ ਦਿਹਾਤੀ ਪਟਿਆਲਾ ਬਸਪਾ ਦੇ ਨਵੇਂ ਆਹੁਦੇਦਾਰ ਵੀ ਨਿਯੁਕਤ ਕੀਤੇ ਗਏ ਹਨ ਤਾਂ ਜੋ ਬਹੁਜਨ ਸਮਾਜ ਪਾਰਟੀ ਆਉਣ ਵਾਲੀ ਵਿਧਾਨ ਸਭਾ ਚੋਣ 2027 ਵਿੱਚ ਪੰਜਾਬ ਸੰਭਾਲੋ ਮੁਹਿਮ ਦੇ ਤਹਿਤ ਸਤਾ ਪ੍ਰਾਪਤ ਕੀਤੀ ਜਾਵੇ। ਨਵੇਂ ਨਿਯੁਕਤ ਅਹੁਦੇਦਾਰ ਜਿਸ ਵਿੱਚ ਸਰਵ ਸ੍ਰੀ ਰਵੀ ਕੁਮਾਰ ਪ੍ਰਧਾਨ, ਕਰਨੈਲ ਸਿੰਘ ਐਮ.ਈ.ਐਸ. (ਰਿਟਾਇਰਡ) ਉਪ ਪ੍ਰਧਾਨ, ਹਰਵਿੰਦਰ ਸਿੰਘ ਨਰੜੂ, ਜਨਰਲ ਸਕੱਤਰ, ਕਰਨੈਲ ਸਿੰਘ ਝਿੱਲ, ਖਜਾਨਚੀ, ਰਾਮਧਨ ਸੈਕਟਰੀ, ਅਵਤਾਰ ਸਿੰਘ ਫੱਗਣਮਾਜਰਾ ਮੈਂਬਰ, ਹਰਬੰਸ ਸਿੰਘ ਪੰਚਾਇਤ ਅਫਸਰ ਰਿਟਾਇਰਡ, ਗੁਰਚਰਨ ਸਿੰਘ, ਬਲਦੇਵ ਕੁਮਾਰ, ਰਵਿੰਦਰ ਕੁਮਾਰ ਰਵਿਦਾਸ ਨਗਰ, ਪਿਆਰਾ ਸਿੰਘ ਸਿਉਣਾ, ਰਾਮ ਸਿੰਘ ਕਨਸੂਹਾ, ਇਨ੍ਹਾਂ ਤੋਂ ਇਲਾਵਾ ਇਸ ਮੀਟਿੰਗ ਵਿੱਚ ਬੰਤ ਸਿੰਘ ਆਈ.ਟੀ.ਓ. ਰਿਟਾਇਰਡ ਹਲਕਾ ਇੰਚਾਰਜ ਸਮਾਣਾ, ਮੱਗਰ ਸਿੰਘ ਕਨਸੂਹਾ, ਸੁਖਲਾਲ ਸਿੰਘ, ਜਗਮੇਲ ਸਿੰਘ, ਕੈਸ਼ੀਅਰ ਜਿਲਾ ਪਟਿਆਲਾ, ਰਣਜੀਤ ਸਿੰਘ ਕਾਲਵਾ, ਸਮਸ਼ੇਰ ਸਿੰਘ ਬੀ.ਐਸ.ਐਨ.ਐਲ ਅਤੇ ਹੋਰ ਸੈਕੜੇ ਮੈਂਬਰ ਹਾਜਰ ਸਨ।

# ਵਿਸ਼ੇਸ਼ ਇੰਟੈਂਸਿਵ ਰਿਵੀਜ਼ਨ-2026 ਸਬੰਧੀ ਜ਼ਿਲ੍ਹੇ ਦੀਆਂ ਸਮੂਹ ਰਾਜਨੀਤਿਕ ਪਾਰਟੀਆਂ ਨਾਲ ਡਿਪਟੀ ਕਮਿਸ਼ਨਰ ਦੀ ਵਿਸ਼ੇਸ਼ ਮੀਟਿੰਗ

➢ 89.49 ਫੀਸਦੀ ਵੋਟਰ ਮੈਪਿੰਗ ਮੁਕੰਮਲ, ਵਿਸ਼ੇਸ਼ ਇੰਟੈਂਸਿਵ ਰਿਵੀਜ਼ਨ ਤਹਿਤ 07 ਜੂਨ ਨੂੰ ਜ਼ਿਲ੍ਹੇ ਭਰ ਵਿੱਚ ਲੱਗਣਗੇ ਵਿਸ਼ੇਸ਼ ਕੈਂਪ : ਡਿਪਟੀ ਕਮਿਸ਼ਨਰ
➢ ਸਹੀ, ਪਾਰਦਰਸ਼ੀ ਅਤੇ ਅੱਪਡੇਟ ਵੋਟਰ ਸੂਚੀਆਂ ਲਈ ਵੋਟਰਾਂ ਅਤੇ ਰਾਜਨੀਤਿਕ ਪਾਰਟੀਆਂ ਦਾ ਸਹਿਯੋਗ ਜ਼ਰੂਰੀ - ਵਿਰਾਜ ਐਸ. ਤਿੜਕੇ

**ਮਲੇਰਕੋਟਲਾ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਫ਼ਸਰ, ਪੰਜਾਬ ਦੀਆਂ ਹਦਾਇਤਾਂ ਤਹਿਤ ਚੱਲ ਰਹੀ ਵਿਸ਼ੇਸ਼ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.)-2026 ਮੁਹਿੰਮ ਦੇ ਮੱਦੇਨਜ਼ਰ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਵੱਲੋਂ ਜ਼ਿਲ੍ਹੇ ਦੀਆਂ ਸਮੂਹ ਮਾਨਤਾ ਪ੍ਰਾਪਤ ਅਤੇ ਰਜਿਸਟਰਡ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਐਸ.ਆਈ.ਆਰ.-2026 ਦੀ ਪ੍ਰਗਤੀ, ਵਿਸ਼ੇਸ਼ ਵੋਟਰ ਮੈਪਿੰਗ ਮੁਹਿੰਮ ਅਤੇ ਸੋਧੇ ਹੋਏ ਰਿਵੀਜ਼ਨ ਸ਼ਡਿਊਲ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਰਾਜਦੀਪ ਸਿੰਘ ਬਰਾੜ ਵੀ ਮੌਜੂਦ ਸਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ 07 ਜੂਨ 2026 (ਐਤਵਾਰ) ਨੂੰ ਸਵੇਰੇ 10:00 ਵਜੇ ਤੋਂ ਸ਼ਾਮ 4:00 ਵਜੇ ਤੱਕ ਜ਼ਿਲ੍ਹੇ ਦੇ ਸਮੂਹ ਪੋਲਿੰਗ ਬੂਥਾਂ ’ਤੇ ਵਿਸ਼ੇਸ਼ ਵੋਟਰ ਮੈਪਿੰਗ ਕੈਂਪ ਲਗਾਏ ਜਾਣਗੇ। ਇਨ੍ਹਾਂ ਕੈਂਪਾਂ ਦਾ ਉਦੇਸ਼ ਸਾਲ 2003 ਦੀ ਵੋਟਰ ਸੂਚੀ ਵਿੱਚ ਦਰਜ ਵੋਟਰਾਂ ਨੂੰ ਮੌਜੂਦਾ ਸਾਲ 2025 ਦੀ ਵੋਟਰ ਸੂਚੀ ਨਾਲ ਮੈਪ ਕਰਕੇ ਵੋਟਰ ਡਾਟਾ ਨੂੰ ਹੋਰ ਸ਼ੁੱਧ, ਸਹੀ ਅਤੇ ਅੱਪਡੇਟ ਬਣਾਉਣਾ ਹੈ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਸਮੂਹ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਨੂੰ ਅਣ-ਮੈਪਡ ਵੋਟਰਾਂ ਦੀਆਂ ਸੂਚੀਆਂ ਮੁਹੱਈਆ ਕਰਵਾ ਦਿੱਤੀਆਂ ਗਈਆਂ ਹਨ। ਕੈਂਪ ਦੌਰਾਨ ਬੀ.ਐਲ.ਓਜ਼ ਆਪਣੇ-ਆਪਣੇ ਬੂਥਾਂ ’ਤੇ ਬੂਥ ਲੈਵਲ ਏਜੰਟਾਂ (ਬੀ.ਐਲ.ਏਜ਼) ਦੇ ਸਹਿਯੋਗ ਨਾਲ ਮੈਪਿੰਗ ਕਾਰਜ ਨੂੰ ਅੰਜਾਮ ਦੇਣਗੇ। ਉਨ੍ਹਾਂ ਕਿਹਾ ਕਿ ਐਸ.ਆਈ.ਆਰ. ਪ੍ਰਕਿਰਿਆ ਨੂੰ ਪਾਰਦਰਸ਼ੀ, ਨਿਰਪੱਖ ਅਤੇ ਭਰੋਸੇਯੋਗ ਬਣਾਉਣ ਲਈ ਰਾਜਨੀਤਿਕ ਪਾਰਟੀਆਂ ਦੀ ਸਰਗਰਮ ਭਾਗੀਦਾਰੀ ਬਹੁਤ ਮਹੱਤਵਪੂਰਨ ਹੈ। ਇਸ ਲਈ ਸਮੂਹ ਰਾਜਨੀਤਿਕ ਪਾਰਟੀਆਂ ਆਪਣੇ ਬੀ.ਐਲ.ਏਜ਼ ਦੀ ਨਿਯੁਕਤੀ ਯਕੀਨੀ ਬਣਾਉਣ ਅਤੇ ਕੈਂਪ ਦੌਰਾਨ ਬੀ.ਐਲ.ਓਜ਼ ਨੂੰ ਪੂਰਾ ਸਹਿਯੋਗ ਦੇਣ।

ਵਿਰਾਜ ਐਸ. ਤਿੜਕੇ ਨੇ ਦੱਸਿਆ ਕਿ ਪ੍ਰੀ-ਐਸ.ਆਈ.ਆਰ. ਮੈਪਿੰਗ ਤਹਿਤ ਜ਼ਿਲ੍ਹੇ ਦੇ 3,25,235 ਵੋਟਰਾਂ ਵਿੱਚੋਂ 2,91,059 ਵੋਟਰਾਂ ਦੀ ਮੈਪਿੰਗ ਕੀਤੀ ਜਾ ਚੁੱਕੀ ਹੈ, ਜੋ ਕਿ ਕੁੱਲ ਵੋਟਰਾਂ ਦਾ 89.49 ਫੀਸਦੀ ਬਣਦਾ ਹੈ। ਉਨ੍ਹਾਂ ਸਮੂਹ ਵੋਟਰਾਂ, ਬੀ.ਐਲ.ਏਜ਼ ਅਤੇ ਰਾਜਨੀਤਿਕ ਪਾਰਟੀਆਂ ਨੂੰ ਅਪੀਲ ਕੀਤੀ ਕਿ ਉਹ 07 ਜੂਨ ਨੂੰ ਆਪਣੇ-ਆਪਣੇ ਬੂਥਾਂ ’ਤੇ ਪਹੁੰਚ ਕੇ ਇਸ ਲੋਕਤੰਤਰੀ ਪ੍ਰਕਿਰਿਆ ਨੂੰ ਸਫਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।

ਮੀਟਿੰਗ ਦੌਰਾਨ ਜ਼ਿਲ੍ਹਾ ਚੋਣ ਅਫ਼ਸਰ ਨੇ ਰਾਜਨੀਤਿਕ ਪਾਰਟੀਆਂ ਨੂੰ ਵਿਸ਼ੇਸ਼ ਇੰਟੈਂਸਿਵ ਰਿਵੀਜ਼ਨ-2026 ਦੇ ਸੋਧੇ ਹੋਏ ਸ਼ਡਿਊਲ ਬਾਰੇ ਵੀ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀ ਦੇ ਖਰੜੇ ਦਾ ਪ੍ਰਕਾਸ਼ਨ ਹੁਣ 31 ਜੁਲਾਈ ਦੀ ਬਜਾਏ 03 ਅਗਸਤ 2026 ਨੂੰ ਕੀਤਾ ਜਾਵੇਗਾ। ਇਸੇ ਤਰ੍ਹਾਂ ਦਾਅਵਿਆਂ ਅਤੇ ਇਤਰਾਜ਼ਾਂ ਦੀ ਮਿਆਦ 03 ਅਗਸਤ ਤੋਂ 02 ਸਤੰਬਰ 2026 ਤੱਕ ਰਹੇਗੀ, ਜਦਕਿ ਦਾਅਵਿਆਂ ਅਤੇ ਇਤਰਾਜ਼ਾਂ ਦੇ ਨੋਟਿਸ ਅਤੇ ਨਿਪਟਾਰੇ ਦੀ ਪ੍ਰਕਿਰਿਆ 03 ਅਗਸਤ ਤੋਂ 28 ਸਤੰਬਰ 2026 ਤੱਕ ਚੱਲੇਗੀ। ਉਨ੍ਹਾਂ ਦੱਸਿਆ ਕਿ ਬਾਕੀ ਸਾਰੀਆਂ ਗਤੀਵਿਧੀਆਂ ਪਹਿਲਾਂ ਜਾਰੀ ਕੀਤੇ ਗਏ ਸ਼ਡਿਊਲ ਅਨੁਸਾਰ ਹੀ ਜਾਰੀ ਰਹਿਣਗੀਆਂ।

ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸ੍ਰੋਮਣੀ ਅਕਾਲੀ ਦਲ ਤਰਲੋਚਨ ਸਿੰਘ, ਪ੍ਰਧਾਨ ਬੀ.ਜੇ.ਪੀ ਵਿਸ਼ਾਲ, ਆਦਮੀ ਪਾਰਟੀ ਤੋਂ ਵਿਸ਼ਾਲ, ਸੀ.ਪੀ.ਆਈ.(ਐਮ) ਤੋਂ ਮੁਹੰਮਦ ਹਲੀਮ, ਬੀ.ਐਸ.ਪੀ ਤੋਂ ਓਮ ਪ੍ਰਕਾਸ਼, ਕਾਂਗਰਸ ਤੋਂ ਮੁਹੰਮਦ ਤਾਰੀਰ ,ਚੋਣ ਤਹਿਸੀਲਦਾਰ ਬ੍ਰਿਜ ਮੋਹਨ, ਮਨਪ੍ਰੀਤ ਸਿੰਘ ਅਤੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਹੋਰ ਨੁਮਾਇੰਦੇ ਹਾਜ਼ਰ ਸਨ।

# ਮਾਨ ਸਰਕਾਰ ਵੱਲੋਂ ਕਿਸਾਨ ਕਰੈਡਿਟ ਕਾਰਡ ਦੀ ਕਰਜ਼ਾ ਹੱਦ ਵਿੱਚ ਕੀਤਾ ਵਾਧਾ ਇਤਿਹਾਸਿਕ ਫ਼ੈਸਲਾ : ਸੁਰਜੀਤ ਸਿੰਘ ਰੱਖੜਾ

**ਪਟਿਆਲਾ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਸਾਬਕਾ ਕੈਬਨਿਟ ਮੰਤਰੀ ਅਤੇ ‘ਆਪ’ ਆਗੂ ਸੁਰਜੀਤ ਸਿੰਘ ਰੱਖੜਾ ਨੇ ਮਨ ਸਰਕਾਰ ਵੱਲੋਂ ਕਿਸਾਨ ਕ੍ਰੈਡਿਟ ਕਾਰਡ (ਕੇ.ਸੀ.ਸੀ.) ਪ੍ਰਣਾਲੀ ਵਿੱਚ ਕੀਤੇ ਗਏ ਵੱਡੇ ਸੁਧਾਰਾਂ ਦਾ ਸਵਾਗਤ ਕਰਦਿਆਂ ਇਸ ਨੂੰ ਪੰਜਾਬ ਦੇ ਕਿਸਾਨਾਂ ਦੀ ਆਰਥਿਕ ਮਜ਼ਬੂਤੀ ਵੱਲ ਚੁੱਕਿਆ ਗਿਆ ਇਤਿਹਾਸਿਕ ਅਤੇ ਦੂਰਅੰਦੇਸ਼ੀ ਕਦਮ ਕਰਾਰ ਦਿੱਤਾ ਹੈ।

ਰੱਖੜਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਨੇ 26 ਸਾਲਾਂ ਤੋਂ ਚੱਲੇ ਆ ਰਹੇ ਪੁਰਾਣੇ ਕੇ.ਸੀ.ਸੀ. ਢਾਂਚੇ ਵਿੱਚ ਬਦਲਾਅ ਕਰਕੇ ਕਿਸਾਨਾਂ ਨੂੰ ਅਸਲ ਲੋੜਾਂ ਅਨੁਸਾਰ ਕਰਜ਼ਾ ਸਹੂਲਤ ਮੁਹੱਈਆ ਕਰਵਾਉਣ ਦਾ ਰਾਹ ਪੱਧਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਕਣਕ, ਝੋਨਾ, ਗੰਨਾ, ਬਾਗਬਾਨੀ ਅਤੇ ਹੋਰ ਉੱਚ ਮੁੱਲ ਵਾਲੀਆਂ ਫ਼ਸਲਾਂ ਲਈ ਕਰਜ਼ਾ ਹੱਦ ਵਿੱਚ ਕੀਤਾ ਗਿਆ ਵਾਧਾ ਕਿਸਾਨਾਂ ਨੂੰ ਵਿੱਤੀ ਤੌਰ ’ਤੇ ਮਜ਼ਬੂਤ ਬਣਾਏਗਾ।

ਉਨ੍ਹਾਂ ਕਿਹਾ ਕਿ ਪਹਿਲੀ ਵਾਰ ਪਰਾਲੀ ਪ੍ਰਬੰਧਨ, ਮੂੰਗਫਲੀ, ਫੁੱਲ, ਹਰਾ ਚਾਰਾ, ਮੱਕੀ, ਤੇਲ ਬੀਜ, ਡ੍ਰੈਗਨ ਫਰੂਟ, ਬਾਂਸ, ਪਾਪੂਲਰ, ਮੱਛੀ ਪਾਲਣ ਅਤੇ ਹੋਰ ਨਵੀਆਂ ਫ਼ਸਲਾਂ ਨੂੰ ਕਰਜ਼ਾ ਸਹਾਇਤਾ ਦੇ ਦਾਇਰੇ ਵਿੱਚ ਲਿਆਂਦਾ ਜਾਣਾ ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਵਾਲਾ ਕਦਮ ਹੈ। ਇਸ ਨਾਲ ਕਿਸਾਨਾਂ ਨੂੰ ਰਵਾਇਤੀ ਕਣਕ-ਝੋਨੇ ਦੇ ਚੱਕਰ ਤੋਂ ਬਾਹਰ ਨਿਕਲ ਕੇ ਵੱਧ ਆਮਦਨ ਵਾਲੀਆਂ ਫ਼ਸਲਾਂ ਵੱਲ ਵਧਣ ਦਾ ਮੌਕਾ ਮਿਲੇਗਾ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਇਨ੍ਹਾਂ ਸੁਧਾਰਾਂ ਨਾਲ ਪੰਜਾਬ ਦੇ 13 ਲੱਖ ਤੋਂ ਵੱਧ ਕਿਸਾਨਾਂ ਨੂੰ ਸਿੱਧਾ ਲਾਭ ਅਤੇ ਸੂਬੇ ਦੀ ਖੇਤੀਬਾੜੀ ਆਰਥਿਕਤਾ ਨੂੰ ਨਵੀਂ ਮਜ਼ਬੂਤੀ ਮਿਲੇਗੀ।

# ਕਾਂਗਰਸ 2027 ਦੀਆਂ ਚੋਣਾਂ ਲਈ ਪੂਰੀ ਤਰ੍ਹਾਂ ਇੱਕਜੁੱਟ, ਵਿਰੋਧੀ ਫੈਲਾ ਰਹੇ ਹਨ ਭੁਲੇਖੇ : ਬਾਵਾ



**ਲੁਧਿਆਣਾ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਕਾਂਗਰਸ ਦੇ ਪ੍ਰਧਾਨ ਅਤੇ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਸੀਨੀਅਰ ਕਾਂਗਰਸੀ ਆਗੂ ਕ੍ਰਿਸ਼ਨ ਕੁਮਾਰ ਬਾਵਾ ਨੇ ਮੁਲਾਕਾਤ ਕੀਤੀ। ਇਸ ਮੌਕੇ ਬਾਵਾ ਨੇ ਕਿਹਾ ਕਿ ਕਾਂਗਰਸ ਪਾਰਟੀ ਪੂਰੀ ਤਰ੍ਹਾਂ ਇੱਕਮੁੱਠ ਅਤੇ ਇੱਕਜੁੱਟ ਹੈ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਦੀ ਸਰਕਾਰ ਬਣੇਗੀ।

ਉਨ੍ਹਾਂ ਕਿਹਾ ਕਿ ਵਿਰੋਧੀ ਧਿਰਾਂ ਅਤੇ ਕੁਝ ਮੀਡੀਆ ਅਦਾਰੇ ਲੋਕਾਂ ਵਿੱਚ ਭੁਲੇਖੇ ਪੈਦਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ, ਪਰ ਕਾਂਗਰਸ ਵਰਕਰਾਂ ਦਾ ਮਨੋਬਲ ਉੱਚਾ ਹੈ।

ਬਾਵਾ ਨੇ ਦੱਸਿਆ ਕਿ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਅਤੇ ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਵਿਸ਼ੇਸ਼ ਪ੍ਰੋਗਰਾਮ ਉਲੀਕੇ ਜਾ ਰਹੇ ਹਨ।

ਨੀਟ ਪੇਪਰ ਲੀਕ ਮਾਮਲੇ ’ਤੇ ਲੁਧਿਆਣਾ ਵਿੱਚ ਹੋਏ ਰੋਸ ਪ੍ਰਦਰਸ਼ਨ ਦੌਰਾਨ ਬਾਵਾ ਨੇ ਭਾਜਪਾ ਅਤੇ ਆਮ ਆਦਮੀ ਪਾਰਟੀ ਸਰਕਾਰਾਂ ਦੀਆਂ ਨੀਤੀਆਂ ’ਤੇ ਸਵਾਲ ਚੁੱਕਦੇ ਹੋਏ ਕਿਹਾ ਕਿ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕਰਨ ਵਾਲੇ ਮਾਮਲਿਆਂ ’ਤੇ ਸੱਤਾਧਾਰੀ ਧਿਰਾਂ ਨੂੰ ਜਵਾਬ ਦੇਣਾ ਚਾਹੀਦਾ ਹੈ।

# ਏ ਡੀ ਸੀ ਨੇ ਐਸ.ਆਈ.ਆਰ ਦੇ ਰਿਵਾਈਜ਼ਡ ਸ਼ੈਡਿਊਲ ਦੀ ਜਾਣਕਾਰੀ ਸਾਂਝੀ ਕੀਤੀ

**ਪਟਿਆਲਾ, 6 ਜੂਨ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**



ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ ਨੇ ਅੱਜ ਜ਼ਿਲ੍ਹੇ ਦੀਆਂ ਸਮੂਹ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ.) ਸਬੰਧੀ ਇਕ ਅਹਿਮ ਮੀਟਿੰਗ ਕੀਤੀ।

ਇਸ ਮੌਕੇ ਉਨ੍ਹਾਂ ਨੇ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਐਸ.ਆਈ.ਆਰ. ਦੇ ਰਿਵਾਈਸਡ ਸ਼ੈਡਿਊਲ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਅਤੇ ਰਾਜਸੀ ਪਾਰਟੀਆਂ ਨੂੰ ਆਪਣੇ-ਆਪਣੇ ਬੂਥ ਲੈਵਲ ਏਜੰਟ (ਬੀ.ਐਲ.ਏ) ਨਿਯੁਕਤ ਕਰਨ ਲਈ ਪ੍ਰੇਰਿਤ ਕੀਤਾ।

ਮੀਟਿੰਗ ਦੌਰਾਨ ਅਨੁਪ੍ਰਿਤਾ ਜੌਹਲ ਨੇ ਸਮੂਹ ਯੋਗ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਨੂੰ ਲੋੜੀਂਦੀ ਜਾਣਕਾਰੀ ਅਤੇ ਦਸਤਾਵੇਜ਼ ਸਮੇਂ ਸਿਰ ਉਪਲਬਧ ਕਰਵਾਉਣ ਤਾਂ ਜੋ ਵੋਟਰ ਸੂਚੀਆਂ ਦੀ ਸੁਧਾਈ ਦਾ ਕੰਮ ਸੁਚਾਰੂ ਢੰਗ ਨਾਲ ਪੂਰਾ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਪੈਂਡਿੰਗ ਵੋਟਰ ਮੈਪਿੰਗ ਦੇ ਅਧੂਰੇ ਕੰਮ ਨੂੰ ਮੁਕੰਮਲ ਕਰਨ ਲਈ 7 ਜੂਨ ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਜ਼ਿਲ੍ਹੇ ਦੇ ਸਾਰੇ ਪੋਲਿੰਗ ਬੂਥਾਂ @ਤੇ ਵਿਸ਼ੇਸ਼ ਕੈਂਪ ਲਗਾਏ ਜਾਣਗੇ।

# ਪਿੰਗਲਾ ਆਸ਼ਰਮ ਸਨੌਰ ਰੋਡ ਪਟਿਆਲਾ ਨੇ ਹਰੇਕ ਨਵ-ਵਿਆਹੁਤਾ ਜ਼ੋੜੇ ਨੂੰ ਲੇਡੀਜ ਅਤੇ ਜੈਂਟਸ ਸੂਟ ਦਿੱਤੇ



**ਪਟਿਆਲਾ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਜ ਭਲਾਈ ਦੇ ਰਹਿਣ ਨੂੰ ਮੁੱਖ ਰੱਖਦੇ ਹੋਏ ਮਾਨਵਤਾ ਦੀ ਸੇਵਾ ਕਰਦੇ ਹੋਏ ਵਿਸ਼ਵਕਰਮਾ ਚੈਰੀਟੇਬਲ ਐਜੂਕੇਸ਼ਨ ਅਤੇ ਵੈਲਫੇਅਰ ਟਰੱਸਟ ਵਿਸ਼ਵਕਰਮਾ ਮਾਰਗ ਦੇ ਸਾਬਕਾ ਚੇਅਰਮੈਨ ਸ੍ਰ. ਕਾਕਾ ਸਿੰਘ ਮੈਹਣੇ ਦੀ ਗਤੀਸ਼ੀਲ ਅਗਵਾਈ ਅਧੀਨ ਆਲ ਇੰਡੀਆ ਪਿੰਗਲਾ ਆਸ਼ਰਮ ਸਨੌਰ ਰੋਡ ਪਟਿਆਲਾ ਵੱਲੋਂ ਗਿਆਰਾ ਗਰੀਬ ਪਰਿਵਾਰ ਨਾਲ ਸਬੰਧਿਤ ਕੁੜੀਆਂ ਦੇ ਸਮੂਹਿਕ ਵਿਆਹ ਸਮਾਗਮ ਉੱਤੇ ਹਰੇਕ ਨਵ—ਵਿਆਹੁਤਾ ਜ਼ੋੜੇ ਨੂੰ ਲੇਡੀਜ ਅਤੇ ਜੈਂਟਸ ਸੂਟ ਦਿੱਤੇ ਗਏ। ਇਸ ਮੌਕੇ ਵਿਸ਼ਵਕਰਮਾ ਟਰੱਸਟ ਦੀ ਮੈਂਬਰਸ਼ਿਪ ਵੱਲੋਂ ਨਵ—ਵਿਆਹੁਤਾ ਜ਼ੋੜਿਆ ਨੂੰ ਅਸ਼ੀਰਵਾਦ ਦਿੱਤਾ ਗਿਆ। ਟਰੱਸਟ ਮੈਂਬਰਸ਼ਿਪ ਵੱਲੋਂ ਨਿਵ ਵਿਆਹੁਤਾ ਜ਼ੋੜਿਆਂ ਨੂੰ ਆਪਸੀ ਪਿਆਰ ਸਤਿਕਾਰ ਨਾਲ ਗ੍ਰਹਿਸਤੀ ਜੀਵਨ ਜਿਉਣ ਦੀ ਪ੍ਰੇਰਨਾ ਦਿੱਤੀ ਗਈ। ਇਸ ਮੌਕੇ ਨਰਿੰਦਰ ਸਿੰਘ ਪੁੱਤਰ ਕਾਕਾ ਸਿੰਘ, ਬਲਦੇਵ ਸਿੰਘ, ਮਹਿੰਦਰ ਸਿੰਘ ਠੇਕੇਦਾਰ ਅਤੇ ਕੌਰ ਸਿੰਘ ਮੈਂਬਰ ਹਾਜਰ ਸਨ।

# ਬਲਾਕ ਪ੍ਰਧਾਨ ਵੱਲੋਂ ਪਿੰਡ ਧੰਨੂਰ ਵਿਖੇ ‘ਮੇਰੀ ਰਸੋਈ ਸਕੀਮ’ ਤਹਿਤ ਰਾਸ਼ਨ ਕਿੱਟਾਂ ਵੰਡੀਆਂ

**ਮਾਛੀਵਾੜਾ ਸਾਹਿਬ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਨੇੜਲੇ ਪਿੰਡ ਧੰਨੂਰ ਵਿਖੇ ਪੰਜਾਬ ਸਰਕਾਰ ਵੱਲੋਂ ਰਾਸ਼ਨ ਕਾਰਡ ਧਾਰਕਾਂ ਲਈ ਚਲਾਈ ‘ਮੇਰੀ ਰਸੋਈ ਸਕੀਮ’ ਤਹਿਤ ਰਾਸ਼ਨ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਮਾਛੀਵਾੜਾ ਬਲਾਕ ਦੇ ਏ.ਐਫ.ਐਸ.ਓ. ਬਲਰਾਜ ਸਿੰਘ, ਬਲਾਕ ਪ੍ਰਧਾਨ ਗੁਰਵੀਰ ਸਿੰਘ ਖੇੜਾ, ਸਰਪੰਚ ਗੁਲਜ਼ਾਰ ਸਿੰਘ ਧੰਨੂਰ ਨੇ ਇਹ ਰਾਸ਼ਨ ਕਿੱਟਾਂ ਲਾਭਪਾਤਰੀਆਂ ਨੂੰ ਵੰਡੀਆਂ। ਬਲਾਕ ਪ੍ਰਧਾਨ ਗੁਰਵੀਰ ਸਿੰਘ ਖੇੜਾ ਅਤੇ ਸਰਪੰਚ ਗੁਲਜ਼ਾਰ ਸਿੰਘ ਨੇ ਦੱਸਿਆ ਕਿ ਮੇਰੀ ਰਸੋਈ ਸਕੀਮ ਤਹਿਤ ਇਹ ਇੱਕ ਕਿੱਟ ਤਿੰਨ ਮਹੀਨੇ ਲਈ ਦਿੱਤੀ ਗਈ ਹੈ ਜਿਸ ਵਿੱਚ 2 ਕਿਲੋ ਚਨਾ ਦਾਲ, 2 ਕਿਲੋ ਚੀਨੀ, ਇਕ ਕਿਲੋ ਨਮਕ, 200 ਗ੍ਰਾਮ ਹਲਦੀ ਅਤੇ ਇੱਕ ਲੀਟਰ ਸਰੋਂ ਦਾ ਤੇਲ ਦਿੱਤਾ ਗਿਆ ਹੈ।

ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਦੁਆਰਾ ਕੀਤੇ ਜਾਂਦੇ ਵਿਕਾਸ ਕਾਰਜਾਂ ਕਾਰਨ ਪੰਜਾਬ ਦੇ ਲੋਕ ਪੂਰੀ ਤਰ੍ਹਾਂ ਖੁਸ਼ ਹਨ ਅਤੇ ਹਰ ਵਰਗ ਦੇ ਲੋਕਾਂ ਦੀਆਂ ਸਹੂਲਤਾਂ ਦਾ ਧਿਆਨ ਰੱਖਿਆ ਜਾ ਰਿਹਾ ਹੈ ਅਤੇ ਸਭ ਨੂੰ ਬਰਾਬਰ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ॥ਇਸ ਮੌਕੇ ਡੀਪੂ ਹੋਲਡਰ ਹਜੂਰਾ ਸਿੰਘ ਨੇ ਰਾਸ਼ਨ ਕਾਰਡ ਧਾਰਕਾਂ ਨੂੰ ਇਹ ਕਿੱਟਾਂ ਵੰਡੀਆਂ ਅਤੇ ਇਸ ਤੋਂ ਇਲਾਵਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਫੋਟੋ ਵਾਲੇ ਤੇ ਨਵੇਂ ਰਾਸ਼ਨ ਕਾਰਡ ਵੀ ਵੰਡੇ ਗਏ। ਉਹਨਾਂ ਦੱਸਿਆ ਕਿ ਇਸ ਨਵੇਂ ਰਾਸ਼ਨ ਕਾਰਡ ਦੀ ਖਾਸੀਅਤ ਇਹ ਹੈ ਕਿ ਇਸ ਉੱਤੇ ਬਾਰਕੋਡ ਲੱਗਾ ਹੋਇਆ ਹੈ ਜਿਸ ਨੂੰ ਸਕੈਨ ਕਰਕੇ ਕਾਰਡ ਧਾਰਕ ਦੀ ਸਾਰੀ ਜਾਣਕਾਰੀ ਪਤਾ ਕੀਤੀ ਜਾ ਸਕਦੀ ਹੈ। ਇਸ ਮੌਕੇ ਬਲਾਕ ਪ੍ਰਧਾਨ ਗੁਰਵੀਰ ਸਿੰਘ ਖੇੜਾ ਦੇ ਨਾਲ ਡਾਕਟਰ ਚਰਨਜੀਤ ਸਿੰਘ ਚੰਨੀ ,ਡੀਪੂ ਹੋਲਡਰ ਹਜੂਰਾ ਸਿੰਘ, ਸਰਪੰਚ ਗੁਲਜਾਰ ਸਿੰਘ, ਜਗੀਰ ਸਿੰਘ ਅਤੇ ਇੰਸਪੈਕਟਰ ਬਲਰਾਜ ਸਿੰਘ ਮੌਜੂਦ ਸਨ।

# ਪ੍ਰੋਜੈਕਟ ਉਮੀਦ ਤਹਿਤ 10 ਵਿਸ਼ੇਸ਼ ਅਨੁਕੂਲਿਤ ਈ-ਵਾਹਨ ਦਿਵਿਆਂਗਾਂ ਨੂੰ ਵੰਡੇ



**ਲੁਧਿਆਣਾ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਪ੍ਰੋਜੈਕਟ ਉਮੀਦ ਤਹਿਤ ਵਿਸ਼ੇਸ਼ ਲੋੜਾਂ ਵਾਲੇ 10 ਵਿਅਕਤੀਆਂ ਨੂੰ ਵਿਸ਼ੇਸ਼ ਤੌਰ ’ਤੇ ਅਨੁਕੂਲਿਤ ਈ-ਮੋਬਿਲਿਟੀ ਵਾਹਨ ਵੰਡੇ।

ਇਹ ਵਾਹਨ ਹਰੇਕ ਲਾਭਪਾਤਰੀ ਦੀਆਂ ਜ਼ਰੂਰਤਾਂ ਅਨੁਸਾਰ ਤਿਆਰ ਕੀਤੇ ਗਏ ਹਨ ਅਤੇ ਇੱਕ ਵਾਰ ਚਾਰਜ ਹੋਣ ’ਤੇ 25 ਕਿਲੋਮੀਟਰ ਤੋਂ ਵੱਧ ਦੀ ਦੂਰੀ ਤੈਅ ਕਰਨ ਦੇ ਸਮਰੱਥ ਹਨ।

ਇਸ ਮੌਕੇ ਡੀ.ਸੀ. ਹਿਮਾਂਸ਼ੂ ਜੈਨ ਨੇ ਕਿਹਾ ਕਿ ਇਹ ਪਹਿਲ ਸਿਰਫ਼ ਗਤੀਸ਼ੀਲਤਾ ਹੀ ਨਹੀਂ, ਸਗੋਂ ਦਿਵਿਆਂਗਾਂ ਲਈ ਰੋਜ਼ਗਾਰ ਅਤੇ ਆਰਥਿਕ ਸਵੈ-ਨਿਰਭਰਤਾ ਦੇ ਨਵੇਂ ਮੌਕੇ ਵੀ ਖੋਲ੍ਹੇਗੀ। ਇਹ ਵਾਹਨ ਵਰਧਮਾਨ ਟੈਕਸਟਾਇਲਜ਼ ਲਿਮਿਟਡ ਦੇ ਸੀ.ਐਸ.ਆਰ. ਫੰਡ ਰਾਹੀਂ ਮੁਹੱਈਆ ਕਰਵਾਏ ਗਏ ਹਨ।

ਪ੍ਰੋਜੈਕਟ ਉਮੀਦ ਜ਼ਿਲ੍ਹੇ ਵਿੱਚ ਵਿਸ਼ੇਸ਼ ਲੋੜਾਂ ਵਾਲੇ ਵਿਅਕਤੀਆਂ ਦੇ ਸਿੱਖਿਆ, ਸਸ਼ਕਤੀਕਰਨ ਅਤੇ ਰੋਜ਼ੀ-ਰੋਟੀ ਦੇ ਮੌਕਿਆਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਿਹਾ ਹੈ।

# ਭ੍ਰਿਸ਼ਟਾਚਾਰ ਵਿਰੋਧੀ ਫਰੰਟ ਇਕਾਈ ਮਾਛੀਵਾੜਾ ਦੀ ਹੋਈ ਮਾਸਿਕ ਮੀਟਿੰਗ

**ਮਾਛੀਵਾੜਾ ਸਾਹਿਬ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਭ੍ਰਿਸ਼ਟਾਚਾਰ ਵਿਰੋਧੀ ਫਰੰਟ ਇਕਾਈ ਮਾਛੀਵਾੜਾ (ਰਜਿ:)ਦੀ ਮਾਸਿਕ ਇਕੱਤਰਤਾ ਸੀਨੀਅਰ ਮੀਤ ਪ੍ਰਧਾਨ ਹਰਮਿੰਦਰ ਸਿੰਘ ਗਿੱਲ ਦੀ ਅਗਵਾਈ ਵਿੱਚ ਹੋਈ , ਜਿਸ ਵਿੱਚ ਵੱਖ-ਵੱਖ ਮੁੱਦਿਆਂ ਤੇ ਵਿਚਾਰ ਚਰਚਾ ਉਪਰੰਤ ਮਤੇ ਪਾਸ ਕੀਤੇ ਗਏ। ਮੀਡੀਆ ਇੰਚਾਰਜ ਸੁਭਾਸ਼ ਨਾਗਪਾਲ ਨੇ ਦੱਸਿਆ ਕਿ ਅੱਜ ਦੀ ਇਸ ਮੀਟਿੰਗ ਵਿੱਚ ਹਾਈਕੋਰਟ ਦੁਆਰਾ ਅਵਾਰਾ ਕੁੱਤਿਆਂ ਦੀ ਸਮੱਸਿਆ ਦਾ ਹੱਲ ਕਰਨ ਲਈ ਪ੍ਰਸ਼ਾਸਨ ਅਤੇ ਸਰਕਾਰ ਨੂੰ ਦਿੱਤੇ ਗਏ ਆਦੇਸ਼ ਸਬੰਧੀ ਵਿਚਾਰ ਚਰਚਾ ਕੀਤੀ ਗਈ।

ਉਹਨਾਂ ਕਿਹਾ ਕਿ ਇਕਾਈ ਵੱਲੋਂ ਸਰਕਾਰ ਅਤੇ ਪ੍ਰਸ਼ਾਸਨ ਨੂੰ ਪੁਰਜ਼ੋਰ ਅਪੀਲ ਕੀਤੀ ਗਈ ਹੈ ਕਿ ਅਵਾਰਾ ਕੁੱਤਿਆਂ ਨੇ ਪਿਛਲੇ ਕੁਝ ਸਮੇਂ ਤੋਂ ਆਮ ਲੋਕਾਂ ਦੇ ਜੀਵਨ ਨੂੰ ਬਹੁਤ ਪ੍ਰਭਾਵਿਤ ਕੀਤਾ ਹੈ ਤੇ ਇਹਨਾਂ ਅਵਾਰਾ ਕੁੱਤਿਆਂ ਦੁਆਰਾ ਛੋਟੇ ਬੱਚਿਆਂ ਨੂੰ ਬੁਰੀ ਤਰ੍ਹਾਂ ਨੋਚੇ ਜਾਣ ਤੋਂ ਲੈ ਕੇ ਬਜ਼ੁਰਗਾਂ ਤੱਕ ਨੂੰ ਕੱਟਣ ਦੀਆਂ ਘਟਨਾਵਾਂ ਬਾਰ-ਬਾਰ ਸਾਹਮਣੇ ਆਈਆਂ ਹਨ। ਇਹਨਾਂ ਅਵਾਰਾ ਕੁੱਤਿਆਂ ਦੇ ਖਾਤਮੇ ਲਈ ਹਾਈਕੋਰਟ ਵੱਲੋਂ ਦਿੱਤੇ ਗਏ ਆਦੇਸ਼ ਸ਼ਲਾਂਘਾਯੋਗ ਹਨ ।ਇਸ ਲਈ ਸਰਕਾਰ ਅਤੇ ਪ੍ਰਸ਼ਾਸਨ ਨੂੰ ਹਾਈ ਕੋਰਟ ਦੇ ਆਦੇਸ਼ਾਂ ਨੂੰ ਮੰਨਦੇ ਹੋਏ ਅਵਾਰਾ ਕੁੱਤਿਆਂ ਦੇ ਖਾਤਮੇ ਲਈ ਤੁਰੰਤ ਹੱਲ ਕੀਤਾ ਜਾਣਾ ਚਾਹੀਦਾ ਹੈ ਜੋ ਤਾਂ ਜੋ ਆਮ ਲੋਕ ਬੇਫਿਕਰ ਹੋ ਘਰਾਂ ਤੋਂ ਬਾਹਰ ਘੁੰਮ ਸਕਣ, ਜੋ ਇਹਨਾਂ ਅਵਾਰਾ ਕੁੱਤਿਆਂ ਦੇ ਆਤੰਕ ਕਾਰਨ ਘਰਾਂ ਤੋਂ ਬਾਹਰ ਆਉਣ ਤੋਂ ਡਰਦੇ ਸਨ। ਇਸ ਤੋਂ ਇਲਾਵਾ ਕੇਂਦਰ ਸਰਕਾਰ ਦੁਆਰਾ ਬਾਰ-ਬਾਰ ਪੈਟਰੋਲ, ਡੀਜ਼ਲ ਅਤੇ ਗੈਸ ਦੀਆਂ ਕੀਮਤਾਂ ਵਿੱਚ ਕੀਤੇ ਜਾ ਰਹੇ ਬੇਤਹਾਸ਼ਾ ਵਾਧੇ ਦੀ ਕਰੜ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ । ਮੀਟਿੰਗ ਵਿੱਚ ਮੌਜੂਦ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਦੁਆਰਾ ਕੀਤੇ ਜਾਂਦੇ ਇਸ ਵਾਧੇ ਕਾਰਨ ਆਮ ਲੋਕਾਂ ਦਾ ਜਨਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ, ਕਿਉਂਕਿ ਰੋਜ਼ਾਨਾ ਕੰਮ ਕਾਜ ਲਈ ਘਰੋਂ ਬਾਹਰ ਜਾਣ ਵਾਲੇ ਲੋਕਾਂ ਤੇ ਇਸ ਵਾਧ ਨੇ ਉਹਨਾਂ ਦੇ ਬਜਟ ਨੂੰ ਹਿਲਾ ਕੇ ਰੱਖ ਦਿੱਤਾ ਹੈ। ਉਹਨਾਂ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਵਾਧੇ ਨੂੰ ਤੁਰੰਤ ਪ੍ਰਭਾਵ ਨਾਲ ਵਾਪਸ ਲਿਆ ਜਾਵੇ ਤਾਂ ਜੋ ਲੋਕਾਂ ਨੂੰ ਰਾਹਤ ਮਿਲ ਸਕੇ। ਇਸ ਮੌਕੇ ਮਾਸਟਰ ਬਖਸ਼ੀ ਰਾਮ ,ਸੀਨੀਅਰ ਮੀਤ ਪ੍ਰਧਾਨ ਹਰਵਿੰਦਰ ਸਿੰਘ ਗਿੱਲ ,ਸੁਰਿੰਦਰ ਸਿੰਘ ਗਿੱਲ , ਜਗਮੋਹਨ ਸਿੰਘ ਰਹੀਮਾਬਾਦ ,ਮੀਡੀਆ ਇੰਚਾਰਜ ਸੁਭਾਸ਼ ਨਾਗਪਾਲ ,ਰਜਿੰਦਰ ਸਿੰਘ ਸਮਰਾਲਾ, ਦਰਸ਼ਨ ਸਿੰਘ ਗੁਰੋਂ, ਅਤੇ ਰਮਨ ਕੁਮਾਰ ਵੀ ਮੌਜੂਦ ਸਨ।

# ਮਾਸਕੋ ਭਾਰਤ ਅਤੇ ਚੀਨ ਦੇ ਵਿਚਕਾਰ ਨਾਜ਼ੁਕ ਦੁਵੱਲੇ ਸਬੰਧਾਂ ਵਿੱਚ ਦਖਲ ਨਹੀਂ ਦੇਵੇਗਾ: ਪੁਤਿਨ

## ਮੋਦੀ ਅਤੇ ਸ਼ੀ ਵੱਲੋਂ ਸਰਹੱਦੀ ਮੁੱਦਿਆਂ ਨੂੰ ਸੁਲਝਾਉਣ 'ਤੇ ਜਤਾਇਆ ਭਰੋਸਾ

**ਸੇਂਟ ਪੀਟਰਸਬਰਗ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਕਿਹਾ ਹੈ ਕਿ ਮਾਸਕੋ ਭਾਰਤ ਅਤੇ ਚੀਨ ਦੇ ਵਿਚਕਾਰ ਨਾਜ਼ੁਕ ਦੁਵੱਲੇ ਸਬੰਧਾਂ ਵਿੱਚ ਦਖਲ ਨਹੀਂ ਦੇਵੇਗਾ। ਉਨ੍ਹਾਂ ਭਰੋਸਾ ਜਤਾਇਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਦੋਵੇਂ ਆਪਣੇ ਲੰਬੇ ਸਮੇਂ ਤੋਂ ਚੱਲੇ ਆ ਰਹੇ ਸਰਹੱਦੀ ਵਿਵਾਦ ਨੂੰ ਦੋਸਤਾਨਾ ਤਰੀਕੇ ਨਾਲ ਹੱਲ ਕਰਨ ਲਈ ਦ੍ਰਿੜ ਹਨ।

ਪ੍ਰਮੁੱਖ ਗਲੋਬਲ ਨਿਊਜ਼ ਏਜੰਸੀਆਂ ਦੇ ਮੁਖੀਆਂ ਨਾਲ ਇੱਕ ਵਿਆਪਕ ਗੱਲਬਾਤ ਵਿੱਚ, ਪੁਤਿਨ ਨੇ ਮੋਦੀ ਅਤੇ ਸ਼ੀ ਦੋਵਾਂ ਦੀ ਤਾਰੀਫ਼ ਕੀਤੀ ਅਤੇ ਕਿਹਾ ਕਿ ਨਵੀਂ ਦਿੱਲੀ ਅਤੇ ਬੀਜਿੰਗ ਨਾਲ ਰੂਸ ਦੀਆਂ ਦਹਾਕਿਆਂ ਪੁਰਾਣੀਆਂ ਭਾਈਵਾਲੀ ਕੁਦਰਤੀ ਤੌਰ 'ਤੇ ਵਿਕਸਤ ਹੋਈਆਂ ਹਨ ਅਤੇ ਇੱਕ ਦੂਜੇ ਤੋਂ ਪੂਰੀ ਤਰ੍ਹਾਂ ਸੁਤੰਤਰ ਹਨ।

ਪੀਟੀਆਈ ਦੇ ਸੀਈਓ ਅਤੇ ਐਡੀਟਰ-ਇਨ-ਚੀਫ ਵਿਜੇ ਜੋਸ਼ੀ, ਜੋ ਕਿ ਇਸ ਗੱਲਬਾਤ ਵਿੱਚ ਮੌਜੂਦ ਇੱਕੋ-ਇੱਕ ਭਾਰਤੀ ਪੱਤਰਕਾਰ ਸਨ, ਦੇ ਸਵਾਲ ਦਾ ਜਵਾਬ ਦਿੰਦਿਆਂ ਰੂਸੀ ਰਾਸ਼ਟਰਪਤੀ ਨੇ ਕਿਹਾ, ÷ਇਹ ਭਾਰਤ ਅਤੇ ਚੀਨ ਵਿਚਕਾਰ ਇੱਕ ਨਾਜ਼ੁਕ, ਬਹੁਪੱਖੀ ਸਬੰਧ ਹੈ ਅਤੇ ਉਨ੍ਹਾਂ ਵਿੱਚ ਦਖਲ ਦੇਣਾ ਚੰਗਾ ਵਿਚਾਰ ਨਹੀਂ ਹੈ। ਬੇਸ਼ੱਕ, ਅਸੀਂ ਆਪਣੇ ਦੋਵਾਂ ਦੋਸਤਾਂ-ਭਾਰਤ ਅਤੇ ਚੀਨ ਦੋਵਾਂ ਨਾਲ ਗੱਲਬਾਤ ਕਰਦੇ ਹਾਂ।

ਭਾਰਤ ਅਤੇ ਚੀਨ ਨੇ 2020 ਵਿੱਚ ਗਲਵਾਨ ਘਾਟੀ ਦੀਆਂ ਹਿੰਸਕ ਝੜਪਾਂ ਅਤੇ ਉਸ ਤੋਂ ਬਾਅਦ ਚਾਰ ਸਾਲਾਂ ਤੋਂ ਵੱਧ ਸਮੇਂ ਤੱਕ ਚੱਲੇ ਫੌਜੀ ਟਕਰਾਅ ਤੋਂ ਬਾਅਦ ਆਪਣੇ ਸਬੰਧਾਂ ਨੂੰ ਮੁੜ



ਬਣਾਉਣ ਲਈ ਪਿਛਲੇ ਇੱਕ ਸਾਲ ਤੋਂ ਵੱਧ ਸਮੇਂ ਵਿੱਚ ਕਈ ਕਦਮ ਚੁੱਕੇ ਹਨ। ਅਗਸਤ ਵਿੱਚ, ਮੋਦੀ ਅਤੇ ਸ਼ੀ ਨੇ ਤਿਆਨਜਿਨ ਵਿੱਚ ਮੁਲਾਕਾਤ ਕੀਤੀ ਸੀ, ਜਿੱਥੇ ਉਨ੍ਹਾਂ ਨੇ ਮੁੜ ਦੁਹਰਾਇਆ ਕਿ ਦੋਵੇਂ ਦੇਸ਼ ਵਿਕਾਸ ਭਾਈਵਾਲ ਹਨ, ਨਾ ਕਿ ਵਿਰੋਧੀ, ਅਤੇ ਉਨ੍ਹਾਂ ਦੇ ਮਤਭੇਦ ਵਿਵਾਦਾਂ ਵਿੱਚ ਨਹੀਂ ਬਦਲਣੇ ਚਾਹੀਦੇ।

ਰੂਸ ਇਹ ਕਹਿੰਦਾ ਆ ਰਿਹਾ ਹੈ ਕਿ ਸਰਹੱਦੀ ਵਿਵਾਦ ਨੂੰ ਹੱਲ ਕਰਨਾ ਦੋਵਾਂ ਦੇਸ਼ਾਂ ਦਾ ਕੰਮ ਹੈ ਅਤੇ ਉਹ ਦੋਵਾਂ ਪਾਸਿਆਂ ਵਿਚਕਾਰ ਦੋਸਤਾਨਾ ਸਬੰਧ ਦੇਖਣਾ ਚਾਹੁੰਦਾ ਹੈ। ਏਸ਼ੀਆ ਵਿੱਚ ਮਾਸਕੋ ਦੇ ਰਣਨੀਤਕ ਸੰਤੁਲਨ ਨੂੰ ਉਜਾਗਰ ਕਰਦੇ ਹੋਏ, ਰਾਸ਼ਟਰਪਤੀ ਪੁਤਿਨ ਨੇ ਕਿਹਾ ਕਿ ਭਾਰਤ ਅਤੇ ਚੀਨ ਨਾਲ ਰੂਸ ਦੇ ਸਬੰਧ ਕੁਦਰਤੀ ਤੌਰ 'ਤੇ ਵਿਕਸਤ ਹੋਏ ਹਨ।

ਉਨ੍ਹਾਂ ਜ਼ੋਰ ਦਿੱਤਾ ਕਿ ਨਵੀਂ ਦਿੱਲੀ ਨਾਲ ਮਾਸਕੋ ਦਾ ਵਧ ਰਿਹਾ ਤਾਲਮੇਲ ਚੀਨ ਦੀ ਕੀਮਤ 'ਤੇ ਨਹੀਂ ਹੈ, ਜਿਵੇਂ ਕਿ ਚੀਨ ਨਾਲ ਰੂਸ ਦਾ ਡੂੰਘਾ ਗਠਜੋੜ ਭਾਰਤ ਨਾਲ ਉਸਦੇ ਸਬੰਧਾਂ ਨੂੰ ਪ੍ਰਭਾਵਿਤ ਨਹੀਂ ਕਰਦਾ।

ਉਨ੍ਹਾਂ ਕਿਹਾ, ਰੂਸ ਨੇ ਇਹ ਸਬੰਧ ਸਥਾਪਿਤ ਕੀਤੇ ਹਨ। ਇਹ ਕੁਦਰਤੀ ਤੌਰ 'ਤੇ ਹੋ ਰਿਹਾ ਸੀ। ਰੂਸ ਅਤੇ ਭਾਰਤ ਵਿਚਕਾਰ ਸਬੰਧ ਚੀਨ ਨੂੰ ਪਰੇਸ਼ਾਨ ਨਹੀਂ ਕਰਦੇ, ਸਾਡੇ ਚੀਨ ਨਾਲ ਸਬੰਧ ਭਾਰਤ ਨੂੰ ਪਰੇਸ਼ਾਨ ਨਹੀਂ ਕਰਦੇ।"

ਆਪਣੀ ਟਿੱਪਣੀ ਵਿੱਚ, ਪੁਤਿਨ ਨੇ ਰੂਸ-ਭਾਰਤ-ਚੀਨ ਤਿਕੋਣੀ ਢਾਂਚੇ ਦਾ ਇਤਿਹਾਸਕ ਪਿਛੋਕੜ ਵੀ ਦਿੱਤਾ, ਜੋ ਬਾਅਦ ਵਿੱਚ ਬ੍ਰਿਕਸ ਦਾ ਆਧਾਰ ਬਣਿਆ। ਰੂਸੀ ਰਾਸ਼ਟਰਪਤੀ ਨੇ ਭਾਰਤ ਅਤੇ ਪਾਕਿਸਤਾਨ ਵਿਚਕਾਰ ਠੰਡੇ ਸਬੰਧਾਂ 'ਤੇ ਵੀ ਗੱਲ ਕੀਤੀ ਅਤੇ ਕਿਹਾ, ÷ਅਸੀਂ ਭਾਰਤ ਅਤੇ ਪਾਕਿਸਤਾਨ ਵਿਚਕਾਰ ਸਰਹੱਦ ਨਾਲ ਸਬੰਧਤ ਮੁੱਦਿਆਂ ਦੀਆਂ ਪੇਚੀਦਗੀਆਂ ਤੋਂ ਚੰਗੀ ਤਰ੍ਹਾਂ ਜਾਣੂ ਹਾਂ।"

ਇਸ ਦੇ ਨਾਲ ਹੀ ਪੁਤਿਨ ਨੇ ਕਿਹਾ ਕਿ ਉਨ੍ਹਾਂ ਨੂੰ ਨਹੀਂ ਲੱਗਦਾ ਕਿ ਪਾਕਿਸਤਾਨ ਚੀਨ ਦੇ ਕੰਟਰੋਲ ਵਿੱਚ ਹੈ।

# ਦਿੱਲੀ ਹਾਈ ਕੋਰਟ ਵੱਲੋਂ 'ਕਾਕਰੋਚ ਜਨਤਾ ਪਾਰਟੀ' ਦੇ ਪ੍ਰਦਰਸ਼ਨ ਖ਼ਿਲਾਫ਼ ਪਟੀਸ਼ਨ 'ਤੇ ਤੁਰੰਤ ਸੁਣਵਾਈ ਤੋਂ ਇਨਕਾਰ

**ਨਵੀਂ ਦਿੱਲੀ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਹਾਈ ਕੋਰਟ ਨੇ ਸ਼ੁੱਕਰਵਾਰ ਨੂੰ ਉਸ ਪਟੀਸ਼ਨ 'ਤੇ ਸੁਣਵਾਈ ਕਰਨ ਤੋਂ ਇਨਕਾਰ ਕਰ ਦਿੱਤਾ ਹੈ, ਜਿਸ ਵਿੱਚ 'ਕਾਕਰੋਚ ਜਨਤਾ ਪਾਰਟੀ' ਵੱਲੋਂ ਪ੍ਰੀਖਿਆ-ਸਬੰਧੀ ਖਾਮੀਆਂ ਨੂੰ ਲੈ ਕੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਲਈ 6 ਜੂਨ ਨੂੰ ਦਿੱਲੀ ਦੇ ਜੰਤਰ-ਮੰਤਰ ਵਿਖੇ ਕੀਤੇ ਜਾਣ ਵਾਲੇ ਪ੍ਰਦਰਸ਼ਨ ਕਾਰਨ ਪੈਦਾ ਹੋਣ ਵਾਲੇ ਕਾਨੂੰਨ-ਵਿਵਸਥਾ ਦੇ ਮੁੱਦਿਆਂ ਨੂੰ ਉਠਾਇਆ ਗਿਆ ਸੀ।

'ਸੇਵ ਇੰਡੀਆ ਫਾਊਂਡੇਸ਼ਨ' ਦੇ ਵਕੀਲ ਨੇ ਜਸਟਿਸ ਸੌਰਭ ਬੈਨਰਜੀ ਅਤੇ ਜਸਟਿਸ ਅਮਿਤ ਸ਼ਰਮਾ ਦੇ ਛੁੱਟੀਆਂ ਵਾਲੇ ਬੈਂਚ ਦੇ ਸਾਹਮਣੇ ਤੁਰੰਤ ਸੁਣਵਾਈ ਲਈ ਪਟੀਸ਼ਨ ਦਾ ਜ਼ਿਕਰ ਕੀਤਾ ਸੀ, ਪਰ ਬੈਂਚ ਨੇ ਕੇਸ ਨੂੰ ਸੂਚੀਬੱਧ ਕਰਨ ਤੋਂ ਇਨਕਾਰ ਕਰ ਦਿੱਤਾ। ਇਸ ਮਹੀਨੇ ਦੇ ਸ਼ੁਰੂ ਵਿੱਚ, ਦੇ ਸੰਸਥਾਪਕ ਅਭਿਜੀਤ ਦੀਪਕੇ ਨੇ ਸਮਰਥਕਾਂ ਅਤੇ ਵਿਦਿਆਰਥੀਆਂ ਨੂੰ ਦਿੱਲੀ ਵਿੱਚ ਆਪਣੇ ਪ੍ਰਦਰਸ਼ਨ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਸੀ ਅਤੇ ਸਮਰਥਕਾਂ ਨੂੰ




6 ਜੂਨ ਨੂੰ ਹਵਾਈ ਅੱਡੇ 'ਤੇ ਵੀ ਇਕੱਠੇ ਹੋਣ ਦੀ ਅਪੀਲ ਕੀਤੀ ਸੀ।

ਕਾਕਰੋਚ ਜਨਤਾ ਪਾਰਟੀ, ਜੋ ਕਿ ਨੌਜਵਾਨਾਂ ਵੱਲੋਂ ਚਲਾਇਆ ਜਾ ਰਿਹਾ ਇੱਕ ਸੋਸ਼ਲ ਮੀਡੀਆ ਅੰਦੋਲਨ ਹੈ, ਆਪਣੀ ਸ਼ੁਰੂਆਤ ਤੋਂ ਹੀ ਕਾਫੀ ਚਰਚਾ ਵਿੱਚ ਹੈ।

ਪਟੀਸ਼ਨਕਰਤਾ ਨੇ ਆਪਣੀ ਅਰਜ਼ੀ ਵਿੱਚ ਆਈਜੀਆਈ ਹਵਾਈ ਅੱਡੇ, ਮੈਟਰੋ ਸਟੇਸ਼ਨਾਂ ਅਤੇ ਹਾਈਵੇਅ ਦੇ ਪ੍ਰਵੇਸ਼ ਪੁਆਇੰਟਾਂ 'ਤੇ ÷ਤੁਰੰਤ ਰੋਕਥਾਮ, ਰੈਗੂਲੇਟਰੀ ਅਤੇ ਭੀੜ ਨੂੰ ਕੰਟਰੋਲ ਕਰਨ ਦੇ ਉਪਾਅ÷ ਤੈਨਾਤ ਕਰਨ ਦੀ ਮੰਗ ਕੀਤੀ ਸੀ।

ਇਸ ਨੇ ਅਧਿਕਾਰੀਆਂ ਨੂੰ ਜਨਤਕ ਵਿਵਸਥਾ ਬਣਾਈ ਰੱਖਣ ਅਤੇ ਇਹ ਯਕੀਨੀ ਬਣਾਉਣ ਲਈ ਕਿ ਹਸਪਤਾਲਾਂ, ਰੇਲਵੇ ਸਟੇਸ਼ਨਾਂ, ਹਾਈ ਕੋਰਟ ਅਤੇ ਸੁਪਰੀਮ ਕੋਰਟ ਵਰਗੀਆਂ ਜ਼ਰੂਰੀ ਸੇਵਾਵਾਂ ਜਨਤਕ ਸੁਰੱਖਿਆ ਨਾਲ ਸਮਝੌਤਾ ਕੀਤੇ ਬਿਨਾਂ ਕੰਮ ਕਰ ਸਕਣ, ਪ੍ਰਦਰਸ਼ਨ ਨੂੰ ÷ਸੀਮਤ, ਨਿਯੰਤ੍ਰਿਤ ਜਾਂ ਦੂਜੀ ਥਾਂ ਤਬਦੀਲ÷ ਕਰਨ ਦੇ ਨਿਰਦੇਸ਼ ਦੇਣ ਦੀ ਮੰਗ ਕੀਤੀ ਸੀ।

ਪੀਆਈਐਲ ਵਿੱਚ ਦੋਸ਼ ਲਾਇਆ ਗਿਆ ਹੈ ਕਿ ਕਾਕਰੋਚ ਜਨਤਾ ਪਾਰਟੀ ਨੇ ÷ਅੰਤਰਰਾਸ਼ਟਰੀ ਸੰਸਥਾਗਤ ਅਸਥਿਰਤਾ ਏਜੰਡੇ ਨੂੰ ਅੰਜਾਮ ਦੇਣ ਲਈ ਵਿਦੇਸ਼ੀ ਸਰਵਰਾਂ ਦੀ ਵਰਤੋਂ÷ ਕਰਕੇ ਨੌਜਵਾਨਾਂ ਨੂੰ ਇੱਕ ÷ਗੈਰ-ਨਿਯੰਤ੍ਰਿਤ ਦਲ÷ ਵਿੱਚ ਬਦਲ ਦਿੱਤਾ ਹੈ।

ਇਸ ਨੇ ਮੰਗ ਕੀਤੀ ਕਿ 6 ਜੂਨ ਦੇ ਪ੍ਰਦਰਸ਼ਨ ਨੂੰ ਜਾਂ ਤਾਂ ਕਿਸੇ ਨਿਰਧਾਰਤ ਥਾਂ 'ਤੇ ਤਬਦੀਲ ਕੀਤਾ ਜਾਵੇ ਜਾਂ ਇਸਦੀ ਵੀਡੀਓਗ੍ਰਾਫੀ ਨਾਲ ਸਖ਼ਤੀ ਨਾਲ ਨਿਗਰਾਨੀ ਕੀਤੀ ਜਾਵੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਜੋ ਲੋਕ ਅਮਰੀਕਾ ਅਤੇ ਆਸਟ੍ਰੇਲੀਆ ਸਮੇਤ ਵਿਦੇਸ਼ੀ ਅਧਿਕਾਰ ਖੇਤਰਾਂ ਤੋਂ ਉਕਸਾ ਰਹੇ ਹਨ, ਉਹ ਹਵਾਈ ਅੱਡੇ ਦੀ ਸੁਰੱਖਿਆ ਅਤੇ ਜ਼ਰੂਰੀ ਐਮਰਜੈਂਸੀ ਮਸ਼ੀਨਰੀ ਨੂੰ ਪ੍ਰਭਾਵਿਤ ਨਾ ਕਰ ਸਕਣ।

# ਸਰਕਾਰ ਵੱਲੋਂ ਸਖ਼ਤ ਸਮਾਂ-ਸੀਮਾ ਅਤੇ ਜਵਾਬਦੇਹੀ ਦੇ ਨਾਲ 'ਰੰਗਲਾ ਪੰਜਾਬ ਵਿਕਾਸ ਸਕੀਮ' ਵਿੱਚ ਤੇਜ਼ੀ: ਹਰਪਾਲ ਸਿੰਘ ਚੀਮਾ



**ਚੰਡੀਗੜ੍ਹ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ 'ਰੰਗਲਾ ਪੰਜਾਬ ਵਿਕਾਸ ਸਕੀਮ' ਦੇ ਦੂਜੇ ਪੜਾਅ ਤਹਿਤ ਵਿਕਾਸ ਕਾਰਜ 10 ਜੂਨ ਤੱਕ ਸ਼ੁਰੂ ਕਰਨ ਅਤੇ 31 ਜੁਲਾਈ ਤੱਕ ਹਰ ਹਾਲ ਵਿੱਚ ਮੁਕੰਮਲ ਕਰਨ ਦੇ ਹੁਕਮ ਦਿੱਤੇ ਹਨ। ਇਸ ਦੇ ਨਾਲ ਹੀ ਉਨ੍ਹਾਂ ਚੇਤਾਵਨੀ ਦਿੱਤੀ ਕਿ ਅਗਲੇ ਦੋ ਦਿਨਾਂ ਦੇ ਅੰਦਰ ਪ੍ਰਸਤਾਵ ਜਮ੍ਹਾਂ ਨਾ ਕਰਵਾਉਣ ਵਾਲੇ ਖੇਤਰਾਂ ਲਈ ਤੀਜੇ ਪੜਾਅ ਦੀ ਫੰਡਿੰਗ ਪੂਰੀ ਤਰ੍ਹਾਂ ਰੋਕ ਦਿੱਤੀ ਜਾਵੇਗੀ।

ਪੰਜਾਬ ਭਵਨ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਸਕੀਮ ਦੀ ਉੱਚ ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਾਰੇ ਸਬੰਧਤ ਵਿਭਾਗਾਂ ਦੇ ਸਕੱਤਰਾਂ ਨੂੰ ਵੀ ਸਖ਼ਤ ਨਿਗਰਾਨੀ ਰੱਖਣ ਦੇ ਨਿਰਦੇਸ਼ ਦਿੱਤੇ ਤਾਂ ਜੋ ਉਨ੍ਹਾਂ ਦੇ ਸਬੰਧਤ ਪ੍ਰੋਜੈਕਟ ਇਸ ਸਮਾਂ-ਸੀਮਾ ਦੀ ਸਖ਼ਤੀ ਨਾਲ ਪਾਲਣਾ ਕਰਨ।

ਸੂਬੇ ਦੇ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਰੁਕਾਵਟ ਬਰਦਾਸ਼ਤ ਨਾ ਕਰਨ ਦਾ ਪ੍ਰਗਟਾਵਾ ਕਰਦਿਆਂ ਵਿੱਤ ਮੰਤਰੀ ਚੀਮਾ ਨੇ ਦ੍ਰਿੜ੍ਹਤਾ ਨਾਲ ਕਿਹਾ, ÷ਤੀਜੇ ਪੜਾਅ ਦੇ ਪ੍ਰਸਤਾਵਾਂ ਲਈ ਦੋ ਦਿਨਾਂ ਦਾ ਸਮਾਂ ਆਖਰੀ ਹੈ ਅਤੇ ਜਵਾਬਦੇਹੀ ਤੈਅ ਕੀਤੀ ਜਾਵੇਗੀ। ਜੇਕਰ ਤੀਜੇ ਪੜਾਅ ਦੇ ਪ੍ਰਸਤਾਵ ਦੋ ਦਿਨਾਂ ਦੇ ਅੰਦਰ ਜਮ੍ਹਾਂ ਨਾ ਕੀਤੇ ਗਏ, ਤਾਂ ਸਬੰਧਤ ਖੇਤਰਾਂ ਦੀਆਂ ਵਿਕਾਸ ਗ੍ਰਾਂਟਾਂ ਬਿਨਾਂ ਵਜ੍ਹਾ ਦੇਰੀ ਕਾਰਨ ਰੋਕ ਦਿੱਤੀਆਂ ਜਾਣਗੀਆਂ।ਇਸ ਤੋਂ ਇਲਾਵਾ, ਵਿੱਤ ਮੰਤਰੀ ਨੇ ਡਿਪਟੀ ਕਮਿਸ਼ਨਰਾਂ ਨੂੰ ਹਦਾਇਤ ਕੀਤੀ ਕਿ ਉਹ ਆਉਣ ਵਾਲੇ ਬਰਸਾਤ ਦੇ ਮੌਸਮ ਨੂੰ ਵਿਸ਼ੇਸ਼ ਤੌਰ 'ਤੇ ਧਿਆਨ ਵਿੱਚ ਰੱਖਦੇ ਹੋਏ ਇਨ੍ਹਾਂ ਕੰਮਾਂ ਦੀ ਰਣਨੀਤੀ ਬਣਾਉਣ ਅਤੇ ਇਨ੍ਹਾਂ ਨੂੰ ਨੇਪਰੇ ਚਾੜ੍ਹਨ ਤਾਂ ਜੋ ਚੱਲ ਰਹੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਵਿੱਚ ਮੌਸਮ ਕਾਰਨ ਕੋਈ ਵਿਘਨ ਜਾਂ ਦੇਰੀ ਨਾ ਹੋਵੇ। ਪ੍ਰਸ਼ਾਸਨਿਕ ਅਨੁਸ਼ਾਸਨ ਦੀ ਲੋੜ 'ਤੇ ਜ਼ੋਰ ਦਿੰਦਿਆਂ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਡਿਪਟੀ ਕਮਿਸ਼ਨਰਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਮੁਕੰਮਲ ਹੋ ਚੁੱਕੇ ਕੰਮਾਂ ਦੇ ਸਾਰੇ ਵਿੱਤੀ ਬਿੱਲਾਂ ਨੂੰ ਸਮੇਂ ਸਿਰ ਜਮ੍ਹਾਂ ਕਰਵਾਉਣਾ ਯਕੀਨੀ ਬਣਾਉਣ। ਮੁੱਖ ਸਕੱਤਰ ਨੇ ਸਪੱਸ਼ਟ ਕੀਤਾ ਕਿ ਕਿਸੇ ਵੀ ਪ੍ਰਸ਼ਾਸਨਿਕ ਦੇਰੀ ਦੀ ਪੂਰੀ ਜ਼ਿੰਮੇਵਾਰੀ ਸਿੱਧੇ ਤੌਰ 'ਤੇ ਸਬੰਧਤ ਕਾਰਜਕਾਰੀ ਏਜੰਸੀ ਸਿਰ ਮੜ੍ਹੀ ਜਾਵੇਗੀ ਅਤੇ ਕੋਤਾਹੀ ਵਰਤਣ ਵਾਲਿਆਂ ਖ਼ਿਲਾਫ਼ ਤੁਰੰਤ ਅਤੇ ਸਖ਼ਤ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇਗੀ।

# ਡੀਸੀ ਡਾ. ਹਿਮਾਂਸ਼ੂ ਅਗਰਵਾਲ ਦੇ ਨਿਰਦੇਸ਼: .ਗੈਰ-ਕਾਨੂੰਨੀ ਸ਼ਰਾਬ ਕਾਰੋਬਾਰ ਬਰਦਾਸ਼ਤ ਨਹੀਂ



**ਪਟਿਆਲਾ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਗ਼ੈਰ-ਕਾਨੂੰਨੀ ਅਤੇ ਨਕਲੀ ਸ਼ਰਾਬ ਦੇ ਕਾਰੋਬਾਰ ਨੂੰ ਰੋਕਣ ਲਈ ਜਾਰੀ ਹੁਕਮਾਂ ਦੇ ਤਹਿਤ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਕ ਵਿਸ਼ੇਸ਼ ਮੀਟਿੰਗ ਕਰਦਿਆਂ ਕਿਹਾ ਕਿ ਸਿਹਤ ਵਿਭਾਗ , ਪੁਲਿਸ ਵਿਭਾਗ, ਆਬਕਾਰੀ ਵਿਭਾਗ ਅਤੇ ਡਰੱਗ ਕੰਟਰੋਲਰ ਵਿਭਾਗ ਦੀਆਂ ਜੁਆਇੰਟ ਟੀਮਾਂ ਦਾ ਗਠਨ ਕਰਕੇ ਲਗਾਤਾਰ ਚੈਕਿੰਗ ਅਮਲ ਵਿੱਚ ਲਿਆਂਦੀ ਜਾਵੇ ਅਤੇ ਸਾਂਝੇ ਤੌਰ @ਤੇ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਮੀਥੇਨੌਲ ਦੀ ਦੁਰਵਰਤੋਂ ਨਾ ਸਿਰਫ਼ ਕਾਨੂੰਨੀ ਉਲੰਘਣਾ ਹੈ, ਸਗੋਂ ਇਹ ਲੋਕਾਂ ਦੀ ਜਾਨ ਲਈ ਵੀ ਗੰਭੀਰ ਖ਼ਤਰਾ ਬਣ ਸਕਦੀ ਹੈ। ਇਸ ਲਈ ਨਕਲੀ ਸ਼ਰਾਬ ਵੇਚਣ ਵਾਲਿਆਂ ਅਤੇ ਇਸ ਧੰਦੇ ਨਾਲ ਜੁੜੇ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਡੀ ਸੀ ਨੇ ਕਿਹਾ ਕਿ ਮੀਥੇਨੌਲ (ਮਿਥਾਈਲ ਅਲਕੋਹਲ) ਇੱਕ ਜਹਿਰੀਲਾ ਕੈਮੀਕਲ ਪਦਾਰਥ ਹੈ ਅਤੇ ਇਸਦੀ ਦੁਰਵਰਤੋਂ ਨਾਲ ਅਣਸੁਖਾਵੀਂ ਘਟਨਾ ਵਾਪਰਨ ਦਾ ਖਦਸ਼ਾ ਬਣਿਆ ਰਹਿੰਦਾ ਹੈ। ਇਸ ਲਈ ਸੰਵੇਦਨਸ਼ੀਲ ਇਲਾਕਿਆਂ ਭਾਵ ਨਜਾਇਜ ਸ਼ਰਾਬ ਦੀ ਵਿਕਰੀ ਵਾਲੇ ਇਲਾਕਿਆਂ, ਲੇਬਰ ਕਲੋਨੀਆਂ, ਅਤੇ ਸਲੱਮ ਏਰੀਆਜ਼ ਆਦਿ ਖੇਤਰਾਂ ਵਿੱਚ ਚੈਕਿੰਗ ਕੀਤੀ ਜਾਵੇ।

# ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਵੱਲੋਂ ਵਾਤਾਵਰਣ ਨਿਯਮਾਂ ਦੀ ਪਾਲਣਾ ਦੀ ਨਿਗਰਾਨੀ ਨੂੰ ਮਜ਼ਬੂਤ ਕਰਨ ਲਈ ਸਮਰਪਿਤ 'ਆਨਲਾਈਨ ਮਾਨੀਟਰਿੰਗ ਸੈੱਲ' ਦੀ ਸਥਾਪਨਾ

**ਪਟਿਆਲਾ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਵਾਤਾਵਰਣ ਦੀ ਸੁਰੱਖਿਆ ਅਤੇ ਨਿਯਮਤ ਨਿਗਰਾਨੀ ਲਈ ਤਕਨਾਲੋਜੀ ਦਾ ਲਾਹਾ ਲੈਣ ਵੱਲ ਇੱਕ ਵੱਡਾ ਕਦਮ ਚੁੱਕਦਿਆਂ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਨੇ ਪਟਿਆਲਾ ਸਥਿਤ ਆਪਣੇ ਮੁੱਖ ਦਫ਼ਤਰ ਵਿਖੇ ਇੱਕ ਸਮਰਪਿਤ @ਆਨਲਾਈਨ ਮਾਨੀਟਰਿੰਗ ਸੈੱਲ@ (ਓਐਮਸੀ) ਦਾ ਗਠਨ ਕੀਤਾ ਹੈ।

ਇਹ ਨਵਾਂ ਸਥਾਪਿਤ ਸੈੱਲ ਪੰਜਾਬ ਦੇ ਉਦਯੋਗਾਂ ਅਤੇ ਸਾਂਝੇ ਟ੍ਰੀਟਮੈਂਟ ਪਲਾਂਟਾਂ ਵਿੱਚੋਂ ਨਿਕਲਣ ਵਾਲੀਆਂ ਗੈਸਾਂ (ਇਮਿਸ਼ਨ) ਅਤੇ ਤਰਲ ਰਹਿੰਦ-ਖੂੰਹਦ (ਇਫ਼ਲੂਐਂਟਸ) ਦੀ ਨਿਰੰਤਰ ਨਿਗਰਾਨੀ ਕਰੇਗਾ। ਇਹ @ਵਾਰ-ਰੂਮ@ ਵਰਗਾ ਹਾਈ-ਟੈਕ ਸੈੱਟਅੱਪ ਉਦਯੋਗਾਂ, ਸਾਂਝੇ ਤਰਲ ਰਹਿੰਦ-ਖੂੰਹਦ ਸੋਧਕ ਪਲਾਂਟਾਂ (ਸੀਈਟੀਪੀਜ), ਸਾਂਝੇ ਬਾਇਓ-ਮੈਡੀਕਲ ਰਹਿੰਦ-ਖੂੰਹਦ ਸੋਧਕ ਕੇਂਦਰਾਂ



(ਸੀਬੀਡਬਲਿਊਟੀਐਫਜ), ਅਤੇ ਟ੍ਰੀਟਮੈਂਟ, ਸਟੋਰੇਜ ਅਤੇ ਡਿਸਪੋਜ਼ਲ ਸੁਵਿਧਾਵਾਂ (ਟੀਐਸਡੀਐਫਜ) ਵੱਲੋਂ ਲਗਾਏ ਗਏ ਆਨਲਾਈਨ ਨਿਰੰਤਰ ਨਿਕਾਸ ਅਤੇ ਤਰਲ ਰਹਿੰਦ-ਖੂੰਹਦ ਨਿਗਰਾਨੀ ਪ੍ਰਣਾਲੀ (ਓਸੀਈਐਮਐਸ), ਨਿਰੰਤਰ ਅੰਬੀਐਂਟ ਏਅਰ ਕੁਆਲਿਟੀ ਮਾਨੀਟਰਿੰਗ ਸਟੇਸ਼ਨ (ਸੀਏਏਕਿਊਐਮਐਸ), ਆਨਲਾਈਨ ਡਾਟਾ ਪ੍ਰਾਪਤੀ ਅਤੇ ਨਿਗਰਾਨੀ ਪ੍ਰਣਾਲੀ, ਸੀਸੀਟੀਵੀ ਸਰਵੇਲੈਂਸ ਸਿਸਟਮ, ਜੀਪੀਐਸ ਟ੍ਰੈਕਿੰਗ ਪ੍ਰਣਾਲੀ ਅਤੇ ਬਾਰਕੋਡ-ਅਧਾਰਤ ਸਾਫਟਵੇਅਰ ਦੀ ਡੂੰਘਾਈ ਨਾਲ ਨਿਗਰਾਨੀ ਕਰੇਗਾ।

ਆਨਲਾਈਨ ਮਾਨੀਟਰਿੰਗ ਸੈੱਲ ਦੀ ਜ਼ਿੰਮੇਵਾਰੀ ਪੀ.ਪੀ.ਸੀ.ਬੀ. ਦੇ ਸਰਵਰਾਂ ਨਾਲ ਨਿਗਰਾਨੀ ਪ੍ਰਣਾਲੀਆਂ ਦੀ ਨਿਰਵਿਘਨ ਕਨੈਕਟੀਵਿਟੀ ਨੂੰ ਯਕੀਨੀ ਬਣਾਉਣਾ, ਆਨਲਾਈਨ ਪਲੇਟਫਾਰਮਾਂ ਦਾ ਇੱਕ ਵਿਆਪਕ ਡਾਟਾਬੇਸ ਤਿਆਰ ਰੱਖਣਾ, ਡਾਟਾ ਸਮੀਖਿਆ ਲਈ ਮਿਆਰੀ ਸੰਚਾਲਨ ਪ੍ਰਕਿਰਿਆਵਾਂ ਵਿਕਸਿਤ ਕਰਨਾ ਅਤੇ ਰੋਜ਼ਾਨਾ ਨਿਗਰਾਨੀ ਰਿਪੋਰਟਾਂ ਸੌਂਪਣਾ ਹੋਵੇਗੀ।

# ਚੇਤਨ ਸਿੰਘ ਜੌੜਾਮਾਜਰਾ ਦੀ ਅਗਵਾਈ ਹੇਠ ਯੁੱਧ ਨਸ਼ਿਆਂ ਵਿਰੁੱਧ ਫੇਜ਼-2 ਤਹਿਤ ਵਿਧਾਨ ਸਭਾ ਹਲਕਾ ਸਮਾਣਾ ਦੀ ਬੈਠਕ



**ਸਮਾਣਾ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਣਾ ਵਿਖੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀ ਨਸ਼ਾ ਮੁਕਤੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦੇ ਫੇਜ਼-2 ਤਹਿਤ ਵਿਧਾਨ ਸਭਾ ਹਲਕਾ ਸਮਾਣਾ ਦੀ ਇੱਕ ਵਿਸ਼ੇਸ਼ ਬੈਠਕ ਕੀਤੀ ਗਈ। ਇਸ ਮੌਕੇ ਐਸ.ਡੀ.ਐਮ. ਰਿਚਾ ਗੋਇਲ, ਡੀ.ਐਸ.ਪੀ. ਸਮਾਣਾ ਫਤਹਿ ਸਿੰਘ ਬਰਾੜ ਸਮੇਤ ਨਸ਼ਾ ਮੁਕਤੀ ਯਾਤਰਾ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਸਰਗਰਮ ਪਿੰਡ ਅਤੇ ਵਾਰਡ ਡਿਫੈਂਸ ਕਮੇਟੀਆਂ ਦੇ ਕਨਵੀਨਰਾਂ, ਪ੍ਰਧਾਨਾਂ ਅਤੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ।

ਬੈਠਕ ਨੂੰ ਸੰਬੋਧਨ ਕਰਦਿਆਂ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨਸ਼ਿਆਂ ਦੇ ਖਾਤਮੇ ਲਈ ਪੂਰੀ ਦ੍ਰਿੜਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਸੂਬੇ ਭਰ ਵਿੱਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਅਤੇ ਲੋਕਾਂ ਦੀ ਵੱਧ ਰਹੀ ਭਾਗੀਦਾਰੀ ਇਸ ਮੁਹਿੰਮ ਦੀ ਸਫਲਤਾ ਦਾ ਪ੍ਰਮਾਣ ਹੈ।

ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦਾ ਉਦੇਸ਼ ਲੋਕਾਂ, ਖ਼ਾਸ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਨਸ਼ਾ ਮੁਕਤ ਜੀਵਨ ਅਪਣਾਉਣ ਲਈ ਪ੍ਰੇਰਿਤ ਕਰਨਾ ਹੈ

ਜੌੜਾਮਾਜਰਾ ਨੇ ਪਿੰਡ ਅਤੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਖੇਤਰਾਂ ਵਿੱਚ ਵੱਧ ਤੋਂ ਵੱਧ ਲੋਕਾਂ ਨੂੰ ਇਸ ਮੁਹਿੰਮ ਨਾਲ ਜੋੜਨ ਅਤੇ ਸਰਕਾਰ ਦੇ ਸੰਦੇਸ਼ ਨੂੰ ਹਰ ਘਰ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਣ।

# ਸਾਹ ਸਬੰਧੀ ਬੀਮਾਰੀਆਂ ਵਾਲੇ 3000 ਤੋਂ ਵੱਧ ਮਰੀਜ਼ਾਂ ਨੂੰ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਮਿਲਿਆ ਕੈਸ਼ਲੈੱਸ ਇਲਾਜ : ਬਲਬੀਰ ਸਿੰਘ

**ਚੰਡੀਗੜ੍ਹ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੀ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਹੁਣ ਤੱਕ ਸਾਹ ਸਬੰਧੀ ਬੀਮਾਰੀਆਂ ਜਿਵੇਂ ਨਿਮੋਨੀਆ, ਦਮਾ (ਅਸਥਮਾ), ਕ੍ਰੋਨਿਕ ਅਬਸਟਰਕਟਿਵ ਪਲਮੋਨਰੀ ਡਿਜ਼ੀਜ਼ (ਸੀਓਪੀਡੀ) ਅਤੇ ਸਾਹ ਲੈਣ ਵਿੱਚ ਦਿੱਕਤ ਆਦਿ ਦੇ ਇਲਾਜ 'ਤੇ ਲਗਭਗ 86 ਲੱਖ ਰੁਪਏ ਖ਼ਰਚ ਕੀਤੇ ਜਾ ਚੁੱਕੇ ਹਨ, ਜਿਸ ਨਾਲ ਸੂਬੇ ਭਰ ਵਿੱਚ 3,000 ਤੋਂ ਵੱਧ ਮਰੀਜ਼ਾਂ ਨੂੰ ਲਾਭ ਮਿਲਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਯੋਜਨਾ ਤਹਿਤ ਹੁਣ ਤੱਕ ਸਾਹ ਸੰਬੰਧੀ ਰੋਗਾਂ ਨਾਲ ਜੁੜੇ 3,019 ਇਲਾਜ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ, ਯੋਜਨਾ ਸ਼ੁਰੂ ਹੋਣ ਤੋਂ ਬਾਅਦ ਪਿਛਲੇ ਪੰਜ ਮਹੀਨਿਆਂ ਦੌਰਾਨ ਲਗਭਗ 46 ਲੱਖ ਲੋਕ ਸਿਹਤ ਬੀਮਾ ਪ੍ਰੋਗਰਾਮ ਤਹਿਤ ਰਜਿਸਟਰ ਹੋਏ ਹਨ।

ਉਹਨਾਂ ਦੱਸਿਆ ਕਿ ਪ੍ਰਤੀ ਪਰਿਵਾਰ ਪ੍ਰਤੀ ਸਾਲ ?10 ਲੱਖ ਤੱਕ ਦਾ ਕੈਸ਼ਲੈੱਸ ਸਿਹਤ ਬੀਮਾ ਕਵਰ ਮੁਹੱਈਆ ਕਰਵਾਉਣ ਵਾਲੀ ਇਹ ਯੋਜਨਾ ਸਮੇਂ ਸਿਰ ਡਾਕਟਰੀ ਸਹਾਇਤਾ ਦੀ ਲੋੜ ਵਾਲੇ ਮਰੀਜ਼ਾਂ, ਖ਼ਾਸ ਕਰਕੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਲਈ ਇੱਕ ਵੱਡਮੁਲਾ ਸਹਾਰਾ ਬਣ ਕੇ ਉੱਭਰੀ ਹੈ।

ਡਾ. ਬਲਬੀਰ ਸਿੰਘ ਨੇ ਕਿਹਾ, ਜੇਕਰ ਸਮੇਂ ਸਿਰ ਇਲਾਜ ਨਾ ਮਿਲੇ ਤਾਂ ਸਾਹ ਸੰਬੰਧੀ ਬੀਮਾਰੀਆਂ ਜਾਨਲੇਵਾ ਰੂਪ ਧਾਰ ਸਕਦੀਆਂ ਹਨ। 'ਮੁੱਖ ਮੰਤਰੀ ਸਿਹਤ ਯੋਜਨਾ' ਰਾਹੀਂ ਹੁਣ ਪਰਿਵਾਰਾਂ ਨੂੰ ਮੈਡੀਕਲ ਐਮਰਜੈਂਸੀ ਦੌਰਾਨ ਇਲਾਜ ਲਈ ਪੈਸੇ ਇਕੱਠੇ ਕਰਨ ਦੀ ਚਿੰਤਾ ਨਹੀਂ ਰਹੀ । ਮਰੀਜ਼ ਬਿਨਾਂ ਕਿਸੇ ਦੇਰੀ ਦੇ ਕੈਸ਼ਲੈੱਸ ਇਲਾਜ ਪ੍ਰਾਪਤ ਕਰ ਸਕਦੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਮੌਸਮੀ ਤਬਦੀਲੀਆਂ ਅਤੇ ਵਧਦੇ ਹਵਾ ਪ੍ਰਦੂਸ਼ਣ ਦੇ ਦੌਰਾਨ ਸਾਹ ਸੰਬੰਧੀ ਰੋਗ ਹਸਪਤਾਲ ਵਿੱਚ ਦਾਖ਼ਲ ਹੋਣ ਦੇ ਸਭ ਤੋਂ ਆਮ ਕਾਰਨਾਂ ਵਿੱਚੋਂ ਇੱਕ ਹਨ। ਉਨ੍ਹਾਂ ਕਿਹਾ, ਅਕਸਰ ਖੰਘ, ਬੁਖ਼ਾਰ ਜਾਂ ਸਾਹ ਲੈਣ ਵਿੱਚ ਤਕਲੀਫ਼ ਵਰਗੀਆਂ ਮਾਮੂਲੀ ਲੱਗਣ ਵਾਲੀਆਂ ਸਮੱਸਿਆਵਾਂ ਸਮੇਂ ਸਿਰ ਇਲਾਜ ਨਾ ਮਿਲਣ ਕਾਰਨ ਗੰਭੀਰ ਰੂਪ ਧਾਰਨ ਕਰ ਲੈਂਦੀਆਂ ਹਨ।

ਮੰਤਰੀ ਨੇ ਦੱਸਿਆ ਕਿ ਆਰਥਿਕ ਤੰਗੀ ਕਾਰਨ ਪਹਿਲਾਂ ਕਈ ਪਰਿਵਾਰ ਹਸਪਤਾਲ ਜਾਣ ਵਿੱਚ ਦੇਰੀ ਕਰ ਦਿੰਦੇ ਸਨ, ਜਿਸ ਨਾਲ ਬੀਮਾਰੀ ਗੰਭੀਰ ਹੋ ਜਾਂਦੀ ਸੀ ਅਤੇ ਇਲਾਜ ਦਾ ਖ਼ਰਚ ਵੀ ਵਧ ਜਾਂਦਾ ਸੀ। ਉਨ੍ਹਾਂ ਕਿਹਾ, 2,300 ਤੋਂ ਵੱਧ ਪ੍ਰਕਿਰਿਆਵਾਂ ਅਤੇ ਇਲਾਜਾਂ ਲਈ ਉਪਲੱਬਧ ਕੈਸ਼ਲੈੱਸ ਸਹੂਲਤ ਮਰੀਜ਼ਾਂ ਨੂੰ ਬੀਮਾਰੀ ਦੇ ਸ਼ੁਰੂਆਤੀ ਪੜਾਅ ਵਿੱਚ ਹੀ ਡਾਕਟਰੀ ਸੇਵਾਵਾਂ ਲੈਣ ਲਈ ਉਤਸ਼ਾਹਿਤ ਕਰ ਰਹੀ ਹੈ।

ਸਸਤੀਆਂ ਅਤੇ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਡਾ. ਬਲਬੀਰ ਸਿੰਘ ਨੇ ਕਿਹਾ, ਇਹ ਯੋਜਨਾ ਪਰਿਵਾਰਾਂ 'ਤੇ ਪੈਣ ਵਾਲੇ ਆਰਥਿਕ ਬੋਝ ਨੂੰ ਘਟਾਉਣ ਦੇ ਨਾਲ-ਨਾਲ ਸਮੇਂ ਸਿਰ ਇਲਾਜ ਨੂੰ ਉਤਸ਼ਾਹਿਤ ਕਰ ਰਹੀ ਹੈ, ਜਿਸ ਨਾਲ ਪੂਰੇ ਪੰਜਾਬ ਵਿੱਚ ਸਿਹਤ ਨਤੀਜਿਆਂ ਵਿੱਚ ਸੁਧਾਰ ਹੋ ਰਿਹਾ ਹੈ।

ਮਾਤਾ ਕੌਸ਼ਲਿਆ ਸਰਕਾਰੀ ਹਸਪਤਾਲ, ਪਟਿਆਲਾ ਦੇ ਪਲਮੋਨੋਲੋਜਿਸਟ ਡਾ. ਜੋਰਾਵਰ ਸਿੰਘ ਨੇ ਕਿਹਾ ਕਿ ਸਾਹ ਸੰਬੰਧੀ ਰੋਗਾਂ ਦੇ ਇਲਾਜ ਲਈ ਹਸਪਤਾਲ ਪਹੁੰਚਣ ਵਿੱਚ ਦੇਰੀ ਅੱਜ ਵੀ ਇੱਕ ਵੱਡੀ ਚੁਣੌਤੀ ਬਣੀ ਹੋਈ ਹੈ। ਉਨ੍ਹਾਂ ਕਿਹਾ, ਜ਼ਿਆਦਾਤਰ ਸਾਹ ਸੰਬੰਧੀ ਰੋਗਾਂ ਦਾ ਇਲਾਜ ਸ਼ੁਰੂਆਤੀ ਪੜਾਅ ਵਿੱਚ ਕਿਤੇ ਵੱਧ ਪ੍ਰਭਾਵਸ਼ਾਲੀ ਹੁੰਦਾ ਹੈ। ਪਰ ਕਈ ਮਰੀਜ਼ ਉਦੋਂ ਹਸਪਤਾਲ ਪਹੁੰਚਦੇ ਹਨ ਜਦੋਂ ਉਨ੍ਹਾਂ ਦੀ ਹਾਲਤ ਕਾਫ਼ੀ ਵਿਗੜ ਚੁੱਕੀ ਹੁੰਦੀ ਹੈ, ਕਿਉਂਕਿ ਪਰਿਵਾਰ ਇਲਾਜ ਲਈ ਪੈਸੇ ਦਾ ਪ੍ਰਬੰਧ ਕਰਨ ਵਿੱਚ ਲੱਗੇ ਰਹਿੰਦੇ ਹਨ। 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਮਿਲਣ ਵਾਲਾ ਕੈਸ਼ਲੈੱਸ ਇਲਾਜ ਇਸ ਪਾੜੇ ਨੂੰ ਘਟਾਉਣ ਵਿੱਚ ਮਦਦ ਕਰ ਰਿਹਾ ਹੈ।

ਡਾ. ਜੋਰਾਵਰ ਸਿੰਘ ਨੇ ਕਿਹਾ ਕਿ ਹਵਾ ਪ੍ਰਦੂਸ਼ਣ ਅਤੇ ਮੌਸਮੀ ਧੁੰਦ (ਸਮੌਗ) ਵਰਗੇ ਕਾਰਨਾਂ ਕਰਕੇ ਸਾਹ ਸੰਬੰਧੀ ਰੋਗਾ ਲਗਾਤਾਰ ਵਧ ਰਹੇ ਹਨ । ਉਨ੍ਹਾਂ ਕਿਹਾ, ਬਜ਼ੁਰਗਾਂ, ਬੱਚਿਆਂ ਅਤੇ ਸ਼ੂਗਰ ਤੇ ਗੁਰਦੇ ਦੀਆਂ ਬੀਮਾਰੀਆਂ ਵਰਗੀਆਂ ਹੋਰ ਗੰਭੀਰ ਬੀਮਾਰੀਆਂ ਨਾਲ ਪੀੜਤ ਮਰੀਜ਼ਾਂ ਵਿੱਚ ਗੰਭੀਰ ਸਿਹਤ ਸਮੱਸਿਆਂਵਾਂ ਦਾ ਖ਼ਤਰਾ ਹੋਰ ਵੀ ਵੱਧ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਸਾਹ ਲੈਣ ਵਿੱਚ ਅਸਮਰੱਥਤ ਕਈ ਮਰੀਜ਼ਾਂ ਦਾ ਵੀ ਇਸ ਯੋਜਨਾ ਤਹਿਤ ਇਲਾਜ ਕੀਤਾ ਗਿਆ ਹੈ ਅਤੇ ਉਨ੍ਹਾਂ ਨੂੰ ਅਚਨਚੇਤ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਨਹੀਂ ਕਰਨਾ ਪਿਆ।

# ਪਵਣੁ ਗੁਰੂ, ਪਾਣੀ ਪਿਤਾ, ਮਾਤਾ ਧਰਤਿ ਮਹਤੁ ਦੇ ਸੰਦੇਸ਼ ਨੂੰ ਜੀਵਨ ਵਿੱਚ ਅਪਣਾਈਏ ਤੇ ਵਾਤਾਵਰਨ ਬਚਾਈਏ : ਹਰਮੀਤ ਸਿੰਘ ਕਾਲਕਾ

**ਨਵੀਂ ਦਿੱਲੀ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਸ਼ਵ ਵਾਤਾਵਰਨ ਦਿਵਸ ਦੇ ਮੌਕੇ 'ਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਨੇ ਸਦੀਆਂ ਪਹਿਲਾਂ ਹੀ ਮਨੁੱਖ ਨੂੰ ਕੁਦਰਤ ਨਾਲ ਪਿਆਰ ਅਤੇ ਸਤਿਕਾਰ ਕਰਨ ਦਾ ਉਪਦੇਸ਼ ਦਿੱਤਾ ਸੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਬਖ਼ਸ਼ੇ ਗਏ ਮਹਾਨ ਸਿਧਾਂਤ ÷ਪਵਣੁ ਗੁਰੂ, ਪਾਣੀ ਪਿਤਾ, ਮਾਤਾ ਧਰਤਿ ਮਹਤੁ÷ ਵਿੱਚ ਸਮੁੱਚੇ ਵਾਤਾਵਰਨ ਦੀ ਮਹੱਤਤਾ ਸਮਾਈ ਹੋਈ ਹੈ। ਇਹ ਸੰਦੇਸ਼ ਸਾਨੂੰ ਸਿਖਾਉਂਦਾ ਹੈ ਕਿ ਹਵਾ, ਪਾਣੀ ਅਤੇ ਧਰਤੀ ਕੇਵਲ ਕੁਦਰਤੀ ਸਰੋਤ ਨਹੀਂ, ਸਗੋਂ ਮਨੁੱਖੀ ਜੀਵਨ ਦੇ ਅਧਾਰ ਹਨ ਜਿਨ੍ਹਾਂ ਦੀ ਰੱਖਿਆ ਕਰਨਾ ਦੇਸ਼ ਦੇ ਹਰ ਨਾਗਰਿਕ ਦਾ ਨੈਤਿਕ ਫ਼ਰਜ਼ ਹੈ।

ਇੱਥੇ ਜਾਰੀ ਆਪਣੇ ਸੰਦੇਸ਼ ਵਿੱਚ ਸਰਦਾਰ ਕਾਲਕਾ ਨੇ ਕਿਹਾ ਕਿ ਅੱਜ ਮਨੁੱਖਤਾ ਵਾਤਾਵਰਨ ਨਾਲ ਸਬੰਧਤ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਵੱਧ ਰਹੇ



ਪ੍ਰਦੂਸ਼ਣ, ਜੰਗਲਾਂ ਦੀ ਕਟਾਈ, ਪਾਣੀ ਦੇ ਘਟਦੇ ਸਰੋਤ ਅਤੇ ਬਦਲ ਰਹੇ ਮੌਸਮੀ ਹਾਲਾਤ ਮਨੁੱਖੀ ਜੀਵਨ ਲਈ ਖ਼ਤਰੇ ਦੀ ਘੰਟੀ ਹਨ, ਅਜਿਹੇ ਸਮੇਂ ਵਿੱਚ ਹਰ ਨਾਗਰਿਕ ਦਾ ਨੈਤਿਕ ਫ਼ਰਜ਼ ਬਣਦਾ ਹੈ ਕਿ ਉਹ ਕੁਦਰਤ ਦੀ ਰੱਖਿਆ ਲਈ ਆਪਣੀ ਜ਼ਿੰਮੇਵਾਰੀ ਨਿਭਾਏ।

ਉਨ੍ਹਾਂ ਦੇਸ਼ ਵਾਸੀਆਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਆਓ ਅਸੀਂ ਸਾਰੇ ਮਿਲ ਕੇ ਵਾਤਾਵਰਣ ਦੀ ਸੰਭਾਲ ਲਈ ਇੱਕ ਮੁਹਿੰਮ ਰਾਹੀਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਇੱਕ ਸਾਫ਼, ਸੁੰਦਰ ਅਤੇ ਸੁਰੱਖਿਅਤ ਧਰਤੀ ਦੇਣ ਦਾ ਯਤਨ ਕਰੀਏ। ਉਨ੍ਹਾਂ ਕਿਹਾ ਕਿ ਰੁੱਖ ਲਗਾਉਣਾ ਸਿਰਫ਼ ਇੱਕ ਦਿਨ ਦੀ ਰਸਮ ਨਹੀਂ, ਸਗੋਂ ਧਰਤੀ ਦੇ ਭਵਿੱਖ ਨੂੰ ਸੁਰੱਖਿਅਤ ਬਣਾਉਣ ਦਾ ਮਹਾਨ ਕਾਰਜ ਹੈ। ਉਨ੍ਹਾਂ ਨੇ ਦੇਸ਼ ਵਾਸੀਆਂ ਨੂੰ ਵਾਤਾਵਰਣ ਦੀ ਸੁਰੱਖਿਆ ਲਈ ਸਾਂਝੇ ਯਤਨਾਂ ਦਾ ਸੱਦਾ ਦਿੰਦਿਆਂ ਰੁੱਖ ਲਗਾਉਣ, ਪਾਣੀ ਦੀ ਬੱਚਤ ਕਰਨ ਅਤੇ ਪ੍ਰਦੂਸ਼ਣ ਨੂੰ ਘਟਾਉਣ ਦਾ ਦ੍ਰਿੜ ਨਿਸ਼ਚਾ ਲੈਣ ਦੀ ਅਪੀਲ ਕੀਤੀ ਹੈ।

ਉਨ੍ਹਾਂ ਕਿਹਾ ਕਿ ਜੇਕਰ ਦੇਸ਼ ਦਾ ਹਰ ਨਾਗਰਿਕ ਪਾਣੀ ਦੀ ਸੰਭਾਲ, ਪਲਾਸਟਿਕ ਦੀ ਘੱਟ ਵਰਤੋਂ, ਸਫ਼ਾਈ ਅਤੇ ਹਰਿਆਵਲੀ ਵਧਾਉਣ ਲਈ ਛੋਟੇ-ਛੋਟੇ ਯਤਨ ਕਰੇ ਤਾਂ ਵਾਤਾਵਰਣ ਨੂੰ ਦੂਸ਼ਿਤ ਹੋਣ ਤੋਂ ਬਚਾਇਆ ਜਾ ਸਕਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਿਸ਼ਵ ਵਾਤਾਵਰਣ ਦਿਵਸ ਮੌਕੇ ਨਾ ਸਿਰਫ਼ ਖੁਦ ਜਾਗਰੂਕ ਬਣਨ, ਸਗੋਂ ਆਪਣੇ ਪਰਿਵਾਰਾਂ, ਬੱਚਿਆਂ ਅਤੇ ਸਮਾਜ ਨੂੰ ਵੀ ਵਾਤਾਵਰਨ ਸੁਰੱਖਿਆ ਪ੍ਰਤੀ ਜਾਗਰੂਕ ਕਰਨ।

# ਬਿੱਟੂ ਦਾ 'ਪੰਜਾਬ ਦੀ ਸੇਵਾ' ਵਾਲਾ ਦਾਅਵਾ ਹਕੀਕਤ ਤੋਂ ਕੋਹਾਂ ਦੂਰ : ਪਵਨ ਦੀਵਾਨ

**ਲੁਧਿਆਣਾ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਨੀਅਰ ਕਾਂਗਰਸੀ ਆਗੂ ਪਵਨ ਦੀਵਾਨ ਨੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦੇ ਪੰਜਾਬ ਦੀ ਸੇਵਾ ਕਰਨ ਸੰਬੰਧੀ ਬਿਆਨ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਲੋਕ ਸਭਾ ਅਤੇ ਰਾਜ ਸਭਾ ਵਿੱਚ ਲੰਬਾ ਸਮਾਂ ਬਿਤਾਉਣ ਤੋਂ ਬਾਅਦ ਅਜਿਹਾ ਬਿਆਨ ਦੇਣਾ ਆਪਣੇ ਆਪ ਵਿੱਚ ਕਈ ਸਵਾਲ ਖੜ੍ਹੇ ਕਰਦਾ ਹੈ।

ਦੀਵਾਨ ਨੇ ਦਾਅਵਾ ਕੀਤਾ ਕਿ ਬਿੱਟੂ ਭਾਜਪਾ ਦੀਆਂ ਉਮੀਦਾਂ 'ਤੇ ਖਰਾ ਉਤਰਣ ਵਿੱਚ ਅਸਫਲ ਰਹੇ ਹਨ, ਜਿਸ ਕਾਰਨ ਉਨ੍ਹਾਂ ਨੂੰ ਰਾਜ ਸਭਾ ਦੀ ਸੀਟ ਨਹੀਂ ਮਿਲੀ। ਉਨ੍ਹਾਂ ਕਿਹਾ ਕਿ ਹੁਣ



ਬਿੱਟੂ ਪੰਜਾਬ ਵਿੱਚ ਆਪਣੀ ਸਿਆਸੀ ਜ਼ਮੀਨ ਮੁੜ ਤਿਆਰ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।

ਸਾਬਕਾ ਜ਼ਿਲ੍ਹਾ ਕਾਂਗਰਸ ਪ੍ਰਧਾਨ ਨੇ ਕਿਹਾ ਕਿ ਲੋਕ ਸਭਾ ਮੈਂਬਰ ਵਜੋਂ ਆਪਣੇ ਕਾਰਜਕਾਲ ਦੌਰਾਨ ਬਿੱਟੂ ਪੰਜਾਬ ਦੇ ਲੋਕਾਂ ਦੀਆਂ ਉਮੀਦਾਂ 'ਤੇ ਪੂਰੀ ਤਰ੍ਹਾਂ ਖਰੇ ਨਹੀਂ ਉਤਰੇ। ਉਨ੍ਹਾਂ ਬਿੱਟੂ ਨੂੰ ਮੌਕਾਪ੍ਰਸਤ ਆਗੂ ਕਰਾਰ ਦਿੰਦਿਆਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਉਨ੍ਹਾਂ ਦੀ ਸਿਆਸਤ ਨੂੰ ਚੰਗੀ ਤਰ੍ਹਾਂ ਸਮਝ ਚੁੱਕੇ ਹਨ।

ਦੀਵਾਨ ਨੇ ਇਹ ਵੀ ਦਾਅਵਾ ਕੀਤਾ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਬਿੱਟੂ ਨੂੰ ਕਿਸੇ ਵੀ ਹਲਕੇ ਤੋਂ ਜਿੱਤ ਹਾਸਲ ਕਰਨੀ ਮੁਸ਼ਕਲ ਹੋਵੇਗੀ ਅਤੇ ਉਨ੍ਹਾਂ ਦੀ ਸਿਆਸੀ ਪਕੜ ਲਗਾਤਾਰ ਕਮਜ਼ੋਰ ਹੋ ਰਹੀ ਹੈ।

# ਪੰਜਾਬ ਦੇ ਰਾਜਪਾਲ ਨੇ ਵਿਸ਼ਵ ਵਾਤਾਵਰਣ ਦਿਵਸ 'ਤੇ ਪੌਦੇ ਲਗਾਉਣ ਦੀ ਮੁਹਿੰਮ ਦੀ ਅਗਵਾਈ ਕੀਤੀ; 'ਏਕ ਪੇੜ ਮਾਂ ਕੇ ਨਾਮ' ਮੁਹਿੰਮ ਦੇ ਜ਼ਰੀਏ ਵਧੇਰੇ ਹਰੇ ਭਰੇ ਭਵਿੱਖ ਪ੍ਰਤੀ ਪ੍ਰਤੀਬੱਧਤਾ ਦੁਹਰਾਈ

**ਚੰਡੀਗੜ੍ਹ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਸ਼ਵ ਵਾਤਾਵਰਣ ਦਿਵਸ ਦੇ ਅਵਸਰ 'ਤੇ ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਲੋਕ ਭਵਨ ਵਿਖੇ ਇੱਕ ਪੌਦੇ ਲਗਾਉਣ ਦੀ ਮੁਹਿੰਮ ਦੀ ਅਗਵਾਈ ਕਰਦੇ ਹੋਏ ਵਾਤਾਵਰਣ ਸੰਭਾਲ਼ ਅਤੇ ਟਿਕਾਊ ਵਿਕਾਸ ਪ੍ਰਤੀ ਆਪਣੀ ਪ੍ਰਤੀਬੱਧਤਾ ਨੂੰ ਮੁੜ ਦੁਹਰਾਇਆ। ਇਹ ਪਹਿਲ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੁਆਰਾ ਸ਼ੁਰੂ ਕੀਤੀ ਗਈ ਰਾਸ਼ਟਰ ਵਿਆਪੀ ਮੁਹਿੰਮ ÷ਏਕ ਪੇੜ ਮਾਂ ਕੇ ਨਾਮ÷ ਦੇ ਤਹਿਤ ਕੀਤੀ ਗਈ, ਜਿਸ ਦਾ ਉਦੇਸ਼ ਨਾਗਰਿਕਾਂ ਨੂੰ ਆਪਣੀਆਂ ਮਾਤਾਵਾਂ ਦੇ ਸਨਮਾਨ ਵਿੱਚ ਇੱਕ ਪੇੜ ਲਗਾਉਣ ਲਈ ਪ੍ਰੇਰਿਤ ਕਰਨਾ ਅਤੇ ਵਾਤਾਵਰਣ ਸੰਭਾਲ਼ ਤੇ ਵਧੇਰੇ ਹਰੇ ਭਰੇ ਭਵਿੱਖ ਦੇ ਪ੍ਰਤੀ ਜਾਗਰੂਕਤਾ ਵਧਾਉਣਾ ਹੈ।

ਸ਼੍ਰੀ ਕਟਾਰੀਆ ਨੇ ਆਪਣੀ ਧਰਮਪਤਨੀ ਸ਼੍ਰੀਮਤੀ ਅਨੀਤਾ ਕਟਾਰੀਆ, ਬੇਟੀਆਂ ਅਤੇ ਹੋਰ ਪਰਿਵਾਰਕ ਮੈਂਬਰਾਂ ਦੇ ਨਾਲ ਪੌਦੇ ਲਗਾਉਣ ਦੀ ਮੁਹਿੰਮ ਵਿੱਚ ਹਿੱਸਾ ਲਿਆ ਅਤੇ ਆਪਣੇ ਵਾਤਾਵਰਣਕ, ਸਜਾਵਟੀ ਅਤੇ ਚਿਕਿਤਸਕ ਮਹੱਤਵ ਲਈ ਜਾਣੀਆਂ ਜਾਂਦੀਆਂ ਵਿਭਿੰਨ ਪ੍ਰਜਾਤੀਆਂ ਦੇ ਪੌਦੇ ਲਗਾਏ।

ਇਸ ਅਵਸਰ 'ਤੇ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਆਂਵਲਾ (ਫਿਲੈਂਥਸ ਐਂਬਲਿਕਾ) ਦਾ ਪੌਦਾ ਲਗਾਇਆ ਜਦਕਿ ਸ਼੍ਰੀਮਤੀ ਅਨੀਤਾ ਕਟਾਰੀਆ ਨੇ ਅਮਲਤਾਸ (ਕੈਸੀਆ ਫਿਸਟੁਲਾ) ਦਾ ਪੌਦਾ ਲਗਾਇਆ। ਪਰਿਵਾਰ ਦੇ ਹੋਰ ਮੈਂਬਰਾਂ ਨੇ ਵੀ ਉਤਸ਼ਾਹ ਨਾਲ ਹਿੱਸਾ ਲੈਂਦੇ ਹੋਏ ਸ਼੍ਰੀ ਸ਼ਿਵ ਕੁਮਾਰ ਜੈਨ ਨੇ ਗੁਲਮੋਹਰ (ਡੇਲੋਨਿਕਸ ਰੇਜੀਆ), ਸੁਸ਼੍ਰੀ ਰੇਣੂ ਨੇ ਨੀਲੀ ਗੁਲਮੋਹਰ (ਜੈਕਰਾਂਡਾ ਮਿਮੋਸਿਫੋਲੀਆ) ਲਗਾਇਆ, ਸੁਸ਼੍ਰੀ ਸੋਨਿਕਾ ਨੇ ਅਮਰੂਦ (ਪਸੀਡੀਅਮ ਗੁਆਜਾਵਾ), ਸੁਸ਼੍ਰੀ ਰੇਖਾ ਨੇ ਗੁਲਮੋਹਰ (ਡੇਲੋਨਿਕਸ ਰੇਜੀਆ) ਅਤੇ ਸੁਸ਼੍ਰੀ ਮੋਨਿਕਾ ਨੇ ਪ੍ਰਾਇਡ ਆਵ ਇੰਡੀਆ (ਲੇਗਰਸਟ੍ਰੋਮੀਆ ਸਪੀਸੀਓਸਾ) ਦਾ ਪੌਦਾ ਲਗਾਇਆ। ਇਸ ਅਵਸਰ 'ਤੇ ਆਪਣੇ ਸੰਬੋਧਨ ਵਿੱਚ ਸ਼੍ਰੀ ਕਟਾਰੀਆ ਨੇ ਕਿਹਾ ਕਿ ਵਾਤਾਵਰਣ ਸੁਰੱਖਿਆ ਸਮੂਹਿਕ ਜ਼ਿੰਮੇਦਾਰੀ ਹੈ ਅਤੇ ਉਨ੍ਹਾਂ ਨੇ ਨਾਗਰਿਕਾਂ, ਵਿਸ਼ੇਸ਼ ਕਰਕੇ ਨੌਜਵਾਨਾਂ ਨੂੰ ਪੌਦੇ ਲਗਾਉਣ ਅਤੇ ਸੰਭਾਲਣ ਦੀਆਂ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਭਾਗੀਦਾਰੀ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਨੇ ਕਿਹਾ ਕਿ ਬਿਰਖ ਵਾਤਾਵਰਣਕ ਸੰਤੁਲਨ ਬਣਾਈ ਰੱਖਣ, ਵਾਯੂ ਦੀ ਗੁਣਵੱਤਾ ਵਿੱਚ ਸੁਧਾਰ ਕਰਨ ਅਤੇ ਭਾਵੀ ਪੀੜ੍ਹੀਆਂ ਲਈ ਇੱਕ ਤੰਦਰੁਸਤ ਵਾਤਾਵਰਣ ਸੁਨਿਸ਼ਚਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।




ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਏਕ ਪੇੜ ਮਾਂ ਕੇ ਨਾਮ ਮੁਹਿੰਮ ਦਾ ਉਲੇਖ ਕਰਦੇ ਹੋਏ ਸ਼੍ਰੀ ਕਟਾਰੀਆ ਨੇ ਕਿਹਾ ਕਿ ਇਹ ਪਹਿਲ ਵਾਤਾਵਰਣਕ ਜ਼ਿੰਮੇਵਾਰੀ ਨੂੰ ਮਾਤਾਵਾਂ ਪ੍ਰਤੀ ਸਨਮਾਨ ਅਤੇ ਕ੍ਰਿਤੱਗਤਾ ਦੀਆਂ ਕਦਰਾਂ-ਕੀਮਤਾਂ ਨਾਲ ਸੁੰਦਰ ਢੰਗ ਨਾਲ ਜੋੜਦੀ ਹੈ। ਉਨ੍ਹਾਂ ਨੇ ਕਿਹਾ ਕਿ ਇਸ ਮੁਹਿੰਮ ਨੇ ਦੇਸ਼ ਭਰ ਦੇ ਲੋਕਾਂ ਨੂੰ ਹਰਿਤ ਖੇਤਰ ਵਧਾਉਣ ਅਤੇ ਪ੍ਰਕ੍ਰਿਤੀ ਨਾਲ ਆਪਣੇ ਸਬੰਧ ਨੂੰ ਹੋਰ ਮਜ਼ਬੂਤ ??ਕਰਨ ਲਈ ਪ੍ਰੇਰਿਤ ਕੀਤਾ ਹੈ।

ਸ਼੍ਰੀ ਕਟਾਰੀਆ ਨੇ ਅੱਗੇ ਕਿਹਾ ਕਿ ਚੰਡੀਗੜ੍ਹ ਲੰਬੇ ਸਮੇਂ ਤੋਂ ਆਪਣੇ ਸਮ੍ਰਿੱਧ ਗ੍ਰੀਨ ਕਵਰ ਅਤੇ ਸੁਵਿਸਥਿਤ ਸ਼ਹਿਰੀ ਪਰਿਦ੍ਰਿਸ਼ ਲਈ ਜਾਣਿਆ ਜਾਂਦਾ ਹੈ। ਉਨ੍ਹਾਂ ਨੇ ਵਾਤਾਵਰਣਕ ਸਥਿਰਤਾ ਨੂੰ ਹੋਰ ਮਜ਼ਬੂਤ ??ਕਰਨ ਲਈ ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਨਿਰੰਤਰ ਪੌਦੇ ਲਗਾਉਣ ਦੀਆਂ ਮੁਹਿੰਮਾਂ, ਜੈਵ ਵਿਵਿਧਤਾ ਸੰਭਾਲ਼ ਉਪਾਵਾਂ ਅਤੇ ਜਨਭਾਗੀਦਾਰੀ ਨੂੰ ਹੁਲਾਰਾ ਦੇਣ ਦੀ ਪ੍ਰਤੀਬੱਧਤਾ ਦੁਹਰਾਈ।

ਇਹ ਪੌਦੇ ਲਗਾਉਣ ਦੀ ਮੁਹਿੰਮ ਸ਼ਹਿਰੀ ਹਰਿਤ ਖੇਤਰ ਨੂੰ ਵਧਾਉਣ, ਵਾਤਾਵਰਣ ਜਾਗਰੂਕਤਾ ਨੂੰ ਪ੍ਰੋਤਸਾਹਿਤ ਕਰਨ ਅਤੇ ਨਾਗਰਿਕਾਂ ਵਿੱਚ ਟਿਕਾਊ ਜੀਵਨਸ਼ੈਲੀ ਨੂੰ ਹੁਲਾਰਾ ਦੇਣ ਲਈ ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਕੀਤੇ ਜਾ ਰਹੇ ਨਿਰੰਤਰ ਪ੍ਰਯਾਸਾਂ ਦਾ ਹਿੱਸਾ ਹੈ। ਰਾਜਪਾਲ ਨੇ ਲਗਾਏ ਗਏ ਪੌਦਿਆਂ ਦੀ ਸੰਭਾਲ਼ ਅਤੇ ਉਚਿਤ ਦੇਖਭਾਲ਼ ਦੇ ਮਹੱਤਵ 'ਤੇ ਵੀ ਬਲ ਦਿੱਤਾ ਤਾਕਿ ਅਜਿਹੇ ਪ੍ਰਯਾਸ ਦੀਰਘਕਾਲੀ ਵਾਤਾਵਰਣਕ ਲਾਭ ਸੁਨਿਸ਼ਚਿਤ ਕਰ ਸਕਣ।

ਇਹ ਪਹਿਲ ਚੰਡੀਗੜ੍ਹ ਦੀ ਵਿਸ਼ਿਸ਼ਟ ਹਰਿਤ ਪਹਿਚਾਣ ਨੂੰ ਸੁਰੱਖਿਅਤ ਰੱਖਣ ਅਤੇ ਵਾਤਾਵਰਣ ਸੰਭਾਲ਼ ਅਤੇ ਟਿਕਾਊ ਵਿਕਾਸ ਦੇ ਵਿਆਪਕ ਰਾਸ਼ਟਰੀ ਦ੍ਰਿਸ਼ਟੀਕੋਣ ਵਿੱਚ ਯੋਗਦਾਨ ਦੇਣ ਲਈ ਪ੍ਰਸ਼ਾਸਨ ਦੀ ਪ੍ਰਤੀਬੱਧਤਾ ਨੂੰ ਦਰਸਾਉਂਦੀ ਹੈ।

ਇਸ ਅਵਸਰ 'ਤੇ ਪੰਜਾਬ ਦੇ ਰਾਜਪਾਲ ਦੇ ਐਡੀਸ਼ਨਲ ਮੁੱਖ ਸਕੱਤਰ ਸ਼੍ਰੀ ਵਿਵੇਕ ਪ੍ਰਤਾਪ ਸਿੰਘ; ਯੂਟੀ ਚੰਡੀਗੜ੍ਹ ਦੇ ਗ੍ਰਹਿ ਸਕੱਤਰ ਸ਼੍ਰੀ ਮਨਦੀਪ ਸਿੰਘ ਬਰਾੜ; ਯੂਟੀ ਚੰਡੀਗੜ੍ਹ ਦੇ ਮੁੱਖ ਵਣਪਾਲ ਸ਼੍ਰੀ ਸੌਰਭ ਕੁਮਾਰ; ਵਣਪਾਲ-ਅਤੇ- ਮੁੱਖ ਵਣਜੀਵ ਵਾਰਡਨ, ਚੰਡੀਗੜ੍ਹ ਸ਼੍ਰੀ ਅਨੂਪ ਕੁਮਾਰ ਸੋਨੀ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਹੋਰ ਅਧਿਕਾਰੀ ਉਪਸਥਿਤ ਸਨ।

# ਜ਼ਿਲ੍ਹਾ ਸਾਝ ਕੇਂਦਰ ਪਟਿਆਲਾ ਪੁਲਿਸ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਬੂਟੇ ਲਗਾਕੇ ਕਰੇਗੀ ਉਹਨਾਂ ਦੀ ਸਾਂਭ ਸੰਭਾਲ: ਐਸ ਪੀ ਸਵਰਨਜੀਤ ਕੌਰ

**ਪਟਿਆਲਾ, 6 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਪਟਿਆਲਾ ਜ਼ਿਲ੍ਹੇ ਦੀ ਨਾਮਵਰ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਨਾਲ ਵਿਸ਼ਵ ਵਾਤਾਵਰਣ ਦਿਵਸ ਮੌਕੇ ਦੂਸ਼ਿਤ ਹੁੰਦੇ ਜਾ ਰਹੇ ਵਾਤਾਵਰਣ ਨੂੰ ਬਚਾਉਣ ਲਈ ਪੁਲਿਸ ਲਾਈਨ ਦੇ ਪਾਰਕ ਵਿੱਚ ਬੂਟੇ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ, ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਕਾਮਊਨਿਟੀ ਅਫੇਅਰ ਡਵੀਜ਼ਨ ਪੰਜਾਬ ਗੁਰਪ੍ਰੀਤ ਕੌਰ ਦਿਓ, ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ, ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ, ਐਸ ਪੀ ਹੈਡਕੁਆਰਟਰ -ਕਮ-ਜ਼ਿਲ੍ਹਾ ਕਾਮਊਨਟੀ ਅਫੇਅਰ ਅਫਸਰ ਵੈਭਵ ਚੋਧਰੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਲਗਾਏ ਗਏ। ਜਿਸ ਵਿੱਚ ਮੁੱਖ ਮਹਿਮਾਨ ਐਸ ਪੀ (ਪੀ.ਬੀ.ਆਈ) ਸਵਰਨਜੀਤ ਕੌਰ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦਾ ਉਦਘਾਟਨ ਸੁਖਜਿੰਦਰ ਸਿੰਘ ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਨੇ ਕੀਤਾ। ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ, ਮੈਂਬਰ ਵੂਮੈਨ ਕੋਸਲਿੰਗ ਸੈਲ ਪਟਿਆਲਾ ਪੁਲਿਸ ਨੇ ਕੀਤੀ। ਵਿਸ਼ੇਸ਼ ਤੌਰ ਤੇ ਇੰਸਪੈਕਟਰ ਗੁਰਜੀਤ ਕੌਰ ਰੀਡਰ ਐਸ ਪੀ ਪੀ.ਬੀ.ਆਈ ,ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਵਰਿੰਦਰ ਸਿੰਘ ਖਰੌੜ ਡੈਟਾ ਅਪਰੇਟਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ,ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ ਆਫ ਕਾਮਰਸ,ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਹਰਵਿੰਦਰ ਚਲੈਲਾ, ਗਗਨਪ੍ਰੀਤ ਕੌਰ, ਖੁਸ਼ਪ੍ਰੀਤ ਕੌਰ,ਭਿੰਦਰ ਜਲਵੇੜਾ, ਹਰਮਨਜੀਤ ਸਿੰਘ ਰੰਧਾਵਾ ਨੇ ਭਰਪੂਰ ਸਹਿਯੋਗ ਦਿੱਤਾ। ਇਸ ਮੌਕੇ ਐਸ ਪੀ ਪੀ.ਬੀ.ਆਈ ਸਵਰਨਜੀਤ ਕੌਰ ਨੇ ਕਿਹਾ ਕਿ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਅਤੇ ਹੋਰ ਸਮਾਜ ਸੇਵੀ ਸੰਸਥਾਵਾਂ ਨਾਲ ਮਿਲਕੇ ਬੂਟੇ ਲਗਾਕੇ ਉਹਨਾਂ ਦੀ ਸਾਭ ਸੰਭਾਲ ਕਰੇਗੀ।ਉਹਨਾਂ ਕਿਹਾ ਕਿ ਹਰ ਸਾਲ ਅਨੇਕਾਂ ਰੁੱਖ ਲਗਾਏ ਜਾਂਦੇ ਹਨ, ਪ੍ਰੰਤੂ ਉਹਨਾਂ ਦੀ ਸਾਭ ਸੰਭਾਲ ਬਹੁਤ ਘੱਟ ਹੁੰਦੀ ਹੈ ਜਿਸ ਨਾਲ ਅਨੇਕਾਂ ਬੂਟੇ ਖਤਮ ਹੋ ਜਾਂਦੇ ਹਨ, ਇਸ ਉਹਨਾਂ ਸਮਾਜ ਸੇਵੀ ਸੰਸਥਾਵਾਂ ਅਤੇ ਹੋਰ ਵਿਭਾਗਾਂ ਨੂੰ ਵੀ ਅਪੀਲ ਕੀਤੀ ਕਿ ਉਹੋ ਬੂਟੇ ਬੇਸ਼ੱਕ ਘੱਟ ਲਗਾਉਣ ਪ੍ਰੰਤੂ ਉਹਨਾਂ ਦੀ ਸਾਭ ਸੰਭਾਲ ਜ਼ਰੂਰ ਕਰਨ।

ਉਹਨਾਂ ਕਿਹਾ ਕਿ ਹਰ ਮਨੁੱਖ ਨੂੰ ਜ਼ਿੰਦਗੀ ਵਿਚ ਪੰਜ ਰੁੱਖ ਲਗਾਕੇ ਉਹਨਾਂ ਦੀ ਸਾਭ ਸੰਭਾਲ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।

# ਰੂਹਾਨੀ ਰੁਤਬੇ ਦੀ ਬਾਤ ਹੈ ਜੁਗਨੀ



**ਮਰਦ ਅਤੇ ਔਰਤਾਂ ਜੁਗਨੀ ਨੂੰ ਇਕ ਗਹਿਣੇ ਵਜੋਂ ਵੀ ਪਹਿਨਦੇ ਹਨ। ਨਾਮ ਜਪਣ ਵੇਲੇ ਹੱਥ ਨਾਲ ਫੇਰਨ ਵਾਰੀ ਤਸਬੀਹ ਨੂੰ ਵੀ ਕਈ ਵਾਰ ਜੁਗਨੀ ਕਹਿ ਲਿਆ ਜਾਂਦਾ ਹੈ...**

ਸੁਖਵੀਰ ਸਿੰਘ ਕੰਗ

ਜੁਗਨੀ ਪੰਜਾਬੀ ਲੋਕ ਗੀਤਾਂ ਦੀ ਇਕ ਪ੍ਰਮੁੱਖ ਸ਼ੈਲੀ ਹੈ ਜੋ ਪੰਜਾਬੀ ਗੀਤ ਅਤੇ ਸੰਗੀਤ ਪ੍ਰੇਮੀਆਂ ਵਿਚ ਬਹੁਤ ਹਰਮਨ ਪਿਆਰੀ ਹੈ। ਇਸ ਨੂੰ ਚੜ੍ਹਦੇ ਅਤੇ ਲਹਿੰਦੇ ਪੰਜਾਬ ਵਿਚ ਚਾਹ ਕੇ ਗਾਇਆ ਅਤੇ ਸੁਣਿਆ ਜਾਂਦਾ ਹੈ। ਅਲਗੋਜ਼ਿਆਂ ਦੇ ਸੁਰ ਦੀ ਚਾਸ਼ਣੀ 'ਚ ਭਿੱਜੀ ਜੁਗਨੀ ਹਰ ਸੰਗੀਤ ਰਸੀਏ ਦਾ ਮਨ ਮੋਹ ਲੈਂਦੀ ਹੈ। ਪੰਜਾਬੀ ਗਾਇਕੀ ਦੇ ਇਸ ਸੂਹੇ ਰੰਗ ਦਾ ਪਿਛੋਕੜ ਅਤੇ ਇਤਿਹਾਸ ਬਹੁਤ ਪੁਰਾਣਾ ਹੈ। ਇਹ ਪੰਜਾਬੀ ਤੋਂ ਇਲਾਵਾ, ਮੁਲਤਾਨੀ, ਫ਼ਾਰਸੀ, ਅਰਬੀ ਆਦਿ ਭਾਸ਼ਾਵਾਂ ਵਿਚ ਵੀ ਪ੍ਰਚੱਲਿਤ ਹੈ। ਜੁਗਨੀ ਗਾਉਣ ਵਾਲੇ ਪੁਰਾਣੇ ਅਤੇ ਜੱਦੀ-ਪੁਸ਼ਤੀ ਗਾਇਕਾਂ ਨੂੰ ਸੁਣਨ ਤੇ ਇਹ ਆਭਾਸ ਸਹਿਜੇ ਹੀ ਹੋ ਜਾਂਦਾ ਹੈ ਕਿ ਜੁਗਨੀ ਇਨਸਾਨੀ ਰੂਹ ਦੀ ਗੱਲ ਹੈ, ਇਹ ਜ਼ਿੰਦਗੀ ਦਾ ਸਾਰ ਹੈ ਅਤੇ ਰੱਬ ਦੇ ਨਾਂ ਦੀ ਤਸ਼ਬੀਹ ਹੈ :

ਅਵਲ ਨਾਮ ਅੱਲਾ ਦਾ ਲਈਏ,
ਫੇਰ ਦਰੂਦ ਨਬੀ ਨੂੰ ਕਹੀਏ,
ਹਰ ਦਮ ਅਜਿਜ਼ੀ ਵਿਚ ਰਹੀਏ,
ਓ ਪੀਰ ਮੇਰਿਆ ਜੁਗਨੀ ਰਹਿੰਦੀ ਆ
ਨਾਮ ਅਲੀ ਦਾ ਲੈਂਦੀ ਆ...

## ਦੰਦ ਕਥਾਵਾਂ ਵਿਚ ਸਾਂਭੀ ਜੁਗਨੀ

ਗੀਤਾਂ ਅਤੇ ਦੰਦ ਕਥਾਵਾਂ ਵਿਚ ਸਾਂਭੀ ਜੁਗਨੀ ਦੇ ਅਰੰਭ ਅਤੇ ਪਿਛੋਕੜ ਬਾਰੇ ਕੋਈ ਪ੍ਰਮਾਣਿਕ ਤੱਥ ਤਾਂ ਨਹੀਂ ਮਿਲਦੇ ਪਰ ਇਸ ਦੀ ਪੁਰਾਣੀ ਗਾਇਕੀ ਦੇ ਕੇਂਦਰੀ ਭਾਵ ਨੂੰ ਮਹਿਸੂਸ ਕਰ ਕੇ ਅਤੇ ਇਸ ਸਬੰਧੀ ਪੜ੍ਹੇ-ਸੁਣੇ ਬਿਰਤਾਂਤਾਂ ਦੇ ਅਧਾਰ 'ਤੇ ਕਿਹਾ ਜਾ ਸਕਦਾ ਹੈ ਕਿ ਜੁਗਨੀ ਹਜ਼ਾਰਾਂ ਸਾਲ ਪਹਿਲਾਂ ਹੋਂਦ ਵਿਚ ਆ ਚੁੱਕੀ ਸੀ। ਪੁਰਾਤਨ ਸਮੇਂ ਤੋਂ ਸਿੱਧ, ਯੋਗੀ, ਪੀਰ ਅਤੇ ਫ਼ਕੀਰ ਆਪਣੇ ਗਲ਼ੇ ਵਿਚ ਧਾਤ ਦਾ ਕੈਪਸੂਲ-ਨੁਮਾ ਤਵੀਤ ਧਾਗੇ ਜਾਂ ਮਾਲ਼ਾ ਵਿਚ ਪਰੋ ਕੇ ਧਾਰਨ ਕਰ ਕੇ ਰੱਖਦੇ ਸਨ ਜੋ ਉਨ੍ਹਾਂ ਦੀ ਸਾਧਨਾ, ਯੋਗ ਅਤੇ ਫ਼ਕੀਰੀ ਦੀ ਕਮਾਈ ਅਤੇ ਰੂਹ ਹੁੰਦਾ ਸੀ। ਇਸ ਨੂੰ ਯੋਗ-ਗ੍ਰਹਿਣੀ ਕਿਹਾ ਜਾਂਦਾ ਸੀ ਜੋ ਅੱਗੇ ਚੱਲ ਕੇ ਯੋਗਿਨੀ ਅਤੇ ਫਿਰ ਜੁਗਨੀ ਬਣ ਗਈ। ਕੁਝ ਯੋਗੀ ਜਾਂ ਫ਼ਕੀਰ ਇਸ ਨੂੰ ਡੌਲ਼ੇ ਨਾਲ ਵੀ ਬੰਨ ਲੈਂਦੇ ਸਨ।

## ਜੁਬਲੀ ਸ਼ਬਦ

ਇਸ ਤੋਂ ਬਿਨ੍ਹਾਂ ਇਕ ਹੋਰ ਦੰਦ ਕਥਾ ਸੁਣਨ ਨੂੰ ਮਿਲਦੀ ਹੈ ਕਿ ਭਾਰਤ ਵਿਚ ਆਪਣੇ ਸਾਮਰਾਜ ਦੇ ਪੰਜਾਹ ਵਰ੍ਹੇ ਪੂਰੇ ਹੋਣ ਤੇ 1887 ਵਿਚ ਬਰਤਾਨਵੀ ਰਾਣੀ ਵਿਕਟੋਰੀਆ ਨੇ ਗੋਲਡਨ ਜੁਬਲੀ ਦੇ ਜਸ਼ਨਾਂ ਵਜੋਂ ਇਕ ਮਸ਼ਾਲ ਪੂਰੇ ਭਾਰਤ ਦੇ ਪ੍ਰਮੁੱਖ ਸ਼ਹਿਰਾਂ ਵਿਚ ਘੁੰਮਾਈ ਸੀ ਇਹ ਮਸ਼ਾਲ ਜਿਸ ਸ਼ਹਿਰ ਜਾਂਦੀ ਤਾਂ ਉੱਥੇ ਇਕੱਠ ਕਰ ਕੇ ਅੰਗਰੇਜ਼ ਅਫ਼ਸਰਾਂ ਅਤੇ ਉਨ੍ਹਾਂ ਦੇ ਹਮਾਇਤੀਆਂ ਵੱਲੋਂ ਜਸ਼ਨ ਮਨਾਇਆ ਜਾਂਦਾ ਸੀ। ਇਸ ਦੇ ਵਿਰੋਧ ਵਜੋਂ ਪੰਜਾਬ ਦੇ ਸੁਤੰਤਰਤਾ ਸੰਗਰਾਮੀਆਂ ਨੇ ਅੰਗਰੇਜ਼ਾਂ ਦੇ ਜਸ਼ਨ ਦੇ ਮੁਕਾਬਲੇ ਵਜੋਂ ਉਸੇ ਸ਼ਹਿਰ, ਉਸੇ ਸਮੇਂ ਬਰਾਬਰ ਇਕੱਠ ਕਰ ਕੇ ਆਪਣਾ ਗੁੱਸਾ ਜ਼ਾਹਰ ਕਰਨ ਦਾ ਫ਼ੈਸਲਾ ਕੀਤਾ। ਇਕੱਠ ਕਰਨ ਅਤੇ ਵਧੇਰੇ ਲੋਕਾਂ ਨੂੰ ਬਿਠਾਈ ਰੱਖਣ ਲਈ ਅੰਮ੍ਰਿਤਸਰ ਜ਼ਿਲ੍ਹੇ ਦੇ ਦੋ ਕਵੀਸ਼ਰਾਂ ਨੂੰ ਬੁਲਾ ਕੇ ਹਰ ਪ੍ਰੋਗਰਾਮ ਉੱਤੇ ਜੁਬਲੀ ਵਿਰੋਧੀ ਗੀਤ ਗਾਉਣ ਲਈ ਕਿਹਾ ਗਿਆ। ਬਿਸ਼ਨਾ ਅਤੇ ਮਾਂਦਾ ਨਾਂ ਦੇ ਇਨ੍ਹਾਂ ਅਨਪੜ੍ਹ ਗਾਇਕਾਂ ਨੇ 'ਜੁਬਲੀ' ਸ਼ਬਦ ਨੂੰ 'ਜੁਗਨੀ' ਸਮਝਦਿਆਂ ਆਪਣੇ ਹਿਸਾਬ ਨਾਲ ਮੌਕੇ 'ਤੇ ਸਬੰਧਤ ਸ਼ਹਿਰ ਦਾ ਨਾਂ ਲੈ ਕੇ ਗੀਤ ਜੋੜ ਲਏ :

ਜੁਗਨੀ ਜਾ ਵੜੀ ਮਜੀਠੇ,
ਕੋਈ ਰੰਨ ਨਾ ਚੱਕੀ ਪੀਠੇ,
ਪੁੱਤ ਗੱਭਰੂ ਮੁਲਕ ਵਿਚ ਮਾਰੇ,
ਰੋਵਣ ਅੱਖੀਆਂ ਪਰ ਬੁੱਲ੍ਹ ਸੀਤੇ,
ਪੀਰ ਮੇਰਿਆ ਓਏ ਜੁਗਨੀ ਆਈ ਆ,
ਇਨ੍ਹਾਂ ਕਿਹੜੀ ਜੋਤ ਜਗਾਈ ਆ।
ਜੁਗਨੀ ਜਾ ਵੜੀ ਲੁਧਿਆਣੇ,
ਉਹਨੂੰ ਪੈ ਗਏ ਅੰਨੇ ਕਾਣੇ
ਮਾਰਨ ਮੁੱਕੀਆਂ ਮੰਗਣ ਦਾਣੇ,
ਪੀਰ ਮੇਰਿਆ ਉਏ ਜੁਗਨੀ ਕਹਿੰਦੀ ਆ
ਜਿਹੜੀ ਨਾਮ ਸਾਈਂ ਦਾ ਲੈਂਦੀ ਆ।

### ਨਿਪੁੰਨ ਯੋਗੀ ਦਾ ਚਿੰਨ੍ਹ

*ਯੋਗੀ ਆਪਣੇ ਚੇਲਿਆਂ ਨੂੰ ਯੋਗ ਵਿੱਦਿਆ ਵਿਚ ਨਿਪੁੰਨ ਹੋ ਜਾਣ ਤੇ ਉਨ੍ਹਾਂ ਨੂੰ ਯੋਗ ਦੇਣ ਵੇਲੇ ਉਨ੍ਹਾਂ ਦੇ ਗਲ਼ ਵਿਚ ਇਹ ਯੋਗਿਨੀ ਧਾਰਨ ਕਰਾਉਂਦੇ ਸਨ, ਭਾਵ ਇਹ ਯੋਗ ਗ੍ਰਹਿਣ ਅਤੇ ਨਿਪੁੰਨ ਯੋਗੀ ਦੇ ਚਿੰਨ੍ਹ ਵਜੋਂ ਪ੍ਰਚੱਲਿਤ ਹੋਈ। ਇਸੇ ਤਰ੍ਹਾਂ ਹੀ ਇਸਲਾਮ ਦੀ ਸੰਗੀਤ ਪ੍ਰੇਮੀ ਸੰਪਰਦਾਏ ਸੂਫ਼ੀ ਮਤ ਵਿਚ ਵੀ ਇਸੇ ਤਰ੍ਹਾਂ ਪੀਰ-ਮੁਰਸ਼ਦ ਆਪਣੇ ਸਭ ਤੋਂ ਕਾਬਲ ਸ਼ਾਗਿਰਦ ਨੂੰ ਜਦੋਂ ਆਪਣੀ ਗੱਦੀ ਦਿੰਦੇ ਜਾਂ ਖ਼ਾਸ ਅਵਸਥਾ ਵਿਚ ਪੁੱਜਣ ਵਾਲੇ ਦਰਵੇਸ਼ ਨੂੰ ਫ਼ਕੀਰੀ ਬਖ਼ਸ਼ਦੇ ਤਾਂ ਉਹ ਵੀ ਆਪਣੀ ਯੋਗਿਨੀ ਭਾਵ ਰੂਹ ਉਸ ਨੂੰ ਧਾਰਨ ਕਰਵਾ ਦਿੰਦੇ ਸਨ। ਇਸ ਤਰ੍ਹਾਂ ਯੋਗਿਨੀ ਅੱਗੇ ਤੋਂ ਅੱਗੇ ਚਲਦੀ ਰਹਿੰਦੀ ਸੀ। ਕਠਿਨ ਸਾਧਨਾ ਅਤੇ ਚਿੱਲ੍ਹੇ ਕੱਟ ਕੇ ਮਿਲੀ ਯੋਗਿਨੀ ਇਕ ਰੁਤਬਾ ਮੰਨੀ ਜਾਂਦੀ ਸੀ। ਇਸ ਅਵਸਰ 'ਤੇ ਜਸ਼ਨ ਵੀ ਮਨਾਏ ਜਾਂਦੇ ਸਨ, ਜਿਨ੍ਹਾਂ ਵਿਚ ਰੱਬ, ਅੱਲਾ, ਪੀਰ, ਮੁਰਸ਼ਦ ਜਾਂ ਗੁਰੂ ਦੀ ਸਿਫ਼ਤ ਸਲਾਹ ਦਾ ਗਾਇਨ ਵੀ ਹੁੰਦਾ ਸੀ। ਇਸ ਤਰ੍ਹਾਂ ਜੁਗਨੀ ਵਰਗਾ ਪਾਕ-ਪਵਿੱਤਰ ਗਹਿਣਾ ਕਦੇ ਸਿੱਧਾਂ, ਯੋਗੀਆਂ ਅਤੇ ਪੀਰਾਂ ਦੀ ਕਮਾਈ ਹੁੰਦਾ ਸੀ ਜਿਸ ਨੂੰ ਧਾਰਨ ਕਰ ਕੇ ਉਹ ਲੋਕਾਈ ਦੀ ਸੇਵਾ ਅਤੇ ਸੁਧਾਰ ਕਰਦੇ ਸਨ। ਇਹ ਪੰਜਾਬੀ ਲੋਕ ਗੀਤਾਂ ਵਿਚਲੀ ਯੋਗਿਨੀ ਤੋਂ ਬਣੀ ਜੁਗਨੀ ਦਾ ਅਰੰਭ ਅਤੇ ਅਸਲ ਵਜੂਦ ਹੈ।*

### ਯੋਗੀ ਫ਼ਕੀਰ

ਇਕ ਦੰਦ ਕਥਾਂ ਅਨੁਸਾਰ ਕਿਹਾ ਜਾਂਦਾ ਹੈ ਕਿ ਪੁਰਾਤਨ ਸਮੇਂ ਤੋਂ ਸਿੱਧ, ਯੋਗੀ, ਪੀਰ ਅਤੇ ਫ਼ਕੀਰ ਆਪਣੇ ਗਲ਼ੇ ਵਿਚ ਧਾਤ ਦਾ ਕੈਪਸੂਲ-ਨੁਮਾ ਤਵੀਤ ਧਾਗੇ ਜਾਂ ਮਾਲ਼ਾ ਵਿਚ ਪਰੋ ਕੇ ਧਾਰਨ ਕਰ ਕੇ ਰੱਖਦੇ ਸਨ ਜੋ ਉਨ੍ਹਾਂ ਦੀ ਸਾਧਨਾ, ਯੋਗ ਅਤੇ ਫ਼ਕੀਰੀ ਦੀ ਕਮਾਈ ਅਤੇ ਰੂਹ ਹੁੰਦਾ ਸੀ। ਇਸ ਨੂੰ ਯੋਗ-ਗ੍ਰਹਿਣੀ ਕਿਹਾ ਜਾਂਦਾ ਸੀ ਜੋ ਅੱਗੇ ਚੱਲ ਕੇ ਯੋਗਿਨੀ ਅਤੇ ਫਿਰ ਜੁਗਨੀ ਬਣ ਗਈ।



## ਜੁਗਨੀ ਦੇ ਸਫ਼ਰ ਦਾ ਇਕ ਮੋੜ

ਕਈ ਜੁਗਨੀ ਦੀ ਉਪਜ ਆਜ਼ਾਦੀ ਦੀ ਲੜਾਈ ਨਾਲ ਜੋੜ ਦਿੰਦੇ ਹਨ ਪਰ ਇਹ ਸਹੀ ਨਹੀਂ ਹੈ। ਇਸ ਨੂੰ ਅਸੀਂ ਜੁਗਨੀ ਦੇ ਸਫ਼ਰ ਦਾ ਇਕ ਮੋੜ ਹੀ ਕਹਿ ਸਕਦੇ ਹਾਂ। ਜਿਸ ਨੇ ਜੁਗਨੀ ਨੂੰ ਸ਼ਹਿਰਾਂ ਅਤੇ ਕਸਬਿਆਂ ਨਾਲ ਜੋੜ ਦਿੱਤਾ। ਕਈ ਵਾਰ ਜੁਗਨੀ ਤੋਂ ਸੋਹਣੀ ਮੁਟਿਆਰ ਦਾ ਭਾਵ ਵੀ ਲੈ ਲਿਆ ਜਾਂਦਾ ਹੈ। ਕਾਫ਼ੀ ਗਾਇਕਾਂ ਨੇ ਇਸ ਭਾਵ ਵਿਚ ਵੀ ਗਾਇਆ ਹੈ। ਰਾਤ ਨੂੰ ਉੱਡਦੇ ਹੋਏ ਰੋਸ਼ਨੀ ਬਿਖੇਰਨ ਵਾਲੇ ਜੀਵ ਜੁਗਨੂੰ ਦੀ ਮਾਦਾ ਨੂੰ ਵੀ ਕਈ ਜੁਗਨੀ ਕਹਿ ਦਿੰਦੇ ਹਨ। ਮਰਦ ਅਤੇ ਔਰਤਾਂ ਜੁਗਨੀ ਨੂੰ ਇਕ ਗਹਿਣੇ ਵਜੋਂ ਵੀ ਪਹਿਨਦੇ ਹਨ। ਨਾਮ ਜਪਣ ਵੇਲੇ ਹੱਥ ਨਾਲ ਫੇਰਨ ਵਾਰੀ ਤਸਬੀਹ ਨੂੰ ਵੀ ਕਈ ਵਾਰ ਜੁਗਨੀ ਕਹਿ ਲਿਆ ਜਾਂਦਾ ਹੈ।

ਜੁਗਨੀ ਨੂੰ ਸੰਗੀਤਕ ਰੂਪ ਵਿਚ ਗਾਉਣ ਵਾਲਿਆਂ ਦੀ ਗੱਲ ਕਰੀਏ ਤਾਂ ਸਭ ਤੋਂ ਪਹਿਲਾਂ ਦੋ ਨਾਂ ਉੱਭਰਦੇ ਹਨ, ਪਹਿਲਾ ਪਿੰਡ ਕੋਟ ਇਨਾਇਤ ਖਾਂ (ਪਾਕਿਸਤਾਨ) ਵਾਲਾ ਨਵਾਬ ਹੈ, ਜੋ ਨੈਬ ਕੋਟੀਆ ਘੁਮਿਆਰ ਦੇ ਨਾਂ ਨਾਲ ਮਸ਼ਹੂਰ ਹੈ ਅਤੇ ਦੂਸਰਾ ਵੀ ਪਾਕਿਸਤਾਨ ਦੇ ਕਸਬੇ ਲਾਲਾ ਮੂਸਾ ਦਾ ਆਲਮ ਲੁਹਾਰ ਹੈ, ਜੋ ਚਿਮਟੇ ਵਾਲਾ ਤਖ਼ੱਲਸ ਨਾਲ ਮਸ਼ਹੂਰ ਹੈ। ਨੈਬ ਕੋਟੀਆ ਜਦੋਂ ਆਪਣੇ ਪੁੱਤਰਾਂ ਸਰਜਾ, ਮਿਰਜਾ, ਬੂਟੇ ਅਤੇ ਜਾਨੇ ਨਾਲ ਗਾਉਂਦਿਆ ਜਦੋਂ 'ਪੀਰ ਮੇਰਿਆ ਜੁਗਨੀ' ਤੋਂ ਬਾਅਦ ਜਦੋਂ 'ਉਏ' ਕਹਿੰਦਾ ਹੈ ਤਾਂ ਸੰਗੀਤ ਰਸੀਆਂ ਦੇ ਕਾਲਜੇ ਧੂ ਪਾ ਦਿੰਦਾ ਹੈ, ਉਹ ਜੁਗਨੀ ਲੋਰੀ ਵਾਂਗ ਗਾਉਂਦਾ ਹੈ :

ਅਵੱਲ ਸਿਫ਼ਤ ਖ਼ੁਦਾ ਦੀ ਆਖਾਂ
ਜਿਹੜਾ ਪਰਵਰਦਿਗਾਰ,
ਦੂਜੀ ਸਿਫ਼ਤ ਰਸੂਲ ਇਲ-ਲਿਲਹਾ ਦੀ,
ਆਖਾਂ ਹਮਦ ਹਜ਼ਾਰ,
ਤੀਜੀ ਸਿਫ਼ਤ ਉਨ੍ਹਾਂ ਦੀ ਆਖਾਂ,
ਜਿਹੜੇ ਪਿਆਰੇ ਯਾਰ,
ਨਾਮ ਨਵਾਬ ਤੇ ਜਾਤ ਕੰਮੀ ਦੀ,
ਜੁਗਨੀ ਕਰਾਂ ਤਿਆਰ
ਪੀਰ ਮੇਰਿਆ ਜੁਗਨੀ ਉਏ,
ਪੀਰ ਮੇਰਿਆ ਜੁਗਨੀ ਕਹਿੰਦੀ ਆ
ਜਿਹੜੀ ਨਾਮ ਅੱਲਾ ਦਾ ਲੈਂਦੀ ਆ।

ਇਸੇ ਤਰ੍ਹਾਂ ਆਲਮ ਲੁਹਾਰ ਨੇ ਜਿੱਥੇ ਬਹੁਤ ਸਾਰੀਆਂ ਲੋਕ-ਕਥਾਵਾਂ ਅਤੇ ਗੀਤਾਂ ਨੂੰ ਪੰਜਾਬੀ ਲੋਕ ਗਾਇਕੀ ਦੀ ਝੋਲੀ ਪਾਇਆ ਉੱਥੇ ਉਸ ਨੇ ਜੁਗਨੀ ਨੂੰ ਵੀ ਬੜੀ ਰੂਹ ਨਾਲ ਗਾਇਆ :

ਅਲੀ ਵਾਕ ਇਮਾਮ ਦਾ,
ਮੈਂ ਬਿਰਦ ਕਰਾਂ ਦਮ ਦਮ,
ਇਹਨੂੰ ਪੈਣ ਉਜੱਲੇ ਨੂਰ ਦੇ,
ਜਿਉਂ ਕਤਰੇ ਸ਼ਬਨਮ,
ਮੈਂ ਪੜ੍ਹੀ ਨਮਾਜ਼ ਐ ਇਸ਼ਕ ਦੀ,
ਦੂਰ ਹੋਏ ਸਭ ਗ਼ਮ,
ਓ ਮੈਂ ਗਾਵਾਂ ਜੁਗਨੀ।

ਇੱਥੇ ਬੁੱਢਾ ਸ਼ੇਖ ਦੀ ਜੁਗਨੀ ਦਾ ਵੀ ਜ਼ਿਕਰ ਕਰਨਾ ਬਣਦਾ ਹੈ :

ਇਹ ਜਿੱਤਣ ਨਾਲੋਂ ਹਾਰਨ ਚੰਗਾ ਜੇ,
ਤੂੰ ਸੁਣ ਮਸਤ ਫ਼ਕੀਰਾ,
ਜਿੱਤ ਜਾਏਂ ਤੇ ਛੱਲਾ ਕੱਚ ਦਾ,
ਹਾਰ ਜਾਏਂ ਤੇ ਹੀਰਾ,
ਓ ਪੀਰ ਮੇਰਿਆ ਤੇਰੀ ਜੁਗਨੀ
ਸਾਈਂ ਬੋਹੜਾਂ ਵਾਲਿਆਂ ਤੇਰੀ ਜੁਗਨੀ।

## ਪੰਜਾਬੀ ਗਾਇਕੀ ਅਤੇ ਜੁਗਨੀ

ਜੇਕਰ ਪੰਜਾਬੀ ਗਾਇਕੀ ਅਤੇ ਜੁਗਨੀ ਦਾ ਦਮ ਦੇਖਣਾ ਹੋਵੇ ਤਾਂ ਬੀਬਾ ਗੁਰਮੀਤ ਬਾਵਾ ਜੀ ਦੀ ਜੁਗਨੀ ਸੁਣੀ ਜਾ ਸਕਦੀ ਹੈ। ਆਪਣੀ ਬੁਲੰਦ ਆਵਾਜ਼ ਨਾਲ ਹੱਥ ਦੀ ਉਂਗਲ ਅਤੇ ਬਾਂਹ ਖੜ੍ਹੀ ਕਰਕੇ ਅਤੇ ਕਦੇ ਹੱਥ ਕੰਨ ਵੱਲ ਕਰ ਕੇ ਤੇ ਕੂਹਣੀ ਉਤਾਂਹ ਵੱਲ ਕਰ ਕੇ ਜਦੋਂ ਉਹ ਲੰਬੀ ਹੇਕ ਲਾਉਂਦੇ ਹਨ ਤਾਂ ਸੁਣਨ ਵਾਲਿਆਂ ਦੇ ਸਾਹ ਰੁਕ ਜਾਂਦੇ ਹਨ ਅਤੇ ਲੂੰ ਕੰਡੇ ਖੜ੍ਹੇ ਹੋ ਜਾਂਦੇ ਹਨ। 45 ਸੈਕਿੰਡ ਤਕ ਦੀ ਲੰਬੀ ਹੇਕ ਦੀ ਮਲਿਕਾ ਜਦੋਂ ਜੁਗਨੀ ਗਾਉਂਦੀ ਹੈ ਅਤੇ ਕਚੀਚੀ ਲੈ ਕੇ ਬੰਦ ਦੀ ਆਖ਼ਰੀ ਸਤਰ ਕਹਿੰਦੀ ਹੈ ਤਾਂ ਲੋਕ ਅਸ਼-ਅਸ਼ ਕਰ ਉੱਠਦੇ ਹਨ। ਗੀਤ ਦਾ ਬੰਦ ਮੁਕਾ ਕੇ ਸਟੈਂਡ ਵਾਲੇ ਮਾਈਕ ਤੋਂ ਝੁਕ ਕੇ ਪਿੱਛੇ ਹੱਟਣ ਦਾ ਉਨ੍ਹਾਂ ਦਾ ਆਪਣਾ ਹੀ ਅੰਦਾਜ਼ ਰਿਹਾ ਹੈ।

ਜੁਗਨੀ ਨੂੰ ਆਲਮੀ ਪ੍ਰਸਿੱਧੀ ਦੇਣ ਵਿਚ ਆਲਮ ਲੁਹਾਰ ਦੇ ਪੁੱਤਰ ਆਰਿਫ਼ ਲੁਹਾਰ ਦਾ ਵੀ ਅਹਿਮ ਯੋਗਦਾਨ ਹੈ। ਅੱਜ ਦੀ ਪੰਜਾਬੀ ਲੋਕ ਗਾਇਕੀ ਦੇ ਨਾਮਵਰ ਤੇ ਦਮਦਾਰ ਫ਼ਨਕਾਰ ਨੇ ਕੋਕ ਸਟੂਡੀਓ ਵਿਚ ਮੀਸ਼ਾ ਸ਼ਫ਼ੀ ਨਾਲ ਇਕ ਨਿਵੇਕਲੇ ਸੰਗੀਤ ਵਿਚ ਜੁਗਨੀ ਗਾ ਕੇ ਇਸ ਨੂੰ ਹੋਰ ਪ੍ਰਸਿੱਧੀ ਅਤੇ ਵਧੇਰੇ ਹਰਮਨ ਪਿਆਰਤਾ ਦਿਵਾਈ :

ਏ ਵੇ ਅੱਲਾ ਵਾਲਿਆਂ ਦੀ ਜੁਗਨੀ ਜੀ,
ਏ ਵੇ ਨਬੀ ਪਾਕ ਦੀ ਜੁਗਨੀ ਜੀ,
ਏ ਵੇ ਮੌਲਾ ਅਲੀ ਵਾਲੀ ਜੁਗਨੀ ਜੀ,
ਏ ਵੇ ਮੇਰੇ ਪੀਰ ਦੀ ਜੁਗਨੀ ਜੀ,
ਦਮ ਗੁਟਕੂੰ, ਦਮ ਗੁਟਕੂੰ, ਕਰੇ ਸਾਈਂ,
ਇਹ ਕਲਮਾਂ ਨਬੀ ਦਾ ਪੜ੍ਹੇ ਸਾਈਂ।

ਨੈਬ ਕੋਟੀਆ ਘੁਮਿਆਰ, ਆਲਮ ਲੁਹਾਰ ਅਤੇ ਗੁਰਮੀਤ ਬਾਵਾ ਨੇ ਜੁਗਨੀ ਅਲਗੋਜ਼ਿਆ ਨਾਲ ਗਾਈ। ਇਨ੍ਹਾਂ ਨੇ ਜੁਗਨੀ ਦੇ ਵੱਖੋ-ਵੱਖ ਬੰਦ ਗਾਏ ਹਨ ਅਤੇ ਭਾਸ਼ਾ ਦਾ ਵੀ ਫ਼ਰਕ ਹੈ, ਫਿਰ ਵੀ ਇਨ੍ਹਾਂ ਦੇ ਕੁਝ ਬੰਦ ਸਾਂਝੇ ਹਨ :

ਮੇਰੀ ਜੁਗਨੀ ਦੇ ਧਾਗੇ ਬੱਗੇ,
ਜੁਗਨੀ ਓਹਦੇ ਮੂੰਹੋਂ ਫੱਬੇ,
ਜਿਸ ਨੂੰ ਸੱਟ ਇਸ਼ਕ ਦੀ ਲੱਗੇ,
ਓ ਪੀਰ ਮੇਰਿਆ ਜੁਗਨੀ ਕਹਿੰਦੀ ਆ,
ਜਦ ਨਾਮ ਅਲੀ ਦਾ ਲੈਂਦੀ ਆ।
ਔਖੀ ਕਾਰ ਫ਼ਕੀਰੀ ਵਾਲੀ,
ਚੜ੍ਹ ਸੂਲੀ 'ਤੇ ਬਹਿਣਾ,
ਦਰ-ਦਰ 'ਤੇ ਨੇ ਟੁੱਕੜ ਮੰਗਣੇ,
ਮਾਈਏ ਭੈਣੇ ਕਹਿਣਾ,
ਭਾਵੇਂ ਲੱਖਾਂ ਹੀਲੇ ਕਰੀਏ,
ਇੱਥੇ ਜੋ ਬਣਿਆ ਸੋ ਰਹਿਣਾ
ਓ ਪੀਰ ਮੇਰਿਆ ਜੁਗਨੀ।

ਇਸ ਤੋਂ ਬਿਨ੍ਹਾਂ ਹੋਰ ਵੀ ਗਾਇਕਾਂ ਨੇ ਜੁਗਨੀ ਗਾਈ, ਜਿਸ ਵਿੱਚੋਂ ਬਹੁਤੇ ਗਾਇਕਾਂ ਦੀ ਜੁਗਨੀ ਅਸਲ ਸਿਧਾਂਤ ਤੋਂ ਦੂਰ ਹੈ। ਜੁਗਨੀ ਤਾਂ ਰੂਹ ਅਤੇ ਰਹਿਬਰ ਦੇ ਰਿਸ਼ਤੇ ਦੀ ਪਾਕ-ਪਵਿੱਤਰ ਨਿਸ਼ਾਨੀ ਦੀ ਬਾਤ ਹੈ। •

85678-72291

# ਰੁੱਖਾਂ ਤੇ ਮਨੁੱਖਾਂ ਦੀ ਨੇੜਤਾ

ਤ੍ਰਿਵੈਣੀ ਨਿੰਮ, ਪਿੱਪਲ ਤੇ ਬੋਹੜ ਦੇ ਇੱਕੋਂ ਥਾਂ ਲੱਗੇ ਦਰੱਖਤਾਂ ਦੇ ਝੁੰਡ ਨੂੰ ਕਿਹਾ ਜਾਂਦਾ ਸੀ। ਪੁਰਾਣੇ ਸਮਿਆਂ ਵਿਚ ਮੰਨਿਆਂ ਜਾਂਦਾ ਸੀ ਕਿ ਇਸ ਨੂੰ ਲਗਾਉਣ ਨਾਲ ਸਵਰਗ ਦੀ ਪ੍ਰਾਪਤੀ ਹੁੰਦੀ ਹੈ ਜਦਕਿ ਅਜਿਹਾ ਕੁਝ ਵੀ ਨਹੀਂ ਸੀ। ਕੀ ਸੀ ਤ੍ਰਿਵੈਣੀ ਤੇ ਸਵਰਗ ਦੀ ਸਚਾਈ ਆਓ ਇਸ ਵਾਰੇ ਚਰਚਾ ਕਰੀਏ। ਵਿਗਿਆਨ ਦਾ ਆਰੰਭ ਤਾਂ ਉਦੋਂ ਹੀ ਹੋ ਗਿਆ ਸੀ ਜਦੋਂ ਮਨੁੱਖ ਨੇ ਪੱਥਰਾਂ ਨੂੰ ਰਗੜ ਕੇ ਅੱਗ ਬਾਲਣੀ ਸਿੱਖ ਲਈ ਸੀ। ਵਿਗਿਆਨ ਦੀ ਪਹਿਲੀ ਖੋਜ ਜੇਕਰ ਪਹੀਏ ਦੀ ਖੋਜ ਨੂੰ ਮੰਨ ਲਿਆ ਜਾਵੇ ਤਾਂ ਕੁਝ ਗ਼ਲਤ ਨਹੀਂ ਹੋਵੇਗਾ। ਪੁਰਾਣੇ ਸਮਿਆਂ ਦੇ ਸਿਆਣੇ ਬਜ਼ੁਰਗ ਵਿਗਿਆਨ ਦੀ ਸੋਚ ਜਾਣ ਚੁੱਕੇ ਸਨ ਉਸ ਇਸ ਨੂੰ ਅਪਣਾਉਣਾ ਵੀ ਚਾਹੁੰਦੇ ਸਨ ਪਰ ਉਸ ਸਮੇਂ ਦੇ ਲੋਕਾਂ ਦਾ ਬੌਧਿਕ ਪੱਧਰ ਵਿਗਿਆਨ ਦਾ ਹਾਣੀ ਨਹੀਂ ਸੀ। ਇਹ ਸਭ ਗੱਲਾਂ ਉਨ੍ਹਾਂ ਦੀ ਸਮਝ ਤੋਂ ਬਾਹਰ ਸਨ। ਉਨ੍ਹਾਂ ਦੇ ਦਿਮਾਗ਼ 'ਚ ਸਿਰਫ਼ ਧਰਮ ਹੀ ਫਿੱਟ ਬੈਠਦਾ ਸੀ ਕਿਉਂਕਿ ਜ਼ਿਆਦਾ ਧਰਮੀ ਹੋਣ 'ਤੇ ਕਮਲੇ ਹੋਣ 'ਚ ਜ਼ਿਆਦਾ ਫ਼ਰਕ ਨਹੀਂ ਹੁੰਦਾ ਸੋ ਬਜ਼ੁਰਗਾਂ ਨੇ ਲੋਕਾਂ ਦਾ ਮਾਨਸਿਕ ਪੱਧਰ ਵਾਚਦੇ ਹੋਏ ਉਨ੍ਹਾਂ ਵਿਗਿਆਨਕ ਸਚਾਈਆਂ ਨੂੰ ਧਰਮ ਨਾਲ ਜੋੜ ਦਿੱਤਾ ਕਿਉਂਕਿ ਲੋਕ ਸਿਰਫ਼ ਧਰਮ ਦੀ ਭਾਸ਼ਾ ਨੂੰ ਸਮਝਦੇ ਸਨ। ਨਿੰਮ ਇਕ ਡਾਕਟਰੀ ਪੌਦਾ ਹੈ ਜਿਸ ਦੀ ਵਰਤੋਂ ਚਮੜੀ ਦੀਆਂ ਬਿਮਾਰੀਆਂ ਲਈ ਬਣਨ ਵਾਲੀਆਂ ਦਵਾਈਆਂ, ਕਰੀਮਾਂ ਅਤੇ ਸਾਬਣਾਂ 'ਚ ਕੀਤੀ ਜਾਂਦੀ ਹੈ, ਪਿੱਪਲ ਸਭ ਤੋਂ ਵੱਧ ਕਾਰਬਨ ਡਾਈਅਕਸਾਈਡ ਸੋਖਦਾ ਹੈ। ਬੋਹੜ ਦੁਆਰਾ ਛੱਡੀ ਗਈ ਆਕਸੀਜਨ ਸਾਰੇ ਰੁੱਖਾਂ ਤੋਂ ਜ਼ਿਆਦਾ ਮਾਤਰਾਂ 'ਚ ਹੁੰਦੀ ਹੈ ਹੁਣ ਵਿਗਿਆਨਕ ਤੱਥ ਉਨ੍ਹਾਂ ਲੋਕਾਂ ਦੀ ਸਮਝ ਤੋਂ ਬਾਹਰ ਦੀਆਂ ਗੱਲਾਂ ਸਨ, ਇਸ ਲਈ ਉਨ੍ਹਾਂ ਨੂੰ ਸਮਝਾਉਣ ਲਈ ਇਸ ਨਾਲ ਸਵਰਗ ਮਿਲਣ ਦੀ ਮਨਘੜਤ ਕਹਾਣੀ ਜੋੜ ਦਿੱਤੀ ਗਈ। ਧਰਮੀ ਲੋਕ ਇੱਥੇ ਨਰਕ ਵਰਗੇ ਮਾਹੌਲ 'ਚ ਰਹਿਣ ਲਈ ਤਿਆਰ ਸਨ ਪਰ ਮੌਤ ਤੋਂ ਬਾਅਦ ਸਵਰਗ ਹੀ ਜਾਣਾ ਚਾਹੁੰਦੇ ਹਨ। ਬੱਸ ਫਿਰ ਕੀ ਸੀ ਹਰ ਬੰਦਾ ਸਵਰਗ ਜਾਣ ਲਈ ਕਾਹਲਾ ਸੀ। ਫਿਰ ਕੀ ਚਾਰੇ ਪਾਸੇ ਤ੍ਰਿਵੈਣੀਆਂ ਹੀ ਤ੍ਰਿਵੈਣੀਆਂ ਇਸ ਤਰ੍ਹਾਂ ਸਾਰਾ ਵਾਤਾਵਰਨ ਹਰਿਆ ਭਰਿਆ ਹੋ ਗਿਆ। ਇਸੇ ਤਰ੍ਹਾਂ ਭੂਤਾਂ ਪ੍ਰੇਤਾਂ ਤੋਂ ਘਰ ਦੀ ਸੁਰੱਖਿਆ ਲਈ ਦਰਵਾਜ਼ੇ ਤੇ ਦੁਕਾਨਾਂ 'ਤੇ ਮਿਰਚਾਂ ਅਤੇ ਨਿੰਬੂ ਲਟਕਾਏ ਜਾਂਦੇ ਸੀ ਪਰ ਜੇਕਰ ਵਿਗਿਆਨ ਪੱਖੋਂ ਵਾਚੀਏ ਤਾਂ ਨਿੰਬੂ ਤੇ ਮਿਰਚਾਂ ਕਈ ਤਰ੍ਹਾਂ ਦੇ ਜਿਵਾਣੂਆਂ ਦਾ ਖ਼ਾਤਮਾ ਕਰਦੇ ਹਨ ਅਤੇ ਘਰ 'ਚੋਂ ਬਦਬੂ ਨੂੰ ਦੂਰ ਕਰ ਕੇ ਖੁਸ਼ਬੂ ਫੈਲਾਉਂਦੇ ਹਨ। ਜਿਸ ਘਰ 'ਚ ਨਵ ਜੰਮਿਆਂ ਬੱਚਾ ਹੁੰਦਾ ਹੈ ਉਸ ਬੱਚੇ ਦੀ ਜਿੰਨ ਪ੍ਰੇਤ ਤੋਂ ਰੱਖਿਆ ਲਈ ਦਰਵਾਜ਼ੇ ਕੋਲ ਪਾਥੀ ਬਾਲ ਕੇ ਰੱਖੀ ਜਾਂਦੀ ਸੀ। ਬਾਹਰੋਂ ਆਉਣ ਵਾਲੇ ਇਨਸਾਨ ਦੇ ਹੱਥ ਧੁਵਾਏ ਜਾਂਦੇ ਸਨ। ਘਰ ਦੇ ਦਰਵਾਜ਼ੇ ਅੱਗੇ ਨਿੰਮ ਬੰਨ੍ਹਿਆਂ ਜਾਂਦਾ ਸੀ। ਆਪਣੇ ਤੇ ਦੂਜੇ ਘਰਾਂ ਦੇ ਦਰਵਾਜ਼ਿਆਂ ਅੱਗੇ ਵੀ ਨਿੰਮ ਬੰਨ੍ਹ ਦਿੱਤਾ ਜਾਂਦਾ ਸੀ। ਇਹ ਸਾਰੇ ਵਹਿਮ ਭੂਤਾਂ ਪ੍ਰੇਤਾਂ ਤੋਂ ਬੱਚੇ ਦੀ ਰੱਖਿਆ ਲਈ ਕੀਤੇ ਜਾਂਦੇ ਸਨ ਅਤੇ ਜਣੇਪੇ ਵਾਲੀ ਔਰਤ ਦਾ ਖ਼ਾਸ ਖ਼ਿਆਲ ਰੱਖਿਆ ਜਾਂਦਾ ਸੀ। ਮੰਨਿਆ ਜਾਂਦਾ ਸੀ ਕਿ ਜਣੇਪੇ ਵਿਚ ਮਰੀ ਔਰਤ ਕਚੀਲ (ਚੁੜੇਲ)ਬਣ ਜਾਂਦੀ ਹੈ ਉਸ ਦੀ ਗਤੀ ਨਹੀਂ ਹੁੰਦੀ। ਇਸ ਲਈ ਜਣੇਪੇ ਵਾਲੀ ਔਰਤ ਦਾ ਖ਼ਾਸ ਖ਼ਿਆਲ ਰੱਖਿਆ ਜਾਂਦਾ ਸੀ। ਇਸ ਦੀ ਵਿਗਿਆਨਕ ਸਚਾਈ ਇਹ ਸੀ ਕਿ ਜਣੇਪੇ 'ਚ ਔਰਤ ਕਮਜ਼ੋਰ ਹੋ ਜਾਂਦੀ ਸੀ। ਉਸ ਨੂੰ ਬਿਮਾਰੀਆਂ ਜਲਦੀ ਪਕੜ 'ਚ ਲੈ ਲੈਂਦੀਆਂ ਸਨ। ਪਾਥੀ ਬਾਲਣ ਦਾ ਮਤਲਬ ਇਹ ਸੀ ਕਿ ਘਰ ਵਿਚ ਮੱਛਰ ਮੱਖੀ ਅਤੇ ਹੋਰ ਜ਼ਹਿਰੀਲੇ ਕਿਸਮ ਦੇ ਕੀੜੇ ਦਾਖ਼ਲ ਹੋ ਕੇ ਬੱਚੇ ਨੂੰ ਕੱਟ ਸਕਦੇ ਹਨ, ਉਨ੍ਹਾਂ ਨੂੰ ਭਜਾਉਣ ਲਈ ਪਾਥੀ ਬਾਲ ਕੇ ਧੂੰਆਂ ਕੀਤਾ ਜਾਂਦਾ ਸੀ। ਘਰ ਦੇ ਦਰਵਾਜ਼ੇ ਉੱਤੇ ਨਿੰਮ ਇਸ ਲਈ ਬੰਨ੍ਹਿਆ ਜਾਂਦਾ ਸੀ ਕਿ ਇਹ ਇਕ ਜੀਵਾਣੂ ਨਾਸ਼ਕ ਰੁੱਖ ਹੈ ਇਸ ਦੇ ਟਾਹਣੀ, ਪੱਤੇ ਅਤੇ ਨਿਮੋਲੀਆਂ ਉਹ ਕਈ ਕਿਸਮ ਦੀਆਂ ਛੂਤ ਦੀਆਂ ਬਿਮਾਰੀਆਂ ਦੇ ਕਿਟਾਣੂਆਂ ਨੂੰ ਖ਼ਤਮ ਕਰਦੇ ਹਨ ਇਸ ਲਈ ਮੰਨਿਆ ਜਾਂਦਾ ਸੀ ਜੋ ਕੋਈ ਬਿਮਾਰੀ ਜਾਂ ਕਿਟਾਣੂ ਬੱਚੇ ਕੋਲ ਨਾ ਆਵੇ। ਇਸ ਲਈ ਨਿੰਮ ਦਰਵਾਜ਼ੇ ਅੱਗੇ ਬੰਨ੍ਹ ਦਿੱਤਾ ਜਾਂਦਾ ਸੀ ਕਿਉਂਕਿ ਸ਼ਰੀਕੇ ਦੇ ਲੋਕ ਬੱਚੇ ਨੂੰ ਮਿਲਣ ਆਉਣਗੇ ਉਨ੍ਹਾਂ ਨੂੰ ਮਨ੍ਹਾਂ ਤਾਂ ਨਹੀਂ ਕੀਤਾ ਜਾ ਸਕੇਗਾ ਕਿ ਛੋਟੇ ਬੱਚੇ ਦੀ ਸੁਰੱਖਿਆ ਦਾ ਸਵਾਲ ਹੈ, ਤੁਸੀ ਨਾ ਆਓ। ਸੋ ਨਿੰਮ ਬੰਨ੍ਹ ਕੇ ਸੁਰੱਖਿਅਤ ਮਹਿਸੂਸ ਕੀਤਾ ਜਾਂਦਾ ਸੀ। ਸਿਰਫ਼ ਉਨ੍ਹਾਂ ਲੋਕਾਂ ਲਈ ਇਸ ਸਚਾਈ ਨੂੰ ਵਹਿਮ ਨਾਲ ਜੋੜਨਾਂ ਪੈਂਦਾ ਹੈ ਜਿਹੜੇ ਲੋਕ ਅੰਧਵਿਸ਼ਵਾਸੀ ਹੁੰਦੇ ਹਨ। ਵਾਤਾਵਰਨ ਸ਼ੁੱਧ ਤੇ ਸਾਫ਼ ਹੋਵੇਗਾ ਤਾਂ ਧਰਤੀ ਸਵਰਗ ਬਣ ਜਾਵੇਗੀ। ਮਰਨ ਤੋਂ ਬਾਅਦ ਵਾਲਾ ਸਵਰਗ ਤਾਂ ਪਤਾ ਨਹੀਂ ਮਿਲੇਗਾ ਜਾਂ ਨਹੀਂ ਪਰ ਜਿਉਂਦੇ ਜੀ ਸਵਰਗ ਜ਼ਰੂਰ ਮਿਲ ਸਕੇਗਾ। ਸੋ ਵਹਿਮਾਂ ਤੋਂ ਬਚੋਂ ਵਿਗਿਆਨ ਸੋਚ ਅਪਣਾਓ।

• ਹਰਚਰਨ ਕੌਰ
99158-65550





### ਦਰਵਾਜ਼ੇ 'ਤੇ ਨਿੰਮ ਬੰਨ੍ਹਣਾ

*ਘਰ ਦੇ ਦਰਵਾਜ਼ੇ ਉੱਤੇ ਨਿੰਮ ਇਸ ਲਈ ਬੰਨ੍ਹਿਆ ਜਾਂਦਾ ਸੀ ਕਿ ਇਹ ਜੀਵਾਣੂ ਨਾਸ਼ਕ ਰੁੱਖ ਹੈ। ਇਸ ਦੇ ਟਾਹਣੀ, ਪੱਤੇ ਤੇ ਨਿਮੋਲੀਆਂ ਕਈ ਕਿਸਮ ਦੀਆਂ ਛੂਤ ਦੀਆਂ ਬਿਮਾਰੀਆਂ ਦੇ ਕਿਟਾਣੂਆਂ ਨੂੰ ਖ਼ਤਮ ਕਰ ਦਿੰਦੇ ਹਨ। ਮੰਨਿਆ ਜਾਂਦਾ ਸੀ ਜੋ ਕੋਈ ਬਿਮਾਰੀ ਜਾਂ ਕਿਟਾਣੂ ਨਵ-ਜਨਮੇ ਬੱਚੇ ਕੋਲ ਨਾ ਆਵੇ। ਇਸ ਲਈ ਨਿੰਮ ਦਰਵਾਜ਼ੇ 'ਤੇ ਬੰਨ੍ਹ ਦਿੱਤਾ ਜਾਂਦਾ ਸੀ ਕਿਉਂਕਿ ਸ਼ਰੀਕੇ ਦੇ ਲੋਕ ਬੱਚੇ ਨੂੰ ਮਿਲਣ ਆਉਣਗੇ ਉਨ੍ਹਾਂ ਨੂੰ ਮਨ੍ਹਾਂ ਤਾਂ ਨਹੀਂ ਕੀਤਾ ਜਾ ਸਕੇਗਾ ਕਿ ਛੋਟੇ ਬੱਚੇ ਦੀ ਸੁਰੱਖਿਆ ਦਾ ਸਵਾਲ ਹੈ।*

# ਮੇਲ ਮਿਲਾਪ ਦਾ ਦਾਇਰਾ ਵਧਾਉਂਦੇ ਹਨ ਮੇਲੇ

ਤਰਸੇਮ ਸਿੰਘ 'ਭੰਗੂ'

ਜੰਗਲਾਂ ਵਿੱਚੋਂ ਨਿਕਲ ਕੇ ਮਨੁੱਖ ਨੇ ਜਦੋਂ ਆਲੇ-ਦੁਆਲੇ ਵਿਚਰਨਾ ਸ਼ੁਰੂ ਕੀਤਾ ਤਾਂ ਮਨੁੱਖੀ ਮੇਲ-ਮਿਲਾਪ ਦਾ ਦਾਇਰਾ ਵਧਿਆ। ਵੱਖ-ਵੱਖ ਸਮਾਜਾਂ ਵਿਚ ਬੱਝਣ ਤੋਂ ਬਾਅਦ ਹੀ ਸ਼ਾਇਦ ਮਨੁੱਖ ਨੂੰ ਸੱਭਿਅਕ ਅਤੇ ਸਮਾਜਿਕ ਪ੍ਰਾਣੀ ਦਾ ਦਰਜਾ ਮਿਲਿਆ। ਹੌਲੀ-ਹੌਲੀ ਮਨੁੱਖ ਰਿਸ਼ਤਿਆਂ ਵਿਚ ਬੱਝ ਗਿਆ। ਸਮਾਜ ਰੂਪੀ ਮਜ਼ਬੂਤ ਸੰਗਲ ਨੂੰ ਜੋੜੀ ਰੱਖਣ ਲਈ ਰਿਸ਼ਤੇ ਅਹਿਮ ਕੜੀ ਵਜੋਂ ਕੰਮ ਕਰਦੇ ਹਨ। ਮੇਲ-ਮਿਲਾਪ ਨਾਲ ਹੀ ਸਮਾਜਿਕ ਸਰਗਰਮੀਆਂ ਵਧਦੀਆਂ ਹਨ ਅਤੇ ਸੱਭਿਆਚਾਰ ਵਿਗਸਦਾ ਹੈ ਤੇ ਅੱਗੇ ਵਧਦਾ ਹੈ। ਸੱਥਾਂ 'ਚ ਬੈਠਣਾ, ਦੋਸਤਾਂ ਦਾ ਮੇਲ-ਮਿਲਾਪ, ਰਹੁ-ਰੀਤਾਂ ਅਤੇ ਤਮਾਮ ਸਰਗਰਮੀਆਂ ਸਾਡੇ ਸੱਭਿਆਚਾਰ ਦੀਆਂ ਚੂਲਾਂ ਹਨ। ਵਿਕਾਸ ਇਸ ਦੇ ਇਰਦ-ਗਿਰਦ ਹੀ ਘੁੰਮਦਾ ਹੈ।

## ਮੇਲਿਆਂ ਦੀ ਧਰਤੀ

ਭਾਰਤ ਨੂੰ ਮੇਲਿਆਂ ਦੀ ਧਰਤੀ ਵੀ ਕਹਿ ਲਿਆ ਜਾਵੇ ਤਾਂ ਵੀ ਕੋਈ ਅਤਿ ਕਥਨੀ ਨਹੀਂ। 365 ਦਿਨਾਂ ਵਿੱਚੋਂ ਕੋਈ ਅਜਿਹਾ ਦਿਨ ਨਹੀਂ ਹੋਵੇਗਾ ਜਿਸ ਦਿਨ ਕਿਧਰੇ ਕੋਈ ਮੇਲਾ ਨਾ ਲੱਗਦਾ ਹੋਵੇ।

ਪੰਜਾਬ ਵਿਚ ਗੁਰੂਆਂ, ਪੀਰਾਂ, ਫ਼ਕੀਰਾਂ, ਸਾਧੂ-ਸੰਤਾਂ ਅਤੇ ਹੋਰ ਰੱਬ ਦੇ ਭਗਤਾਂ ਦੇ ਨਾਂ 'ਤੇ ਅਨੇਕਾਂ ਮੇਲੇ ਲੱਗਦੇ ਹਨ। ਵਿਸਾਖੀ, ਦੀਵਾਲੀ, ਰੱਖੜ-ਪੁੰਨਿਆਂ, ਜਗਰਾਵਾਂ ਦੀ ਰੌਸ਼ਨੀ, ਹੋਲਾ ਮੱਹਲਾ, ਜਰਗ ਦਾ ਮੇਲਾ, ਚੋਲ਼ੇ ਦਾ ਮੇਲਾ, ਸ਼ਹੀਦੀ ਜੋੜ ਮੇਲਾ, ਛਪਾਰ ਦਾ ਮੇਲਾ, ਮੁਕਤਸਰ ਦਾ ਮਾਘੀ ਮੇਲਾ, ਲੌਂਗੋਵਾਲ ਦੀਆਂ ਤੀਆਂ, ਮਾਝੇ ਵਿਚ ਬੱਬੇ ਹਾਲੀ, ਘੋਨੇਵਾਲਾ ਅਤੇ ਮਾਕੋਵਾਲ ਦੀਆਂ ਛਿੰਝਾਂ ਬਹੁਤ ਮਸ਼ਹੂਰ ਹਨ। ਮੇਲੇ ਸਾਡੀ ਵਿਰਾਸਤ ਹਨ। ਜਿਹੜੀਆਂ ਕੌਮਾਂ ਆਪਣੀ ਵਿਰਾਸਤ ਨਹੀਂ ਸੰਭਾਲਦੀਆਂ ਉਹ ਜ਼ਿਆਦਾ ਦੇਰ ਜ਼ਿੰਦਾ ਨਹੀਂ ਰਹਿੰਦੀਆਂ।

## ਪੰਜਾਬੀਆਂ ਦੇ ਸੁਭਾਅ

ਮੇਲੇ ਮਿਲਣ ਦਾ ਸਬੱਬ ਹੁੰਦੇ ਹਨ। ਪੰਜਾਬੀਆਂ ਦੇ ਸੁਭਾਅ ਵਿਚ ਹੀ ਮਿਲਾਪ ਹੈ। ਅਖੇ, 'ਮੇਲਾ ਮੇਲੀਆਂ ਦਾ, ਯਾਰਾਂ ਬੇਲੀਆਂ ਦਾ।' ਮੇਲੇ ਤੋਂ ਕਈ ਸ਼ਬਦ ਪੈਦਾ ਹੋਏ ਹਨ। ਮੇਲ ਲਫ਼ਜ਼ ਵੀ ਮਿਲਣ ਤੋਂ ਬਣਿਆ ਹੈ। ਵਿਆਹ ਸ਼ਾਦੀ ਵਿਚ ਨਾਨਕਾ ਮੇਲ ਦੀ ਖ਼ਾਸ ਅਹਿਮੀਅਤ ਹੁੰਦੀ ਹੈ। ਮੇਲ ਵਿਚ ਆਈਆਂ ਔਰਤਾਂ ਨੂੰ ਮੇਲਣਾਂ ਕਿਹਾ ਜਾਂਦਾ ਹੈ। ਚਾਰ ਦਹਾਕੇ ਪਹਿਲਾਂ ਵਿਆਹ ਤੋਂ ਦੋ ਦਿਨ ਪਹਿਲਾਂ ਮੇਲ ਆਉਣਾ ਸ਼ੁਰੂ ਹੋ ਜਾਂਦਾ ਸੀ ਪਰ ਅਜੋਕੇ ਪਦਾਰਥਵਾਦੀ ਅਤੇ ਵਪਾਰਕ ਬਿਰਤੀਆਂ ਵਾਲੇ ਯੁੱਗ ਵਿਚ ਸਾਡੇ ਸੱਭਿਆਚਾਰ ਦਾ ਰੰਗ ਵੀ ਫਿੱਕਾ ਪੈ ਗਿਆ ਹੈ। ਹੁਣ ਤਾਂ ਪੈਲਸਾਂ ਵਿਚ ਕੁਝ ਘੰਟਿਆਂ ਦਾ ਹੀ ਮੇਲ ਹੁੰਦਾ ਹੈ। ਜਗ ਜਿਊਂਦਿਆਂ ਦੇ ਮੇਲੇ ਤਾਂ ਹੁੰਦੇ ਹੀ ਨੇ ਪਰ ਅਸਲ ਮੇਲੇ ਮਿਲਦਿਆਂ ਦੇ ਹੁੰਦੇ ਹਨ।

**ਤੈਨੂੰ ਭਾਲਦਿਆਂ ਥੱਕ ਗਈਆਂ ਅੱਖੀਆਂ ਵੇ*
*ਮੇਲਾ ਮੈਨੂੰ ਦੱਖ ਨਾ ਦੇਵੇ।'*
**ਕਿਤੇ ਮੇਲੇ 'ਚ ਨਜ਼ਰ ਨਾ ਆਇਆ ਵੇ*
*ਸਾਰਾ ਮੇਲਾ ਛਾਣ ਮਾਰਿਆ।*
**ਮੇਲੇ ਮੁਕਸਰ ਦੇ ਚੱਲ ਚੱਲੀਏ*
*ਨਣਦ ਦਿਆ ਵੀਰਾ।*
**ਚੱਲ ਚੱਲੀਏ ਜਰਗ ਦੇ ਮੇਲੇ ਨੀ*
*ਮੁੰਡਾ ਤੇਰਾ ਮੈਂ ਚੱਕ ਲਊਂ।*




### ਬਾਪੂ ਦੀ ਭਾਲ

ਛੋਟੇ ਹੁੰਦਿਆਂ ਆਪਣੇ ਪਿੰਡ ਦਾ ਮੇਲਾ ਤੇ ਕਈ ਹੋਰ ਮੇਲੇ ਬਾਪੂ ਦੇ ਮੋਢਿਆਂ 'ਤੇ ਚੜ੍ਹ ਕੇ ਵੇਖੇ ਸਨ। ਅੱਜ ਪੂਰੇ ਪੰਜਾਹ ਸਾਲਾਂ ਬਾਅਦ ਰੁਪਈਏ ਤੋਂ ਦੋ ਹਜ਼ਾਰ ਤਕ ਦੇ ਨੋਟ ਜੇਬ ਵਿਚ ਪਾਈ ਨਵੀਂ ਕਾਰ ਦੇ ਲਾਗੇ ਖਲੋਤਾ ਹਾਂ। ਇਸ ਵੇਲੇ ਬਾਪੂ ਬਣਿਆ ਆਪਣੇ-ਆਪ ਨੂੰ ਬਾਲ ਤਸੱਵਰ ਕਰਦਾ ਆਪਣੇ ਪਿੰਡ ਦੇ ਮੇਲੇ 'ਚੋਂ ਬਾਪੂ ਨੂੰ ਭਾਲ ਰਿਹਾ ਹਾਂ ਪਰ ਬਾਪੂ ਦਿੱਸ ਨਹੀਂ ਰਿਹਾ, ਕਿਹਦੇ ਮੋਢਿਆਂ 'ਤੇ ਚੜ੍ਹ ਕੇ ਮੇਲਾ ਵੇਖਿਆ ਜਾਵੇ! ਕਾਰ ਮਾਲਕ ਹੋਣ ਦੀ ਕੋਈ ਖ਼ੁਸ਼ੀ ਨਹੀਂ ਹੈ ਕਿਉਂਕਿ ਕੋਈ ਹਾਣੀ ਨਜ਼ਰ ਨਹੀਂ ਆ ਰਿਹਾ। ਜੋ ਕਹਿ ਸਕੇ, 'ਉਏ ਧਰਮਿਆਂ ਤੂੰ ਗੱਡੀ ਲੈ ਲਈ ?

### ਸਮਰੱਥਾ

ਪੰਜਾਬ ਦੇ ਹਰੇਕ ਪਿੰਡ ਵਿਚ ਕੋਈ ਨਾ ਕੋਈ ਛੋਟਾ-ਵੱਡਾ ਮੇਲਾ ਜ਼ਰੂਰ ਲੱਗਦਾ ਹੈ। ਕੋਈ ਸਮਾਂ ਸੀ, ਜਦੋਂ ਮੇਲੇ ਵਿਚ ਖ਼ਰਚਣ ਵਾਸਤੇ ਰੁਪਈਆ ਲੈਣ ਲਈ ਬਾਪੂ ਦੀਆਂ ਕਈ ਈਨਾਂ ਮੰਨਣੀਆਂ ਪੈਂਦੀਆਂ ਸਨ। ਜਿਵੇਂ ਡੰਗਰ ਚਾਰਨੇ, ਪਾਣੀ ਪਿਲਾਉਣਾ, ਪੱਠੇ ਵੱਢਣੇ, ਕੁਤਰਨੇ, ਪੜ੍ਹਨਾ ਆਦਿ। ਸ਼ਾਇਦ ਉਸ ਸਮੇਂ ਬਾਪੂ ਰੁਪਈਆ ਦੇਣ ਦੇ ਸਮਰੱਥ ਵੀ ਨਹੀਂ ਸੀ ਪਰ ਬਾਪੂ ਦੇਵੇ ਜਾਂ ਨਾ ਬਾਪੂ ਤੋਂ ਚੋਰੀ ਬੇਬੇ ਜ਼ਰੂਰ ਮੁੱਠੀ 'ਚ ਰੁਪਈਆ ਫੜਾ ਦਿੰਦੀ ਸੀ।

## ਲੋਕ ਸਾਹਿਤ ਦਾ ਹਿੱਸਾ

ਮੇਲਿਆਂ ਦੇ ਸਬੰਧ ਵਿਚ ਅਜਿਹੇ ਅਨੇਕਾਂ ਹੀ ਲੋਕ ਗੀਤਾਂ ਦੇ ਮੁੱਖੜੇ ਅਤੇ ਬੋਲੀਆਂ ਸਾਡੇ ਲੋਕ ਸਾਹਿਤ ਦਾ ਹਿੱਸਾ ਹਨ। ਜੋ ਮਿਲਣ ਲਈ ਤੜਪਦੀਆਂ ਰੂਹਾਂ ਦੇ ਦਿਲਾਂ ਦੀ ਤਰਜਮਾਨੀ ਕਰਦੀਆਂ ਹਨ। ਪੰਜਾਬ ਵਿਚ ਮੱਸਿਆ ਤਾਂ ਹਰ ਮਹੀਨੇ ਕਈ ਜਗ੍ਹਾ ਲੱਗਦੀ ਹੈ। ਅਵਿੱਦਤ ਮਨ ਧਾਰਮਿਕ ਥਾਂ 'ਤੇ ਸੁੱਖਣਾ ਸੁੱਖ ਕੇ ਮਨ ਦੀ ਮੁਰਾਦ ਪੂਰੀ ਕਰਨਾ ਲੋਚਦਾ ਹੈ। ਹਰ ਮੱਸਿਆ ਜਾਣ ਵਾਲੀ ਨੂੰ ਕੋਈ ਮਸਖਰਾ ਇੰਜ ਕਾਨੀ ਵੀ ਕੱਸਦਾ ਹੈ :

ਸੁੱਖ ਲਈਆਂ ਪੰਜ ਮੱਸਿਆ
ਪਹਿਲੀ ਮੱਸਿਆ ਕੰਨਾਂ ਨੂੰ ਹੱਥ ਲਾਵੇ।

ਮੱਧ ਵਰਗੀ ਕਿਸਾਨ ਆਪਣੀ ਔਰਤ ਨੂੰ ਮੱਸਿਆ ਜਾਣ ਦੀ ਤਿਆਰੀ ਖਿੱਚਦੀ ਵੇਖ, ਖੇਤੀ ਦੇ ਕੰਮ ਨੂੰ ਪਹਿਲ ਦਿੰਦਾ ਇਸ ਬੋਲੀ ਰਾਹੀਂ ਰੋਕਦਾ, ਇੰਜ ਆਖਦਾ ਹੈ,

ਤੈਨੂੰ ਮੱਸਿਆ ਜਾਣ ਦੀ ਪੈ ਗਈ
ਇੱਥੇ ਮੇਰਾ ਚੱਲੇ ਵੇਲਣਾ ਭਾਨੋ
ਹੋ ਕੇ ਤਿਆਰ ਵੇਖ ਲੈ ਮਾਰੂ ਜਾਨੋਂ।

## ਜਵਾਨ ਹੋਣ ਦਾ ਭਰਮ

ਡੰਗਰ ਚਾਰਦਿਆਂ ਤਾਂ ਝੋਟਾ ਹੀ ਕਿਸੇ ਜਹਾਜ਼ ਤੋਂ ਘੱਟ ਨਹੀਂ ਹੁੰਦਾ ਸੀ। ਹੋ ਸਕਦੈ ਮੇਰੇ ਹਾਣੀ ਵੀ ਮੇਰੇ ਵਾਂਗ ਦਾਹੜੀਆਂ ਕਾਲੀਆਂ ਕਰ ਕੇ ਜਵਾਨ ਹੋਣ ਦਾ ਭਰਮ ਪਾਲਦੇ ਮੇਰੇ ਨੇੜਿਓਂ ਹੀ ਗੁਜ਼ਰ ਰਹੇ ਹੋਣ ਜਾਂ ਕਬੀਲਦਾਰੀਆਂ ਨਜਿੱਠਦੇ ਉਮਰੋਂ ਪਹਿਲਾਂ ਹੀ ਬੁੱਢੇ ਹੋ ਗਏ ਹੋਣ ਪਰ ਪਛਾਣਨ ਤੋਂ ਅਸਮਰਥ ਹਾਂ।

ਮੇਲੇ ਦੇ ਸ਼ੋਰ ਵਿਚ ਇਕ ਪਾਸੇ ਸੱਭਿਆਚਾਰਕ ਪ੍ਰੋਗਰਾਮ ਚੱਲ ਰਿਹਾ ਹੈ। ਗਾਇਕ ਜੋੜੀ ਗਾ ਰਹੀ ਹੈ ਲੋਕ ਨੋਟ ਵਾਰ ਰਹੇ ਹਨ। ਰੁਪਈਏ ਨਹੀਂ, ਵੱਖ-ਵੱਖ ਕਈ ਛੋਟੇ-ਵੱਡੇ ਨੋਟ ਉੱਡ ਰਹੇ ਹਨ। ਕੋਈ ਬਜ਼ੁਰਗ ਖਲੋਤਿਆਂ ਤੋਂ ਪੁੱਛ ਰਿਹਾ ਹੈ, 'ਕੌਣ ਆਇਆ ਗਾਉਣ ਐਤਕੀਂ ਬੱਲਿਆ ?

'ਹੱਛਾ, ਅਣਖ-ਉਣਖ ਤਾਂ ਮੈਨੂੰ ਦੀਹਦੀ ਨ੍ਹੀਂ ਇਹਦੇ 'ਚ, ਕਿਹੋ ਜਿਹੇ ਗੌਣ ਗਾਈ ਜਾਂਦਾ, ਮੇਲੇ ਆਈਆਂ ਧੀਆਂ ਭੈਣਾਂ ਦੀ ਵੀ ਭੋਰਾ ਸ਼ਰਮ ਨਈ, ਸਹੁਰੀ ਦੇ ਅਣਖੀ ਬਣੇ ਫਿਰਦੇ ਐ! ਕੁੜੀ ਸੁਹਣੀ ਲਈ ਫਿਰਦਾ ਕਾਲਾ ਜਿਹਾ।' ਬੁੜ-ਬੁੜ ਕਰਦਾ ਬਾਬਾ ਅੱਗੇ ਤੁਰ ਜਾਂਦਾ ਹੈ।

## ਅੱਗੇ ਹੋਣ ਦੀ ਕੋਸ਼ਿਸ਼

ਮੈਂ ਗੱਡੀ ਇਕ ਪਾਸੇ ਲਾ ਕੇ ਜਿੱਧਰ ਕੁਸ਼ਤੀਆਂ ਹੋਣੀਐ ਉਧਰ ਨੂੰ ਅਹੁਲਦਾ ਹਾਂ। ਤਿੰਨ ਢੋਲੀ ਡੱਗੇ 'ਤੇ ਡੱਗਾ ਮਾਰਦੇ ਕੁਝ ਸੁਣਨ ਨਹੀਂ ਦੇ ਰਹੇ। ਪਹਿਲੇ ਮੇਲਿਆਂ ਵਰਗਾ ਇਕੱਠ ਨਹੀਂ ਹੈ। ਵਾਹਣ ਦੇ ਚਾਰ-ਚੁਫੇਰੇ ਲੋਕ ਇਕ ਦੂਜੇ ਤੋਂ ਅੱਗੇ ਹੋਣ ਦੀ ਕੋਸ਼ਿਸ਼ ਕਰ ਰਹੇ ਹਨ। ਘੁਲਣ ਆਏ ਭਲਵਾਨਾਂ ਨੇ ਬੈਠਕਾਂ ਮਾਰਨੀਆਂ ਸ਼ੁਰੂ ਕਰ ਦਿੱਤੀਆਂ ਹਨ ਪਰ ਮੈਨੂੰ ਬੱਚੋ ਮਾਕੋਵਾਲੀਆ, ਜੀਤਾ, ਸੰਹਿਸਰਾ ਅਤੇ ਫੱਤੂ ਭੀਲੀਏ ਵਰਗਾ ਦਰਸ਼ਨੀ ਜਵਾਨ ਇਨ੍ਹਾਂ 'ਚੋਂ ਕੋਈ ਵੀ ਨਜ਼ਰ ਨਹੀਂ ਆ ਰਿਹਾ। ਇਕ ਪਾਸੇ ਢਿਲਕੇ ਪਰ ਮਜ਼ਬੂਤ ਸਰੀਰ ਵਾਲਾ ਬਜ਼ੁਰਗ ਮੂੰਗਲੀਆਂ ਫੇਰਦਾ ਕੈਪਸੂਲਾਂ ਦੀ ਪਦਾਇਸ਼ ਭਲਵਾਨਾਂ ਨਾਲੋਂ ਜਵਾਨ ਲੱਗ ਰਿਹਾ ਹੈ। ਗੱਡੀ ਹੋਈ ਮਾਲੀ ਦੀ ਝੰਡੀ ਨੇੜੇ ਨਰੋਏ ਸਰੀਰ ਦਾ ਇਕ ਗੱਭਰੂ ਬੈਠਕਾਂ ਮਾਰ ਰਿਹਾ ਹੈ। ਲਾਗੋਂ ਸੁਣਨ 'ਤੇ ਪਤਾ ਲੱਗਾ ਹੈ ਕਿ ਆਪਣੇ ਪਿੰਡ ਦਾ ਈ ਐ, ਕਿਸ ਲਾਣੇ 'ਚੋਂ ਆ ਪਤਾ ਨਹੀਂ। ਇਹ ਵੀ ਸੁਣਨ ਨੂੰ ਮਿਲਿਆ ਕਿ ਪ੍ਰਬੰਧਕਾਂ 'ਚੋਂ ਪਿੰਡ ਪੱਖੀ ਮੁਹਤਬਰ ਦੀ ਕੁਸ਼ਤੀ ਕਿਸੇ ਮਾੜੇ ਪਹਿਲਵਾਨ ਨਾਲ ਪਾਉਣੀ ਚਾਹੁੰਦਾ ਹੈ ਤਾਂ ਕਿ ਮੇਜ਼ਬਾਨ ਪਿੰਡ ਦੀ ਝੰਡੀ ਬਣੀ ਰਹੇ ਪਰ ਇਕ ਪਾਸਿਓਂ ਸੱਚ 'ਤੇ ਪਹਿਰਾ ਦੇਣ ਵਾਲੇ ਪ੍ਰਬੰਧਕ ਨੇ ਬਾਹਰੋਂ ਆਏ ਕਿਸੇ ਭਲਵਾਨ ਨਾਲ ਕੁਸ਼ਤੀ ਲੜਨ ਦਾ ਐਲਾਨ ਕਰ ਦਿੱਤਾ ਹੈ। ਸਾਰੇ ਘੋਲ਼ਾਂ ਵਿਚ ਏਹੀ ਘੋਲ਼ ਲੱਗ ਰਿਹਾ ਹੈ। ਬਾਕੀ ਤਾਂ ਬਸ ਸਾਹ ਰੋਕੀ ਲੋਕ ਕੁਸ਼ਤੀ ਵੇਖਦੇ ਇਹੀ ਕਿਆਫ਼ੇ ਲਾ ਰਹੇ ਸਨ ਕਿ ਐਤਕੀਂ ਮਾਲੀ ਬਾਹਰਲੇ ਨੇ ਲੈ ਜਾਣੀ ਆ। ਏਹ ਕੀ, ਪੈਂਤੀ ਮਿੰਟ ਤਕ ਥੱਲਿਓਂ ਨਾ ਨਿਕਲ ਸਕਣ ਵਾਲਾ ਮੇਜ਼ਬਾਨ ਪਿੰਡ ਦਾ ਗੱਭਰੂ ਬਾਹਰਲੇ ਗੱਭਰੂ ਦੀਆਂ ਬਾਹਾਂ ਜਕੜ ਕੇ ਉੱਤੋਂ ਦੀ ਬਾਜ਼ੀ ਲਵਾ ਮੋਢੇ ਲਾ ਦਿੰਦਾ ਹੈ। ਢਹਿ ਗਿਆ, ਢਹਿ ਗਿਆ ਦਾ ਰੌਲਾ ਪੈ ਜਾਂਦਾ ਹੈ। ਢਾਹੁਣ ਵਾਲਾ ਇਕ ਲੱਤ 'ਤੇ ਇਕ ਬਾਂਹ ਚੁੱਕ ਕੇ ਭੰਗੜੇ ਦੇ ਅੰਦਾਜ਼ 'ਚ ਗੇੜੀ ਦਿੰਦਾ ਹੈ।

## ਭੁਲੇਖਾ ਪੈਣਾ

ਚਾਚੇ ਦੇ ਪੁੱਤ ਭਰਾ ਦੇ ਘਰ ਪੰਹੁਚਦਾ ਹਾਂ। ਘਰ 'ਚ ਮੇਲਾ ਵੇਖਣ ਆਏ ਰਿਸ਼ਤੇਦਾਰਾਂ ਦਾ ਵਿਆਹ ਵਿਚ ਆਏ ਮੇਲ ਵਾਂਗ ਭੁਲੇਖਾ ਪੈਂਦਾ ਹੈ। 'ਓ ਆ ਭਾਊ, ਤੂੰ ਤਾਂ ਸ਼ਹਿਰੀਆ ਬਣ ਕੇ ਮਿਲਣੋ-ਗਿਲਣੋ ਈ ਗਿਆ।' ਚਾਚੇ ਦਾ ਪੁੱਤ ਬਾਹਾਂ 'ਚ ਘੁੱਟਦਿਆਂ ਆਖਦਾ ਹੈ। ਕਈ ਹਾਣੀ ਰਿਸ਼ਤੇਦਾਰ ਬੱਗੇ ਹੋਏ ਪਛਾਣੇ ਨਹੀਂ ਗਏ, ਇਵੇਂ ਹੀ ਉਹ ਵੀ ਨਹੀਂ ਪਛਾਣ ਸਕੇ। ਗਈ ਰਾਤ ਤਕ ਖ਼ੂਬ ਯਾਦਾਂ ਤਾਜ਼ੀਆਂ ਹੋਈਆਂ ਹਨ। ਰਿਸ਼ਤੇਦਾਰਾਂ ਨਾ ਮਿਲਣ ਦੇ ਗਿਲੇ ਵੀ ਕੀਤੇ ਹਨ। ਮਹਿਸੂਸ ਹੋਇਆ ਕਿ ਰਿਸ਼ਤੇਦਾਰੀਆਂ ਤੇ ਮੇਲੇ ਮਿਲਦਿਆਂ ਦੇ ਹੀ ਹੁੰਦੇ ਹਨ। ਖਲੋਤੇ ਤਾਂ ਪਾਣੀ ਵੀ ਬੋਅ ਮਾਰ ਜਾਂਦੇ ਹਨ। ਰਿਸ਼ਤਿਆਂ 'ਚ ਆਈ ਖੜੋਤ ਵੀ ਸਾਡੇ ਅਮੀਰ ਸੱਭਿਆਚਾਰ ਨੂੰ ਢਾਹ ਲਾਉਂਦੀ ਹੈ। ਕਿਸੇ ਠੀਕ ਕਿਹਾ ਹੈ, 'ਪਾਣੀ ਵਗਦਿਆਂ ਦੇ ਤੇ ਰਿਸ਼ਤੇ ਮਿਲਦਿਆਂ ਦੇ।' ਆਓ, ਮੇਲ ਮਿਲਾਪ ਦਾ ਦਾਇਰਾ ਵਧਾਅ ਕੇ ਆਪਣੀ ਅਮੀਰ ਵਿਰਾਸਤ ਨੂੰ ਸੰਭਾਲੀਏ ਤਾਂ ਜੋ ਸਾਡੀਆਂ ਗੁਆਚ ਰਹੀਆਂ ਕਦਰਾਂ ਕੀਮਤਾਂ ਜ਼ਿੰਦਾ ਰਹਿ ਸਕਣ। •

94656-56214

# ਸਮਾਜ ਆਧੁਨਿਕ ਜੀਵਨ ਦੀ ਹੜਬੜਾਹਟ ਵਿੱਚ ਇੱਕ ਪੂਰਨ ਸਤਗੁਰੂ ਦੀ ਅਹਿਮੀਅਤ ਨੂੰ ਭੁੱਲਿਆ : ਸਵਾਮੀ ਵਿਸਵਾਨੰਦ

## ਦਿਵਯ ਜਯੋਤੀ ਜਾਗ੍ਰਤੀ ਸੰਸਥਾਨ ਵੱਲੋਂ ਮਹੀਨਾਵਾਰ ਵਿਸ਼ੇਸ਼ ਅਧਿਆਤਮਿਕ ਪ੍ਰੋਗਰਾਮ ਆਯੋਜਿਤ

ਸੁਨਾਮ, 6 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਦਿਵਯ ਜਯੋਤੀ ਜਾਗ੍ਰਤੀ ਸੰਸਥਾਨ ਦੇ ਸਥਾਨਕ ਆਸ਼ਰਮ ਵਿਖੇ ਮਹੀਨਾਵਾਰ ਅਧਿਆਤਮਿਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸ਼੍ਰੀ ਆਸ਼ੂਤੋਸ਼ ਮਹਾਰਾਜ ਜੀ ਦੇ ਸਿਸਯ ਸਵਾਮੀ ਵਿਸਵਾਨੰਦ ਜੀ ਨੇ ਆਪਣੇ ਪ੍ਰਵਚਨਾਂ ਦੌਰਾਨ ਦੱਸਿਆ ਕਿ ਅੱਜ ਦਾ ਵਿਦਵਾਨ ਸਮਾਜ ਆਧੁਨਿਕ ਜੀਵਨ ਦੀ ਹੜਬੜਾਹਟ ਵਿੱਚ ਇੱਕ ਪੂਰਨ ਸਤਗੁਰੂ ਦੀ ਅਹਿਮੀਅਤ ਨੂੰ ਭੁੱਲ ਗਿਆ ਹੈ ਪਰ ਜੇ ਅਸੀਂ ਇਤਿਹਾਸ ਨੂੰ ਵੇਖੀਏ ਤਾਂ ਪਤਾ ਲੱਗਦਾ ਹੈ ਕਿ ਮਹਾਨ ਮਨੁੱਖੀ ਗੁਣਾਂ ਦਾ ਵਿਕਾਸ ਹਮੇਸ਼ਾ ਸਤਗੁਰੂ ਦੀ ਰਹਿਮਤ ਹੇਠ ਹੀ ਹੋਇਆ ਹੈ। ਸਵਾਮੀ ਵੀਰਜਾਨੰਦ ਜੀ ਦਾ ਆਸ਼ਰਮ ਦਯਾਨੰਦ ਸਰਸਵਤੀ ਦੀ ਨਿਰਮਾਣ ਸਥਲੀ ਸੀ, ਤਾਂ ਸਮਰਥ ਗੁਰੂ ਰਾਮਦਾਸ ਜੀ ਦੀ ਸ਼ਕਤੀ ਨੇ ਹੀ ਸ਼ਿਵਾ ਨੂੰ ਛਤਰਪਤੀ ਸ਼ਿਵਾਜੀ ਬਣਾਇਆ ਸੀ। ਚਾਣਕਯਾ ਦੀ ਕੁਟੀਆ ਚੰਦਰਗੁਪਤ ਮੌਰਯਾ ਦਾ ਪ੍ਰਸ਼ਿਕਸ਼ਣ ਕੇਂਦਰ ਸੀ, ਤਾਂ ਨਰਿੰਦਰ ਵਿੱਚ ਲੁਕੇ ਹੋਏ ਵਿਵੇਕਾਨੰਦ ਨੂੰ ਪਰਮਹੰਸ ਦੇ ਮਾਹਿਰ ਹੱਥਾਂ ਨੇ ਹੀ ਘੜਿਆ ਸੀ। ਰਾਜਸੀ ਵਾਤਾਵਰਨ



ਵਿੱਚ ਰਹਿੰਦਿਆਂ ਵੀ ਜਿਸ ਗੁਰੂ ਨੇ ਰਾਜਾ ਜਨਕ ਨੂੰ 'ਵਿਦੇਹੀ' ਬਣਾ ਦਿੱਤਾ, ਉਹ ਗੁਰੂ ਅਸ਼ਟਾਵਕ੍ਰ ਹੀ ਸਨ। ਕਹਿਣ ਦਾ ਅਰਥ ਇਹ ਹੈ ਕਿ ਜਦੋਂ ਵੀ ਸਮਾਜ ਦੇ ਅਕਾਸ਼ 'ਤੇ ਕੋਈ ਮਹਾਨ ਵਿਅਕਤੀ ਚਮਕਿਆ, ਤਾਂ ਉਸਦੀ ਚਮਕ ਪਿੱਛੇ ਗੁਰੂ ਦੀ ਕਿਰਪਾ ਦੀ ਜੋਤ ਹੀ ਕੰਮ ਕਰ ਰਹੀ ਸੀ। ਸਮਾਜ ਨੂੰ ਅਜਿਹੇ ਸ਼੍ਰੇਸ਼ਠ ਵਿਅਕਤੀ ਹਮੇਸ਼ਾ ਗੁਰੂਆਂ ਦੀ ਹੀ ਦੇਣ ਰਹੇ ਹਨ, ਇਸੇ ਕਰਕੇ ਸ਼ਾਸਤਰਾਂ ਵਿੱਚ ਸਤਗੁਰੂ ਦੀ ਤੁਲਨਾ ਬ੍ਰਹਮਾ, ਵਿਸ਼ਨੂੰ ਅਤੇ ਮਹੇਸ਼ ਨਾਲ ਕੀਤੀ ਗਈ ਹੈ। ਜਿਵੇਂ ਬ੍ਰਹਮਾ ਜੀ ਸ੍ਰਿਸ਼ਟੀ ਦੇ ਜਨਮਦਾਤਾ ਹਨ, ਓਸੇ ਤਰ੍ਹਾਂ ਗੁਰੂ ਆਪਣੇ ਸ਼ਿਸ਼ਯ ਨੂੰ ਆਧਿਆਤਮਿਕ ਜਗਤ ਵਿੱਚ ਜਨਮ ਦਿੰਦੇ ਹਨ। ਜਦੋਂ ਸ਼ਿਸ਼ਯ ਦਾ ਆਧਿਆਤਮਿਕ ਜਨਮ ਹੁੰਦਾ ਹੈ, ਤਾਂ ਉਹ ਅੰਦਰੂਨੀ ਜਗਤ ਵਿੱਚ ਦਾਖਲ ਹੋ ਕੇ ਪ੍ਰਭੂ ਦੇ ਰਾਜ ਦਾ ਪ੍ਰਤੱਖ ਸਾਖਾਤਕਾਰ ਕਰ ਸਕਦਾ ਹੈ ਪਰ ਅੰਦਰੂਨੀ ਜਗਤ ਵਿੱਚ ਸਿਰਫ਼ ਦਾਖਲ ਹੋਣਾ ਹੀ ਕਾਫ਼ੀ ਨਹੀਂ ਹੁੰਦਾ। ਆਪਣੇ ਟੀਚੇ ਨੂੰ ਪ੍ਰਾਪਤ ਕਰਨ ਲਈ ਨਿਰੰਤਰ ਅੱਗੇ ਵਧਣਾ ਵੀ ਜ਼ਰੂਰੀ ਹੈ। ਅੱਗੇ ਵਧਣ ਦੌਰਾਨ ਸੰਭਾਵਨਾ ਹੈ ਕਿ ਰਾਹ ਵਿੱਚ ਕੁਝ ਰੁਕਾਵਟਾਂ ਆਉਣ, ਅਜਿਹੇ ਵਿੱਚ ਗੁਰੂ ਹੀ ਸ਼ਿਸ਼ਯ ਦੀ ਰੱਖਿਆ ਕਰਦਾ ਹੈ, ਹਰ ਪਲ ਉਸਦੀ ਮਦਦ ਕਰਦਾ ਹੈ। ਬਿਲਕੁਲ ਓਸੇ ਤਰ੍ਹਾਂ ਜਿਵੇਂ ਬ੍ਰਹਮਾ ਦੁਆਰਾ ਰਚੀ ਗਈ ਸ੍ਰਿਸ਼ਟੀ ਦੀ ਦੇਖਭਾਲ ਅਤੇ ਸੰਭਾਲ ਦਾ ਕੰਮ ਭਗਵਾਨ ਵਿਸ਼ਨੂੰ ਜੀ ਕਰਦੇ ਹਨ। ਬ੍ਰਹਮਾ ਜੀ ਦੁਆਰਾ ਰਚੀ ਗਈ ਇਸ ਸ੍ਰਿਸ਼ਟੀ ਵਿੱਚ ਭਗਵਾਨ ਸ਼ਿਵ ਸੰਹਾਰ ਦਾ ਕਾਰਜ ਸੰਭਾਲਦੇ ਹਨ। ਠੀਕ ਉਸੇ ਤਰ੍ਹਾਂ ਗੁਰੂ ਵੀ ਸੰਹਾਰ ਕਰਦੇ ਹਨ- ਸ਼ਿਸ਼ਯ ਦੀ ਦੁਸ਼ਟ ਪ੍ਰਵਿੱਤੀਆਂ ਦਾ! ਉਸਦੇ ਹਿਰਦੇ ਵਿੱਚ ਵਸੇ ਔਗੁਣਾਂ ਦਾ! ਕਾਮ, ਕਰੋਧ, ਮੋਹ, ਲੋਭ, ਅਹੰਕਾਰ ਆਦਿ ਜੋ ਉਸਨੂੰ ਇੱਕ ਦੀਮਕ ਵਾਂਗ ਖੋਖਲਾ ਕਰ ਰਹੇ ਹੁੰਦੇ ਹਨ। ਗੁਰੂ- ਸ਼ਿਸ਼ਯ ਦੇ ਜਨਮ-ਜਨਮਾਂਤਰਾਂ ਦੇ ਕਰਮਾਂ ਅਤੇ ਕੁਸੰਸਕਾਰਾਂ ਦਾ ਨਾਸ਼ ਕਰ ਦਿੰਦੇ ਹਨ। ਇਸੇ ਲਈ ਗੁਰੂ ਨੂੰ 'ਸ਼ਿਵ' ਵੀ ਕਿਹਾ ਗਿਆ ਹੈ। ਇਸ ਦੌਰਾਨ ਨੂਰਮਹਿਲ ਤੋਂ ਵਿਸ਼ੇਸ਼ ਤੌਰ ਤੇ ਪਹੁੰਚੀ ਟੀਮ ਨੇ ਵੱਖ-ਵੱਖ ਅਮ੍ਰਿਤਮਈ ਭਜਨਾਂ ਨਾਲ ਸ਼ਰਧਾਲੂਆਂ ਨੂੰ ਗੁਰੂ ਭਗਤੀ ਨਾਲ ਜੋੜ ਦਿੱਤਾ ਅਤੇ ਆਪਣੇ ਜੀਵਨ ਵਿੱਚ ਗੁਰੂ ਨੂੰ ਧਾਰਨ ਕਰਕੇ ਆਪਣਾ ਜੀਵਨ ਸਫਲ ਬਣਾਉਣ ਲਈ ਆਖਿਆ। ਇਸ ਦੌਰਾਨ ਵੱਡੀ ਗਿਣਤੀ ਵਿੱਚ ਪਹੁੰਚੀ ਸੰਗਤ ਲਈ ਆਸ਼ਰਮ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਲੰਗਰ ਦੀ ਵਿਵਸਥਾ ਵੀ ਕੀਤੀ ਗਈ ਸੀ।

# ਡਿਪਟੀ ਕਮਿਸ਼ਨਰ ਚੰਡੀਗੜ੍ਹ ਨੇ ਪ੍ਰਾਈਵੇਟ ਸਕੂਲਾਂ ਨੂੰ ਵਿਦਿਆਰਥੀ ਸੁਰੱਖਿਆ, ਸਟ੍ਰੈਪਸ ਨੀਤੀ ਅਤੇ ਪਾਰਕਿੰਗ ਨਿਯਮਾਂ ਦੇ ਸਖ਼ਤ ਅਨੁਪਾਲਨ ਦੇ ਨਿਰਦੇਸ਼ ਦਿੱਤੇ



ਚੰਡੀਗੜ੍ਹ, 6 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਡਿਪਟੀ ਕਮਿਸ਼ਨਰ (ਡੀਸੀ/43) ਚੰਡੀਗੜ੍ਹ ਸ਼੍ਰੀ ਨਿਸ਼ਾਂਤ ਕੁਮਾਰ ਯਾਦਵ ਨੇ ਅੱਜ ਸ਼ਹਿਰ ਦੇ ਪ੍ਰਾਈਵੇਟ ਸਕੂਲ ਪ੍ਰਬੰਧਨ ਦੇ ਪ੍ਰਤੀਨਿਧੀਆਂ ਨਾਲ ਇੱਕ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ ਵਿੱਚ ਵਿਦਿਆਰਥੀ ਸੁਰੱਖਿਆ, ਸਕੂਲ ਟ੍ਰਾਂਸਪੋਰਟ ਮੈਨੇਜਮੈਂਟ, ਪਾਰਕਿੰਗ ਖੇਤਰਾਂ ਦੇ ਉਪਯੋਗ, ਮਨਜ਼ੂਰਸ਼ੁਦਾ ਭਵਨ ਯੋਜਨਾਵਾਂ ਦੇ ਅਨੁਪਾਲਨ, ਅਤੇ ਸਟ੍ਰੈਪਸ) (ਸੇਫ ਟ੍ਰਾਂਸਪੋਰਟੇਸ਼ਨ ਪਾਲਿਸੀ ਫੌਰ ਸਟੂਡੈਂਟਸ) ਨੀਤੀ ਦੇ ਲਾਗੂਕਰਨ ਨਾਲ ਜੁੜੇ ਮਹੱਤਵਪੂਰਨ ਮੁੱਦਿਆਂ ਦੀ ਸਮੀਖਿਆ ਕੀਤੀ ਗਈ।

ਮੀਟਿੰਗ ਦੇ ਦੌਰਾਨ ਸਾਰੇ ਪ੍ਰਾਈਵੇਟ ਸਕੂਲਾਂ ਨੂੰ ਨਿਰਦੇਸ਼ ਦਿੱਤੇ ਗਏ ਕਿ ਵਿਦਿਆਰਥੀਆਂ ਦੇ ਚੜ੍ਹਨ ਅਤੇ ਉਤਰਨ ਦੀ ਪ੍ਰਕਿਰਿਆ ਸਕੂਲ ਪਰਿਸਰ ਦੇ ਅੰਦਰ ਹੀ ਸੁਰੱਖਿਅਤ ਅਤੇ ਸੁਵਿਵਸਥਿਤ ਤਰੀਕੇ ਨਾਲ ਸੁਨਿਸ਼ਚਿਤ ਕੀਤੀ ਜਾਵੇ। ਨਾਲ ਹੀ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਬਚਾਅ ਹਿਤ ਟ੍ਰੇਨਿੰਗ ਪ੍ਰਾਪਤ ਸਟਾਫ਼ ਦੀ ਸਟੀਕ ਨਿਗਰਾਨੀ ਵੀ ਸੁਨਿਸ਼ਚਿਤ ਕਰਨ ਨੂੰ ਕਿਹਾ ਗਿਆ।

ਡਿਪਟੀ ਕਮਿਸ਼ਨਰ (ਡੀਸੀ/43) ਨੇ ਕਈ ਸਕੂਲਾਂ ਵਿੱਚ ਨਿਰਧਾਰਿਤ ਪਾਰਕਿੰਗ ਥਾਵਾਂ ਦੇ ਦੁਰਉਪਯੋਗ 'ਤੇ ਵੀ ਗੰਭੀਰ ਚਿੰਤਾ ਵਿਅਕਤ ਕੀਤੀ। ਇਹ ਦੇਖਿਆ ਗਿਆ ਕਿ ਮਨਜ਼ੂਰਸ਼ੁਦਾ ਭਵਨ ਯੋਜਨਾਵਾਂ ਵਿੱਚ ਪ੍ਰਵਾਨਿਤ ਪਾਰਕਿੰਗ ਖੇਤਰਾਂ ਦਾ ਉਪਯੋਗ ਲਾਅਨ,ਖੇਡ ਮੈਦਾਨ, ਸਵਿਮਿੰਗ ਪੂਲ, ਗਾਰਡ ਰੂਮ ਅਤੇ ਸ਼ੈੱਡ ਆਦਿ ਹੋਰ ਉਦੇਸ਼ਾਂ ਲਈ ਕੀਤਾ ਜਾ ਰਿਹਾ ਹੈ ਸੀ। ਸਕੂਲ ਪ੍ਰਬੰਧਨ ਨੂੰ ਸਪਸ਼ਟ ਨਿਰਦੇਸ਼ ਦਿੱਤੇ ਗਏ ਕਿ ਪ੍ਰਵਾਨਿਤ ਪਾਰਕਿੰਗ ਖੇਤਰਾਂ ਦਾ ਉਪਯੋਗ ਕੇਵਲ ਸਕੂਲ ਬੱਸਾਂ ਅਤੇ ਵਾਹਨਾਂ ਦੀ ਪਾਰਕਿੰਗ ਲਈ ਹੀ ਕੀਤਾ ਜਾਵੇ ਅਤੇ ਕਿਸੇ ਹੋਰ ਉਦੇਸ਼ ਲਈ ਉਨ੍ਹਾਂ ਦਾ ਉਪਯੋਗ ਨਾ ਕੀਤਾ ਜਾਵੇ।

ਮਨਜ਼ੂਰਸ਼ੁਦਾ ਭਵਨ ਯੋਜਨਾਵਾਂ ਦੇ ਅਨੁਪਾਲਨ ਨੂੰ ਲੈਕੇ ਵੀ ਸਖ਼ਤ ਨਿਰਦੇਸ਼ ਜਾਰੀ ਕੀਤੇ ਗਏ। ਡਿਪਟੀ ਕਮਿਸ਼ਨਰ ਨੇ ਚੇਤਾਵਨੀ ਦਿੱਤੀ ਕਿ ਕਿਸੇ ਵੀ ਤਰ੍ਹਾਂ ਦਾ ਅਣਅਧਿਕਾਰਿਤ ਨਿਰਮਾਣ, ਮਨਜ਼ੂਰਸ਼ੁਦਾ ਨਕਸ਼ੇ ਤੋਂ ਭਟਕਣਾ ਜਾਂ ਨਿਰਧਾਰਿਤ ਲੇਆਊਟ ਦਾ ਦੁਰਉਪਯੋਗ ਗੰਭੀਰ ਉਲੰਘਣਾ ਮੰਨਿਆ ਜਾਵੇਗਾ ਅਤੇ ਸਬੰਧਿਤ ਕਾਨੂੰਨਾਂ ਦੇ ਤਹਿਤ ਕਾਰਵਾਈ ਕੀਤੀ ਜਾਵੇਗੀ।

ਇਸ ਤੋਂ ਇਲਾਵਾ ਸਾਰੇ ਪ੍ਰਾਈਵੇਟ ਸਕੂਲਾਂ ਨੂੰ ਬਿਨਾ ਕਿਸੇ ਦੇਰੀ ਦੇ ਸਟ੍ਰੈਪਸ ਨੀਤੀ ਨੂੰ ਪੂਰਨ ਰੂਪ ਵਿੱਚ ਲਾਗੂ ਕਰਨ ਦੇ ਨਿਰਦੇਸ਼ ਦਿੱਤੇ ਗਏ। ਇਹ ਨੀਤੀ ਵਿਦਿਆਰਥੀਆਂ ਦੀ ਸੁਰੱਖਿਅਤ ਟ੍ਰਾਂਸਪੋਰਟੇਸ਼ਨ ਹਿਤ ਵਿਆਪਕ ਦਿਸ਼ਾ-ਨਿਰਦੇਸ਼ਾਂ ਪ੍ਰਦਾਨ ਕਰਦੀ ਹੈ ਅਤੇ ਇਸ ਦਾ ਅਨੁਪਾਲਨ ਸਾਰੇ ਸਕੂਲਾਂ ਲਈ ਜ਼ਰੂਰੀ ਕੀਤਾ ਗਿਆ ਹੈ।

ਡਿਪਟੀ ਕਮਿਸ਼ਨਰ ਨੇ ਸਪਸ਼ਟ ਕੀਤਾ ਕਿ ਵਿਦਿਆਰਥੀਆਂ ਦੀ ਸੁਰੱਖਿਆ, ਪਾਰਕਿੰਗ ਨਿਯਮਾਂ ਜਾਂ ਭਵਨ ਯੋਜਨਾ ਅਨੁਪਾਲਨ ਨਾਲ ਸਬੰਧਿਤ ਕਿਸੇ ਵੀ ਤਰ੍ਹਾਂ ਦੀਆਂ ਉਲੰਘਣਾਵਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸਕੂਲਾਂ ਨੂੰ ਮੀਟਿੰਗ ਵਿੱਚ ਜਾਰੀ ਨਿਰਦੇਸ਼ਾਂ ਦਾ ਅਨੁਪਾਲਨ ਸੁਨਿਸ਼ਚਿਤ ਕਰਨ ਅਤੇ ਅਗਰ ਕੋਈ ਉਲੰਘਣਾ ਹੈ ਤਾਂ ਗਰਮੀਆਂ ਦੀਆਂ ਛੁੱਟੀਆਂ ਦੇ ਦੌਰਾਨ ਉਨ੍ਹਾਂ ਨੂੰ ਦਰੁਸਤ ਕਰਨ ਦੇ ਨਿਰਦੇਸ਼ ਦਿੱਤੇ ਗਏ। ਜ਼ਿਲ੍ਹਾ ਪ੍ਰਸ਼ਾਸਨ, ਚੰਡੀਗੜ੍ਹ ਦੁਆਰਾ ਸਕੂਲ ਖੁੱਲ੍ਹਣ ਤੋਂ ਬਾਅਦ ਨਿਯਮਿਤ ਨਿਰੀਖਣ ਕੀਤੇ ਜਾਣਗੇ ਅਤੇ ਕਿਸੇ ਵੀ ਪ੍ਰਕਾਰ ਦੀ ਅਨਿਯਮਿਤਤਾ ਪਾਏ ਜਾਣ 'ਤੇ ਬਿਨਾ ਕਿਸੇ ਅਤਿਰਿਕਤ ਸੂਚਨਾ ਦੇ ਸਖ਼ਤ ਦੰਡਾਤਮਕ ਕਾਰਵਾਈ ਕੀਤੀ ਜਾਵੇਗੀ।

# ਰੂਪਨਗਰ ਦੇ ਕਿਸਾਨ ਦੀ ਧੀ ਨੇ ਏਅਰ ਫੋਰਸ ਅਕੈਡਮੀ ਦੀ ਮੈਰਿਟ ਸੂਚੀ ਵਿੱਚ ਦੇਸ਼ ਭਰ 'ਚੋਂ ਪਹਿਲਾ ਰੈਂਕ ਹਾਸਲ ਕੀਤਾ

ਚੰਡੀਗੜ੍ਹ, 6 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ (ਏਐਫਪੀਆਈ) ਫਾਰ ਗਰਲਜ਼, ਮੋਹਾਲੀ ਦੀਆਂ ਦੋ ਮਹਿਲਾ ਕੈਡਿਟਾਂ ਨੇ ਦ੍ਰਿੜ੍ਹਤਾ ਅਤੇ ਸਾਹਸ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਮਹਿਲਾ ਕੈਡਿਟ ਮਹਿਕਪ੍ਰੀਤ ਕੌਰ ਨੇ ਏਅਰ ਫੋਰਸ ਅਕੈਡਮੀ ਦੀ ਮੈਰਿਟ ਲਿਸਟ ਵਿੱਚ ਦੇਸ਼ ਭਰ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ ਜਦੋਂਕਿ ਮਹਿਲਾ ਕੈਡੇਟ ਕੋਮਲਪ੍ਰੀਤ ਕੌਰ ਨੇ ਵੱਕਾਰੀ ਨੈਸ਼ਨਲ ਡਿਫੈਂਸ ਅਕੈਡਮੀ (ਐਨਡੀਏ), ਖੜਕਵਾਸਲਾ ਵਿੱਚ ਦਾਖਲੇ ਲਈ ਦੇਸ਼ ਭਰ ਵਿਚੋਂ 18ਵਾਂ ਰੈਂਕ ਹਾਸਲ ਕੀਤਾ ਹੈ।

ਸੰਸਥਾ ਦੇ ਸਿਧਾਂਤ 'ਸ਼ੁਭ ਕਰਮਨ ਤੇ ਕਬਹੂੰ ਨ ਟਰੋਂ'' ਉਤੇ ਖਰਾ ਉਤਰਦਿਆਂ ਇਨ੍ਹਾਂ ਕੈਡਿਟਾਂ ਨੇ ਇਹ ਮਾਣਮੱਤੀ ਪ੍ਰਾਪਤੀ ਹਾਸਲ ਕੀਤੀ ਹੈ। ਦੋਵੇਂ ਮਹਿਲਾ ਕੈਡਿਟਾਂ ਨਿਮਰ ਪਿਛੋਕੜ ਨਾਲ ਸਬੰਧਤ ਹਨ। ਮਹਿਕਪ੍ਰੀਤ ਕੌਰ ਰੂਪਨਗਰ ਦੇ ਪਿੰਡ ਪਪਰਾਲੀ ਦੇ ਕਿਸਾਨ ਸ. ਅਮਰਜੀਤ ਸਿੰਘ ਅਤੇ ਰੁਪਿੰਦਰ ਕੌਰ ਦੀ ਧੀ ਹੈ, ਜਦੋਂਕਿ ਕੋਮਲਪ੍ਰੀਤ ਕੌਰ ਅੰਮ੍ਰਿਤਸਰ ਦੇ ਪਿੰਡ ਸ਼ਹੂਰਾ ਦੇ ਗੁਰਮੀਤ ਸਿੰਘ ਅਤੇ ਬਲਜੀਤ ਕੌਰ ਦੀ ਧੀ ਹੈ। ਕੋਮਲਪ੍ਰੀਤ ਕੌਰ ਦੇ ਪਿਤਾ ਭਾਰਤੀ ਫੌਜ ਵਿੱਚ ਹਵਲਦਾਰ ਹਨ।

ਦੋਵੇਂ ਮਹਿਲਾ ਕੈਡਿਟਾਂ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਉਨ੍ਹਾਂ ਦੀ ਸਫਲਤਾ ਇੱਕ ਨਵੇਂ, ਅਭਿਲਾਸ਼ੀ ਪੰਜਾਬ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਂਦੀ ਹੈ। ਮਹਿਕਪ੍ਰੀਤ ਅਤੇ ਕੋਮਲਪ੍ਰੀਤ ਨੇ ਨਾ ਸਿਰਫ਼ ਭਾਰਤ ਦੀ ਸਭ ਤੋਂ ਮੁਸ਼ਕਲ ਰੱਖਿਆ ਪ੍ਰੀਖਿਆ ਪਾਸ ਕੀਤੀ ਹੈ, ਸਗੋਂ ਉਨ੍ਹਾਂ ਨੇ ਛੋਟੇ ਕਸਬਿਆਂ ਅਤੇ ਪਿੰਡਾਂ ਤੋਂ ਆਉਣ ਵਾਲੀ ਪੰਜਾਬ ਦੀ ਹਰ ਧੀ ਵਿੱਚ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਦਾ ਨਵਾਂ ਜੋਸ਼ ਭਰਿਆ ਹੈ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ 2023 ਵਿੱਚ ਮਾਈ ਭਾਗੋ ਏਐਫਪੀਆਈ ਵਿਖੇ ਕੁੜੀਆਂ ਲਈ ਇੱਕ ਐਨਡੀਏ ਪ੍ਰੈਪਰੇਟਰੀ ਵਿੰਗ ਵੀ ਸਥਾਪਤ ਕੀਤਾ ਗਿਆ ਹੈ।

ਇਸ ਪ੍ਰਾਪਤੀ ਉੱਤੇ ਮਾਣ ਮਹਿਸੂਸ ਕਰਦਿਆਂ ਮਾਈ ਭਾਗੋ ਏਐਫਪੀਆਈ ਦੇ ਡਾਇਰੈਕਟਰ ਮੇਜਰ ਜਨਰਲ ਜਸਬੀਰ ਸਿੰਘ ਸੰਧੂ, ਏ.ਵੀ.ਐਸ.ਐਮ. (ਸੇਵਾਮੁਕਤ) ਨੇ ਕਿਹਾ ਕਿ ਰੱਖਿਆ ਸੇਵਾਵਾਂ ਵਿੱਚ ਮਹਿਲਾਵਾਂ ਲਈ ਨਾ-ਮਾਤਰ ਅਸਾਮੀਆਂ ਵਿਰੁੱਧ ਪਹਿਲਾ ਆਲ ਇੰਡੀਆ ਰੈਂਕ ਪ੍ਰਾਪਤ ਕਰਨਾ ਵੱਡੀ ਪ੍ਰਾਪਤੀ ਹੈ। ਮਹਿਕਪ੍ਰੀਤ ਅਤੇ ਕੋਮਲਪ੍ਰੀਤ ਦੀ ਇਸ ਪ੍ਰਾਪਤੀ ਨੇ ਹਥਿਆਰਬੰਦ ਸੈਨਾਵਾਂ ਵਿੱਚ ਸੂਬੇ ਦੀਆਂ ਹੋਰ ਲੜਕੀਆਂ ਨੂੰ ਭੇਜਣ ਸਬੰਧੀ ਸੂਬਾ ਸਰਕਾਰ ਦੇ ਯਤਨਾਂ ਨੂੰ ਵੱਡਾ ਹੁਲਾਰਾ ਮਿਲਿਆ ਹੈ।

ਉਨ੍ਹਾਂ ਨੇ ਦੋਵਾਂ ਕੈਡਿਟਾਂ ਨੂੰ ਦੇਸ਼ ਦੀ ਸੇਵਾ ਵਿੱਚ ਸੁਨਹਿਰੀ ਭਵਿੱਖ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ।

# 18000 ਰੁਪਏ ਰਿਸ਼ਵਤ ਲੈਂਦਾ ਸਹਾਇਕ ਸਬ-ਇੰਸਪੈਕਟਰ ਵਿਜੀਲੈਂਸ ਬਿਊਰ ਨੇ ਕੀਤਾ ਕਾਬੂ

ਪਟਿਆਲਾ, 6 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਪੁਲਿਸ ਥਾਦਾ ਸ਼ੁਤਰਾਣਾ ਤਹਿਸੀਲ ਪਾਤੜਾਂ ਜ਼ਿਲ੍ਹਾ ਪਟਿਆਲਾ ਵਿਖੇ ਤਾਇਨਾਤ ਸਹਾਇਕ ਸਬ-ਇੰਸਪੈਕਟਰ (ਏ.ਐਸ.ਆਈ) ਜਸਵਿੰਦਰ ਸਿੰਘ ਨੂੰ 18000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਹੈ।

ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਬਕਰਾਹਾ ਤਹਿਸੀਲ ਪਾਤੜਾਂ ਜ਼ਿਲ੍ਹਾ ਪਟਿਆਲਾ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਦੇ ਰਿਸ਼ਤੇਦਾਰ ਆਪਣੇ ਗੁਆਂਢੀਆਂ ਨਾਲ ਹੋਈ ਲੜਾਈ ਵਿੱਚ ਜ਼ਖਮੀ ਹੋ ਗਏ ਸਨ। ਇਸ ਸਬੰਧ ਵਿੱਚ ਰਾਜਿੰਦਰਾ ਹਸਪਤਾਲ ਦੇ ਡਾਕਟਰ ਨੇ ਉਨ੍ਹਾਂ ਦਾ ਇਲਾਜ ਕਰਦੇ ਹੋਏ ਮਾਮਲੇ ਦੀ ਸੂਚਨਾ ਪੁਲਿਸ ਸਟੇਸ਼ਨ ਸ਼ੁਤਰਾਣਾ ਨੂੰ ਦਿੱਤੀ ਸੀ ਅਤੇ ਦੋਸ਼ੀ ਅਧਿਕਾਰੀ ਬਾਅਦ ਵਿੱਚ ਜ਼ਖਮੀ ਵਿਅਕਤੀਆਂ ਦੇ ਬਿਆਨ ਦਰਜ ਕਰਨ ਲਈ ਹਸਪਤਾਲ ਪੁੱਜਾ ਸੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਮੁਲਜ਼ਮ ਏ.ਐਸ.ਆਈ. ਨੇ ਹਮਲਾ ਕਰਨ ਵਾਲੀ ਦੂਜੀ ਧਿਰ ਵਿਰੁੱਧ ਕਾਨੂੰਨੀ ਕਾਰਵਾਈ ਕਰਨ ਦੇ ਬਦਲੇ 20,000/- ਰੁਪਏ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਵੱਲੋਂ ਬੇਨਤੀ ਕਰਨ 'ਤੇ, ਮੁਲਜ਼ਮ ਐ.ਐਸ.ਆਈ 18000 ਰੁਪਏ ਦੀ ਰਿਸ਼ਵਤ ਲੈਣ ਲਈ ਸਹਿਮਤ ਹੋ ਗਿਆ।

ਗੈਰ-ਕਾਨੂੰਨੀ ਰਿਸ਼ਵਤ ਦੇਣ ਲਈ ਤਿਆਰ ਨਾ ਹੋਣ ਕਾਰਨ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਪਟਿਆਲਾ ਨਾਲ ਸੰਪਰਕ ਕੀਤਾ। ਉਸਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 18000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਇਸ ਸਬੰਧ ਵਿੱਚ, ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਵਿਖੇ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਡੀ.ਏ. ਖ਼ਿਲਾਫ਼ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੀ ਗਈ ਸੀਲਬੰਦ ਮੁਲਾਜ਼ਮ ਵਿਰੋਧੀ ਰਿਪੋਰਟ ਦੀਆਂ ਕਾਪੀਆਂ ਸਾੜੀਆਂ



ਅੰਮ੍ਰਿਤਸਰ, 6 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਟੇਟ ਮਨਿਸਟੀਰੀਅਲ ਸਟਾਫ ਯੂਨੀਅਨ, ਪੰਜਾਬ ਵੱਲੋਂ ਦਿੱਤੇ ਗਏ ਸੰਘਰਸ਼ ਪ੍ਰੋਗਰਾਮ ਤਹਿਤ ਅੱਜ ਡੀ.ਸੀ. ਦਫ਼ਤਰ, ਜਲੰਧਰ ਦੇ ਸਾਹਮਣੇ ਪੁੱਡਾ ਗਰਾਊਂਡ ਵਿਖੇ ਵੱਡੀ ਗਿਣਤੀ ਵਿੱਚ ਮੁਲਾਜ਼ਮਾਂ ਨੇ ਇਕੱਠੇ ਹੋ ਕੇ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਅਤੇ ਪਿੱਟ-ਸਿਆਪਾ ਕੀਤਾ।

ਪ੍ਰਦਰਸ਼ਨ ਦੌਰਾਨ ਮੁਲਾਜ਼ਮਾਂ ਨੇ ਪੰਜਾਬ ਸਰਕਾਰ ਵੱਲੋਂ ਮਹਿੰਗਾਈ ਭੱਤੇ (ਡੀ.ਏ.) ਦੀਆਂ ਬਕਾਇਆ ਕਿਸ਼ਤਾਂ ਨਾ ਦੇਣ ਦੇ ਹੱਕ ਵਿੱਚ ਅਦਾਲਤ ਵਿੱਚ ਪੇਸ਼ ਕੀਤੀ ਗਈ ਸੀਲਬੰਦ ਮੁਲਾਜ਼ਮ ਵਿਰੋਧੀ ਰਿਪੋਰਟ ਦੀਆਂ ਕਾਪੀਆਂ ਸਾੜ ਕੇ ਆਪਣਾ ਤਿੱਖਾ ਰੋਸ ਪ੍ਰਗਟ ਕੀਤਾ। ਮੁਲਾਜ਼ਮਾਂ ਨੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਇੱਕ ਪਾਸੇ ਸਰਕਾਰ ਚੋਣਾਂ ਸਮੇਂ ਮੁਲਾਜ਼ਮ ਹਿਤੈਸ਼ੀ ਹੋਣ ਦੇ ਦਾਅਵੇ ਕਰਦੀ ਹੈ, ਜਦਕਿ ਦੂਜੇ ਪਾਸੇ ਅਦਾਲਤਾਂ ਵਿੱਚ ਮੁਲਾਜ਼ਮਾਂ ਦੇ ਬਣਦੇ ਹੱਕਾਂ ਦੇ ਵਿਰੁੱਧ ਰਿਪੋਰਟਾਂ ਪੇਸ਼ ਕਰ ਰਹੀ ਹੈ।

ਯੂਨੀਅਨ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦਾ ਵਾਅਦਾ ਅੱਜ ਤੱਕ ਪੂਰਾ ਨਹੀਂ ਕੀਤਾ ਗਿਆ। ਇਸ ਤੋਂ ਇਲਾਵਾ ਡੀ.ਏ. ਦੀਆਂ ਬਕਾਇਆ ਕਿਸ਼ਤਾਂ ਵੀ ਲੰਬੇ ਸਮੇਂ ਤੋਂ ਰੋਕੀਆਂ ਹੋਈਆਂ ਹਨ, ਜਿਸ ਕਾਰਨ ਮੁਲਾਜ਼ਮ ਅਤੇ ਪੈਨਸ਼ਨਰ ਆਰਥਿਕ ਤੌਰ 'ਤੇ ਪ੍ਰਭਾਵਿਤ ਹੋ ਰਹੇ ਹਨ।

ਉਨ੍ਹਾਂ ਕਿਹਾ ਕਿ ਵਧ ਰਹੀ ਮਹਿੰਗਾਈ ਦੇ ਦੌਰ ਵਿੱਚ ਮੁਲਾਜ਼ਮਾਂ ਨੂੰ ਉਨ੍ਹਾਂ ਦੇ ਹੱਕਾਂ ਤੋਂ ਵਾਂਝਾ ਰੱਖਣਾ ਸਰਕਾਰ ਦੀ ਮੁਲਾਜ਼ਮ ਵਿਰੋਧੀ ਸੋਚ ਨੂੰ ਦਰਸਾਉਂਦਾ ਹੈ।

ਬੁਲਾਰਿਆਂ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਤੁਰੰਤ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰੇ, ਡੀ.ਏ. ਦੀਆਂ ਸਾਰੀਆਂ ਬਕਾਇਆ ਕਿਸ਼ਤਾਂ ਜਾਰੀ ਕਰੇ ਅਤੇ ਅਦਾਲਤ ਵਿੱਚ ਪੇਸ਼ ਕੀਤੀ ਗਈ ਮੁਲਾਜ਼ਮ ਵਿਰੋਧੀ ਸੀਲਬੰਦ ਰਿਪੋਰਟ ਨੂੰ ਵਾਪਸ ਲਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

ਇਸ ਮੌਕੇ ਸੁਖਵਿੰਦਰ ਸਿੰਘ ਨਿੱਝਰ (ਚੇਅਰਮੈਨ, ਪੰਜਾਬ ਰੋਡਵੇਜ਼), ਅਮਰਪ੍ਰੀਤ ਸਿੰਘ (ਸੂਬਾ ਪ੍ਰਧਾਨ, NCC ਪੰਜਾਬ), ਰਣਜੀਤ ਸਿੰਘ (ਸੀਨੀਅਰ ਮੀਤ ਪ੍ਰਧਾਨ, ਜ਼ਿਲ੍ਹਾ ਜਲੰਧਰ), ਹਰਪ੍ਰੀਤ ਸਿੰਘ (ਸਰਗਰਮ ਆਗੂ), ਗੁਰਇਕਬਾਲ ਸਿੰਘ, ਪੰਕਜ ਕੁਮਾਰ (ਪ੍ਰਧਾਨ) ਸਮੇਤ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮ ਆਗੂਆਂ ਅਤੇ ਕਰਮਚਾਰੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।

# ਖੇਤ ਬਚਾਓ' ਮੁਹਿੰਮ ਤਹਿਤ ਪਿੰਡ ਅਰਜਨਵਾਲ ਵਿਖੇ ਬਲਾਕ ਪੱਧਰੀ ਕਿਸਾਨ ਜਾਗਰੂਕਤਾ ਕੈਂਪ ਲਾਇਆ

ਜਲੰਧਰ, 6 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਜਲੰਧਰ ਵੱਲੋਂ ਪੀਏਯੂ-ਕ੍ਰਿਸ਼ੀ ਵਿਗਿਆਨ ਕੇਂਦਰ, ਜਲੰਧਰ ਅਤੇ ਨੈਸ਼ਨਲ ਸੈਂਟਰ ਫਾਰ ਇੰਟੀਗ੍ਰੇਟਿਡ ਪੈਸਟ ਮੈਨੇਜਮੈਂਟ, ਜਲੰਧਰ ਦੇ ਸਹਿਯੋਗ ਨਾਲ 'ਖੇਤ ਬਚਾਓ' ਮੁਹਿੰਮ ਤਹਿਤ ਪਿੰਡ ਅਰਜਨਵਾਲ, ਬਲਾਕ ਆਦਮਪੁਰ ਵਿਖੇ ਬਲਾਕ ਪੱਧਰੀ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਲਗਭਗ 150 ਕਿਸਾਨਾਂ ਨੇ ਭਾਗ ਲਿਆ।

ਸਹਾਇਕ ਪ੍ਰੋਫੈਸਰ ਐਗਰੋਨੋਮੀ, ਕੇ.ਵੀ.ਕੇ. ਜਲੰਧਰ ਡਾ. ਪ੍ਰਭਜੀਤ ਕੌਰ ਨੇ ਸਾਉਣੀ ਦੀਆਂ ਫਸਲਾਂ ਵਿੱਚ ਖਾਦਾਂ ਦੀ ਸੰਤੁਲਿਤ ਵਰਤੋਂ ਅਤੇ ਮਿੱਟੀ ਪਰਖ ਆਧਾਰਿਤ ਖਾਦਾਂ ਦੀ ਸਿਫਾਰਸ਼ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਸਾਨਾਂ ਨੂੰ ਮਿੱਟੀ ਦੀ ਸਿਹਤ ਸੰਭਾਲਣ ਅਤੇ ਲਾਗਤ ਘਟਾਉਣ ਲਈ ਪ੍ਰੇਰਿਆ।




ਡਾ. ਹਰਵਿੰਦਰ ਸਿੰਘ ਝੋਨੇ ਵਿੱਚ SRBSDV ਅਤੇ ਫਾਲਸ ਸਮੱਟ ਬਿਮਾਰੀ ਦੀ ਪਹਿਚਾਣ, ਰੋਕਥਾਮ ਤੇ ਪ੍ਰਬੰਧਨ ਬਾਰੇ ਜਾਣਕਾਰੀ ਦਿੱਤੀ। ਸਹਾਇਕ ਨਿਰਦੇਸ਼ਕ, ਐਨ.ਸੀ.ਆਈ.ਪੀ.ਐਮ. ਡਾ. ਪੀ. ਸੀ. ਭਾਰਦਵਾਜ ਨੇ ਆਈ.ਪੀ.ਐਮ. ਰਣਨੀਤੀਆਂ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ ਅਤੇ ਰਸਾਇਣਕ ਕੀਟਨਾਸ਼ਕਾਂ ਦੀ ਥਾਂ ਜੈਵਿਕ ਤਰੀਕੇ ਅਪਣਾਉਣ ਦੀ ਸਲਾਹ ਦਿੱਤੀ।

ਜ਼ਿਲ੍ਹਾ ਸਿਖਲਾਈ ਅਫ਼ਸਰ ਡਾ. ਸੁਖਚੈਨ ਸਿੰਘ ਨੇ ਕਿਸਾਨਾਂ ਨਾਲ ਸਾਉਣੀ ਦੀਆਂ ਫਸਲਾਂ ਦੀਆਂ ਨਵੀਆਂ ਸਿਫਾਰਸ਼ਸ਼ੁਦਾ ਤਕਨੀਕਾਂ ਸਾਂਝੀਆਂ ਕੀਤੀਆਂ।

ਐਗਰੀਕਲਚਰ ਮਾਰਕੀਟਿੰਗ ਅਫ਼ਸਰ ਡਾ. ਗੁਰਪ੍ਰੀਤ ਸਿੰਘ ਨੇ ਵੈਲਿਊ ਐਡੀਸ਼ਨ ਤੇ ਐਗਰੋ-ਪ੍ਰੋਸੈਸਿੰਗ ਰਾਹੀਂ ਆਮਦਨ ਵਧਾਉਣ ਦੇ ਤਰੀਕੇ ਦੱਸੇ। ਖੇਤੀਬਾੜੀ ਵਿਕਾਸ ਅਫ਼ਸਰ ਡਾ. ਮਨਦੀਪ ਸਿੰਘ ਨੇ ਕੀਟਨਾਸ਼ਕਾਂ ਦਾ ਬੋਝ ਘਟਾਉਣ ਲਈ ਟਿਕਾਊ ਖੇਤੀ ਤਕਨੀਕਾਂ ਅਪਣਾਉਣ ਲਈ ਕਿਹਾ।

# ਪੰਜਾਬ ਹੁਨਰ ਵਿਕਾਸ ਮਿਸ਼ਨ ਤਹਿਤ ਮੁਫ਼ਤ ਆਨਲਾਈਨ ਹੁਨਰ ਸਿਖ਼ਲਾਈ ਤੇ ਰੋਜ਼ਗਾਰ ਦੇ ਮੌਕੇ

## ਟ੍ਰੇਨਿੰਗ 'ਚ ਭਾਗ ਲੈਣ ਲਈ ਉਮੀਦਵਾਰਾਂ ਨੂੰ ਆਨਲਾਈਨ ਵਰਕ ਰੈਡੀਨੈਂਸ ਐਪਟੀਟਿਊਡ ਪ੍ਰਡਿਕਟਰ ਟੈਸਟ ਕਰਨਾ ਹੋਵੇਗਾ ਪਾਸ

ਜਲੰਧਰ, 6 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਨੌਜਵਾਨਾਂ ਨੂੰ ਹੁਨਰ ਸਿਖ਼ਲਾਈ ਪ੍ਰਦਾਨ ਕਰਕੇ ਰੋਜ਼ਗਾਰ ਦੇ ਬਿਹਤਰ ਮੌਕੇ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਪੰਜਾਬ ਹੁਨਰ ਵਿਕਾਸ ਮਿਸ਼ਨ (ਪੀ.ਐੱਸ.ਡੀ.ਐੱਮ.) ਤਹਿਤ ਪ੍ਰਦਾਨ ਕੀਤੀ ਜਾਂਦੀ ਆਨਲਾਈਨ ਸਿਖ਼ਲਾਈ ਸਬੰਧੀ ਟੈਸਟ ਲਈ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਸ਼ੁਰੂ ਹੋ ਗਈ ਹੈ।

ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਆ ਪੀ. ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਹੁਨਰ ਵਿਕਾਸ ਮਿਸ਼ਨ ਵੱਲੋਂ ਰਾਇਨਾ ਸਿੱਖਿਆ ਫਾਊਂਡੇਸ਼ਨ ਨਾਲ ਕੀਤੇ ਗਏ ਐਮ.ਓ.ਯੂ. ਤਹਿਤ 12 ਸਾਫਟ ਸਕਿੱਲਜ਼ ਅਤੇ 14 ਹਾਰਡ ਸਕਿੱਲਜ਼ ਨਾਲ ਸਬੰਧਤ 21 ਘੰਟਿਆਂ ਦੀ ਮੁਫ਼ਤ ਆਨਲਾਈਨ ਸਿਖ਼ਲਾਈ ਪ੍ਰਦਾਨ ਕਰਵਾਈ ਜਾਵੇਗੀ।

ਉਨ੍ਹਾਂ ਦੱਸਿਆ ਕਿ ਇਸ ਟ੍ਰੇਨਿੰਗ ਵਿੱਚ ਭਾਗ ਲੈਣ ਲਈ ਉਮੀਦਵਾਰਾਂ ਨੂੰ ਪਹਿਲਾਂ ਆਨਲਾਈਨ 'ਵਰਕ ਰੈਡੀਨੈਂਸ ਐਪਟੀਟਿਊਡ ਪ੍ਰਡਿਕਟਰ' (ਡਬਲਿਊ.ਆਰ.ਏ.ਪੀ.) ਟੈਸਟ ਦੇਣਾ ਹੋਵੇਗਾ। ਟੈਸਟ ਵਿੱਚ ਸਫ਼ਲ ਉਮੀਦਵਾਰਾਂ ਨੂੰ ਰਿਸਰਚ, ਸਟ੍ਰੈਟਜੀ, ਉਦਮਤਾ, ਮਾਰਕੀਟਿੰਗ, ਸੋਸ਼ਲ ਮੀਡੀਆ ਮਾਰਕੀਟਿੰਗ, ਬਿਜ਼ਨਸ ਆਪ੍ਰੇਸ਼ਨਜ਼, ਸੇਲਜ਼, ਕੋਡਿੰਗ, ਡਿਜ਼ਾਈਨ, ਫੈਸ਼ਨ, ਅਕਾਦਮਿਕ ਖੇਤਰ ਅਤੇ ਡਾਟਾ ਐਨਾਲਿਟਿਕਸ ਆਦਿ ਵਿੱਚ ਸਿਖ਼ਲਾਈ ਪ੍ਰਦਾਨ ਕੀਤੀ ਜਾਵੇਗੀ।

ਵਧੀਕ ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਟ੍ਰੇਨਿੰਗ ਪੂਰੀ ਹੋਣ ਉਪਰੰਤ ਉਮੀਦਵਾਰਾਂ ਦਾ ਮੁਲਾਂਕਣ ਕੀਤਾ ਜਾਵੇਗਾ ਅਤੇ ਸਫ਼ਲ ਉਮੀਦਵਾਰਾਂ ਨੂੰ ਵੱਖ-ਵੱਖ ਪ੍ਰਾਈਵੇਟ ਕੰਪਨੀਆਂ ਵਿੱਚ ਰੋਜ਼ਗਾਰ ਦੇ ਮੌਕੇ ਉਪਲਬਧ ਕਰਵਾਉਣ ਲਈ ਪਲੇਸਮੈਂਟ ਵਿੱਚ ਸਹਾਇਤਾ ਦਿੱਤੀ ਜਾਵੇਗੀ।

ਯੋਗਤਾ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਲਈ ਕਿਸੇ ਵੀ ਸਟ੍ਰੀਮ ਵਿੱਚ ਗ੍ਰੈਜੂਏਸ਼ਨ ਦੇ ਆਖਰੀ ਸਾਲ ਵਿੱਚ ਪੜ੍ਹ ਰਹੇ ਵਿਦਿਆਰਥੀ, ਗ੍ਰੈਜੂਏਟ ਅਤੇ ਪੋਸਟ-ਗ੍ਰੈਜੂਏਟ ਉਮੀਦਵਾਰ ਅਪਲਾਈ ਕਰ ਸਕਦੇ ਹਨ। ਕੋਰਸ ਅਤੇ ਡਬਲਿਊ.ਆਰ.ਏ.ਪੀ. ਟੈਸਟ ਦੋਵੇਂ ਪੂਰੀ ਤਰ੍ਹਾਂ ਮੁਫ਼ਤ ਹਨ।

ਟੈਸਟ ਦੇਣ ਦੇ ਚਾਹਵਾਨ ਉਮੀਦਵਾਰ ਗੂਗਲ ਫਾਰਮ https://form.typeform.com/to/FjueMdNc ਰਾਹੀਂ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।

ਇਸ ਤੋਂ ਇਲਾਵਾ ਚਾਹਵਾਨ ਉਮੀਦਵਾਰ ਗੂਗਲ ਫਾਰਮ https://rainaeducationfoundation.netlify.app/ ਰਾਹੀਂ ਨੌਕਰੀ ਦੀ ਤਿਆਰੀ ਸਬੰਧੀ ਮੁਲਾਂਕਣ ਟੈਸਟ ਦੇ ਸਕਦੇ ਹਨ।

ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਤੀਜੀ ਮੰਜ਼ਿਲ ਸਥਿਤ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਕਮਰਾ ਨੰਬਰ 320 ਜਾਂ ਬਲਾਕ ਥੀਮੈਟਿਕ ਐਕਸਪਰਟ ਨਾਲ 9056920100 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਹੁਨਰ ਵਿਕਾਸ ਮਿਸ਼ਨ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਉਦਯੋਗ ਦੀਆਂ ਲੋੜਾਂ ਅਨੁਸਾਰ ਹੁਨਰ ਸਿਖ਼ਲਾਈ ਪ੍ਰਦਾਨ ਕਰਕੇ ਉਨ੍ਹਾਂ ਨੂੰ ਰੋਜ਼ਗਾਰ ਦੇ ਵਧੀਆ ਮੌਕੇ ਉਪਲਬਧ ਕਰਵਾ ਕੇ ਆਪਣੇ ਪੈਰਾਂ ਸਿਰ ਖੜ੍ਹਾ ਕਰਨਾ ਹੈ।

# ਸਿਹਤ ਵਿਭਾਗ ਵੱਲੋਂ ਤੰਬਾਕੂ ਵਿਰੋਧੀ ਜਾਗਰੂਕਤਾ ਮੁਹਿੰਮ ਅਧੀਨ ਲੋਕਾਂ ਨੂੰ ਕੀਤਾ ਜਾ ਰਿਹਾ ਜਾਗਰੂਕ



ਮਲੇਰਕੋਟਲਾ, 6 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਅਤੇ ਤੰਬਾਕੂ ਸਬੰਧੀ ਕਾਨੂੰਨਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਜਾਗਰੂਕਤਾ ਗਤੀਵਿਧੀਆਂ ਲਗਾਤਾਰ ਚਲਾਈਆਂ ਜਾ ਰਹੀਆਂ ਹਨ। ਇਸੇ ਤਹਿਤ ਸਿਹਤ ਬਲਾਕ ਅਮਰਗੜ੍ਹ ਦੀਆਂ ਟੀਮਾਂ ਵੱਲੋਂ ਵੱਖ-ਵੱਖ ਥਾਵਾਂ 'ਤੇ ਜਾਗਰੂਕਤਾ ਕੈਂਪ ਲਗਾ ਕੇ ਲੋਕਾਂ ਨੂੰ ਤੰਬਾਕੂ ਦੇ ਨੁਕਸਾਨਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਕੋਟਪਾ ਐਕਟ 2003 ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਵੀ ਕੱਟੇ ਗਏ।

ਸੀਨੀਅਰ ਮੈਡੀਕਲ ਅਫ਼ਸਰ ਡਾ. ਅਮਨਦੀਪ ਕੌਰ ਨੇ ਦੱਸਿਆ ਕਿ ਸਿਵਲ ਸਰਜਨ ਡਾ. ਪ੍ਰਦੀਪ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਰਾਸ਼ਟਰੀ ਤੰਬਾਕੂ ਕੰਟਰੋਲ ਪ੍ਰੋਗਰਾਮ ਤਹਿਤ ਲੋਕਾਂ ਨੂੰ ਤੰਬਾਕੂ ਦੇ ਸੇਵਨ ਨਾਲ ਹੋਣ ਵਾਲੀਆਂ ਗੰਭੀਰ ਬਿਮਾਰੀਆਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਤੰਬਾਕੂ ਦੀ ਵਰਤੋਂ ਕੈਂਸਰ, ਦਿਲ ਦੇ ਰੋਗਾਂ ਅਤੇ ਸਾਹ ਸਬੰਧੀ ਬਿਮਾਰੀਆਂ ਦਾ ਮੁੱਖ ਕਾਰਨ ਬਣਦੀ ਹੈ, ਇਸ ਲਈ ਲੋਕਾਂ ਨੂੰ ਇਸ ਤੋਂ ਦੂਰ ਰਹਿਣਾ ਚਾਹੀਦਾ ਹੈ।

ਬਲਾਕ ਐਜੂਕੇਟਰ ਰਣਬੀਰ ਸਿੰਘ ਢੰਡੇ ਨੇ ਦੱਸਿਆ ਕਿ ਜਨਤਕ ਥਾਵਾਂ 'ਤੇ ਤੰਬਾਕੂਨੋਸ਼ੀ ਕਰਨਾ ਕਾਨੂੰਨੀ ਤੌਰ 'ਤੇ ਮਨਾਹੀ ਹੈ। ਉਨ੍ਹਾਂ ਕਿਹਾ ਕਿ 18 ਸਾਲ ਤੋਂ ਘੱਟ ਉਮਰ ਦੇ ਵਿਅਕਤੀਆਂ ਨੂੰ ਤੰਬਾਕੂ ਉਤਪਾਦ ਵੇਚਣ 'ਤੇ ਪਾਬੰਦੀ ਹੈ ਅਤੇ ਕਿਸੇ ਵੀ ਵਿਦਿਅਕ ਜਾਂ ਧਾਰਮਿਕ ਸੰਸਥਾ ਦੇ 100 ਮੀਟਰ ਦੇ ਘੇਰੇ ਅੰਦਰ ਤੰਬਾਕੂ ਉਤਪਾਦਾਂ ਦੀ ਵਿਕਰੀ ਜਾਂ ਵਰਤੋਂ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਲੋਕਾਂ ਨੂੰ ਕੋਟਪਾ ਐਕਟ ਦੀਆਂ ਵੱਖ-ਵੱਖ ਧਾਰਾਵਾਂ ਬਾਰੇ ਵੀ ਜਾਣਕਾਰੀ ਦਿੱਤੀ।

ਉਨ੍ਹਾਂ ਕਿਹਾ ਕਿ ਬੀੜੀ, ਸਿਗਰਟ, ਜ਼ਰਦਾ, ਗੁਟਖਾ, ਖੈਣੀ ਅਤੇ ਹੋਰ ਤੰਬਾਕੂ ਉਤਪਾਦ ਸਿਹਤ ਲਈ ਬਹੁਤ ਹਾਨੀਕਾਰਕ ਹਨ। ਤੰਬਾਕੂ ਦੀ ਵਰਤੋਂ ਕਰਨ ਵਾਲੇ ਵਿਅਕਤੀ ਦੇ ਨਾਲ ਰਹਿਣ ਵਾਲੇ ਲੋਕ ਵੀ ਉਦਾਸੀਨ ਤੰਬਾਕੂਨੋਸ਼ੀ (ਪੈਸਿਵ ਸਮੋਕਿੰਗ) ਕਾਰਨ ਸਿਹਤ ਸਬੰਧੀ ਖ਼ਤਰਿਆਂ ਦਾ ਸਾਹਮਣਾ ਕਰਦੇ ਹਨ। ਇਸ ਲਈ ਹਰ ਵਿਅਕਤੀ ਨੂੰ ਤੰਬਾਕੂ ਤੋਂ ਦੂਰ ਰਹਿ ਕੇ ਆਪਣੇ ਅਤੇ ਆਪਣੇ ਪਰਿਵਾਰ ਦੀ ਸਿਹਤ ਦੀ ਰੱਖਿਆ ਕਰਨੀ ਚਾਹੀਦੀ ਹੈ।

ਇਸ ਮੌਕੇ ਸਿਹਤ ਸੁਪਰਵਾਈਜ਼ਰ ਪਰਮਜੀਤ ਸਿੰਘ, ਜਗਤਾਰ ਸਿੰਘ ਸਿੱਧੂ, ਕੁਲਵਿੰਦਰ ਸਿੰਘ, ਅੰਮ੍ਰਿਤਪਾਲ ਸਿੰਘ ਅਤੇ ਹੋਰ ਸਿਹਤ ਕਰਮਚਾਰੀ ਹਾਜ਼ਰ ਸਨ।

# ਪੁਲਿਸ ਨੇ ਪਾਸੀ ਰੋਡ 'ਤੇ ਧਰਨਾਕਾਰੀ ਰੋਕੇ



ਪਟਿਆਲਾ, 6 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਮੰਗਾਂ ਦੀ ਪੂਰਤੀ ਲਈ ਇਥੇ ਸਥਿਤ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਮੁੱਖ ਦਫਤਰ ਵਿੱਚ ਸੱਤ ਦਿਨਾਂ ਤੋਂ ਪੱਕਾ ਮੋਰਚਾ ਲਾ ਕੇ ਬੈਠੇ ਕੰਟਰੈਕਟ ਵਰਕਰਾਂ ਵੱਲੋਂ ਯੂਨੀਅਨ ਦੇ ਸੂਬਾਈ ਪ੍ਰਧਾਨ ਵਰਿੰਦਰ ਮੋਮੀ ਦੀ ਅਗਵਾਈ ਹੇਠ ਅੱਜ ਇਥੇ ਪਾਸੀ ਰੋਡ 'ਤੇ ਸਥਿਤ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਕੋਠੀ ਦੇ ਘਿਰਾਓ ਦੀ ਕੋਸ਼ਿਸ਼ ਕੀਤੀ ਗਈ ਪਰ ਪਹਿਲਾਂ ਤੋਂ ਹੀ ਤਾਇਨਾਤ ਪੁਲੀਸ ਨੇ ਪ੍ਰਦਰਸ਼ਨਕਾਰੀਆਂ ਨੂੰ ਕੋਠੀ ਤੋਂ ਕੁਝ ਮੀਟਰ ਪਿੱਛੇ ਪਾਸੀ ਰੋਡ 'ਤੇ ਹੀ ਰੋਕ ਲਿਆ। ਇਸ ਉਪਰੰਤ ਧਰਨਾਕਾਰੀ ਸੜਕ 'ਤੇ ਹੀ ਧਰਨਾ ਮਾਰ ਕੇ ਬੈਠ ਗਏ। ਇਸ ਦੌਰਾਨ ਆਵਾਜਾਈ 'ਚ ਵਿਘਨ ਪਿਆ। ਧਰਨੇ ਨੂੰ ਪ੍ਰਧਾਨ ਵਰਿੰਦਰ ਮੋਮੀ ਸਣੇ ਕੁਲਦੀਪ ਬੁੱਢੇਵਾਲ, ਹਾਕਮ ਧਨੇਠਾ, ਭੁਪਿੰਦਰ ਕੁਤਬੇਵਾਲ, ਜਸਵੀਰ ਜਿੰਦਵੜੀ ਅਤੇ ਬਲਜੀਤ ਭੱਟੀ ਨੇ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਉਹ ਮੰਗਾਂ ਦੀ ਪੂਰਤੀ ਲਈ 28 ਮਈ ਤੋਂ ਵਿਭਾਗ ਦੇ ਮੁੱਖ ਦਫਤਰ ਵਿਖੇ ਮੋਰਚਾ ਲਾ ਕੇ ਬੈਠੇ ਹਨ ਪਰ ਸਰਕਾਰ ਕੋਈ ਧਿਆਨ ਨਹੀਂ ਦੇ ਰਹੀ। ਇਸ ਕਾਰਨ ਅੱਜ ਸਿਹਤ ਮੰਤਰੀ ਦੀ ਕੋਠੀ ਅੱਗੇ ਪ੍ਰਦਰਸ਼ਨ ਕਰਨਾ ਪਿਆ ਹੈ।

# ਪ੍ਰਸ਼ਾਸਨ ਨੇ ਕੂੜਾ ਡੰਪ ਖ਼ਿਲਾਫ਼ ਲੱਗਿਆ ਮੋਰਚਾ ਹਟਾਇਆ



ਮਲੇਰਕੋਟਲਾ, 6 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਧਨੇਰ) ਦੀ ਅਗਵਾਈ ਹੇਠ ਸਥਾਨਕ ਮਤੋਈ ਰੋਡ 'ਤੇ ਨਗਰ ਕੌਂਸਲ ਦੇ ਕੂੜਾ ਡੰਪ ਖ਼ਿਲਾਫ਼ ਪਿਛਲੇ ਕਈ ਦਿਨਾਂ ਤੋਂ ਚੱਲ ਰਿਹਾ ਪੱਕਾ ਮੋਰਚਾ ਅੱਜ ਪ੍ਰਸ਼ਾਸਨ ਵੱਲੋਂ ਪੁਲੀਸ ਦੀ ਮੱਦਦ ਨਾਲ ਹਟਾ ਦਿੱਤਾ ਗਿਆ। ਪੁਲੀਸ ਮੁਲਾਜ਼ਮਾਂ ਵੱਲੋਂ ਮੋਰਚੇ ਦਾ ਟੈਂਟ, ਜਥੇਬੰਦੀਆਂ ਦੇ ਝੰਡੇ ਅਤੇ ਦਰੀਆਂ ਵਗੈਰਾ ਸਮੇਟਣ ਉਪਰੰਤ ਨਗਰ ਕੌਂਸਲ ਦੇ ਕਾਰਜਸਾਧਕ ਅਫਸਰ ਚੰਦਰ ਪ੍ਰਕਾਸ਼ ਵਧਵਾ ਦੀ ਹਾਜ਼ਰੀ ਵਿੱਚ ਕੌਂਸਲ ਕਰਮਚਾਰੀਆਂ ਨੇ ਕੂੜੇ ਦੀਆਂ ਟਰਾਲੀਆਂ ਡੰਪ 'ਤੇ ਮੁੜ ਸੁੱਟਣੀਆਂ ਸ਼ੁਰੂ ਕਰ ਦਿੱਤੀਆਂ।

ਪ੍ਰਸ਼ਾਸਨਿਕ ਕਾਰਵਾਈ ਵੇਲੇ ਨੇੜਲੇ ਪਰਿਵਾਰਾਂ ਦੀਆਂ ਕੁੱਝ ਔਰਤਾਂ ਹੀ ਮੋਰਚੇ 'ਤੇ ਮੌਜੂਦ ਸਨ ਪਰ ਉਨ੍ਹਾਂ ਨੇ ਕਾਰਵਾਈ ਦਾ ਕੋਈ ਵਿਰੋਧ ਨਹੀਂ ਕੀਤਾ। ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਧਨੇਰ) ਦੇ ਜ਼ਿਲ੍ਹਾ ਪ੍ਰਧਾਨ ਬੂਟਾ ਖਾਂ ਸੰਘੈਣ ਨੇ ਦੱਸਿਆ ਕਿ ਪ੍ਰਸ਼ਾਸਨਿਕ ਕਾਰਵਾਈ ਦਾ ਪਤਾ ਲਗਦਿਆਂ ਹੀ ਉਹ ਸਾਥੀਆਂ ਸਣੇ ਘਰੋਂ ਮੋਰਚੇ ਵਾਲੀ ਥਾਂ ਲਈ ਰਵਾਨਾ ਹੋਇਆ ਪਰ ਪੁਲੀਸ ਨੇ ਰਸਤੇ ਵਿੱਚੋਂ ਹੀ ਉਨ੍ਹਾਂ ਨੂੰ ਹਿਰਾਸਤ ਵਿਚ ਲੈ ਲਿਆ ਹੈ। ਉਨ੍ਹਾਂ ਦੱਸਿਆ ਕਿ ਮੋਰਚੇ ਦੇ ਕਰੀਬ ਅੱਧੀ ਦਰਜਨ ਆਗੂਆਂ ਨੂੰ ਥਾਣਾ ਸਿਟੀ-2 ਮਾਲੇਰਕੋਟਲਾ ਵਿੱਚ ਰੱਖਿਆ ਹੋਇਆ ਹੈ। ਕਿਸਾਨ ਆਗੂ ਮੁਤਾਬਕ ਉਸ ਨਾਲ ਥਾਣੇ ਲਿਆਂਦੇ ਆਗੂਆਂ ਵਿਚ ਹਸ਼ਨ ਮੁਹੰਮਦ ਸੰਘੈਣ, ਸਾਬਰ ਅਲੀ ਮਾਨਾਂ ਫਾਟਕ, ਪੱਪੂ, ਮਿੱਠੂ, ਸਲੀਮ, ਗਨੀ ਅਤੇ ਅਬਦੁਲ ਰਸ਼ੀਦ ਸ਼ਾਮਲ ਹਨ।

ਜ਼ਿਕਰਯੋਗ ਹੈ ਕਿ ਸਫਾਈ ਕਰਮਚਾਰੀਆਂ ਦੀ ਹੜਤਾਲ ਕਾਰਨ ਪਿਛਲੇ ਕਈ ਹਫ਼ਤਿਆਂ ਤੋਂ ਸ਼ਹਿਰ ਦੀਆਂ ਗਲੀਆਂ, ਚੌਂਕਾਂ ਵਿਚ ਕੂੜੇ ਅਤੇ ਗੰਦਗੀ ਦੇ ਢੇਰ ਪ੍ਰਸ਼ਾਸਨ ਦੇ ਗਲੇ ਦੀ ਹੱਡੀ ਬਣੇ ਹੋਏ ਹਨ। ਵਰ੍ਹਿਆਂ ਤੋਂ ਮਤੋਈ ਰੋਡ 'ਤੇ ਬਣਾਏ ਕੂੜੇ ਦੇ ਡੰਪ ਖ਼ਿਲਾਫ਼ ਲੋਕਾਂ ਨੇ ਬੀ ਕੇ ਯੂ ਡਕੌਂਦਾ ਦੀ ਅਗਵਾਈ ਹੇਠ ਪੱਕਾ ਮੋਰਚਾ ਲਾ ਕੇ ਨਗਰ ਕੌਂਸਲ ਨੂੰ ਨਵਾਂ ਕੂੜਾ ਸੁੱਟਣ ਤੋਂ ਰੋਕ ਦਿੱਤਾ ਸੀ।

### ਪੁਲੀਸ ਨੇ ਕਿਸੇ ਨੂੰ ਵੀ ਹਿਰਾਸਤ ਵਿੱਚ ਨਹੀਂ ਲਿਆ: ਥਾਣਾ ਮੁਖੀ

ਬੀਕੇਯੂ ਡਕੌਂਦਾ (ਧਨੇਰ) ਦੇ ਜ਼ਿਲ੍ਹਾ ਪ੍ਰਧਾਨ ਬੂਟਾ ਖਾਂ ਸੰਘੈਣ ਸਣੇ ਕਈ ਆਗੂਆਂ ਨੂੰ ਹਿਰਾਸਤ ਵਿਚ ਲੈ ਕੇ ਥਾਣਾ ਸਿਟੀ-2 ਮਾਲੇਰਕੋਟਲਾ ਰੱਖਣ ਤੋਂ ਸਪੱਸ਼ਟ ਇਨਕਾਰ ਕਰਦਿਆਂ ਐੱਸ ਐੱਚ ਓ ਸਬ ਇੰਸਪੈਕਟਰ ਦਰਸ਼ਨ ਸਿੰਘ ਨੇ ਦੱਸਿਆ ਕਿ ਅਧਿਕਾਰੀਆਂ ਵੱਲੋਂ ਕੁੱਝ ਆਗੂਆਂ ਨੂੰ ਗੱਲਬਾਤ ਕਰਨ ਲਈ ਹੀ ਬੁਲਾਇਆ ਗਿਆ ਸੀ। ਪੁਲੀਸ ਨੇ ਕਿਸੇ ਨੂੰ ਹਿਰਾਸਤ ਵਿੱਚ ਨਹੀਂ ਲਿਆ।

# ਗੈਂਗਸਟਰਾਂ ਤੇ ਸਮੱਗਲਰਾਂ ਦੀ ਹੁਣ ਖ਼ੈਰ ਨਹੀਂ ! ਤਜਰਬੇਕਾਰ ਆਈ. ਪੀ. ਐੱਸ. ਸਤਿੰਦਰ ਸਿੰਘ ਬਣੇ ਜਲੰਧਰ ਦੇ ਨਵੇਂ ਪੁਲਸ ਕਮਿਸ਼ਨਰ

**ਕੌਮੀ ਪਤ੍ਰਿਕਾ**

ਜਲੰਧਰ 6 ਜੂਨ। ਜਲੰਧਰ ਵਿਚ ਲਗਾਤਾਰ ਵਧ ਰਹੇ ਜੁਰਮਾਂ, ਗੈਂਗਸਟਰ ਸਰਗਰਮੀਆਂ, ਨਸ਼ਾ ਸਮੱਗਲਿੰਗ ਅਤੇ ਕਾਨੂੰਨ ਵਿਵਸਥਾ ਦੀ ਚੁਣੌਤੀਆਂ ਵਿਚ ਸੀਨੀਅਰ ਆਈ. ਪੀ. ਐੱਸ. ਅਧਿਕਾਰੀ ਸਤਿੰਦਰ ਸਿੰਘ ਨੂੰ ਪੁਲਸ ਕਮਿਸ਼ਨਰ ਜਲੰਧਰ ਦੀ ਜ਼ਿੰਮੇਵਾਰੀ ਦਿੱਤੇ ਜਾਣ ਨੂੰ ਪੁਲਸ ਪ੍ਰਸ਼ਾਸਨ ਦਾ ਵੱਡਾ ਕਦਮ ਮੰਨਿਆ ਜਾ ਰਿਹਾ ਹੈ। ਉਨ੍ਹਾਂ ਨੂੰ ਸਰਕਾਰ ਨੇ ਅੱਜ ਮੌਜੂਦਾ ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਦੀ ਥਾਂ ’ਤੇ ਨਿਯੁਕਤ ਕੀਤਾ ਹੈ। ਲੰਮੇ ਪ੍ਰਸ਼ਾਸਨਿਕ ਤਜਰਬੇ ਅਤੇ ਸਖ਼ਤ ਕਾਰਜਸ਼ੈਲੀ ਲਈ ਪਛਾਣ ਰੱਖਣ ਵਾਲੇ ਸਤਿੰਦਰ ਸਿੰਘ ਨੂੰ ਜੁਰਮ ਕੰਟਰੋਲ ਅਤੇ ਪੁਲਸਿੰਗ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਇਹ ਅਹਿਮ ਜ਼ਿੰਮੇਵਾਰੀ ਦਿੱਤੀ ਗਈ ਹੈ। ਪਿਛਲੇ ਕੁਝ ਸਮੇਂ ਤੋਂ ਜਲੰਧਰ ਵਿਚ ਅਪਰਾਧਿਕ ਘਟਨਾਵਾਂ ਲਗਾਤਾਰ ਵਧ ਰਹੀਆਂ ਸਨ। ਅੱਤਵਾਦੀਆਂ ਵੱਲੋਂ ਬੰਬ ਧਮਾਕੇ ਕਰਨ ਦੇ ਇਲਾਵਾ ਜਲੰਧਰ ਵਿਚ ਗੈਂਗਸਟਰਾਂ ਦੀਆਂ ਸਰਗਰਮੀਆਂ ਵਧੀਆਂ ਸਨ ਅਤੇ ਹੱਤਿਆਵਾਂ ਹੋ ਰਹੀਆਂ ਸਨ, ਜਿਸ ਨਾਲ ਜਨਤਾ ਵਿਚ ਖੌਫ ਦੇਖਿਆ ਜਾ ਰਿਹਾ ਸੀ। ਭਾਵੇਂ ਪੁਲਸ ਨੇ ਕਈ ਅਪਰਾਧਿਕ ਘਟਨਾਵਾਂ ਦਾ ਨਿਪਟਾਰਾ ਕੀਤਾ ਸੀ ਪਰ ਇਸ ਦੇ ਬਾਵਜੂਦ ਪੁਲਸ ਵਿਚ ਫੇਰਬਦਲ ਦੀਆਂ ਚਰਚਾਵਾਂ ਕਾਫੀ ਸਮੇਂ ਤੋਂ ਚੱਲ ਰਹੀਆਂ ਸਨ। ਸਤਿੰਦਰ ਸਿੰਘ ਪੰਜਾਬ ਕੇਡਰ ਦੇ 2010 ਬੈਚ ਦੇ ਆਈ. ਪੀ. ਐੱਸ. ਅਧਿਕਾਰੀ ਹਨ, ਜੋ ਸੂਬਾਈ ਪੁਲਸ ਸੇਵਾ ਤੋਂ ਤਰੱਕੀ ਹਾਸਲ ਕਰ ਕੇ ਆਈ. ਪੀ. ਐੱਸ. ਬਣੇ। ਉਨ੍ਹਾਂ ਆਪਣੇ ਪੁਲਸ ਕਰੀਅਰ ਵਿਚ ਕਈ ਮਹੱਤਵਪੂਰਨ ਜ਼ਿਲਿਆਂ ਅਤੇ ਸੰਵੇਦਨਸ਼ੀਲ ਇਲਾਕਿਆਂ ਵਿਚ ਸੇਵਾਵਾਂ ਦਿੱਤੀਆਂ ਹਨ ਤੇ ਕਾਨੂੰਨ ਵਿਵਸਥਾ




ਬਣਾਈ ਰੱਖਣ ਵਿਚ ਵਰਣਨਯੋਗ ਭੂਮਿਕਾ ਨਿਭਾਈ ਹੈ। ਮੌਜੂਦਾ ਸਰਕਾਰ ਦੌਰਾਨ ਉਹ ਸਾਲ 2024 ਵਿਚ ਐੱਸ. ਐੱਸ. ਪੀ. ਅੰਮ੍ਰਿਤਸਰ (ਦਿਹਾਤੀ) ਰਹੇ, ਜਿਸ ਦੇ ਬਾਅਦ ਉਨ੍ਹਾਂ ਨੂੰ ਡੀ. ਆਈ. ਜੀ. ਬਾਰਡਰ ਰੇਂਜ ਅੰਮ੍ਰਿਤਸਰ ਨਿਯੁਕਤ ਕੀਤਾ ਗਿਆ। ਬਾਰਡਰ ਰੇਂਜ ਵਿਚ ਕਾਰਜਕਾਲ ਦੌਰਾਨ ਉਨ੍ਹਾਂ ਨੇ ਸਰਹੱਦ ਪਾਰ ਤੋਂ ਸੰਚਾਲਿਤ ਅਪਰਾਧ ਨੈੱਟਵਰਕ, ਹਥਿਆਰ ਸਮੱਗਲਿੰਗ, ਨਸ਼ਾ ਸਮੱਗਲਿੰਗ, ਗੈਂਗਸਟਰ ਮਾਡਿਊਲ ਅਤੇ ਦੇਸ਼ ਵਿਰੋਧੀ ਸਰਗਰਮੀਆਂ ਖ਼?ਲਾਫ਼ ਕਈ ਵੱਡੀਆਂ ਮੁਹਿੰਮਾਂ ਦੀ ਨਿਗਰਾਨੀ ਕੀਤੀ। ਅੰਮ੍ਰਿਤਸਰ ਵਿਚ ਡੀ. ਆਈ. ਜੀ. ਬਾਰਡਰ ਰੇਂਜ ਦੇ ਅਹੁਦੇ ’ਤੇ ਰਹਿੰਦੇ ਹੋਏ ਉਨ੍ਹਾਂ ਕਈ ਗੰਭੀਰ ਅਪਰਾਧਿਕ ਮਾਮਲਿਆਂ ਨੂੰ ਸੁਲਝਾਉਣ ਵਿਚ ਮਹੱਤਵਪੂਰਨ ਭੂਮਿਕਾ ਨਿਭਾਈ। ਪੁਲਸ ਵੱਲੋਂ ਨਾਜਾਇਜ਼ ਹਥਿਆਰ ਸਮੱਗਲਿੰਗ ਨੈੱਟਵਰਕ ਖ਼?ਲਾਫ਼ ਕੀਤੀ ਗਈ ਕਾਰਵਾਈ, ਗੈਂਗਸਟਰ ਨੈੱਟਵਰਕ ’ਤੇ ਸ਼ਿਕੰਜਾ ਅਤੇ ਸਰਹੱਦੀ ਇਲਾਕਿਆਂ ਵਿਚ ਸੁਰੱਖਿਆ ਵਿਵਸਥਾ ਨੂੰ ਮਜ਼ਬੂਤ ਬਣਾਉਣ ਦੇ ਯਤਨਾਂ ਨੂੰ ਵਿਸ਼ੇਸ਼ ਰੂਪ ਨਾਲ ਸਲਾਹਿਆ ਗਿਆ। ਇਸ ਦੇ ਇਲਾਵਾ ਬਾਰਡਰ ਇਲਾਕਿਆਂ ਵਿਚ ਨਸ਼ਾ ਸਮੱਗਲਰਾਂ ਖ਼?ਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਗਈ। ਸਰਹੱਦੀ ਇਲਾਕਿਆਂ ਵੱਲੋਂ ਚਲਾਏ ਗਏ ਕਾਰਡਨ ਐਂਡ ਸਰਚ ਆਪ੍ਰੇਸ਼ਨ ਦੀ ਨਿਗਰਾਨੀ ਵੀ ਉਨ੍ਹਾਂ ਨੇ ਕੀਤੀ, ਜਿਸ ਦਾ ਉਦੇਸ਼ ਡਰੱਗ ਹਾਟ-ਸਪਾਟਸ ਨੂੰ ਖਤਮ ਕਰਨਾ ਅਤੇ ਮੁਜਰਿਮਾਂ ਦੇ ਨੈੱਟਵਰਕ ਨੂੰ ਤੋੜਨਾ ਸੀ। ਹਾਲ ਹੀ ਦੇ ਸਾਲਾਂ ਵਿਚ ਪੰਜਾਬ ਵਿਚ ਗੈਂਗਸਟਰ ਸਰਗਰਮੀਆਂ, ਫਿਰੌਤੀ, ਹਥਿਆਰਾਂ ਦੀ ਸਮੱਗਲਿੰਗ ਅਤੇ ਸਰਹੱਦ ਪਾਰ ਤੋਂ ਸੰਚਾਲਿਤ ਅਪਰਾਧਿਕ ਨੈੱਟਵਰਕ ਵੱਡੀ ਚੁਣੌਤੀ ਬਣੇ ਹੋਏ ਹਨ। ਅਜਿਹੇ ਸਮੇਂ ਵਿਚ ਸਤਿੰਦਰ ਸਿੰਘ ਵਰਗੇ ਤਜਰਬੇਕਾਰ ਅਧਿਕਾਰੀ ਨੂੰ ਜਲੰਧਰ ਦੀ ਕਮਾਨ ਸੌਂਪਣਾ ਪੁਲਸ ਵਿਭਾਗ ਦੀ ਰਣਨੀਤਿਕ ਨਿਯੁਕਤੀ ਮੰਨਿਆ ਜਾ ਰਿਹਾ ਹੈ। ਸਤਿੰਦਰ ਸਿੰਘ ਦਾ ਜਲੰਧਰ ਨਾਲ ਪੁਰਾਣਾ ਨਾਤਾ ਹੈ। ਉਨ੍ਹਾਂ ਨੂੰ ਜਲੰਧਰ ਬਾਰੇ ਪੂਰੀ ਜਾਣਕਾਰੀ ਹੈ ਅਤੇ ਇਸ ਨੂੰ ਦੇਖਦੇ ਹੋਏ ਹੀ ਉਨ੍ਹਾਂ ਨੂੰ ਜਲੰਧਰ ਵਿਚ ਕਮਿਸ਼ਨਰ ਦੇ ਅਹੁਦੇ ’ਤੇ ਤਾਇਨਾਤ ਕੀਤਾ ਗਿਆ ਹੈ।

## ਨਸ਼ੇ ਦੀ ਭੇਟ ਚੜ੍ਹਿਆ ਇਕ ਹੋਰ ਨੌਜਵਾਨ, ਪਹਿਲਾਂ ਵੀ ਪਰਿਵਾਰ ਦੇ 2 ਮੈਂਬਰਾਂ ਦੀ ਹੋ ਚੁੱਕੀ ਮੌਤ

ਅੰਮ੍ਰਿਤਸਰ 6 ਜੂਨ। ਸਰਹੱਦੀ ਪਿੰਡ ਅਟਾਰੀ ’ਚ ਨਸ਼ੇ ਨੇ ਇੱਕ ਹੋਰ ਨੌਜਵਾਨ ਦੀ ਜਾਨ ਲੈ ਲਈ ਹੈ। ਜਾਣਕਾਰੀ ਅਨੁਸਾਰ ਪਿੰਡ ਦੇ ਰਹਿਣ ਵਾਲੇ ਗਗਨਦੀਪ ਸਿੰਘ ਦੀ ਚਿੱਟੇ ਦੀ ਓਵਰਡੋਜ਼ ਕਾਰਨ ਮੌਤ ਹੋ ਗਈ। ਹੈਰਾਨੀ ਦੀ ਗੱਲ ਇਹ ਹੈ ਕਿ ਇਸੇ ਪਰਿਵਾਰ ਦੇ ਦੋ ਹੋਰ ਮੈਂਬਰਾਂ ਦੀ ਵੀ ਪਹਿਲਾਂ ਨਸ਼ੇ ਦੀ ਲਤ ਕਾਰਨ ਮੌਤ ਹੋ ਚੁੱਕੀ ਹੈ। ਪਿੰਡ ਦੇ ਸਰਪੰਚ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਸਰਕਾਰ ਵੱਲੋਂ ਭਾਵੇਂ ਨਸ਼ੇ ’ਤੇ ਰੋਕ ਦੇ ਦਾਅਵੇ ਕੀਤੇ ਜਾ ਰਹੇ ਹਨ, ਪਰ ਸਰਹੱਦੀ ਇਲਾਕਿਆਂ ਵਿੱਚ ਹਾਲਾਤ ਅਜੇ ਵੀ ਚਿੰਤਾਜਨਕ ਹਨ। ਉਨ੍ਹਾਂ ਕਿਹਾ ਕਿ ਸਾਲ 2016 ਤੋਂ ਹੁਣ ਤੱਕ ਪਿੰਡ ਵਿੱਚ 200 ਤੋਂ ਵੱਧ ਲੋਕਾਂ ਦੀ ਮੌਤ ਨਸ਼ੇ ਕਾਰਨ ਹੋ ਚੁੱਕੀ ਹੈ, ਪਰ ਨਸ਼ੇ ਦੀ ਸਪਲਾਈ ਰੋਕਣ ਲਈ ਕੋਈ ਢੁੱਕਵੇਂ ਕਦਮ ਨਹੀਂ ਚੁੱਕੇ ਗਏ। ਸਰਪੰਚ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਸਰਹੱਦੀ ਪਿੰਡਾਂ ਵਿੱਚ ਇਸ ਸਮੇਂ ਡਰੋਨਾਂ ਦੀ ਆਵਾਜਾਈ ਪਹਿਲਾਂ ਨਾਲੋਂ ਕਾਫ਼ੀ ਵੱਧ ਗਈ ਹੈ।

## ਕੇਵਲ ਸਿੰਘ ਢਿੱਲੋਂ ਦਾ ਕੈਪਟਨ ਨੂੰ ਮੋੜਵਾਂ ਜਵਾਬ

ਚੰਡੀਗੜ੍ਹ 6 ਜੂਨ। ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਭਾਰਤੀ ਜਨਤਾ ਪਾਰਟੀ ਵਲੋਂ ਪੂਰੀ ਤਿਆਰੀ ਖਿੱਚ ਲਈ ਗਈ ਹੈ। ਇਸ ਦੇ ਮੱਦੇਨਜ਼ਰ ਪਾਰਟੀ ਵਲੋਂ ਸਿਆਸੀ ਫੇਰਬਦਲ ਕਰਦਿਆਂ ਕੇਵਲ ਸਿੰਘ ਢਿੱਲੋਂ ਨੂੰ ਪੰਜਾਬ ਭਾਜਪਾ ਦਾ ਨਵਾਂ ਪ੍ਰਧਾਨ ਲਾਇਆ ਗਿਆ ਹੈ, ਜਿਸ ਤੋਂ ਬਾਅਦ ਕੈਪਟਨ ਅਮਰਿੰਦਰ ਸਿੰਘ ਵਲੋਂ ਨਾਰਾਜ਼ਗੀ ਜਤਾਈ ਗਈ ਸੀ। ਕੈਪਟਨ ਅਮਰਿੰਦਰ ਸਿੰਘ ਵਲੋਂ ਜਨਤਕ ਤੌਰ ’ਤੇ ਇਹ ਬਿਆਨ ਜਾਰੀ ਕੀਤਾ ਗਿਆ ਸੀ ਕਿ ਕੇਵਲ ਢਿੱਲੋਂ ਪਾਰਟੀ ਦੀਆਂ ਸਿਆਸੀ ਖ਼ਾਹਿਸ਼ਾਂ ’ਤੇ ਖ਼ਰੇ ਨਹੀਂ ਉਤਰ ਸਕਣਗੇ। ‘ਪੰਜਾਬੀ ਟ੍ਰਿਬਿਊਨ’ ਨੂੰ ਦਿੱਤੇ ਗਏ ਇੰਟਰਵਿਊ ’ਚ ਕੇਵਲ ਸਿੰਘ



ਢਿੱਲੋਂ ਵਲੋਂ ਕੈਪਟਨ ਨੂੰ ਮੋੜਵਾਂ ਜਵਾਬ ਦਿੱਤਾ ਗਿਆ ਹੈ। ਉਨ੍ਹਾਂ ਨੇ ਕੈਪਟਨ ਨੂੰ ਆਪਣਾ ਵੱਡੇ ਭਰਾ ਵਰਗਾ ਦੱਸਦਿਆਂ ਨਾਲ ਹੀ ਕਿਹਾ ਕਿ ਕੈਪਟਨ ਨੂੰ ਆਪਣੀ ਸਿਆਸੀ ਵੁੱਕਤ ਘਟਣ ਦਾ ਮਲਾਲ ਹੈ, ਜਿਸ ਕਾਰਨ ਉਨ੍ਹਾਂ ਵਲੋਂ ਅਜਿਹੇ ਬਿਆਨ ਦਿੱਤੇ ਗਏ ਹਨ। ਉਨ੍ਹਾਂ ਨੇ ’ਜਗ ਬਾਣੀ’ ਨੂੰ ਦਿੱਤੇ ਆਪਣੇ ਇੰਟਰਵਿਊ ’ਚ ਕਿਹਾ ਕਿ ਕੈਪਟਨ ਬਹੁਤ ਹੀ ਸੂਝਵਾਨ ਇਨਸਾਨ ਹਨ ਅਤੇ ਅਸੀਂ ਇਕੱਠੇ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਕੈਪਟਨ ਸਾਹਿਬ ਨੂੰ ਸ਼ਾਇਦ ਨਾਰਾਜ਼ਗੀ ਹੈ ਕਿ ਮੈਨੂੰ ਪ੍ਰਧਾਨ ਲਾਉਣ ਬਾਰੇ ਉਨ੍ਹਾਂ ਨਾਲ ਕੋਈ ਗੱਲਬਾਤ ਨਹੀਂ ਕੀਤੀ ਗਈ ਪਰ ਇਹ ਤਾਂ ਮੈਨੂੰ ਵੀ ਨਹੀਂ ਪਤਾ ਸੀ ਕਿਉਂਕਿ ਭਾਜਪਾ ਦਾ ਕੰਮ ਕਰਨ ਦਾ ਤਰੀਕਾ ਅਲੱਗ ਹੈ। ਭਾਜਪਾ ਦੇ ਪੁਰਾਣੇ ਲੀਡਰਾਂ ਨੂੰ ਨਜ਼ਰ-ਅੰਦਾਜ਼ ਕਰਨ ਵਾਲੇ ਬਿਆਨ ਦਾ ਜਵਾਬ ਦਿੰਦਿਆਂ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਇਹ ਕੈਪਟਨ ਸਾਹਿਬ ਦੀ ਸੋਚ ਹੈ ਅਤੇ ਅਸੀਂ ਕਿਸੇ ਦੀ ਸੋਚ ਬਾਰੇ ਕੀ ਕਹਿ ਸਕਦੇ ਹਾਂ। ਢਿੱਲੋਂ ਨੇ ਕਿਹਾ ਕਿ ਜਦੋਂ ਮੈਨੂੰ ਪ੍ਰਧਾਨ ਬਣਾਇਆ ਗਿਆ ਤਾਂ ਕੈਪਟਨ ਸਾਹਿਬ ਨੇ ਮੈਨੂੰ ਮੁਬਾਰਕਾਂ ਦਿੱਤੀਆਂ ਸੀ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀ ਅਗਾਂਹਵਧੂ ਸੋਚ ਹੈ ਅਤੇ ਮੈਂ ਇਸ ਸੋਚ ਦੀ ਕਦਰ ਕਰਦਾ ਹਾਂ। ਇਹ ਪਾਰਟੀ ਸੰਗਠਨ ਨਾਲ ਜੁੜੀ ਹੋਈ ਹੈ ਅਤੇ ਪਾਰਟੀ ਨੂੰ ਹਰ ਵਿਅਕਤੀ ਦੇ ਕੰਮ ਕਾਰ ਦਾ ਪਤਾ ਹੈ। ਇਹ ਬਹੁਤ ਮਿਹਨਤੀ ਪਾਰਟੀ ਹੈ ਅਤੇ ਤਾਂ ਹੀ ਇਸ ਮੁਕਾਮ ’ਤੇ ਪੁੱਜੀ ਹੈ। ਦੱਸ ਦੇਈਏ ਕਿ ਕੇਵਲ ਸਿੰਘ ਢਿੱਲੋਂ ਬਾਰੇ ਦਿੱਤੇ ਗਏ ਉਕਤ ਬਿਆਨ ਕਾਰਨ ਕੈਪਟਨ ਅਮਰਿੰਦਰ ਸਿੰਘ ਹੁਣ ਭਾਜਪਾ ਆਗੂਆਂ ਦੇ ਨਿਸ਼ਾਨੇ ’ਤੇ ਆ ਚੁੱਕੇ ਹਨ ਅਤੇ ਭਾਜਪਾ ਆਗੂ ਰਵਨੀਤ ਸਿੰਘ ਬਿੱਟੂ ਵਲੋਂ ਵੀ ਕੈਪਟਨ ਖ਼?ਲਾਫ਼ ਬਿਆਨਬਾਜ਼ੀ ਕੀਤੀ ਗਈ ਹੈ। ਰਵਨੀਤ ਬਿੱਟੂ ਦਾ ਕਹਿਣਾ ਹੈ ਕਿ ਕੈਪਟਨ ਹੁਣ ਬਜ਼ੁਰਗ ਹੋ ਚੁੱਕੇ ਹਨ ਅਤੇ ਉਨ੍ਹਾਂ ਨੂੰ ਦੂਜਿਆਂ ਨੂੰ ਅਸ਼ੀਰਵਾਦ ਦੇਣਾ ਚਾਹੀਦਾ ਹੈ।

# 1.1 ਲੱਖ ਕਰੋੜ ਰੁਪਏ ਦਾ ਕੋਈ ਦਾਅਵੇਦਾਰ, ਬੈਂਕਾਂ ਤੇ ਬੀਮਾ ਕੰਪਨੀਆਂ ਕੋਲ ਪਿਆ ਹੈ ਲਾਵਾਰਿਸ ‘ਖ਼ਜ਼ਾਨਾ’ !

ਬਿਜ਼ਨੈੱਸ ਡੈਸਕ 6 ਜੂਨ। ਭਾਰਤ ਵਿੱਚ ਵਿੱਤੀ ਸੰਪਤੀਆਂ ਦਾ ਇੱਕ ਅਜਿਹਾ ਪਹਾੜ ਖੜ੍ਹਾ ਹੋ ਗਿਆ ਹੈ, ਜਿਸ ਦਾ ਕੋਈ ਮਾਲਕ ਨਹੀਂ ਲੱਭ ਰਿਹਾ। ਸਰਕਾਰ ਵੱਲੋਂ ਲੋਕ ਸਭਾ ਵਿੱਚ ਦਿੱਤੀ ਗਈ ਜਾਣਕਾਰੀ ਅਨੁਸਾਰ, ਵਿੱਤ ਸਾਲ 2026 ਤੱਕ ਦੇਸ਼ ਵਿੱਚ ਬਿਨਾਂ ਦਾਅਵੇ ਵਾਲੀ ਕੁੱਲ ਵਿੱਤੀ ਸੰਪਤੀ ਦਾ ਅੰਕੜਾ ਵਧ ਕੇ ਲਗਭਗ 1.1 ਲੱਖ ਕਰੋੜ ਰੁਪਏ ਤੱਕ ਪਹੁੰਚ ਗਿਆ ਹੈ। ਬੈਂਕ ਖਾਤੇ: ਲਗਭਗ 83,000 ਕਰੋੜ ਰੁਪਏ ਅਜਿਹੇ ਬੈਂਕ ਖਾਤਿਆਂ ਵਿੱਚ ਪਏ ਹਨ, ਜਿਨ੍ਹਾਂ ਦਾ ਲੰਬੇ ਸਮੇਂ ਤੋਂ ਕੋਈ ਵਾਲੀ-ਵਾਰਿਸ ਸਾਹਮਣੇ ਨਹੀਂ ਆਇਆ। ਬੀਮਾ ਪਾਲਿਸੀਆਂ: ਕਰੀਬ 14,000 ਕਰੋੜ ਰੁਪਏ ਦੀਆਂ ਬੀਮਾ ਪਾਲਿਸੀਆਂ ਦੇ ਮਾਲਕਾਂ ਜਾਂ ਉਨ੍ਹਾਂ ਦੇ ਉੱਤਰਾਧਿਕਾਰੀਆਂ ਦਾ ਕੋਈ ਪਤਾ ਨਹੀਂ ਹੈ। ਸ਼ੇਅਰ ਬਾਜ਼ਾਰ: ਲਗਭਗ 10,000 ਕਰੋੜ ਰੁਪਏ ਦੇ ਸ਼ੇਅਰ ਅਜਿਹੇ ਹਨ, ਜਿਨ੍ਹਾਂ ’ਤੇ ਕਿਸੇ ਨੇ ਦਾਅਵਾ ਨਹੀਂ ਕੀਤਾ। ਮਾਹਰਾਂ ਅਨੁਸਾਰ, ਇਸ ਦੇ ਪਿੱਛੇ ਕਈ ਤਕਨੀਕੀ ਅਤੇ ਲਾਪਰਵਾਹੀ ਵਾਲੇ ਕਾਰਨ ਹਨ: KYC ਦੀਆਂ ਦਿੱਕਤਾਂ: ਪੁਰਾਣੇ ਖਾਤਿਆਂ ਵਿੱਚ ਕੇਵਾਈਸੀ ਅਪਡੇਟ ਨਾ ਹੋਣਾ ਜਾਂ ਰਿਕਾਰਡ ਵਿੱਚ ਗੜਬੜੀ ਹੋਣਾ। ਨਾਮ ਅਤੇ ਪਤੇ ਵਿੱਚ ਅੰਤਰ: ਦਸਤਾਵੇਜ਼ਾਂ ਵਿੱਚ ਨਾਮ ਦੀ ਸਪੈਲਿੰਗ ਜਾਂ ਪਤੇ ਦਾ ਮੇਲ ਨਾ ਖਾਣਾ। ਨੌਮਿਨੀ ਨਾ ਹੋਣਾ: ਖਾਤਾ ਖੋਲ੍ਹਣ ਵੇਲੇ ਕਿਸੇ ਵਾਰਿਸ ਜਾਂ ਨੌਮਿਨੀ ਦਾ ਨਾਮ ਦਰਜ ਨਾ ਕਰਵਾਉਣਾ ਸਭ ਤੋਂ ਵੱਡੀ ਸਮੱਸਿਆ ਬਣਦਾ ਹੈ। ਉੱਤਰਾਧਿਕਾਰ ਵਿਵਾਦ: ਕਈ ਮਾਮਲਿਆਂ ਵਿੱਚ ਪਰਿਵਾਰਕ ਝਗੜਿਆਂ ਕਾਰਨ ਵੀ ਰਕਮ ਫਸੀ ਰਹਿ ਜਾਂਦੀ ਹੈ। ਨਹੀਂ, ਇਹ ਪੈਸਾ ਬਿਲਕੁਲ ਸੁਰੱਖਿਅਤ ਰਹਿੰਦਾ ਹੈ। ਬੈਂਕਾਂ ਵਿੱਚ ਪਿਆ ਅਣਪਛਾਤਾ ਪੈਸਾ RBI ਦੇ ਡਿਪਾਜ਼ਿਟਰ ਐਜੂਕੇਸ਼ਨ ਐਂਡ ਅਵੇਅਰਨੈੱਸ ਫੰਡ ਵਿੱਚ ਭੇਜ ਦਿੱਤਾ ਜਾਂਦਾ ਹੈ। ਸ਼ੇਅਰਾਂ ਦਾ ਪੈਸਾ SEBI ਦੇ ਨਿਵੇਸ਼ਕ ਸੁਰੱਖਿਆ ਅਤੇ ਸਿੱਖਿਆ ਕੋਸ਼ ਵਿੱਚ ਰੱਖਿਆ ਜਾਂਦਾ ਹੈ। ਜੇਕਰ ਤੁਹਾਡੇ ਕੋਲ ਸਹੀ ਦਸਤਾਵੇਜ਼ ਹਨ, ਤਾਂ ਤੁਸੀਂ ਕਿਸੇ ਵੀ ਸਮੇਂ ਇਸ ਪੈਸੇ ’ਤੇ ਦਾਅਵਾ ਕਰਕੇ ਇਸਨੂੰ ਵਾਪਸ ਲੈ ਸਕਦੇ ਹੋ। ਸਰਕਾਰ ਅਤੇ ਰੈਗੂਲੇਟਰੀ ਸੰਸਥਾਵਾਂ ਨੇ “ਯੋਰ ਮਨੀ, ਯੋਰ ਰਾਈਟ”(ਤੁਹਾਡਾ ਪੈਸਾ, ਤੁਹਾਡਾ ਹੱਕ) ਮੁਹਿੰਮ ਚਲਾਈ ਹੈ, ਜਿਸ ਰਾਹੀਂ ਹੁਣ ਤੱਕ 5,777 ਕਰੋੜ ਰੁਪਏ ਦੀ ਰਕਮ ਲੋਕਾਂ ਨੂੰ ਵਾਪਸ ਦਵਾਈ ਜਾ ਚੁੱਕੀ ਹੈ। ਇਸ ਦੇ ਬਾਵਜੂਦ, ਹਰ ਸਾਲ ਲਾਵਾਰਿਸ ਪੈਸੇ ਦਾ ਅੰਕੜਾ ਵਧਦਾ ਜਾ ਰਿਹਾ ਹੈ, ਜੋ ਕਿ ਆਉਣ ਵਾਲੇ ਸਮੇਂ ਵਿੱਚ ਇੱਕ ਵੱਡੀ ਚੁਣੌਤੀ ਬਣ ਸਕਦਾ ਹੈ।

# ਜਲਾਲਾਬਾਦ ’ਚ ਸ਼ਾਰਟ ਸਰਕਟ ਕਾਰਨ ਵਾਪਰੀ ਘਟਨਾ ਮਗਰੋਂ ਐਸਜੀਪੀਸੀ ਨੇ ਗੁਰਦੁਆਰਾ ਸਾਹਿਬਾਨ ਲਈ ਜਾਰੀ ਕੀਤੇ ਨਿਰਦੇਸ਼

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 6 ਜੂਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੱਜ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਅੰਤਰਿਮ ਕਮੇਟੀ ਦੀ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਲਾਲਾਬਾਦ ’ਚ ਸ਼ਾਰਟ ਸਰਕਟ ਕਾਰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੇ ਅਗਨ ਭੇਟ ਹੋਣ ਦੀ ਮੰਦਭਾਗੀ ਘਟਨਾ ’ਤੇ ਡੂੰਘਾ ਦੁੱਖ ਪ੍ਰਗਟ ਕੀਤਾ। ਉਨ੍ਹਾਂ ਦੱਸਿਆ ਕਿ ਐਗਜ਼ੈਕਟਿਵ ਕਮੇਟੀ ਦੀ ਮੀਟਿੰਗ ਦੌਰਾਨ ਫ਼ੈਸਲਾ ਕੀਤਾ ਗਿਆ ਹੈ ਕਿ ਗਰਮੀ ਦੇ ਮੌਸਮ ਵਿੱਚ ਗੁਰਦੁਆਰਾ ਸਾਹਿਬਾਨ ਅੰਦਰ ਟੇਬਲ ਫੈਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਦੇ ਬਿਲਕੁਲ ਨੇੜੇ ਨਾ ਲਗਾਏ ਜਾਣ। ਉਨ੍ਹਾਂ ਕਿਹਾ ਕਿ ਕਈ ਵਾਰ ਚੰਦੋਆ ਫੈਨ ਵਿੱਚ ਫਸਣ ਕਾਰਨ ਸ਼ਾਰਟ ਸਰਕਟ ਵੀ ਹੋ ਜਾਂਦਾ ਹੈ, ਜਿਸ ਨਾਲ ਵੱਡਾ ਹਾਦਸਾ ਵਾਪਰ ਸਕਦਾ ਹੈ। ਇਸ ਦੇ ਨਾਲ ਹੀ ਬਿਜਲੀ ਦੀਆਂ ਲੜੀਆਂ ਵੀ ਪਾਲਕੀ ਸਾਹਿਬ ਜਾਂ ਸਰੂਪਾਂ ਦੇ ਬਹੁਤ ਨੇੜੇ ਨਾ ਲਗਾਉਣ ਦੀ ਅਪੀਲ ਕੀਤੀ ਗਈ ਹੈ। ਬੇਅਦਬੀ ਕਾਨੂੰਨ ਵਿੱਚ ਪ੍ਰਸਤਾਵਿਤ ਸੋਧਾਂ ਬਾਰੇ ਗੱਲ ਕਰਦਿਆਂ ਐਸਜੀਪੀਸੀ ਪ੍ਰਧਾਨ ਨੇ ਸਪੱਸ਼ਟ ਕੀਤਾ ਕਿ ਉਹ ਕਾਨੂੰਨ ਦਾ ਵਿਰੋਧ ਨਹੀਂ ਕਰ ਰਹੇ, ਸਗੋਂ ਕੁਝ ਸੋਧਾਂ ਸਬੰਧੀ ਆਪਣਾ ਇਤਰਾਜ਼ ਦਰਜ ਕਰਵਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਕਈ ਪੰਥਕ ਅਤੇ ਸਿਆਸੀ ਧਿਰਾਂ ਵੀ ਇਸ ਮਾਮਲੇ ਵਿੱਚ ਆਪਣਾ ਵਿਰੋਧ ਜ਼ਾਹਰ ਕਰ ਚੁੱਕੀਆਂ ਹਨ ਅਤੇ ਸਰਕਾਰ ਨੂੰ ਸੰਗਤਾਂ ਦੀ ਭਾਵਨਾ ਦਾ



ਸਤਿਕਾਰ ਕਰਦਿਆਂ ਮੁੜ ਵਿਚਾਰ ਕਰਨਾ ਚਾਹੀਦਾ ਹੈ। ਜੂਨ 1984 ਦੇ ਘੱਲੂਘਾਰੇ ਨੂੰ ਯਾਦ ਕਰਦਿਆਂ ਧਾਮੀ ਨੇ ਕਿਹਾ ਕਿ ਇਹ ਮਹੀਨਾ ਸਿੱਖ ਕੌਮ ਲਈ ਡੂੰਘੇ ਦਰਦ ਅਤੇ ਸੰਵੇਦਨਾ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ’ਤੇ ਹੋਏ ਹਮਲੇ ਦੀਆਂ ਯਾਦਾਂ ਅੱਜ ਵੀ ਸਿੱਖ ਮਨਾਂ ਨੂੰ ਝੰਜੋੜਦੀਆਂ ਹਨ। ਉਨ੍ਹਾਂ ਦੱਸਿਆ ਕਿ 6 ਜੂਨ ਨੂੰ ਜ਼ਖ਼ਮੀ ਸਰੂਪਾਂ ਦੇ ਸੰਬੰਧ ਵਿੱਚ ਵਿਸ਼ੇਸ਼ ਸਮਾਗਮ ਕਰਵਾਇਆ ਜਾਵੇਗਾ ਅਤੇ ਇਸ ਵਾਰ ਸੰਗਤਾਂ ਨੂੰ ਜ਼ਖ਼ਮੀ ਸਰੂਪਾਂ ਦੇ ਦਰਸ਼ਨ ਵੀ ਕੇਵਲ 6 ਜੂਨ ਨੂੰ ਹੀ ਕਰਵਾਏ ਜਾਣਗੇ। ਇਸ ਮੌਕੇ ਉਨ੍ਹਾਂ ਐਸਜੀਪੀਸੀ ਵੱਲੋਂ ਕਰਮਚਾਰੀਆਂ ਅਤੇ ਸ਼ਹੀਦ ਪਰਿਵਾਰਾਂ ਲਈ ਚਲਾਈਆਂ ਜਾ ਰਹੀਆਂ ਭਲਾਈ ਯੋਜਨਾਵਾਂ ਦਾ ਵੀ ਜ਼ਿਕਰ ਕੀਤਾ ਅਤੇ ਕਿਹਾ ਕਿ ਸੰਸਥਾ ਆਪਣੀਆਂ ਰਵਾਇਤੀ ਜ਼ਿੰਮੇਵਾਰੀਆਂ ਅਨੁਸਾਰ ਇਹ ਸੇਵਾਵਾਂ ਜਾਰੀ ਰੱਖੇਗੀ। ਧਾਮੀ ਨੇ ਦੱਸਿਆ ਕਿ 18 ਜੂਨ ਨੂੰ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਮੌਕੇ ਵੀ ਐਸਜੀਪੀਸੀ ਵੱਲੋਂ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਐਸਜੀਪੀਸੀ ਵੱਲੋਂ 1984 ਨਾਲ ਸਬੰਧਤ ਮਾਮਲਿਆਂ ਅਤੇ ਇਤਿਹਾਸਕ ਨੁਕਸਾਨ ਦੇ ਮੁਲਾਂਕਣ ਸਬੰਧੀ ਕਾਨੂੰਨੀ ਲੜਾਈ ਵੀ ਜਾਰੀ ਹੈ ਅਤੇ ਕੌਮ ਦੇ ਹਿੱਤਾਂ ਦੀ ਰੱਖਿਆ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

## ਪੋਲਟਰੀ ਫਾਰਮ ਦੇ ਸ਼ੈੱਡ ’ਚ ਲੱਗੀ ਭਿਆਨਕ ਅੱਗ

ਅਬੋਹਰ 6 ਜੂਨ। ਨੇੜਲੇ ਪਿੰਡ ਢਾਬਾ ਕੋਕਰੀਆਂ ’ਚ ਅੱਜ ਦੁਪਹਿਰ ਇੱਕ ਪੋਲਟਰੀ ਫਾਰਮ ’ਚ ਭਿਆਨਕ ਅੱਗ ਲੱਗ ਗਈ, ਜਿਸ ਕਾਰਨ ਲਗਭਗ 4,000 ਮੁਰਗੀਆਂ ਦੀ ਮੌਤ ਹੋ ਗਈ। ਇਸ ਘਟਨਾ ’ਚ ਪੋਲਟਰੀ ਮਾਲਕ ਨੂੰ ਲੱਖਾਂ ਰੁਪਏ ਦਾ ਨੁਕਸਾਨ ਹੋਇਆ। ਅਬੋਹਰ ਤੋਂ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੇ ਅੱਗ ’ਤੇ ਕਾਬੂ ਪਾਇਆ। ਦੱਸਿਆ ਜਾ ਰਿਹਾ ਹੈ ਕਿ ਅੱਗ ਸ਼ਾਰਟ ਸਰਕਟ ਕਾਰਨ ਲੱਗੀ ਹੈ। ਜਾਣਕਾਰੀ ਦਿੰਦੇ ਹੋਏ ਮਨਦੀਪ ਸਿੰਘ ਪੁੱਤਰ ਖਰੈਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦਾ ਕਰੀਬ 3-4 ਕਨਾਲਾਂ ਵਿੱਚ ਫੈਲਿਆ ਇੱਕ ਪੋਲਟਰੀ ਫਾਰਮ ਹੈ, ਜਿਸ ’ਚ ਲਗਭਗ 8,000 ਮੁਰਗੀਆਂ ਹਨ। ਅੱਜ ਦੁਪਹਿਰ 12 ਵਜੇ ਸ਼ਾਰਟ ਸਰਕਟ ਕਾਰਨ ਪੋਲਟਰੀ ਫਾਰਮ ’ਚ ਅਚਾਨਕ ਅੱਗ ਲੱਗ ਗਈ।

# ਕਾਂਗੋ ’ਚ ਇਬੋਲਾ ਦਾ ਕਹਿਰ ! 300 ਨੇੜੇ ਪੁੱਜੀ ਮਰੀਜ਼ਾਂ ਦੀ ਗਿਣਤੀ, ਹਾਈ ਅਲਰਟ ’ਤੇ ਪ੍ਰਸ਼ਾਸਨ

**ਕੌਮੀ ਪਤ੍ਰਿਕਾ**

ਇੰਟਰਨੈਸ਼ਨਲ ਡੈਸਕ 6 ਜੂਨ। ਅਫ਼ਰੀਕੀ ਦੇਸ਼ ਕਾਂਗੋ ’ਚ ‘ਇਬੋਲਾ’ ਵਾਇਰਸ ਤੇਜ਼ੀ ਨਾਲ ਪੈਰ ਪਸਾਰ ਰਿਹਾ ਹੈ। ਕਾਂਗੋ ਦੇ ਸਿਹਤ ਮੰਤਰਾਲੇ ਵੱਲੋਂ ਜਾਰੀ ਤਾਜ਼ਾ ਅੰਕੜਿਆਂ ਮੁਤਾਬਕ ਦੇਸ਼ ਵਿੱਚ ਇਬੋਲਾ ਦੇ ਘੱਟੋ-ਘੱਟ 282 ਪੁਸ਼ਟੀ ਕੀਤੇ ਮਾਮਲੇ ਸਾਹਮਣੇ ਆ ਚੁੱਕੇ ਹਨ। ਸਿਹਤ ਮਾਹਿਰਾਂ ਲਈ ਸਭ ਤੋਂ ਵੱਡੀ ਚਿੰਤਾ ਦੀ ਗੱਲ ਇਹ ਹੈ ਕਿ ਇਬੋਲਾ ਦੇ ਇਸ ਮੌਜੂਦਾ ਵੈਰੀਐਂਟ ਦਾ ਹਾਲੇ ਤੱਕ ਦੁਨੀਆ ਵਿੱਚ ਕੋਈ ਪੱਕਾ ਇਲਾਜ ਜਾਂ ਵੈਕਸੀਨ ਉਪਲਬਧ ਨਹੀਂ ਹੈ। ਸਿਹਤ ਮੰਤਰਾਲੇ ਮੁਤਾਬਕ, ਇਬੋਲਾ ਦੀ ਇਹ ਤਾਜ਼ਾ ਲਹਿਰ ਕਾਂਗੋ ਦੇ ਇਤੁਰੀ ਪ੍ਰਾਂਤ ਤੋਂ ਸ਼ੁਰੂ ਹੋਈ ਸੀ, ਜੋ ਹੁਣ ਇਸ ਦਾ ਮੁੱਖ ਕੇਂਦਰ ਬਣ ਚੁੱਕਾ ਹੈ। ਕੁੱਲ 282 ਮਾਮਲਿਆਂ ਵਿੱਚੋਂ ਇਕੱਲੇ ਇਤੁਰੀ ਪ੍ਰਾਂਤ ਵਿੱਚ ਹੀ 264 ਮਾਮਲੇ ਦਰਜ ਕੀਤੇ ਗਏ ਹਨ। ਇਸ ਤੋਂ ਇਲਾਵਾ, ਦੇਸ਼ ਵਿੱਚ ਇਬੋਲਾ ਦੇ ‘ਬੁੰਡੀਬੁਗਯੋ ਵਾਇਰਸ’ ਵੈਰੀਐਂਟ ਦੇ 1,000 ਤੋਂ ਵੱਧ ਸ਼ੱਕੀ ਮਾਮਲੇ ਸਾਹਮਣੇ ਆਏ ਹਨ, ਜਿਸ ਕਾਰਨ ਸਿਹਤ ਵਿਭਾਗ ਹਾਈ ਅਲਰਟ ’ਤੇ ਹੈ। ਸਰਕਾਰੀ ਰਿਪੋਰਟ ਵਿੱਚ ਦੱਸਿਆ ਗਿਆ ਹੈ ਕਿ ਇਸ ਬਿਮਾਰੀ ਦੇ ਫੈਲਣ ਦੀ ਮੁੱਖ ਵਜ?ਹਾ ਮਰੀਜ਼ਾਂ ਦੇ ਆਪਸੀ ਸੰਪਰਕ ਵਿੱਚ ਆਉਣਾ ਹੈ। 45 ਫ਼ੀਸਦੀ ਸੰਕਰਮਣ ਉਨ੍ਹਾਂ ਲੋਕਾਂ ਵਿੱਚ ਦੇਖਿਆ ਗਿਆ ਹੈ, ਜੋ ਪਹਿਲਾਂ ਤੋਂ ਬਿਮਾਰ ਵਿਅਕਤੀਆਂ ਦੇ ਸਿੱਧੇ ਸੰਪਰਕ ਵਿੱਚ ਆਏ ਸਨ। ਮੌਜੂਦਾ ਸਮੇਂ 220 ਹੋਰ ਸ਼ੱਕੀ ਮਾਮਲਿਆਂ ਦੀ




ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ, ਤਾਂ ਜੋ ਵਾਇਰਸ ਦੇ ਫੈਲਾਅ ਨੂੰ ਰੋਕਿਆ ਜਾ ਸਕੇ। ਕਾਂਗੋ ਦੇ ਸਿਹਤ ਮੰਤਰਾਲੇ ਅਨੁਸਾਰ, ਕਿਉਂਕਿ ਇਸ ਵਾਇਰਸ ਦਾ ਕੋਈ ਪੱਕਾ ਇਲਾਜ ਜਾਂ ਟੀਕਾ ਨਹੀਂ ਹੈ, ਇਸ ਲਈ ਇਸ ਸਮੇਂ ਸਭ ਤੋਂ ਵੱਡੀ ਚੁਣੌਤੀ ਇਨਫੈਕਸ਼ਨ ਦੀ ਰੋਕਥਾਮ ਕਰਨਾ ਹੈ। ਸਥਾਨਕ ਪ੍ਰਸ਼ਾਸਨ ਅਤੇ ਵਿਸ਼ਵ ਸਿਹਤ ਸੰਗਠਨ (➡8®) ਦੀਆਂ ਟੀਮਾਂ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਨੂੰ ਆਈਸੋਲੇਟ ਕਰਨ ਅਤੇ ਜਾਗਰੂਕਤਾ ਮੁਹਿੰਮ ਚਲਾਉਣ ਵਿੱਚ ਜੁਟੀਆਂ ਹੋਈਆਂ ਹਨ।

## ਪੇਪਰਲੈੱਸ ਹੋਵੇਗਾ ਨਗਰ ਨਿਗਮ ਦਾ ਜਨਰਲ ਹਾਊਸ, ਅਫਸਰਾਂ ਨਾਲ ਕੌਂਸਲਰਾਂ ਨੂੰ ਮਿਲਣਗੇ ਟੈਬ

ਲੁਧਿਆਣਾ 6 ਜੂਨ। ਨਗਰ ਨਿਗਮ ਦਾ ਜਨਰਲ ਹਾਊਸ ਪੇਪਰਲੈੱਸ ਹੋਣ ਜਾ ਰਿਹਾ ਹੈ। ਇਹ ਦਾਅਵਾ ਸ਼ੁੱਕਰਵਾਰ ਨੂੰ ਜ਼ੋਨ ਡੀ ’ਚ ਹੋਈ ਮੀਟਿੰਗ ਦੌਰਾਨ ਮੇਅਰ-ਕਮਿਸ਼ਨਰ ਵੱਲੋਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪਾਰਦਰਸ਼ਤਾ ਵਧਾਉਣ ਲਈ ਨਗਰ ਨਿਗਮਾਂ ’ਚ ਈ-ਆਫਿਸ ਅਤੇ ਈ-ਨਿਗਮ ਸਿਸਟਮ ਲਾਗੂ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ, ਜਿਸ ਤਹਿਤ ਸ਼ੁਰੂਆਤੀ ਦੌਰ ’ਚ ਨਗਰ ਨਿਗਮ ’ਚ ਕਿਸੇ ਵੀ ਸਰਕਾਰੀ ਦਸਤਾਵੇਜ਼ ਦੀ ਡਿਜੀਟਲ ਮੂਵਮੈਂਟ ਸ਼ੁਰੂ ਕਰ ਦਿੱਤੀ ਗਈ ਹੈ। ਇਸ ਤੋਂ ਅਗਲੇ ਪੜਾਅ ’ਚ ਜਨਰਲ ਹਾਊਸ ਅਤੇ ਐੱਫ. ਐਂਡ ਸੀ. ਸੀ. ਦੀ ਮੀਟਿੰਗ ਨੂੰ ਵੀ ਪੇਪਰਲੈੱਸ ਕੀਤਾ ਜਾ ਰਿਹਾ ਹੈ, ਜਿਸ ਲਈ ਅਫਸਰਾਂ ਨਾਲ ਕੌਂਸਲਰਾਂ ਨੂੰ ਵੀ ਟੈਬ ਮਿਲਣਗੇ, ਜਿਨ੍ਹਾਂ ਦੀ ਡਲਿਵਰੀ ਮਿਲਣੀ ਸ਼ੁਰੂ ਹੋ ਗਈ ਹੈ। ਇਸ ਦੌਰਾਨ ਆਉਣ ਵਾਲੀ ਜਨਰਲ ਹਾਊਸ ਅਤੇ ਐੱਫ. ਐਂਡ ਸੀ. ਸੀ. ਦੀ ਮੀਟਿੰਗ ਦਾ ਏਜੰਡਾ ਆਨਲਾਈਨ ਜਾਰੀ ਕੀਤਾ ਜਾਵੇਗਾ, ਜਿਸ ਨਾਲ ਪੇਪਰ ਦੀ ਵੱਡੇ ਪੱਧਰ ’ਤੇ ਬੱਚਤ ਹੋਣ ਦਾ ਦਾਅਵਾ ਕੀਤਾ ਗਿਆ ਹੈ। ਨਗਰ ਨਿਗਮ ’ਚ ਕੌਂਸਲਰਾਂ ਵੱਲੋਂ ਆਮ ਤੌਰ ’ਤੇ ਜਨਰਲ ਹਾਊਸ ਅਤੇ ਐੱਫ. ਐਂਡ ਸੀ. ਸੀ. ਦੀ ਮੀਟਿੰਗ ਦਾ ਏਜੰਡਾ ਮਿਲਣ ’ਚ ਦੇਰ ਹੋਣ ਦੀ ਸ਼ਿਕਾਇਤ ਕੀਤੀ ਜਾਂਦੀ ਹੈ ਪਰ ਈ-ਨਿਗਮ ਸਿਸਟਮ ਲਾਗੂ ਹੋਣ ’ਤੇ ਏਜੰਡਾ ਪੇਸ਼ ਹੋਣ ਤੋਂ ਪਹਿਲਾਂ ਅਤੇ ਪਾਸ ਹੋਣ ਤੋਂ ਬਾਅਦ ਡਿਜੀਟਲ ਤਰੀਕੇ ਨਾਲ ਕੌਂਸਲਰਾਂ ਨੂੰ ਭੇਜਿਆ ਜਾਵੇਗਾ

## ਕਾਜ਼ੀ ਮੰਡੀ ’ਚ ਫਿਰ ਭੜਕੀ ਕਬਾੜ ਦੇ ਢੇਰਾਂ ’ਚ ਲੱਗੀ ਭਿਆਨਕ ਅੱਗ

ਜਲੰਧਰ 6 ਜੂਨ। ਜਲੰਧਰ ਸ਼ਹਿਰ ਦੇ ਕਾਜ਼ੀ ਮੰਡੀ ਇਲਾਕੇ ਵਿਚ ਮੰਗਲਵਾਰ ਨੂੰ ਇਕ ਵਾਰ ਫਿਰ ਕਬਾੜ ਅਤੇ ਕੂੜੇ ਦੇ ਢੇਰਾਂ ਵਿਚ ਭਿਆਨਕ ਅੱਗ ਲੱਗ ਗਈ, ਜਿਸ ਨਾਲ ਪੂਰੇ ਇਲਾਕੇ ਵਿਚ ਹਫ਼ੜਾ-ਦਫ਼ੜੀ ਦਾ ਮਾਹੌਲ ਬਣ ਗਿਆ। ਅੱਗ ਕਾਰਨ ਉੱਠਦਾ ਕਾਲਾ ਅਤੇ ਜ਼ਹਿਰੀਲਾ ਧੂੰਆਂ ਨੇੜਲੀਆਂ ਰਿਹਾਇਸ਼ੀ ਕਾਲੋਨੀਆਂ ਤੱਕ ਫੈਲ ਗਿਆ, ਜਿਸ ਕਾਰਨ ਲੋਕਾਂ ਨੂੰ ਸਾਹ ਲੈਣ ਵਿਚ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪਿਆ। ਸਥਿਤੀ ਵਿਗੜਦੀ ਵੇਖ ਸਥਾਨਕ ਲੋਕਾਂ ਨੇ ਤੁਰੰਤ ਫਾਇਰ ਬ੍ਰਿਗੇਡ ਨੂੰ ਸੂਚਨਾ ਦਿੱਤੀ, ਜਿਸ ਤੋਂ ਬਾਅਦ ਮੌਕੇ ’ਤੇ ਪਹੁੰਚੀ ਟੀਮ ਨੇ ਅੱਗ ’ਤੇ ਕਾਬੂ ਪਾਇਆ। ਇਲਾਕਾ ਨਿਵਾਸੀਆਂ ਦਾ ਕਹਿਣਾ ਹੈ ਕਿ ਕਾਜ਼ੀ ਮੰਡੀ ਵਿਚ ਲੰਮੇ ਸਮੇਂ ਤੋਂ ਖੁੱਲ੍ਹੇ ਪਲਾਟਾਂ ਵਿਚ ਕੂੜਾ ਅਤੇ ਕਬਾੜ ਇਕੱਠਾ ਕੀਤਾ ਜਾ ਰਿਹਾ ਹੈ। ਦੋਸ਼ ਹਨ ਕਿ ਕਬਾੜ ਵਿਚੋਂ ਲਾਹੇਵੰਦ ਸਾਮਾਨ ਵੱਖ ਕਰਨ ਤੋਂ ਬਾਅਦ ਬਚਿਆ ਹੋਇਆ ਕੂੜਾ ਜਾਣਬੁੱਝ ਕੇ ਅੱਗ ਦੇ ਹਵਾਲੇ ਕਰ ਦਿੱਤਾ ਜਾਂਦਾ ਹੈ। ਲੋਕਾਂ ਦਾ ਕਹਿਣਾ ਹੈ ਕਿ ਇਸ ਕਾਰਨ ਇਲਾਕੇ ਵਿਚ ਲਗਭਗ ਰੋਜ਼ਾਨਾ ਪ੍ਰਦੂਸ਼ਣ ਫੈਲ ਰਿਹਾ ਹੈ, ਪਰ ਸਬੰਧਤ ਵਿਭਾਗ ਇਸ ਸਮੱਸਿਆ ਨੂੰ ਗੰਭੀਰਤਾ ਨਾਲ ਨਹੀਂ ਲੈ ਰਹੇ। ਸੂਰਿਆ ਐਨਕਲੇਵ, ਗੁਰੂ ਗੋਬਿੰਦ ਸਿੰਘ ਐਵੇਨਿਊ ਅਤੇ ਨੇੜਲੇ ਇਲਾਕਿਆਂ ਦੇ ਨਿਵਾਸੀਆਂ ਨੇ ਦੱਸਿਆ ਕਿ ਜ਼ਹਿਰੀਲੇ ਧੂੰਏਂ ਕਾਰਨ ਬੱਚਿਆਂ, ਬਜ਼ੁਰਗਾਂ ਅਤੇ ਸਾਹ ਸਬੰਧੀ ਮਰੀਜ਼ਾਂ ਨੂੰ ਸਭ ਤੋਂ ਵੱਧ ਪ੍ਰੇਸ਼ਾਨੀ ਉਠਾਉਣੀ ਪੈ ਰਹੀ ਹੈ। ਸੜਕ ਤੋਂ ਲੰਘਣ ਵਾਲੇ ਵਾਹਨ ਚਾਲਕਾਂ ਨੂੰ ਵੀ ਧੂੰਏਂ ਕਾਰਨ ਵਿਜ਼ੀਬਿਲਟੀ ਘੱਟ ਹੋਣ ਨਾਲ ਦਿੱਕਤ ਆਉਂਦੀ ਹੈ। ਸਥਾਨਕ ਲੋਕਾਂ ਨੇ ਨਗਰ ਨਿਗਮ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਇੰਪਰੂਵਮੈਂਟ ਟਰੱਸਟ ਤੋਂ ਮੰਗ ਕੀਤੀ ਹੈ ਕਿ ਕਾਜ਼ੀ ਮੰਡੀ ਇਲਾਕੇ ਵਿਚ ਗ਼ੈਰ-ਕਾਨੂੰਨੀ ਰੂਪ ਵਿਚ ਜਮ?ਹਾ ਕੀਤੇ ਜਾ ਰਹੇ ਕਬਾੜ ਅਤੇ ਕੂੜੇ ਖ਼?ਲਾਫ਼ ਮੁਹਿੰਮ ਚਲਾਈ ਜਾਵੇ। ਲੋਕਾਂ ਨੇ ਇਹ ਵੀ ਦੋਸ਼ ਲਾਇਆ ਕਿ ਇਸ ਪੂਰੇ ਕੰਮ ਨੂੰ ਇਕ ਕੌਂਸਲਰ ਅਤੇ ਕੁਝ ਪ੍ਰਭਾਵਸ਼ਾਲੀ ਲੋਕਾਂ ਦੀ ਸਰਪ੍ਰਸਤੀ ਪ੍ਰਾਪਤ ਹੈ, ਜਿਸ ਕਾਰਨ ਸ਼ਿਕਾਇਤਾਂ ਦੇ ਬਾਅਦ ਵੀ ਕਾਰਵਾਈ ਨਹੀਂ ਹੋ ਰਹੀ। ਨਿਵਾਸੀਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਜਲਦ ਇਸ ਸਮੱਸਿਆ ਦਾ ਸਥਾਈ ਹੱਲ ਨਾ ਕੀਤਾ ਗਿਆ ਤਾਂ ਉਹ ਵੱਡੇ ਪੱਧਰ ’ਤੇ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਗੇ।

# ਗੁਰਦੀਪ ਸਿੰਘ ਰਾਣੋ ਦੀ ਅਲੀਸ਼ਾਨ ਕੋਠੀ ’ਤੇ ਚੱਲਿਆ ਬੁਲਡੋਜ਼ਰ

**ਕੌਮੀ ਪਤ੍ਰਿਕਾ**

ਪਾਇਲ 6 ਜੂਨ। ਗ੍ਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਟੀ (ਗਲਾਡਾ) ਅਤੇ ਪੰਜਾਬ ਪੁਲਸ ਨੇ ਸਾਂਝੀ ਕਾਰਵਾਈ ਕਰਦਿਆਂ ਪਾਇਲ ਸਬ-ਡਿਵੀਜ਼ਨ ਅਧੀਨ ਪੈਂਦੇ ਪਿੰਡ ਰਾਣੋ ਵਿਚ ਸਾਬਕਾ ਸਰਪੰਚ ਅਤੇ ਕਥਿਤ ਅੰਤਰਰਾਸ਼ਟਰੀ ਡਰੱਗ ਨੈੱਟਵਰਕ ਦੇ ਮੁੱਖ ਸਰਗਨਾ ਗੁਰਦੀਪ ਸਿੰਘ ਰਾਣੋ ਦੀਆਂ ਗੈਰ-ਕਾਨੂੰਨੀ ਉਸਾਰੀਆਂ ’ਤੇ ਬੁਲਡੋਜ਼ਰ ਚਲਾਇਆ ਗਿਆ। ਸਰਕਾਰੀ ਸੂਤਰਾਂ ਅਨੁਸਾਰ ਗੁਰਦੀਪ ਸਿੰਘ ਰਾਣੋ ਵੱਲੋਂ ਨਸ਼ਾ ਤਸਕਰੀ ਰਾਹੀਂ ਕਥਿਤ ਤੌਰ ’ਤੇ ਇਕੱਠੀ ਕੀਤੀ ਗਈ ਅਕੂਤ ਦੌਲਤ ਨਾਲ ਬਣਾਈ ਗਈ ਆਲੀਸ਼ਾਨ ਕੋਠੀ, ਫਾਰਮ ਹਾਊਸ ਅਤੇ ਹੋਰ ਜਾਇਦਾਦਾਂ ਦੀ ਪਹਿਲਾਂ ਵਿਸਥਾਰਪੂਰਵਕ ਪੈਮਾਇਸ਼ ਕੀਤੀ ਗਈ ਸੀ। ਜਾਂਚ ਵਿੱਚ ਸਾਹਮਣੇ ਆਇਆ ਕਿ ਪਿੰਡ ਰਾਣੋ ਵਿਖੇ 1.5 ਏਕੜ ਤੋਂ ਵੱਧ ਖੇਤਰ ਵਿੱਚ ਫੈਲੀ ਮਹਿਲਨੁਮਾ ਕੋਠੀ ਅਤੇ ਹੋਰ ਉਸਾਰੀਆਂ ਦਾ ਨਕਸ਼ਾ ਸੰਬੰਧਿਤ ਅਥਾਰਟੀ ਤੋਂ ਮਨਜ਼ੂਰ ਨਹੀਂ ਕਰਵਾਇਆ ਗਿਆ ਸੀ ਅਤੇ ਨਿਰਮਾਣ ਨਿਯਮਾਂ ਦੀ ਉਲੰਘਣਾ ਕਰਕੇ ਕੀਤਾ ਗਿਆ ਸੀ। ਗਲਾਡਾ ਵੱਲੋਂ ਤਿਆਰ ਕੀਤੀ ਗਈ ਰਿਪੋਰਟ ਅਤੇ ਕਾਨੂੰਨੀ ਕਾਰਵਾਈ ਤੋਂ ਬਾਅਦ ਇਨ੍ਹਾਂ ਗੈਰ-ਕਾਨੂੰਨੀ ਉਸਾਰੀਆਂ ਨੂੰ ਢਾਹੁਣ ਲਈ ਬੁਲਡੋਜ਼ਰ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਜ਼ਿਕਰਯੋਗ ਹੈ ਕਿ ਇਸ ਜਾਇਦਾਦ ਨੂੰ ਢਾਹੁਣ ਤੋਂ ਰੋਕਣ ਲਈ ਪਰਿਵਾਰ ਵੱਲੋਂ ਅਦਾਲਤ ਦਾ ਰੁਖ ਕੀਤਾ ਗਿਆ ਸੀ, ਪਰ ਸੰਬੰਧਿਤ ਰਿੱਟ ਪਟੀਸ਼ਨ ਖਾਰਜ ਹੋਣ ਮਗਰੋਂ ਸਰਕਾਰੀ ਏਜੰਸੀਆਂ ਲਈ ਕਾਰਵਾਈ ਦਾ ਰਾਹ ਪੂਰੀ ਤਰ੍ਹਾਂ ਸਾਫ਼ ਹੋ ਗਿਆ ਸੀ। ਪੁਲਸ ਰਿਕਾਰਡ ਅਨੁਸਾਰ ਗੁਰਦੀਪ ਸਿੰਘ ਰਾਣੋ ਖ਼?ਲਾਫ਼ ਐਨ.ਡੀ.ਪੀ.ਐਸ. ਐਕਟ ਸਮੇਤ ਕਈ ਗੰਭੀਰ ਮਾਮਲੇ ਦਰਜ ਹਨ। ਸਾਲ 2020 ਵਿੱਚ ਸਪੈਸ਼ਲ ਟਾਸਕ ਫੋਰਸ (ਐਸ.ਟੀ.ਐਫ.) ਵੱਲੋਂ ਉਸ ਨੂੰ ਲਗਭਗ 31 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਸੀ। ਇਸ ਕਾਰਵਾਈ ਦੌਰਾਨ ਹੈਰੋਇਨ ਦੇ ਨਾਲ-ਨਾਲ ਗੈਰ-ਕਾਨੂੰਨੀ ਹਥਿਆਰਾਂ ਅਤੇ ਲਗਜ਼ਰੀ ਵਾਹਨਾਂ ਦਾ ਵੀ ਵੱਡਾ ਜ਼ਖੀਰਾ ਬਰਾਮਦ ਹੋਇਆ ਸੀ। ਇਸ ਗ੍ਰਿਫ਼ਤਾਰੀ ਤੋਂ ਬਾਅਦ ਪੰਜਾਬ ਤੋਂ ਲੈ ਕੇ ਦੇਸ਼ ਅਤੇ ਵਿਦੇਸ਼ ਤੱਕ ਫੈਲੇ ਉਸ ਦੇ ਕਥਿਤ ਬਹੁ-ਕਰੋੜੀ ਅੰਤਰਰਾਸ਼ਟਰੀ ਨਸ਼ਾ ਤਸਕਰੀ ਨੈੱਟਵਰਕ ਦਾ ਪਰਦਾਫਾਸ਼ ਹੋਇਆ ਸੀ। ਜਾਂਚ ਏਜੰਸੀਆਂ ਵੱਲੋਂ ਕੀਤੀ ਗਈ ਪੜਤਾਲ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਰਾਣੋ ਨੇ ਕਥਿਤ ਤੌਰ ’ਤੇ ਨਸ਼ਿਆਂ ਦੇ ਕਾਲੇ ਕਾਰੋਬਾਰ ਰਾਹੀਂ ਲਗਭਗ 50 ਕਰੋੜ ਰੁਪਏ ਤੋਂ ਵੱਧ ਦੀ ਸੰਪਤੀ ਇਕੱਠੀ ਕੀਤੀ ਸੀ। ਇਸ ਵਿੱਚ ਸ਼ਾਨਦਾਰ ਕੋਠੀਆਂ, ਫਾਰਮ ਹਾਊਸ, ਪਲਾਟ, ਖੇਤੀਬਾੜੀ ਜ਼ਮੀਨਾਂ ਅਤੇ ਮਹਿੰਗੀਆਂ ਗੱਡੀਆਂ ਸ਼ਾਮਲ ਹਨ। ਇਸੇ ਕਾਰਨ ਹੁਣ ਉਸ ਦੀਆਂ ਸਾਰੀਆਂ ਚੱਲ ਅਤੇ ਅਚੱਲ ਸੰਪਤੀਆਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਪੁਲਸ ਅਤੇ ਜਾਂਚ ਏਜੰਸੀਆਂ ਦੀ ਪੁੱਛਗਿੱਛ ਦੌਰਾਨ ਇਹ ਖੁਲਾਸਾ ਵੀ ਹੋਇਆ ਸੀ ਕਿ ਨਸ਼ਾ ਤਸਕਰੀ ਲਈ ਵਰਤੀ ਜਾਂਦੀ ਵੱਡੀ ਮਾਲੀ ਸਹਾਇਤਾ ਵਿਦੇਸ਼ਾਂ ਵਿੱਚ ਬੈਠੇ ਗੈਰ ਕਾਨੂੰਨੀ ਅਨਸਰਾਂ ਵੱਲੋਂ ਹਵਾਲਾ ਰਾਹੀਂ ਭੇਜੀ ਜਾਂਦੀ ਸੀ। ਕੈਨੇਡਾ, ਅਮਰੀਕਾ, ਜਰਮਨੀ, ਇੰਗਲੈਂਡ, ਆਸਟਰੀਆ ਅਤੇ ਆਸਟਰੇਲੀਆ ਤੋਂ ਆਉਣ ਵਾਲੀ ਇਸ ਰਕਮ ਦੇ ਆਧਾਰ ’ਤੇ ਕਥਿਤ ਤੌਰ ’ਤੇ ਤਸਕਰੀ ਨੈੱਟਵਰਕ ਨੂੰ ਚਲਾਇਆ ਜਾਂਦਾ ਰਿਹਾ। ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਅਤੇ ਕਾਊਂਟਰ ਇੰਟੈਲੀਜੈਂਸ ਸਮੇਤ ਕਈ ਏਜੰਸੀਆਂ ਇਸ ਪੂਰੇ ਮਾਮਲੇ ਦੀ ਜਾਂਚ ਕਰ ਰਹੀਆਂ ਹਨ। ਜਾਂਚ



ਦੌਰਾਨ ਇਹ ਵੀ ਸਾਹਮਣੇ ਆਇਆ ਸੀ ਕਿ ਇਸ ਨੈੱਟਵਰਕ ਦੇ ਤਾਰ ਸਰਹੱਦ ਪਾਰ ਪਾਕਿਸਤਾਨ ਨਾਲ ਜੁੜੇ ਹੋਏ ਸਨ। ਪੁਲਸ ਅਨੁਸਾਰ ਰਾਣੋ ਦਾ ਨੈੱਟਵਰਕ ਪੰਜਾਬ ਦੇ ਨਾਲ-ਨਾਲ ਹਰਿਆਣਾ, ਹਿਮਾਚਲ ਪ੍ਰਦੇਸ਼, ਦਿੱਲੀ, ਚੰਡੀਗੜ੍ਹ ਅਤੇ ਮੁਹਾਲੀ ਤੱਕ ਫੈਲਿਆ ਹੋਇਆ ਸੀ। ਨਸ਼ਿਆਂ ਦੇ ਕਾਰੋਬਾਰ ਤੋਂ ਪ੍ਰਾਪਤ ਹੋਈ ਰਕਮ ਨੂੰ ਵੱਖ-ਵੱਖ ਜਾਇਦਾਦਾਂ ਅਤੇ ਕਾਰੋਬਾਰਾਂ ਵਿੱਚ ਨਿਵੇਸ਼ ਕਰਨ ਦੇ ਵੀ ਤੱਥ ਸਾਹਮਣੇ ਆਏ ਹਨ ਅਤੇ ਹੁਣ ਇਨ੍ਹਾਂ ਗੈਰ-ਕਾਨੂੰਨੀ ਉਸਾਰੀਆਂ ਖ਼?ਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਬੁਲਡੋਜ਼ਰ ਕਾਰਵਾਈ ਦੌਰਾਨ ਪੁਲਸ ਜ਼ਿਲ੍ਹਾ ਖੰਨਾ ਦੇ ਸੀਨੀਅਰ ਅਧਿਕਾਰੀਆਂ ਦੀ ਨਿਗਰਾਨੀ ਹੇਠ ਭਾਰੀ ਪੁਲਸ ਫੋਰਸ ਤਾਇਨਾਤ ਰਹੀ। ਕਾਨੂੰਨ-ਵਿਵਸਥਾ ਨੂੰ ਬਣਾਈ ਰੱਖਣ ਲਈ ਪੂਰੇ ਇਲਾਕੇ ਨੂੰ ਸੁਰੱਖਿਆ ਘੇਰੇ ਵਿਚ ਲਿਆ ਗਿਆ ਅਤੇ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਬਚਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ। ਐੱਸ.ਐੱਸ.ਪੀ. ਖੰਨਾ ਡਾ. ਦਰਪਣ ਆਹਲੂਵਾਲੀਆ ਨੇ ਕਿਹਾ ਕਿ ਪੰਜਾਬ ਪੁਲਸ ਨਸ਼ਾ ਮਾਫੀਆ ਖ਼?ਲਾਫ਼ ਜ਼ੀਰੋ ਟਾਲਰੈਂਸ ਨੀਤੀ ਤਹਿਤ ਕੰਮ ਕਰ ਰਹੀ ਹੈ ਅਤੇ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ ’ਤੇ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ਨੂੰ ਵੀ ਕਾਨੂੰਨ ਅਨੁਸਾਰ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਤਾਂ ਜੋ ਅਜਿਹੇ ਅਪਰਾਧਿਕ ਨੈੱਟਵਰਕਾਂ ਦੀ ਆਰਥਿਕ ਰੀੜ੍ਹ ਦੀ ਹੱਡੀ ਤੋੜੀ ਜਾ ਸਕੇ। ਜਦਕਿ ਦੂਜੇ ਪਾਸੇ ਨਸ਼ਿਆਂ ਦੇ ਆਦੀ ਨੌਜਵਾਨਾਂ ਨੂੰ ਨਸ਼ਾ ਮੁਕਤੀ ਕੇਂਦਰਾਂ ਰਾਹੀਂ ਮੁੱਖ ਧਾਰਾ ਵਿੱਚ ਵਾਪਸ ਲਿਆਉਣ ਦੇ ਯਤਨ ਵੀ ਜਾਰੀ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਾ ਤਸਕਰੀ ਨਾਲ ਸਬੰਧਿਤ ਕਿਸੇ ਵੀ ਗਤੀਵਿਧੀ ਬਾਰੇ ‘ਸੇਫ ਪੰਜਾਬ’ ਐਪ ਜਾਂ ਹੈਲਪਲਾਈਨ ਨੰਬਰ 112 ’ਤੇ ਜਾਣਕਾਰੀ ਦੇਣ। ਉਨ੍ਹਾਂ ਭਰੋਸਾ ਦਿਵਾਇਆ ਕਿ ਸੂਚਨਾ ਦੇਣ ਵਾਲੇ ਵਿਅਕਤੀ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।